ਮੰਗਲਵਾਰ, 30 ਜੂਨ, 2026
16 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 29

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 30 JUNE, 2026

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਕਾਨੂੰਨਘਾੜੇ ਅਕਾਲ ਤਖ਼ਤ ਦੀ ਅਥਾਰਟੀ ਅੱਗੇ ਨਤਮਸਤਕ

## ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ ਹੋਲਡ 'ਤੇ ਰੱਖ ਕੇ ਇੱਕ ਮਹੀਨੇ 'ਚ ਸੋਧਣ ਦਾ ਆਦੇਸ਼ ਸਿਰ ਮੱਥੇ ਪ੍ਰਵਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਉੱਤੇ ਅਮਲ 'ਤੇ ਤੁਰੰਤ ਰੋਕ ਲਾਉਣ ਅਤੇ ਕਾਨੂੰਨ ਨੂੰ ਇੱਕ ਮਹੀਨੇ 'ਚ ਸੋਧਣ ਦੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜੱਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ ਨੂੰ ਸੋਮਵਾਰ ਪੇਸ਼ ਹੋਏ ਵਿਧਾਇਕਾਂ ਨੇ ਸਿਰ-ਮੱਥੇ ਪ੍ਰਵਾਨ ਕਰ ਲਿਆ।

ਜਿਵੇਂ ਹੀ ਪੰਜ ਸਿੰਘ ਸਾਹਿਬਾਨ ਵੱਲੋਂ ਇਹ ਫੈਸਲਾ ਸੁਣਾਇਆ ਗਿਆ ਕਿ ਸਮੂਹ ਸਿੱਖ ਵਿਧਾਇਕਾਂ ਤੇ ਮੰਤਰੀਆਂ ਦਾ ਇਹ ਇਖਲਾਕੀ ਫਰਜ਼ ਹੈ ਕਿ ਉਹ ਇੱਕ ਮਹੀਨੇ ਦੇ ਅੰਦਰ-ਅੰਦਰ ਵਿਧਾਨ ਸਭਾ ਰਾਹੀਂ ਅਕਾਲ ਤਖ਼ਤ ਸਾਹਿਬ ਦੇ ਸਾਰੇ ਇਤਰਾਜ਼ਾਂ ਨੂੰ ਦੂਰ ਕਰਨ, ਤਾਂ ਹਾਲ ਵਿੱਚ ਮੌਜੂਦ ਸਾਰੀਆਂ ਸਿਆਸੀ ਪਾਰਟੀਆਂ (ਆਮ ਆਦਮੀ ਪਾਰਟੀ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ) ਦੇ ਆਗੂਆਂ ਨੇ ਇੱਕਸੁਰ ਵਿੱਚ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਜੈਕਾਰੇ ਛੱਡ ਕੇ ਫੈਸਲੇ ਨੂੰ ਮਨਜ਼ੂਰ ਕੀਤਾ। ਜੈਕਾਰਿਆਂ ਦੀ ਗੂੰਜ ਦੇ ਨਾਲ ਹੀ ਸਮੂਹ ਵਿਧਾਇਕਾਂ ਨੇ ਸਿੰਘ ਸਾਹਿਬਾਨ ਨੂੰ ਭਰੋਸਾ ਦਿੱਤਾ ਕਿ ਉਹ ਨਿਰਧਾਰਤ ਇੱਕ ਮਹੀਨੇ ਦੇ ਅੰਦਰ ਇਸ ਕਾਨੂੰਨ ਵਿੱਚ ਲੋੜੀਂਦੀਆਂ ਸੋਧਾਂ ਕਰਵਾਉਣ ਲਈ ਵਚਨਬੱਧ ਰਹਿਣਗੇ। ਇਸ ਮੌਕੇ ਜੱਥੇਦਾਰ ਗੜਗੱਜ ਦੇ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਬਲਜੀਤ ਸਿੰਘ, ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਗਿਆਨੀ ਮੰਗਲ ਸਿੰਘ ਮੌਜੂਦ ਸਨ।

ਇਸ ਅਹਿਮ ਮੀਟਿੰਗ ਦੀ ਸ਼ੁਰੂਆਤ ਅਧਿਆਤਮਕ ਮਾਹੌਲ ਵਿੱਚ ਹੋਈ ਤੇ ਅੰਤ ਵੀ ਬੇਹੱਦ ਸ਼ਾਂਤਮਈ ਰਿਹਾ। ਸੁਣਵਾਈ ਦੀ ਸਾਰੀ ਕਾਰਵਾਈ ਮੁਕੰਮਲ ਹੋਣ ਤੋਂ ਬਾਅਦ ਜੱਥੇਦਾਰ ਦੀ ਅਗਵਾਈ ਹੇਠ ਸਮੂਹ ਪੰਜ ਸਿੰਘ ਸਾਹਿਬਾਨ ਅਤੇ ਹਾਲ ਵਿੱਚ ਬੈਠੇ ਪੰਜਾਬ ਦੇ ਮੰਤਰੀਆਂ ਤੇ ਵਿਧਾਇਕਾਂ ਨੇ ਮਿਲ ਕੇ ਗੁਰਬਾਣੀ ਦੇ ਪਾਠ ਦਾ ਜਾਪ ਕੀਤਾ। ਜਾਪ ਦੇ ਨਾਲ ਇਸ ਇਤਿਹਾਸਕ





ਇੱਕਤਰਤਾ ਦੀ ਸਮਾਪਤੀ ਕੀਤੀ ਗਈ।

ਜੱਥੇਦਾਰ ਗੜਗੱਜ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾ ਨੂੰ ਉਮੀਦ ਹੈ ਕਿ ਸਰਕਾਰ ਇੱਕ ਮਹੀਨੇ ਵਿੱਚ ਇਤਰਾਜ਼ਾਂ ਨੂੰ ਦੂਰ ਕਰੇਗੀ। ਉਨ੍ਹਾ ਦੱਸਿਆ ਕਿ ਬਹੁਤ ਸਾਰੇ ਵਿਧਾਇਕਾਂ ਨੇ ਇਹ ਵੀ ਮੰਨਿਆ ਕਿ ਉਨ੍ਹਾਂ ਨੇ ਇਸ ਐਕਟ ਨੂੰ ਪ੍ਰਵਾਨਗੀ ਦੇਣ ਤੋਂ ਪਹਿਲਾਂ ਇਸ ਨੂੰ ਪੜ੍ਹਿਆ ਜਾਂ ਸੁਣਿਆ ਤੱਕ ਨਹੀਂ ਸੀ। ਜਥੇਦਾਰ ਨੇ ਦੱਸਿਆ ਕਿ ਇਸ ਐਕਟ ਵਿਚਲੀਆਂ ਇਤਰਾਜ਼ਯੋਗ ਮੱਦਾਂ ਬਾਰੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਰਾਹੀਂ ਸਰਕਾਰ ਨੂੰ ਜਾਣੂ ਕਰਵਾਇਆ ਜਾ ਚੁੱਕਿਆ ਹੈ। ਉਨ੍ਹਾ ਦੱਸਿਆ ਕਿ ਇਨ੍ਹਾਂ ਇਤਰਾਜ਼ਾਂ ਤੋਂ ਇਲਾਵਾ ਇੱਕ ਹੋਰ ਅਹਿਮ ਗੱਲ ਇਸ ਕਾਨੂੰਨ ਵਿੱਚ ਸ਼ਾਮਲ ਕਰਨ ਵਾਸਤੇ ਕਿਹਾ ਗਿਆ ਹੈ ਕਿ ਬੇਅਦਬੀ ਮਾਮਲਿਆਂ ਵਿੱਚ ਸਿੱਖ ਵਿਰੋਧੀ ਡੇਰਿਆਂ ਨੂੰ ਵੀ ਸ਼ਾਮਲ ਕੀਤਾ ਜਾਵੇ। ਜੇ ਕੋਈ ਅਜਿਹੇ ਡੇਰੇ ਵਾਲਾ ਬੇਅਦਬੀ ਕਰਦਾ ਹੈ, ਤਾਂ ਉਸ ਡੇਰੇ ਦੇ ਮੁਖੀ ਸਮੇਤ ਹੋਰ ਜ਼ਿੰਮੇਵਾਰ ਵਿਅਕਤੀ ਵੀ ਇਸ ਕਾਨੂੰਨ ਦੇ ਘੇਰੇ ਵਿੱਚ ਆਉਣਗੇ।

ਜੱਥੇਦਾਰ ਗੜਗੱਜ ਨੇ ਇਤਰਾਜ਼ਾਂ ਬਾਰੇ ਬੋਲਦਿਆਂ ਕਿਹਾ ਕਿ ਵਿਧਾਨ ਸਭਾ ਨੂੰ ਸਿੱਖ ਪਰੰਪਰਾਵਾਂ ਤੇ ਧਾਰਮਕ ਸ਼ਬਦਾਵਲੀ ਤੈਅ ਕਰਨ ਦਾ ਅਧਿਕਾਰ ਨਹੀਂ। ਕਾਨੂੰਨ 'ਚ 'ਬੀੜ' ਦੀ ਥਾਂ 'ਸਰੂਪ' ਕੀਤਾ ਜਾਵੇ। ਸਰਕਾਰ ਵੱਲੋਂ ਕਸਟੋਡੀਅਨ ਦੀਆਂ ਜ਼ਿੰਮੇਵਾਰੀਆਂ ਤੇ ਫਰਜ਼ ਤੈਅ ਨਹੀਂ ਕੀਤੇ ਜਾ ਸਕਦੇ। ਸਿੱਖ ਸ਼ਬਦਾਵਲੀ, ਗੁਰਮਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜੇ ਫੈਸਲੇ ਵਿਧਾਨ ਸਭਾ ਨਹੀਂ ਕਰ ਸਕਦੀ। ਧਾਰਮਕ ਮਾਮਲਿਆਂ 'ਚ ਸਰਕਾਰ ਸੁਝਾਅ ਦੇ ਸਕਦੀ ਹੈ, ਪਰ ਹੁਕਮ ਨਹੀਂ ਦੇ ਸਕਦੀ। ਜੱਥੇਦਾਰ ਨੇ ਕਿਹਾ ਕਿ ਸਰਕਾਰ ਨੂੰ ਕਾਨੂੰਨ ਬਣਾਉਣ ਦਾ ਅਧਿਕਾਰ ਹੈ, ਪਰ ਸਿੱਖ ਭਾਈਚਾਰੇ ਨਾਲ ਸੰਬੰਧਤ ਮਾਮਲਿਆਂ 'ਤੇ ਅਕਾਲ ਤਖ਼ਤ, ਸ਼੍ਰੋਮਣੀ ਕਮੇਟੀ ਅਤੇ ਹੋਰ ਸਿੱਖ ਸੰਸਥਾਵਾਂ ਨਾਲ ਰਸਮੀ ਸਲਾਹ-ਮਸ਼ਵਰਾ ਕੀਤਾ ਜਾਣਾ ਚਾਹੀਦਾ ਹੈ। ਕਾਂਗਰਸੀ ਵਿਧਾਇਕ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਉਨ੍ਹਾ ਨੇ ਇਹ ਮੁੱਦਾ ਵਿਧਾਨ ਸਭਾ ਵਿੱਚ ਉਠਾਇਆ ਸੀ।

ਜਥੇਦਾਰ ਗੜਗੱਜ ਨੇ ਕਿਹਾ ਕਿ ਵਿਚਾਰਾਂ ਦੌਰਾਨ ਬਹੁਤੇ ਵਿਧਾਇਕਾਂ ਨੇ ਸੱਚ ਬੋਲਦਿਆਂ ਇਹ ਗੱਲ ਮੰਨੀ ਕਿ ਉਨ੍ਹਾਂ ਨੇ ਕਾਨੂੰਨੀ ਪਾਸ ਕਰਨ ਤੋਂ ਪਹਿਲਾਂ ਇਸ ਦਾ ਖਰੜਾ ਨਹੀਂ ਪੜ੍ਹਿਆ ਜੋ ਕਿ ਦਰਸਾਉਂਦਾ ਹੈ ਕਿ ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਕਾਹਲੀ ਵਿੱਚ ਇਸ ਦੀ ਸੰਜੀਦਗੀ ਨੂੰ ਸਮਝੇ ਬਿਨਾਂ ਹੀ ਧੱਕੇ ਨਾਲ ਪਾਸ ਕੀਤਾ ਗਿਆ ਹੈ।

ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਕਿਹਾ ਕਿ ਕਾਨੂੰਨ ਵਿੱਚ ਤਬਦੀਲੀ ਕਰਨ ਦੀ ਲੋੜ ਨਹੀਂ ਕਿਉਂਕਿ ਹਾਲੇ ਨਿਯਮਾਵਾਲੀ ਬਣਨੀ ਹੈ ਤੇ ਉਸ ਵਿੱਚ ਬਹੁਤ ਕੁਝ ਤਬਦੀਲੀਆਂ ਕੀਤੀਆਂ ਜਾ ਸਕਦੀਆਂ ਹਨ, ਪਰ ਜਥੇਦਾਰ ਨੇ ਕਿਹਾ ਕਿ ਕਾਨੂੰਨ ਵਿੱਚ ਹੀ ਸੋਧ ਕਰਨੀ ਪਵੇਗੀ। ਜੱਥੇਦਾਰ ਨੇ ਉਸ ਵੇਲੇ ਸੱਚ ਬੋਲ ਦਿੱਤਾ ਜਿਹੜਾ ਉਨ੍ਹਾ ਲਈ ਗਲੇ ਦੀ ਹੱਡੀ ਬਣ ਸਕਦਾ ਹੈ। ਉਨ੍ਹਾ ਕਿਹਾ ਕਿ ਬੇਅਦਬੀਆਂ ਅਕਾਲੀ ਦਲ ਬਾਦਲ ਦੇ ਰਾਜ ਵਿੱਚ 2015 ਵਿੱਚ ਹੋਈਆਂ ਪਰ ਉਸ ਦਾ ਇਨਸਾਫ ਤਾਂ ਅਕਾਲੀਆਂ ਤੇ ਨਾ ਕਾਂਗਰਸੀਆਂ ਨੇ ਦਿੱਤਾ। ਆਮ ਆਦਮੀ ਪਾਰਟੀ ਵੀ ਸਾਢੇ ਚਾਰ ਸਾਲਾਂ ਤੋਂ ਸੱਤਾ ਵਿੱਚ ਹੈ ਪਰ ਉਸ ਨੇ ਵੀ ਕੋਈ ਇਨਸਾਫ ਨਹੀ ਕੀਤਾ। ਇਸ 'ਤੇ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਕਿਹਾ ਕਿ ਉਨ੍ਹਾ ਦੀ ਸਰਕਾਰ ਨੇ ਜਿਹੜੀ ਸਿੱਟ ਬਣਾਈ ਸੀ ਉਸ ਨੇ ਜਾਂਚ ਕਰਕੇ ਸੱਤ ਵਿਅਕਤੀਆਂ ਦੇ ਖਿਲਾਫ ਚਲਾਨ ਪੇਸ਼ ਕਰ ਦਿੱਤਾ ਹੈ ਤੇ ਅੱਗੇ ਅਦਾਲਤ ਨੇ ਫੈਸਲਾ ਕਰਨਾ ਹੈ।

ਜੱਥੇਦਾਰ ਨੂੰ ਜਦੋਂ ਅਹਿਸਾਸ ਹੋਇਆ ਕਿ ਇਨ੍ਹਾਂ ਸੱਤਾਂ ਵਿੱਚ ਤਾਂ ਸੁਖਬੀਰ ਸਿੰਘ ਬਾਦਲ ਦਾ ਵੀ ਨਾਂਅ ਹੈ ਤਾਂ ਉਨ੍ਹਾ ਬਣਾਵਾਲੀ ਨੂੰ ਬੈਠਣ ਲਈ ਕਹਿ ਦਿੱਤਾ। ਜਥੇਦਾਰ ਨੇ ਫਿਰ ਕਿਹਾ ਕਿ ਸੌਦਾ ਸਾਧ ਨੂੰ ਲਿਆ ਕੇ ਪੁੱਛਗਿੱਛ ਵਿੱਚ ਕਿਉਂ ਨਹੀ ਕੀਤੀ? ਸ਼ਾਇਦ ਜਥੇਦਾਰ ਨੂੰ ਇਹ ਜਾਣਕਾਰੀ ਨਹੀਂ ਕਿ ਐੱਸ ਪੀ ਐੱਸ ਪਰਮਾਰ ਦੀ ਅਗਵਾਈ ਹੇਠ ਬਣੀ ਸਿੱਟ ਨੇ ਹਾਈਕੋਰਟ ਤੱਕ ਪਹੁੰਚ ਕਰਕੇ ਸੌਦਾ ਸਾਧ ਨੂੰ ਪ੍ਰੋਡਕਸ਼ਨ ਵਾਰੰਟ 'ਤੇ ਲਿਆਉਣ ਲਈ ਪਹੁੰਚ ਕੀਤੀ ਸੀ ਪਰ ਹਾਈਕੋਰਟ ਨੇ ਅਜਿਹੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ।

ਸ਼੍ਰੋਮਣੀ ਅਕਾਲੀ ਦਲ ਦੀ ਵਿਧਾਇਕ ਗਨੀਵ ਕੌਰ ਨੇ ਕਿਹਾ ਕਿ ਉਹ ਬੇਅਦਬੀ ਕਾਨੂੰਨ ਬਣਾਉਣ ਵੇਲੇ ਵਿਧਾਨ ਸਭਾ ਵਿੱਚ ਇਸ ਕਰਕੇ ਹਾਜ਼ਰ ਨਹੀਂ ਹੋਈ ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੁਕਮ ਸੀ ਪਹਿਲਾਂ ਉਸ ਨਵੇਂ ਕਾਨੂੰਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਐੱਸ ਜੀ ਪੀ ਸੀ ਵੱਲੋਂ ਪ੍ਰਵਾਨ ਕੀਤਾ ਜਾਵੇ, ਫੇਰ ਇਹ ਬਿੱਲ ਪਾਸ ਕੀਤਾ ਜਾਵੇ। ਇਸ 'ਤੇ ਜੱਥੇਦਾਰ ਸਾਹਿਬ ਨੇ ਕਿਹਾ ਕਿ ਉਨ੍ਹਾ ਨੂੰ ਹਾਊਸ 'ਚ ਜਾ ਕੇ ਇਸ ਸੰਬੰਧੀ ਆਵਾਜ਼ ਚੁੱਕਣੀ ਚਾਹੀਦੀ

• ਬਾਕੀ ਸਫ਼ਾ 2 'ਤੇ

## ਅੰਤਮ ਫੈਸਲਾ ਅਕਾਲ ਤਖ਼ਤ ਦੇ ਨਿਰਦੇਸ਼ਾਂ ਮੁਤਾਬਕ : ਸੰਧਵਾਂ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੁਝਾਵਾਂ 'ਤੇ ਯੋਗ ਵਿਚਾਰ ਕੀਤਾ ਜਾਵੇਗਾ। ਸੰਧਵਾਂ ਨੇ ਕਿਹਾ ਕਿ ਉਹ ਮਿਲਣ ਵਾਲੇ ਸੁਝਾਵਾਂ ਨੂੰ ਸਰਕਾਰ ਅਤੇ ਪਾਰਟੀ ਵਿਧਾਇਕਾਂ ਅੱਗੇ ਰੱਖਣਗੇ। ਅੰਤਮ ਫੈਸਲਾ ਅਕਾਲ ਤਖ਼ਤ ਦੇ ਨਿਰਦੇਸ਼ਾਂ ਮੁਤਾਬਕ ਕੀਤਾ ਜਾਵੇਗਾ।

ਸਿੱਖ ਇਤਿਹਾਸ 'ਚ ਇਹ ਦੂਜਾ ਮੌਕਾ ਸੀ, ਜਦੋਂ ਸੰਧਵਾਂ ਪਰਵਾਰ ਦਾ ਦੂਜਾ ਮੈਂਬਰ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਅੱਗੇ ਪੇਸ਼ ਹੋਇਆ। ਜੂਨ 1984 ਦੇ ਬਲਿਊ ਸਟਾਰ ਅਪ੍ਰੇਸ਼ਨ ਲਈ ਇਖਲਾਕੀ ਅਤੇ ਸੰਵਿਧਾਨਕ ਤੌਰ 'ਤੇ ਤੱਤਕਾਲੀ ਰਾਸ਼ਟਰਪਤੀ ਤੇ ਭਾਰਤੀ ਹਥਿਆਰਬੰਦ ਸੈਨਾਵਾਂ ਦੇ ਸਰਬਉੱਚ ਕਮਾਂਡਰ ਹੋਣ ਦੇ ਨਾਤੇ ਗਿਆਨੀ ਜ਼ੈਲ ਸਿੰਘ ਨੂੰ ਜ਼ਿੰਮੇਵਾਰ ਮੰਨਦਿਆਂ ਤਲਬ ਕੀਤਾ ਗਿਆ ਸੀ। ਕਰੀਬ 42 ਸਾਲ ਪਹਿਲਾਂ ਦਾਦਾ ਗਿਆਨੀ ਜ਼ੈਲ ਸਿੰਘ ਤੋਂ ਬਾਅਦ ਉਨ੍ਹਾ ਦੇ ਪੋਤੇ ਕੁਲਤਾਰ ਸਿੰਘ ਸੰਧਵਾਂ ਪੇਸ਼ ਹੋਏ। 'ਬਾਦਲ ਪਰਵਾਰ' ਦੇ ਦੋ ਮੈਂਬਰ ਵੀ ਪੇਸ਼ ਹੋਏ ਸਨ। 1978 'ਚ ਅੰਮ੍ਰਿਤਸਰ 'ਚ ਹੋਏ ਸਿੱਖ ਨਿਰੰਕਾਰੀ ਹਿੰਸਕ ਟਕਰਾਅ ਦੇ ਮੱਦੇਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤੱਤਕਾਲੀ ਮੁੱਖ ਮੰਤਰੀ ਪਰਕਾਸ਼ ਸਿੰਘ ਬਾਦਲ ਨੂੰ ਤਲਬ ਕੀਤਾ ਗਿਆ ਸੀ। ਉਨ੍ਹਾ ਦੇ ਪੁੱਤਰ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ 2007-2017 ਦਰਮਿਆਨ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਦੇ ਸੰਬੰਧ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 30 ਅਗਸਤ 2024 ਨੂੰ ਤਨਖਾਹੀਆ ਐਲਾਨਿਆ ਗਿਆ ਸੀ। ਕੁਲਤਾਰ ਸਿੰਘ ਸੰਧਵਾਂ ਪੰਜਾਬ ਵਿਧਾਨ ਸਭਾ ਦ ਪਹਿਲੇ ਸਪੀਕਰ ਹਨ, ਜਿਨ੍ਹਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵੱਲੋਂ ਤਲਬ ਕੀਤਾ ਗਿਆ। ਉਹ ਗਿਆਨੀ ਜ਼ੈਲ ਸਿੰਘ ਦੇ ਭਰਾ ਦੇ ਪੋਤੇ ਹਨ ਪਰ ਉਨ੍ਹਾ ਨੂੰ ਗਿਆਨੀ ਜ਼ੈਲ ਸਿੰਘ ਦੇ ਪੋਤੇ ਵਜੋਂ ਹੀ ਜਾਣਿਆ ਜਾਂਦਾ ਹੈ। ਸਿੱਖਾਂ ਦੀ ਸਰਬਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਤੱਤਕਾਲੀ ਜਥੇਦਾਰ ਅਕਾਲੀ ਫੂਲਾ ਸਿੰਘ ਨੇ 19 ਵੀਂ ਸਦੀ ਦੇ ਸ਼ੁਰੂ 'ਚ ਮਹਾਰਾਜਾ ਸਿੰਘ ਰਣਜੀਤ ਸਿੰਘ ਨੂੰ ਤਲਬ ਕੀਤਾ ਸੀ। ਮਹਾਰਾਜਾ ਰਣਜੀਤ ਸਿੰਘ ਨੇ ਰੂਹਾਨੀ ਅਸਥਾਨ ਅੱਗੇ ਸਿਰ ਝੁਕਾਉਂਦਿਆਂ ਧਾਰਮਕ ਸਜ਼ਾ ਪ੍ਰਵਾਨ ਕਰ ਲਈ ਸੀ। ਅਪ੍ਰੇਸ਼ਨ ਬਲਿਊ ਸਟਾਰ ਮਗਰੋਂ ਗਿਆਨੀ ਜ਼ੈਲ ਸਿੰਘ ਤੋਂ ਇਲਾਵਾ ਤੱਤਕਾਲੀ

• ਬਾਕੀ ਸਫ਼ਾ 2 'ਤੇ

## ਦਿੱਲੀ ਨਹੀਂ ਆ ਸਕਦੇ ਤਾਂ ਘਰੇ ਭੁੱਖ ਹੜਤਾਲ ਰੱਖੋ : ਵਾਂਗਚੁੱਕ

**ਨਵੀਂ ਦਿੱਲੀ** : ਪ੍ਰੀਖਿਆ ਪ੍ਰਣਾਲੀ ਦੀਆਂ ਖਾਮੀਆਂ ਨੂੰ ਲੈ ਕੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਲਈ ਇੱਥੇ ਜੰਤਰ-ਮੰਤਰ 'ਤੇ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਸ਼ੁਰੂ ਕਰਨ ਤੋਂ ਇੱਕ ਦਿਨ ਬਾਅਦ, ਜਲਵਾਯੂ ਕਾਰਕੁੰਨ ਸੋਨਮ ਵਾਂਗਚੁੱਕ ਨੇ ਸੋਮਵਾਰ ਦੇਸ਼-ਭਰ ਦੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਜੇ ਉਹ ਰਾਜਧਾਨੀ ਦੀ ਯਾਤਰਾ ਕਰਨ ਵਿੱਚ ਅਸਮਰੱਥ ਹਨ ਤਾਂ ਆਪਣੇ ਸ਼ਹਿਰਾਂ ਤੇ ਪਿੰਡਾਂ ਵਿੱਚ ਇੱਕ ਦਿਨ ਦੀ ਭੁੱਖ ਹੜਤਾਲ ਕਰਕੇ ਵਿਰੋਧ ਪ੍ਰਦਰਸ਼ਨ ਨੂੰ ਦੇਸ਼ਵਿਆਪੀ ਅੰਦੋਲਨ ਵਿੱਚ ਬਦਲਣ। ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਵੱਲੋਂ ਸਾਂਝੇ ਕੀਤੇ ਗਏ ਇੱਕ ਵੀਡੀਓ ਸੰਦੇਸ਼ ਵਿੱਚ, ਵਾਂਗਚੁੱਕ ਨੇ ਲੋਕਾਂ ਨੂੰ ਇਹ ਕਹਿੰਦਿਆਂ ਸਰੀਰਕ ਜਾਂ ਪ੍ਰਤੀਕਾਤਮਕ ਤੌਰ 'ਤੇ ਅੰਦੋਲਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਕਿ ਉਠਾਏ ਜਾ ਰਹੇ ਮੁੱਦੇ ਇੱਕ ਵਿਰੋਧ ਸਥਾਨ ਤੋਂ ਪਰ੍ਹੇ ਹਨ।

## ਦੋ ਕੁ ਦਿਨਾਂ 'ਚ ਪਤਾ ਲੱਗ ਜਾਊ : ਸਿੰਗਲਾ



**ਬਠਿੰਡਾ** : ਸਾਬਕਾ ਮੰਤਰੀ ਅਤੇ ਕਾਂਗਰਸ ਵਰਕਿੰਗ ਕਮੇਟੀ ਦੇ ਮੈਂਬਰ ਵਿਜੇ ਇੰਦਰ ਸਿੰਗਲਾ ਨੇ ਸੋਮਵਾਰ ਕਿਹਾ ਕਿ ਹਾਈਕਮਾਂਡ ਵੱਲੋਂ ਪੰਜਾਬ ਕਾਂਗਰਸ ਸੰਗਠਨ ਬਾਰੇ ਫੈਸਲੇ ਦਾ ਐਲਾਨ ਅਗਲੇ ਦੋ-ਤਿੰਨ ਦਿਨਾਂ ਵਿੱਚ ਹੋ ਸਕਦਾ ਹੈ। ਹਾਲਾਂਕਿ, ਉਨ੍ਹਾ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਅਹੁਦੇ ਵਿੱਚ ਸੰਭਾਵਤ ਬਦਲਾਅ ਬਾਰੇ ਅਟਕਲਾਂ 'ਤੇ ਕੋਈ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਸਿੰਗਲਾ ਨੇ ਕਿਹਾ ਕਿ ਚੋਣਾਂ ਦੌਰਾਨ ਕਈ ਕਮੇਟੀਆਂ ਦਾ ਗਠਨ ਕੀਤਾ ਜਾਂਦਾ ਹੈ, ਜਿਸ ਵਿੱਚ ਮੈਨੀਫੈਸਟੋ ਕਮੇਟੀ, ਪ੍ਰਚਾਰ ਕਮੇਟੀ, ਚੋਣ ਪ੍ਰਬੰਧਨ ਕਮੇਟੀ ਅਤੇ ਮੀਡੀਆ ਕਮੇਟੀ ਸ਼ਾਮਲ ਹਨ। ਵੱਖ-ਵੱਖ ਆਗੂਆਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਜਾਂਦੀਆਂ ਹਨ ਤਾਂ ਜੋ ਸੰਗਠਨ ਚੋਣਾਂ ਲਈ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਸਕੇ। ਪ੍ਰਧਾਨ ਦੇ ਅਹੁਦੇ ਲਈ ਸੰਭਾਵਤ ਉਮੀਦਵਾਰਾਂ ਬਾਰੇ ਪੁੱਛਿਆ ਗਿਆ ਤਾਂ ਸਿੰਗਲਾ ਨੇ ਕਿਹਾ, "ਮੈਂ ਇੱਕ ਪਾਰਟੀ ਵਰਕਰ ਹਾਂ ਅਤੇ ਪਾਰਟੀ ਮੈਨੂੰ ਜੋ ਵੀ ਜ਼ਿੰਮੇਵਾਰੀ ਸੌਂਪਦੀ ਹੈ, ਮੈਂ ਉਸ ਨੂੰ ਪੂਰੇ ਦਿਲ ਨਾਲ ਨਿਭਾਉਂਦਾ ਹਾਂ।"

## ਮਾਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼

**ਬਠਿੰਡਾ (ਪਰਵਿੰਦਰਜੀਤ ਸਿੰਘ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਪ੍ਰਗਤੀ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਉਣ ਤੱਕ ਇਸ ਮੁਹਿੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਨਾ ਵਰਤੀ ਜਾਵੇ। ਉਨ੍ਹਾ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ 'ਜ਼ੀਰੋ ਟੌਲਰੈਂਸ' ਦੀ ਨੀਤੀ ਅਧੀਨ ਕਾਰਵਾਈ ਲਗਾਤਾਰ ਜਾਰੀ ਰਹੇਗੀ। ਬਠਿੰਡਾ ਦੇ ਲੇਕ ਵਿਊ ਗੈਸਟ ਹਾਊਸ ਤੋਂ ਡਿਪਟੀ ਕਮਿਸ਼ਨਰਾਂ, ਪੁਲਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਸ ਕਪਤਾਨਾਂ ਨਾਲ ਵੀਡੀਓ ਕਾਨਫਰੰਸ ਰਾਹੀਂ ਵਿਲੇਜ ਡਿਫੈਂਸ ਕਮੇਟੀਆਂ ਦੇ ਕੰਮਕਾਜ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਲਾਈਨ ਤੋੜਨ ਤੇ ਵੱਡੇ ਤਸਕਰਾਂ ਨੂੰ ਸਲਾਖਾਂ ਪਿੱਛੇ ਭੇਜਣ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ ਅਤੇ ਹੁਣ ਜ਼ਰੂਰਤ ਇਸ ਮੁਹਿੰਮ ਨੂੰ ਹੋਰ ਜ਼ਮੀਨੀ ਪੱਧਰ ਤੱਕ ਲੈ ਜਾਣ ਦੀ ਹੈ। ਮੁੱਖ ਮੰਤਰੀ ਨੇ



ਦੱਸਿਆ ਕਿ ਵਿਲੇਜ ਡਿਫੈਂਸ ਕਮੇਟੀਆਂ ਨੇ ਪਿਛਲੇ ਤਿੰਨ ਮਹੀਨਿਆਂ ਦੌਰਾਨ ਨਸ਼ਾ ਤਸਕਰਾਂ ਵਿਰੁੱਧ 13 ਹਜ਼ਾਰ ਤੋਂ ਵੱਧ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਉਨ੍ਹਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਹਰ ਮਹੀਨੇ ਇਨ੍ਹਾਂ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਈਆਂ ਜਾਣ ਅਤੇ ਘੱਟ ਸਰਗਰਮ ਖੇਤਰਾਂ ਵਿੱਚ ਲੋਕਾਂ ਨੂੰ ਇਸ ਮਿਸ਼ਨ ਨਾਲ ਜੋੜਿਆ ਜਾਵੇ। ਉਨ੍ਹਾ ਇਹ ਵੀ ਕਿਹਾ ਕਿ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਸਰਕਾਰ ਵੱਲੋਂ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਦੀ ਸਮਰੱਥਾ ਵਿੱਚ ਵੱਡਾ ਵਾਧਾ ਕੀਤਾ ਗਿਆ ਹੈ। ਸਰਕਾਰੀ ਕੇਂਦਰਾਂ ਵਿੱਚ ਬੈੱਡਾਂ ਦੀ ਗਿਣਤੀ 1,500 ਤੋਂ ਵਧਾ ਕੇ 5,000 ਕਰ ਦਿੱਤੀ ਗਈ ਹੈ, ਜਦ ਕਿ ਓਟ ਕੇਂਦਰਾਂ ਦੀ ਗਿਣਤੀ ਵੀ 529 ਤੋਂ ਵਧਾ ਕੇ 565 ਕੀਤੀ ਗਈ ਹੈ। ਇਨ੍ਹਾਂ ਕੇਂਦਰਾਂ ਵਿੱਚ ਲੋੜੀਂਦੀਆਂ ਦਵਾਈਆਂ ਅਤੇ ਹੋਰ ਸਹੂਲਤਾਂ ਦੀ ਨਿਰੰਤਰ ਉਪਲਬਧਤਾ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਉਨ੍ਹਾ 'ਸੂਰਮਾ' ਪਹਿਲਕਦਮੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਦੋ ਸਾਲ ਜਾਂ ਇਸ ਤੋਂ ਵੱਧ ਸਮੇਂ ਤੋਂ ਨਸ਼ਿਆਂ ਤੋਂ ਦੂਰ ਰਹਿ ਰਹੇ ਵਿਅਕਤੀਆਂ ਨੂੰ 'ਨਸ਼ਾ ਮੁਕਤੀ ਦੇ ਦੂਤ' ਵਜੋਂ ਸਮਾਜ ਵਿੱਚ ਪ੍ਰੇਰਕ ਭੂਮਿਕਾ ਨਿਭਾਉਣ ਲਈ ਅੱਗੇ ਲਿਆਂਦਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਿਰਫ ਸਰਕਾਰ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਹੈ ਅਤੇ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਹੀ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਇਆ ਜਾ ਸਕੇਗਾ।

## ਲਾਪਰਵਾਹੀ ਨੇ ਬਣਾਇਆ ਨੇਤਰਹੀਣ

**ਭੋਪਾਲ (ਨ ਜ਼ ਸ)**-ਮੱਧ ਪ੍ਰਦੇਸ਼ ਦੇ ਸਾਗਰ ਜ਼ਿਲ੍ਹੇ ਦੇ ਇੱਕ ਸਰਕਾਰੀ ਹਸਪਤਾਲ ਵਿੱਚ ਕਥਿਤ ਤੌਰ 'ਤੇ ਗਲਤ ਦਵਾਈ ਦਿੱਤੇ ਜਾਣ ਕਾਰਨ ਇੱਕ 19 ਮਹੀਨਿਆਂ ਦੇ ਬੱਚੇ ਦੀ ਅੱਖਾਂ ਦੀ ਰੌਸ਼ਨੀ ਹਮੇਸ਼ਾ ਲਈ ਚਲੇ ਗਈ ਹੈ। ਇਹ ਘਟਨਾ ਸੂਬੇ ਦੇ ਸਿਹਤ ਮੰਤਰੀ ਦੇ ਆਪਣੇ ਜ਼ਿਲ੍ਹੇ ਵਿੱਚ ਵਾਪਰੀ ਹੈ। ਜ਼ਿਲ੍ਹੇ ਦੇ ਪਿੰਡ ਭੂਸਾ ਕਮਾਲਪੁਰ ਦੇ ਰਹਿਣ ਵਾਲੇ ਬੱਚੇ ਨੂੰ ਉਸ ਦੇ ਪਿਤਾ ਇੰਦਰਰਾਜ ਵਿਸ਼ਵਕਰਮਾ ਵੱਲੋਂ ਹਲਕੀ ਸਰਦੀ, ਖੰਘ ਅਤੇ ਅੱਖਾਂ ਵਿੱਚ ਲਾਲੀ ਹੋਣ ਕਾਰਨ ਬਾਂਦਾ ਦੇ ਸਿਵਲ ਹਸਪਤਾਲ ਲਿਜਾਇਆ ਗਿਆ ਸੀ। ਬੱਚੇ ਦੀ ਜਾਂਚ ਬਾਲ ਰੋਗਾਂ ਦੇ ਮਾਹਰ ਡਾਕਟਰ ਹਿਮਾਂਸ਼ੂ ਵਰਮਾ ਵੱਲੋਂ ਕੀਤੀ ਗਈ ਸੀ, ਜਿਨ੍ਹਾ ਨੇ ਅੱਖਾਂ ਦੇ ਡਰੌਪਸ, ਪੈਰਾਸਿਟਾਮੋਲ ਅਤੇ ਹੋਰ ਦਵਾਈਆਂ ਲਿਖ ਕੇ ਦਿੱਤੀਆਂ ਸਨ। ਪਰਵਾਰ ਦਾ ਦੋਸ਼ ਹੈ ਕਿ ਹਸਪਤਾਲ ਦੇ ਸਟਾਫ ਨੇ ਆਈ ਡਰੌਪਸ ਪਾਉਣ ਦੀ ਬਜਾਏ ਬਲਗਮ ਸਾਫ ਕਰਨ ਵਾਲੀ (ਖੰਘ ਦੀ) ਦਵਾਈ ਪਾ ਦਿੱਤੀ। ਬੱਚੇ ਨੂੰ ਪਹਿਲਾਂ ਸਾਗਰ ਜ਼ਿਲ੍ਹਾ ਹਸਪਤਾਲ ਤੇ ਫਿਰ ਏਮਜ਼ ਭੋਪਾਲ ਲਿਜਾਇਆ ਗਿਆ। ਭੋਪਾਲ ਦੇ ਡਾਕਟਰਾਂ ਨੇ ਦੱਸਿਆ ਕਿ ਗਲਤ ਦਵਾਈ ਕਾਰਨ ਹੋਏ ਗੰਭੀਰ ਰਿਐਕਸ਼ਨ ਅਤੇ ਮੈਡੀਕਲ ਲਾਪਰਵਾਹੀ ਦੇ ਸਿੱਟੇ ਵਜੋਂ ਬੱਚੇ ਦੀ ਅੱਖਾਂ ਦੀ ਰੌਸ਼ਨੀ ਹਮੇਸ਼ਾ ਲਈ ਚਲੇ ਗਈ ਹੈ। ਕੁਝ ਦਿਨ ਪਹਿਲਾਂ, ਬੁੰਦੇਲਖੰਡ ਮੈਡੀਕਲ ਕਾਲਜ ਵਿੱਚ ਐਨਸਥੀਸੀਆ (ਬੇਹੋਸ਼ੀ ਦੀ ਦਵਾਈ) ਦੀ ਕਥਿਤ ਓਵਰਡੋਜ਼ ਅਤੇ ਸਮੇਂ ਸਿਰ ਇਲਾਜ ਨਾ ਮਿਲਣ ਕਾਰਨ ਦੇਵੇਂਦਰ ਪਾਠਕ ਨਾਂਅ ਦੇ ਮਰੀਜ਼ ਦੀ ਮੌਤ ਹੋ ਗਈ ਸੀ।

## ਹਿਮਾਚਲ 'ਚ 5 ਤੱਕ ਮੀਂਹ ਦਾ ਅਲਰਟ

**ਸ਼ਿਮਲਾ (ਨ ਜ਼ ਸ)**

ਹਿਮਾਚਲ ਦੇ ਮੌਸਮ ਵਿਗਿਆਨ ਕੇਂਦਰ ਵੱਲੋਂ 5 ਜੁਲਾਈ ਤੱਕ ਕਈ ਜ਼ਿਲ੍ਹਿਆਂ ਲਈ ਸੰਤਰੀ ਅਤੇ ਪੀਲਾ ਮੌਸਮ ਅਲਰਟ ਜਾਰੀ ਕੀਤੇ ਜਾਣ ਕਾਰਨ ਸੂਬੇ ਭਰ ਵਿੱਚ ਭਾਰੀ ਮੀਂਹ ਜਾਰੀ ਰਹਿਣ ਦੀ ਸੰਭਾਵਨਾ ਹੈ।

ਵਿਭਾਗ ਨੇ 30 ਜੂਨ ਲਈ ਸ਼ਿਮਲਾ, ਕਾਂਗੜਾ, ਸੋਲਨ, ਮੰਡੀ, ਊਨਾ, ਬਿਲਾਸਪੁਰ, ਹਮੀਰਪੁਰ, ਸਿਰਮੌਰ ਅਤੇ ਚੰਬਾ ਜ਼ਿਲ੍ਹਿਆਂ ਲਈ ਪੀਲਾ ਮੌਸਮ ਅਲਰਟ ਜਾਰੀ ਕੀਤਾ ਹੈ, ਜਿਸ ਦੇ ਨਤੀਜੇ ਵਜੋਂ ਇਨ੍ਹਾਂ ਜ਼ਿਲ੍ਹਿਆਂ ਦੇ ਵੱਖ-ਵੱਖ ਇਲਾਕਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ। ਇਸੇ ਤਰ੍ਹਾਂ 3 ਜੁਲਾਈ ਤੱਕ ਕਈ ਜ਼ਿਲ੍ਹਿਆਂ ਲਈ ਪੀਲਾ ਅਲਰਟ ਜਾਰੀ ਕੀਤਾ ਗਿਆ ਹੈ, ਜਿਸ ਵਿੱਚ 2 ਅਤੇ 3 ਜੁਲਾਈ ਲਈ ਕੁਝ ਜ਼ਿਲ੍ਹਿਆਂ ਵਾਸਤੇ ਸੰਤਰੀ ਅਲਰਟ ਵੀ ਸ਼ਾਮਲ ਹੈ। ਇਸ ਦੌਰਾਨ ਪਿਛਲੇ 24 ਘੰਟਿਆਂ ਦੌਰਾਨ ਸੂਬੇ ਦੇ ਵੱਖ-ਵੱਖ ਇਲਾਕਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ। ਹਮੀਰਪੁਰ ਵਿੱਚ 36 ਮਿਲੀਮੀਟਰ, ਬਿਲਾਸਪੁਰ 26, ਸੋਲਨ 19.8, ਸ਼ਿਮਲਾ 13.8, ਨਾਹਨ 11.8, ਕੁਫਰੀ 7.5, ਧਰਮਸ਼ਾਲਾ 7.1, ਊਨਾ 3.6 ਅਤੇ ਮਨਾਲੀ ਵਿੱਚ 2 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ। ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ 36 ਡਿਗਰੀ ਊਨਾ ਵਿੱਚ ਦਰਜ ਕੀਤਾ ਗਿਆ, ਜਦੋਂ ਕਿ ਸਭ ਤੋਂ ਘੱਟ ਤਾਪਮਾਨ 8.3 ਡਿਗਰੀ ਲਾਹੌਲ ਤੇ ਸਪੀਤੀ ਜ਼ਿਲ੍ਹੇ ਦੇ ਕੁਕੁਮਸੇਰੀ ਵਿੱਚ ਦਰਜ ਕੀਤਾ ਗਿਆ।

## ਪਾਕਿਸਤਾਨ ਬਾਰੇ ਨਿੱਜੀ ਗੱਲਾਂਬਾਤਾਂ ਨਾਲ ਸਰਕਾਰ ਦਾ ਸੰਬੰਧ ਨਹੀਂ : ਮਿਸਰੀ

**ਨਵੀਂ ਦਿੱਲੀ (ਨ ਜ਼ ਸ)**



ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਸੋਮਵਾਰ ਕਿਹਾ ਕਿ ਭਾਰਤ-ਪਾਕਿਸਤਾਨ ਸੰਬੰਧਾਂ ਬਾਰੇ ਵਿਦੇਸ਼ਾਂ ਵਿੱਚ ਹੋਣ ਵਾਲੀਆਂ 'ਟਰੈਕ-2' ਗੱਲਾਂਬਾਤਾਂ ਵਿੱਚ ਨਿੱਜੀ ਹੈਸੀਅਤ ਨਾਲ ਹਿੱਸਾ ਲੈਣ ਵਾਲੇ ਸੇਵਾਮੁਕਤ ਡਿਪਲੋਮੈਟ ਅਤੇ ਫੌਜੀ ਅਧਿਕਾਰੀਆਂ ਨਾਲ ਭਾਰਤ ਸਰਕਾਰ ਦਾ ਕੋਈ ਲੈਣਾ-ਦੇਣਾ ਨਹੀਂ ਹੈ ਅਤੇ ਨਾ ਹੀ ਸਰਕਾਰ ਅਜਿਹੀਆਂ ਗੱਲਾਂਬਾਤਾਂ ਦਾ ਕੋਈ ਨੋਟਿਸ ਲੈਂਦੀ ਹੈ।

ਸੇਸ਼ੇਲਸ ਦੀ ਰਾਜਧਾਨੀ ਵਿਕਟੋਰੀਆ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮਿਸਰੀ ਨੇ ਇਹ ਟਿੱਪਣੀ ਕੋਲੰਬੋ ਵਿੱਚ ਪਿਛਲੇ ਹਫਤੇ ਖੇਤਰੀ ਸੁਰੱਖਿਆ ਕਾਨਫਰੰਸ ਦੇ ਮੌਕੇ 'ਤੇ ਭਾਰਤੀ ਅਤੇ ਪਾਕਿਸਤਾਨੀ ਮਾਹਰਾਂ, ਸੇਵਾਮੁਕਤ ਫੌਜੀ ਅਧਿਕਾਰੀਆਂ, ਡਿਪਲੋਮੈਟ ਅਤੇ ਸਿਆਸਤਦਾਨਾਂ ਵਿਚਾਲੇ ਹੋਈ 'ਟਰੈਕ-2' ਗੱਲਬਾਤ ਸੰਬੰਧੀ ਰਿਪੋਰਟਾਂ ਦੇ ਸੰਦਰਭ ਵਿੱਚ ਕੀਤੀ। ਮਿਸਰੀ ਨੇ ਕਿਹਾ, "ਦੁਨੀਆ-ਭਰ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਅਜਿਹੇ ਦਰਜਨਾਂ ਪ੍ਰੋਗਰਾਮ ਹੁੰਦੇ ਰਹਿੰਦੇ ਹਨ। ਇਨ੍ਹਾਂ ਵਿੱਚ ਕੁਝ ਵੀ ਨਵਾਂ ਜਾਂ ਵਿਸ਼ੇਸ਼ ਨਹੀਂ ਹੈ। ਇਹ ਨਿੱਜੀ ਸੰਸਥਾਵਾਂ ਵੱਲੋਂ ਕਰਵਾਏ ਜਾਣ ਵਾਲੇ ਨਿੱਜੀ ਪ੍ਰੋਗਰਾਮ ਹਨ ਅਤੇ ਇਨ੍ਹਾਂ ਦਾ ਕੋਈ ਸਰਕਾਰੀ ਸਰੋਕਾਰ ਨਹੀਂ ਹੈ। ਉਨ੍ਹਾ ਕਿਹਾ ਕਿ ਭਾਰਤ ਸਰਕਾਰ ਵੱਲੋਂ ਨਾ ਤਾਂ ਇਨ੍ਹਾਂ ਪ੍ਰੋਗਰਾਮਾਂ ਵਿੱਚ ਕੋਈ ਅਧਿਕਾਰਤ ਭਾਗੀਦਾਰੀ ਹੁੰਦੀ ਹੈ ਅਤੇ ਨਾ ਹੀ ਕੋਈ ਸਰਕਾਰੀ ਸਮਰਥਨ ਦਿੱਤਾ ਜਾਂਦਾ ਹੈ। ਉਨ੍ਹਾ ਕਿਹਾ ਕਿ ਜੇ ਭਾਰਤ ਤੋਂ ਕੋਈ ਸੇਵਾਮੁਕਤ ਡਿਪਲੋਮੈਟ, ਸੇਵਾਮੁਕਤ ਫੌਜੀ ਅਧਿਕਾਰੀ ਜਾਂ ਸਿਵਲ ਸੁਸਾਇਟੀ ਦਾ ਮੈਂਬਰ ਅਜਿਹੇ ਸਮਾਗਮਾਂ ਵਿੱਚ ਹਿੱਸਾ ਲੈਂਦਾ ਹੈ ਤਾਂ ਉਹ ਸਿਰਫ ਆਪਣੇ ਨਿੱਜੀ ਵਿਚਾਰ ਹੀ ਪੇਸ਼ ਕਰਦਾ ਹੈ। ਮਿਸਰੀ ਨੇ ਕਿਹਾ ਕਿ ਅਜਿਹੀਆਂ ਗੱਲਾਂਬਾਤਾਂ ਕਿਸੇ ਵੀ ਤਰੀਕੇ ਨਾਲ ਭਾਰਤ ਸਰਕਾਰ ਦੇ ਵਿਚਾਰਾਂ ਦੀ ਨੁਮਾਇੰਦਗੀ ਨਹੀਂ ਕਰਦੀਆਂ। ਉਨ੍ਹਾ ਕਿਹਾ, "ਅਸੀਂ ਅਜਿਹੇ ਸਮਾਗਮਾਂ ਦਾ ਕੋਈ ਨੋਟਿਸ ਨਹੀਂ ਲੈਂਦੇ। ਸਾਡੇ ਲਈ ਇਨ੍ਹਾਂ ਦੀ ਕੋਈ ਖਾਸ ਅਹਿਮੀਅਤ ਨਹੀਂ ਹੈ।"

## ਜਰਮਨੀ ਦੇ ਸ਼ਹਿਰ ਸਟੇਡ 'ਚ ਗੋਲੀਬਾਰੀ, 5 ਮੌਤਾਂ

**ਬਰਲਿਨ (ਨ ਜ਼ ਸ)**-ਜਰਮਨੀ ਦੇ ਉੱਤਰੀ ਸ਼ਹਿਰ ਸਟੇਡ ਵਿੱਚ ਸੋਮਵਾਰ ਗੋਲੀਬਾਰੀ 'ਚ ਪੰਜ ਲੋਕਾਂ ਦੀ ਮੌਤ ਹੋ ਗਈ। ਪੁਲੀਸ ਨੇ ਦੋ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਹੈ, ਜਿਨ੍ਹਾਂ ਵਿੱਚੋਂ ਇੱਕ ਨੂੰ ਮੁੱਖ ਸ਼ੱਕੀ ਸ਼ੂਟਰ ਦੱਸਿਆ ਜਾ ਰਿਹਾ ਹੈ।

ਪੁਲਸ ਬੁਲਾਰੇ ਨੇ ਦੱਸਿਆ ਕਿ ਦੂਜੇ ਵਿਅਕਤੀ ਦੀ ਭੂਮਿਕਾ ਬਾਰੇ ਅਜੇ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮ੍ਰਿਤਕ ਸਾਰੇ ਬਾਲਗ ਸਨ, ਜਦਕਿ ਇਸ ਘਟਨਾ ਵਿੱਚ ਜ਼ਖਮੀ ਹੋਏ ਲੋਕਾਂ ਦੀ ਸਹੀ ਗਿਣਤੀ ਬਾਰੇ ਅਜੇ ਸਪੱਸ਼ਟ ਜਾਣਕਾਰੀ ਉਪਲਬਧ ਨਹੀਂ ਹੈ।

ਜ਼ਿਕਰਯੋਗ ਹੈ ਕਿ ਸਟੇਡ ਸ਼ਹਿਰ ਹੈਮਬਰਗ ਦੇ ਪੱਛਮ ਵਿੱਚ ਸਥਿਤ ਹੈ ਅਤੇ ਇੱਥੋਂ ਦੀ ਆਬਾਦੀ ਲਗਪਗ 50,000 ਹੈ।

## ਅੱਜ-ਨਾਮਾ

ਐੱਸ ਆਈ ਆਰ ਤੋਂ ਲੋਕ ਨੇ ਦੁਖੀ ਹੋਏ,
ਜੀਹਨੂੰ ਪੁੱਛਿਆ, ਜਾਪ ਰਿਹਾ ਤੰਗ ਮੀਆਂ।
ਸੱਭੋ ਵੋਟਰਾਂ ਨੂੰ ਫਿਕਰ ਇਹ ਖਾਈ ਜਾਂਦਾ,
ਪਤਾ ਨਹੀਂ ਪੇਪਰ ਕੀ ਲੈਣਗੇ ਮੰਗ ਮੀਆਂ।
ਚਿੰਤਾ ਹੈ ਬੰਦਿਆਂ ਨੂੰ ਤਿੰਨਾਂ ਪੀੜ੍ਹੀਆਂ ਦੀ,
ਪੇਕਿਆਂ ਤਰਫੋਂ ਹਨ ਔਰਤਾਂ ਤੰਗ ਮੀਆਂ।
ਜਾਣ ਜਦ ਪੇਕੇ ਸਬੂਤ ਇਹ ਕੋਈ ਮੰਗਣ,
ਕਾਗਜ਼ ਲੱਭਦਿਆਂ ਲੱਗੇ ਕੁਝ ਸੰਗ ਮੀਆਂ।
ਅਮਲਾ-ਫੈਲਾ ਹੈ ਸੁਣੀਂਦਾ ਤੰਗ ਆਇਆ,
ਬੋਲਦੇ ਲੋਕ ਨਹੀਂ ਚੰਗਾ ਕੁਝ ਬੋਲ ਮੀਆਂ।
ਕੰਮ-ਧੰਦੇ ਲਈ ਗਿਆ ਕੋਈ ਹੋਏ ਟੱਬਰ,
ਸਬੂਤ ਨਾ ਹੁੰਦੇ ਬਜ਼ੁਰਗਾਂ ਦੇ ਕੋਲ ਮੀਆਂ।

-ਤੀਸ ਮਾਰ ਖਾਂ

## 'ਮਿੱਕੀ ਮਾਊਸ' ਝੂਲੇ ਦੀ ਫੂਕ ਨਿਕਲਣ ਨਾਲ ਬੱਚੇ ਮਸਾਂ ਬਚੇ

**ਸੋਲਨ (ਨ ਜ਼ ਸ)**-ਇੱਥੇ ਚੱਲ ਰਹੇ ਕੌਮੀ ਪੱਧਰ ਦੇ ਸ਼ੂਲਿਨੀ ਮੇਲੇ ਦੇ ਆਖਰੀ ਦਿਨ ਐਤਵਾਰ ਵੱਡੇ 'ਮਿੱਕੀ ਮਾਊਸ' ਝੂਲੇ ਦੀ ਅਚਾਨਕ ਹਵਾ ਨਿਕਲ ਜਾਣ ਕਾਰਨ ਲਗਪਗ 15 ਬੱਚੇ ਦੱਬੇ ਗਏ। ਕੁਝ ਹੀ ਦੇਰ ਪਹਿਲਾਂ ਹੱਸਦੇ-ਖੇਡਦੇ ਬੱਚਿਆਂ ਨਾਲ ਭਰਿਆ ਇਹ ਵੱਡਾ ਝੂਲਾ ਪੱਤਿਆਂ ਦੇ ਮਹਿਲ ਵਾਂਗ ਢਹਿ ਗਿਆ। ਜਿਵੇਂ ਹੀ ਬੱਚੇ ਭਾਰੀ ਸਿੰਥੈਟਿਕ ਮਲਬੇ ਅਤੇ ਝੂਲੇ ਦੇ ਭਾਰ ਹੇਠਾਂ ਦੱਬੇ ਗਏ, ਤਾਂ ਚੀਕ-ਚਿਹਾੜਾ ਮਚ ਗਿਆ ਅਤੇ ਮਾਪੇ ਆਪਣੇ ਬੱਚਿਆਂ ਨੂੰ ਬਚਾਉਣ ਲਈ ਭੱਜੇ।

ਮਾਪਿਆਂ ਨੇ ਦੋਸ਼ ਲਾਇਆ ਕਿ ਬੱਚਿਆਂ ਨੂੰ ਬਚਾਉਣ ਦੀ ਬਜਾਏ, ਝੂਲੇ ਦਾ ਅਪ੍ਰੇਟਰ ਅਤੇ ਉਸ ਦਾ ਸਟਾਫ ਟਿਕਟ ਕਾਊਂਟਰ ਛੱਡ ਕੇ ਫਰਾਰ ਹੋ ਗਿਆ।

ਊਨਾ ਦੇ ਰਾਹੁਲ ਕੁਮਾਰ ਨੇ ਦੱਸਿਆ ਕਿ ਉਸਦਾ 4 ਸਾਲ ਦਾ ਪੁੱਤਰ ਵੀ ਉਸ ਝੂਲੇ 'ਤੇ ਮੌਜੂਦ ਸੀ। ਉਸਨੇ ਅਤੇ ਇੱਕ ਹੋਰ ਸਥਾਨਕ ਨਿਵਾਸੀ ਪ੍ਰਦੀਪ ਕੁਮਾਰ ਨੇ ਬਿਨਾਂ ਸਮਾਂ ਗੁਆਏ ਭਾਰੀ ਮਲਬਾ ਹਟਾ ਕੇ ਬੱਚਿਆਂ ਨੂੰ ਬਚਾਉਣਾ ਸ਼ੁਰੂ ਕਰ ਦਿੱਤਾ। ਇੱਕ-ਇੱਕ ਕਰਕੇ 12 ਤੋਂ 15 ਬੱਚਿਆਂ ਨੂੰ ਸੁਰੱਖਿਅਤ ਬਾਹਰ ਕੱਢਿਆ।

ਪ੍ਰੇਸ਼ਾਨ ਮਾਪਿਆਂ ਨੇ ਕਿਹਾ ਕਿ ਥੋੜ੍ਹੀ ਜਿਹੀ ਵੀ



ਦੇਰੀ ਹੋ ਜਾਂਦੀ, ਤਾਂ ਛੋਟੇ ਬੱਚਿਆਂ ਦਾ ਦਮ ਘੁੱਟ ਸਕਦਾ ਸੀ। ਹਾਲਾਂਕਿ ਪੀੜਤ ਮਾਪਿਆਂ ਨੇ ਐਤਵਾਰ ਸ਼ਾਮ ਹੀ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ ਪਰ ਉਹ ਐੱਫ ਆਈ ਆਰ ਦਰਜ ਕਰਨ ਵਿੱਚ ਦੇਰੀ ਕਰ ਰਹੀ ਹੈ ਅਤੇ ਝੂਲੇ ਦੇ ਮਾਲਕ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਐੱਸ ਪੀ ਸੋਲਨ ਸਾਈਂ ਦੱਤਾਤ੍ਰੇਅ ਵਰਮਾ ਨੇ ਦੱਸਿਆ ਕਿ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਯੂਰੀਆ ਘੁਟਾਲੇ 'ਚ ਸੱਤ ਅਫਸਰ ਚਾਰਜਸ਼ੀਟ

**ਚੰਡੀਗੜ੍ਹ (ਨ ਜ਼ ਸ)**

ਪੰਜਾਬ ਸਰਕਾਰ ਨੇ ਯੂਰੀਆ ਘੁਟਾਲੇ ਦੀ ਉੱਚ ਪੱਧਰੀ ਪੜਤਾਲ ਦੇ ਹੁਕਮ ਜਾਰੀ ਕਰ ਦਿੱਤੇ ਹਨ। ਮਾਰਕਫੈੱਡ ਤੇ ਮਿਲਕਫੈਡ ਦੇ ਮੈਨੇਜਿੰਗ ਡਾਇਰੈਕਟਰ ਟੈਕਨੀਕਲ ਗਰੇਡ ਯੂਰੀਆ ਦੀ ਥਾਂ ਕੈਟਲ ਫੀਡ ਸਨਅਤਾਂ 'ਚ ਖੇਤੀ ਸਬਸਿਡੀ ਵਾਲੇ ਯੂਰੀਆ ਦੀ ਸਪਲਾਈ ਦੇ ਮਾਮਲੇ ਦੀ ਜਾਂਚ ਕਰਨਗੇ। ਉਹ ਅਣਗਹਿਲੀ ਲਈ ਜ਼ਿੰਮੇਵਾਰੀ ਤੈਅ ਕਰਕੇ ਬਿਨਾਂ ਕਿਸੇ ਦੇਰੀ ਤੋਂ 'ਕਾਰਵਾਈ ਰਿਪੋਰਟ' ਸਰਕਾਰ ਨੂੰ ਸੌਂਪਣਗੇ।

ਸਰਕਾਰ ਨੇ ਇਸ ਮਾਮਲੇ 'ਚ ਸੱਤ ਵੱਡੇ ਅਫਸਰਾਂ ਨੂੰ ਚਾਰਜਸ਼ੀਟ ਜਾਰੀ ਕਰ ਦਿੱਤੀ ਹੈ। ਦੋ ਪ੍ਰਾਈਵੇਟ ਕੰਪਨੀਆਂ ਵੱਲੋਂ ਖੇਤੀ ਸਬਸਿਡੀ ਵਾਲੇ ਯੂਰੀਆ ਨੂੰ ਮਾਰਕਫੈੱਡ ਅਤੇ ਮਿਲਕਫੈੱਡ ਦੀਆਂ ਚਾਰ ਕੈਟਲ ਫੀਡ ਫੈਕਟਰੀਆਂ 'ਚ ਸਪਲਾਈ ਕਰਨ ਦੇ ਇਸ ਘੁਟਾਲੇ ਦੇ ਬੇਪਰਦ ਹੋਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਕਾਰਵਾਈ ਦੇ ਹੁਕਮ ਜਾਰੀ ਕੀਤੇ। ਸੱਤ ਅਧਿਕਾਰੀ ਚਾਰਜਸ਼ੀਟ ਕਰਨ ਤੋਂ ਇਲਾਵਾ ਇੱਕ ਅਧਿਕਾਰੀ ਦਾ ਤਬਾਦਲਾ ਵੀ ਕਰ ਦਿੱਤਾ ਗਿਆ ਹੈ। ਮੁੱਖ ਮੰਤਰੀ ਨੇ ਸਪੱਸ਼ਟ ਕਿਹਾ ਹੈ ਕਿ ਹਰ ਪੱਧਰ 'ਤੇ ਜਵਾਬਦੇਹੀ ਤੈਅ ਕੀਤੀ ਜਾਵੇਗੀ ਤੇ ਜਨਤਕ ਸਰੋਤਾਂ ਦੀ ਦੁਰਵਰਤੋਂ ਕਰਨ ਵਾਲੇ ਕਿਸੇ ਵੀ ਅਧਿਕਾਰੀ, ਕਰਮਚਾਰੀ ਜਾਂ ਸੰਸਥਾ ਨੂੰ ਛੱਡਿਆ ਨਹੀਂ ਜਾਵੇਗਾ।

ਸਰਕਾਰ ਨੇ ਖਾਦ ਸਪਲਾਈ ਕਰਨ ਵਾਲੀ ਕੰਪਨੀ ਮੈਸਰਜ਼ ਮਨੀਸ਼ਾ ਟਰੇਡਿੰਗ ਕੰਪਨੀ ਨਵੀਂ ਦਿੱਲੀ ਅਤੇ ਮੈਸਰਜ਼ ਏ ਐੱਮ ਕੈਮੀਕਲ ਸੋਨੀਪਤ ਵਿਰੁੱਧ ਕਾਰਵਾਈ ਲਈ ਮਾਮਲਾ ਜਾਂਚ ਅਤੇ ਕਾਰਵਾਈ ਲਈ ਕ੍ਰਮਵਾਰ ਪ੍ਰਿੰਸੀਪਲ ਕਮਿਸ਼ਨਰ, ਸੀ ਜੀ ਐੱਸ ਟੀ ਨਵੀਂ ਦਿੱਲੀ ਤੇ ਪੰਚਕੂਲਾ ਨੂੰ ਭੇਜ ਦਿੱਤਾ ਹੈ। ਇਨ੍ਹਾਂ ਅਧਿਕਾਰੀਆਂ ਦੀ ਰਿਪੋਰਟ 'ਤੇ ਸਰਕਾਰ ਅਗਲੀ ਕਾਰਵਾਈ ਕਰੇਗੀ।

ਮਿਲਕਫੈੱਡ ਨੇ ਖੰਨਾ ਕੈਟਲ ਫੀਡ ਪਲਾਂਟ ਦੇ ਜਨਰਲ ਮੈਨੇਜਰ, ਮੈਨੇਜਰ ( ਏ

• ਬਾਕੀ ਸਫ਼ਾ 2 'ਤੇ

## ਪੰਜਾਬ ਐਂਡ ਸਿੰਧ ਬੈਂਕ ਨੇ ਵਾਟਰ ਕੂਲਰ ਕੀਤਾ ਦਾਨ




**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਆਈਟੀਆਈ ਵਿਖੇ ਪੰਜਾਬ ਐਂਡ ਸਿੰਧ ਬੈਂਕ ਦੇ ਰੀਜਨਲ ਮੈਨੇਜਰ ਫ਼ਰੀਦਕੋਟ ਵੱਲੋਂ ਵੱਧ ਰਹੀ ਗਰਮੀ ਅਤੇ ਸਿਖਿਆਰਥੀਆਂ ਦੇ ਵਧ ਰਹੇ ਦਾਖਲੇ ਨੂੰ ਮੁੱਖ ਰੱਖਦਿਆਂ 80 ਲੀਟਰ ਦਾ ਪਾਣੀ ਠੰਡੇ ਕਰਨ ਵਾਲਾ ਵਾਟਰ ਕੂਲਰ ਦਾਨ ਦਿੱਤਾ ਗਿਆ। ਸੰਸਥਾ ਦੇ ਪ੍ਰਿੰਸੀਪਲ ਰਜਿੰਦਰ ਸਿੰਘ ਜੋਸ਼ਨ ਦੀ ਯੋਗ ਅਗਵਾਈ ਹੇਠ ਇਸ ਸਬੰਧੀ ਆਯੋਜਿਤ ਇਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਵਿਚ ਬੈਂਕ ਤੋਂ ਸ਼ੀਤਲ ਮਹਾਜਨ ਤੇ ਕੇਸ਼ਵ ਕੁਮਾਰ ਆਰੋ ਫਰੀਦਕੋਟ, ਜਲਾਲਾਬਾਦ ਦੇ ਬੈਂਕ ਮੈਨੇਜਰ ਲੋਕੇਸ਼ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਸਮੁੱਚੇ ਕੰਮ ਨੂੰ ਨੇਪਰੇ ਚੜ੍ਹਾਉਣ ਲਈ ਸੰਸਥਾ ਦੇ ਟ੍ਰੇਨਿੰਗ ਅਫਸਰ ਤੇ ਫ਼ਾਜ਼ਿਲਕਾ ਜ਼ਿਲ੍ਹੇ ਦੇ ਅਲੂਮਨੀ ਪ੍ਰਧਾਨ ਮਦਨ ਲਾਲ ਕਿੱਕਰ ਖੇੜਾ ਤੇ ਸੁਖਮੀਤ ਸਿੰਘ ਸੀਨੀਅਰ ਸਹਾਇਕ, ਜਿਨਾਂ ਨੇ ਬੈਂਕ ਦੇ ਉੱਚ ਅਧਿਕਾਰੀਆਂ ਨੂੰ ਆਪਣੇ ਕਾਰਪੋਰੇਟ ਸੋਸ਼ਲ ਰਿਸਪਾਂਸੀਬਿਲਟੀ ਫੰਡ ਦੇ ਵਿੱਚੋਂ ਵਾਟਰ ਕੂਲਰ ਦੀ ਮੰਗ ਕੀਤੀ ਸੀ, ਜੋ ਸੰਸਥਾ ਦੇ ਸਿਖਿਆਰਥੀਆਂ ਲਈ ਦਾਨ ਦੇ ਕੇ ਸਮਰਪਿਤ ਕੀਤਾ ਹੈ। ਇਸ ਮੌਕੇ ਸਿਖਿਆਰਥੀ ਵਰਗ ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਹੋਏ ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਹੋਇਆ ਬੈਂਕ ਦੇ ਸਮੁੱਚੇ ਉੱਚ ਅਧਿਕਾਰੀਆਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ। ਮਦਨ ਲਾਲ ਟ੍ਰੇਨਿੰਗ ਅਫ਼ਸਰ ਵੱਲੋਂ ਬੈਂਕ ਦੇ ਉੱਚ ਅਧਿਕਾਰੀਆਂ ਤੇ ਸੰਸਥਾ ਦੇ ਪ੍ਰਿੰਸੀਪਲ ਰਜਿੰਦਰ ਸਿੰਘ ਜੋਸ਼ਨ ਨੂੰ ਬਹੁਤ ਬਹੁਤ ਵਧਾਈਆਂ ਦਿੱਤੀਆਂ ਤੇ ਭਵਿੱਖ ਵਿੱਚ ਹੋਰ ਸੰਸਥਾ ਦੇ ਵਿਕਾਸ ਲਈ ਕੰਮ ਕਰਨ ਲਈ ਸ਼ਲਾਘਾ ਕੀਤੀ ਕਿ ਜਿੱਥੇ ਇਸ ਵਾਟਰ ਕੂਲਰ ਦੇ ਨਾਲ ਸਿੱਖਿਆਰਥੀਆਂ ਨੂੰ ਸਾਫ਼-ਸੁਥਰਾ ਤੇ ਠੰਡਾ ਪਾਣੀ ਪੀਣ ਲਈ ਮਿਲੇਗਾ। ਉਸ ਦੇ ਨਾਲ-ਨਾਲ ਗਰਮੀ ਦੇ ਮੌਸਮ ਦੇ ਵਿੱਚ ਵਿਦਿਆਰਥੀ ਵਰਗ ਨੂੰ ਪੀਣ ਵਾਲਾ ਠੰਡਾ ਪਾਣੀ ਦੀਆਂ ਬੋਤਲਾਂ ਘਰੋਂ ਲਿਆਉਣ ਵਿੱਚ ਰਾਹਤ ਮਿਲੇਗੀ।

## ਨੀਟ ਪ੍ਰੀਖਿਆ ਧਾਂਦਲੀਆਂ ਖ਼ਿਲਾਫ਼ ਕਾਂਗਰਸ ਕਰੇਗੀ ਦੇਸ਼ ਵਿਆਪੀ ਅੰਦੋਲਨ : ਡਾ. ਧਰਮਵੀਰ ਗਾਂਧੀ, ਜਗਦੇਵ ਗਾਗਾ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਵਿੱਚ ਨੀਟ ਪ੍ਰੀਖਿਆ ਨਾਲ ਜੁੜੀਆਂ ਕਥਿਤ ਧਾਂਦਲੀਆਂ ਤੇ ਪ੍ਰੀਖਿਆ ਪ੍ਰਣਾਲੀ ਦੀਆਂ ਕਮੀਆਂ ਨੂੰ ਲੈ ਕੇ ਕਾਂਗਰਸ ਪਾਰਟੀ ਨੇ ਵੱਡਾ ਤੇ ਸਖ਼ਤ ਰੁਖ ਅਪਨਾਉਂਦੇ ਹੋਏ ਦੇਸ਼ ਵਿਆਪੀ ਅੰਦੋਲਨ ਦਾ ਐਲਾਨ ਕੀਤਾ ਹੈ।ਮੈਂਬਰ ਪਾਰਲੀਮੈਂਟ ਸ਼੍ਰੀ ਧਰਮਵੀਰ ਗਾਂਧੀ ਨੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਸੰਗਰੂਰ ਜਗਦੇਵ ਗਾਗਾ ਦੀ ਅਗਵਾਈ ਵਿੱਚ ਕੀਤੀ ਗਈ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਇਹ ਮੁਹਿੰਮ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਹੇਠ ਚਲਾਈ ਜਾਵੇਗੀ ਅਤੇ ਇਸਦਾ ਮਕਸਦ ਸਿਸਟਮ ਵਿੱਚ ਪੈ ਰਹੀਆਂ ਗੰਭੀਰ ਖਾਮੀਆਂ ਨੂੰ ਬੇਨਕਾਬ ਕਰਨਾ ਤੇ ਨੌਜਵਾਨਾਂ ਦੇ ਹੱਕਾਂ ਦੀ ਰੱਖਿਆ ਕਰਨਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਪ੍ਰੀਖਿਆ ਪ੍ਰਣਾਲੀ ਦੀ ਹਾਲਤ ਲਗਾਤਾਰ ਬਦਤਰ ਹੋ ਰਹੀ ਹੈ ਅਤੇ ਨੌਜਵਾਨਾਂ ਦਾ ਭਰੋਸਾ ਘਟ ਰਿਹਾ ਹੈ।ਜਿਸ ਕਾਰਨ ਕਾਂਗਰਸ ਨੇ ਫੈਸਲਾ ਕੀਤਾ ਹੈ ਕਿ ਇਸ ਮੁੱਦੇ ਨੂੰ ਹਰ ਜ਼ਿਲ੍ਹੇ ਤੱਕ ਲੈ ਜਾਇਆ ਜਾਵੇਗਾ।ਇਸ ਤਹਿਤ ਦੇਸ਼ ਭਰ ਵਿੱਚ ਪ੍ਰੈਸ ਕਾਨਫਰੰਸਾਂ ਕੀਤੀਆਂ ਜਾਣਗੀਆਂ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਕਾਂਗਰਸ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਦੇਸ਼ ਵਿੱਚ ਪੰਜ ਵੱਡੀਆਂ ਰੈਲੀਆਂ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚੋਂ ਪਹਿਲੀ ਰੈਲੀ ਕੋਟਾ (ਰਾਜਸਥਾਨ) ਵਿੱਚ ਹੋ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਅਗਲੇ ਪੜਾਅ ਵਿੱਚ 9 ਅਗਸਤ ਨੂੰ ਦਿੱਲੀ ਵਿੱਚ ਵਿਦਿਆਰਥੀਆਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਜਾਵੇਗੀ ਤਾਂ ਜੁ ਕੇਂਦਰ ਸਰਕਾਰ 'ਤੇ ਦਬਾਅ ਬਣਾਇਆ ਜਾ ਸਕੇ।ਉਨ੍ਹਾਂ ਸਖ਼ਤ ਮੰਗਾਂ ਰੱਖਦਿਆਂ ਕਿਹਾ ਕਿ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਤੁਰੰਤ ਲਿਆ ਜਾਵੇ, ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰ ਲਈ ਇੱਕ ਵਿਸ਼ੇਸ਼ ਅਤੇ ਸੁਤੰਤਰ ਕਮੇਟੀ ਬਣਾਈ ਜਾਵੇ, ਜੋ ਵਿਦਿਆਰਥੀਆਂ ਤੋਂ ਸਿੱਧਾ ਫੀਡਬੈਕ ਲਵੇ ਤੇ ਨੌਕਰੀਆਂ ਲਈ ਇੱਕ ਨਿਯਮਤ ਤੇ ਪਾਰਦਰਸ਼ੀ ਕੈਲੰਡਰ ਜਾਰੀ ਕੀਤਾ ਜਾਵੇ, ਜਿਸ ਵਿੱਚ ਹਰ ਵਿਭਾਗ ਦੀ ਭਰਤੀ ਦੀ ਪੂਰੀ ਤਰੀਕ ਪਹਿਲਾਂ ਤੋਂ ਤੈਅ ਹੋਵੇ।ਕਾਂਗਰਸ ਦਾ ਪੰਜਾਬ ਪ੍ਰਧਾਨ ਬਦਲਨ ਦੇ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਲਗਾਤਾਰ ਮੀਟਿੰਗਾਂ ਅਤੇ ਫੀਡਬੈਕ ਲਿਆ ਜਾ ਰਿਹਾ ਹੈ ਤੇ ਸੰਗਠਨਾਤਮਕ ਤਬਦੀਲੀਆਂ ਬਾਰੇ ਜਲਦ ਵੱਡ ਫੈਸਲੇ ਕੀਤੇ ਜਾਣਗੇ।ਇਸ ਮੌਕੇ ਵਿਦਿਆਰਥੀਆਂ ਨੂੰ ਇੱਕ ਪ੍ਰੀਖਿਆ ਸਬੰਧੀ ਫਿਲਮ ਵੀ ਦਿਖਾਈ ਗਈ।

## ਨੌਵੇਂ ਪਾਤਸ਼ਾਹ ਦੇ ਆਗਮਨ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਇਤਿਹਾਸਕ ਅਸਥਾਨ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਸਾਹਿਬ ਵਿਖੇ ਪੰਜ ਪਿਆਰਿਆਂ ਤੇ ਨਿਸ਼ਾਨਚੀ ਸਿੰਘਾਂ ਦੀ ਅਗਵਾਈ 'ਚ ਨਗਰ ਕੀਰਤਨ ਸਜਾਇਆ ਗਿਆ।ਨਗਰ ਕੀਰਤਨ ਦੀ ਆਰੰਭਤਾ ਹੈੱਡ ਗ੍ਰੰਥੀ ਭਾਈ ਅਵਤਾਰ ਸਿੰਘ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ ਉਪਰੰਤ ਹੋਈ।ਆਰੰਭਤਾ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਆਦਿ ਉਚੇਚੇ ਤੌਰ 'ਤੇ ਪੁੱਜੇ ਹੋਏ ਸਨ।ਇਸ ਮੌਕੇ ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਅਦਬ ਤੇ ਸਤਿਕਾਰ ਨਾਲ ਗੁਰੂ ਮਹਾਰਾਜ ਦੇ ਸਰੂਪ ਫੁੱਲਾਂ ਨਾਲ ਸਜੀ ਪਾਲਕੀ ਵਿੱਚ ਸੁਸ਼ੋਭਿਤ ਕੀਤੇ ਤੇ ਝੌਰ ਸਾਹਿਬ ਦੀ ਸੇਵਾ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਹੁਰਾਂ ਨੇ ਕੀਤੀ।ਇਸ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਲਾਛੜੂ ਨੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਆਗਮਨ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਸ਼ਾਂਤੀ ਦੇਣ ਵਾਲੀ ਤੇ ਪ੍ਰਮਾਤਮਾ ਦਾ ਗੁਣ ਗਾਇਨ ਕਰਨ ਦੀ ਜਿੱਥੇ ਪ੍ਰੇਰਨਾ ਪ੍ਰਦਾਨ ਕਰਦੀ ਹੈ, ਉਥੇ ਹੀ ਮਾਨਵੀ ਹੱਕਾਂ 'ਤੇ ਪਹਿਰਾ ਦੇਣ ਦੀ ਗਵਾਹੀ ਵੀ ਭਰਦੀ ਹੈ।ਇਸ ਮੌਕੇ ਜਥੇਦਾਰ ਜਸਮੇਰ ਸਿੰਘ ਲਾਛੜੂ ਤੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਨੇ ਕਿਹਾ ਗੁਰੂ ਸਾਹਿਬ ਵੱਲੋਂ ਦਿੱਤੀ ਸ਼ਹਾਦਤ ਵਿਚੋਂ ਮਨੁੱਖਤਾ ਅਜਿਹੀ ਜੀਵਨ ਜਾਂਚ ਮਿਲੀ, ਜੋ ਗੁਰੂ ਆਸ਼ੇ 'ਤੇ ਚੱਲਣ ਦਾ ਰਾਹ ਵਿਖਾਉਂਦੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਨੇਜਰ ਮਨਜੀਤ ਸਿੰਘ ਕੌਲੀ, ਮੈਨੇਜਰ ਭਾਗ ਸਿੰਘ, ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ, ਮੀਤ ਮੈਨੇਜਰ ਜਸਵਿੰਦਰਪਾਲ ਸਿੰਘ ਬਿੱਲਾ, ਹੈੱਡ ਗ੍ਰੰਥੀ ਭਾਈ ਹਰਵਿੰਦਰ ਸਿੰਘ, ਇੰਸਪੈਕਟਰ ਖੁਸ਼ਹਾਲ ਸਿੰਘ, ਬਾਬਾ ਸੋਹਣ ਸਿੰਘ ਕਾਰ ਸੇਵਾ ਵਾਲੇ, ਬਾਬਾ ਬਲਵੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।ਅੰਤ ਵਿੱਚ ਗੁਰਦੁਆਰਾ ਬਹਾਦਰਗੜ੍ਹ ਸਾਹਿਬ ਦੇ ਮੈਨੇਜਰ ਮਨਜੀਤ ਸਿੰਘ ਕੌਲੀ ਤੇ ਸਮੂਹ ਸਟਾਫ ਨੇ ਪੁੱਜੀਆਂ ਸ਼ਖਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ।

## ਪਲਸ ਪੋਲੀਓ ਮੁਹਿੰਮ : ਜ਼ਿਲ੍ਹਾ ਟੀਕਾਕਰਨ ਅ.ਫ਼ਸਰ ਨੇ ਘਰ-ਘਰ ਜਾ ਕੇ ਕੀਤੀ ਸੁਪਰਵਿਜ਼ਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਰਾਸ਼ਟਰੀ ਪਲਸ ਪੋਲੀਓ ਮੁਹਿੰਮ ਤਹਿਤ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਲਖਬੀਰ ਕੌਰ ਸਿੱਧੂ ਨੇ ਸ੍ਰੀ ਮੁਕਤਸਰ ਸਾਹਿਬ, ਦੋਦਾ ਤੇ ਚੱਕ ਸ਼ੇਰੇਵਾਲਾ ਦੇ ਵੱਖ-ਵੱਖ ਇਲਾਕਿਆਂ ਵਿੱਚ ਘਰ-ਘਰ ਜਾ ਕੇ ਸਿਹਤ ਵਿਭਾਗ ਦੀਆਂ ਟੀਮਾਂ ਦੇ ਕੰਮ ਦੀ ਸੁਪਰਵਿਜ਼ਨ ਕੀਤੀ।ਉਨ੍ਹਾਂ ਬੱਚਿਆਂ ਦੀਆਂ ਉਂਗਲਾਂ 'ਤੇ ਸਿਆਹੀ ਦੇ ਨਿਸ਼ਾਨ ਤੇ ਘਰਾਂ ਦੇ ਬਾਹਰ ਕੀਤੀ ਗਈ ਮਾਰਕਿੰਗ ਦੀ ਜਾਂਚ ਕਰਦਿਆਂ ਟੀਮਾਂ ਦੇ ਕੰਮ ਦਾ ਜਾਇਜ਼ਾ ਲਿਆ।ਡਾ. ਲਖਬੀਰ ਕੌਰ ਸਿੱਧੂ ਨੇ ਦੱਸਿਆ ਕਿ ਸਿਵਲ ਸਰਜਨ ਡਾ. ਸੁਨੀਲ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹੇ ਦੇ ਹਰ ਬੱਚੇ ਤੱਕ ਪੋਲੀਓ ਰੋਧਕ ਬੂੰਦਾਂ ਪਹੁੰਚਾਉਣ ਲਈ ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਤਨਦੇਹੀ ਨਾਲ ਕੰਮ ਕਰ ਰਹੀਆਂ ਹਨ। ਉਨ੍ਹਾਂ ਸੁਪਰਵਾਈਜ਼ਰਾਂ ਨੂੰ ਫੀਲਡ ਵਿੱਚ ਲਗਾਤਾਰ ਮੁਸਤੈਦ ਰਹਿਣ ਦੇ ਨਿਰਦੇਸ਼ ਦਿੱਤੇ ਤਾਂ ਜੋ ਕੋਈ ਵੀ ਬੱਚਾ ਪੋਲੀਓ ਦੀਆਂ ਬੂੰਦਾਂ ਤੋਂ ਵਾਂਝਾ ਨਾ ਰਹਿ ਜਾਵੇ।ਇਸ ਦੇ ਨਾਲ ਹੀ ਮਾਪਿਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਕਾਰਨ ਬੱਚਾ ਦਵਾਈ ਪੀਣ ਤੋਂ ਰਹਿ ਗਿਆ ਹੋਵੇ ਤਾਂ ਤੁਰੰਤ ਨੇੜਲੇ ਸਿਹਤ ਕੇਂਦਰ ਜਾਂ ਸਿਹਤ ਟੀਮ ਨਾਲ ਸੰਪਰਕ ਕੀਤਾ ਜਾਵੇ।

## ਰੋਜ਼ ਗਾਰਡਨ 'ਚ ਲੱਗਾ ਮੁਫ਼ਤ ਰਿਲੈਕਸਿੰਗ ਕੈਂਪ ਤੇ ਭੰਗੜਾ ਵਰਕਸ਼ਾਪ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸ਼ਹਿਰ ਦੇ ਰੋਜ਼ ਗਾਰਡਨ ਵਿਖੇ ਕਰਾਏ ਗਏ ਮੁਫ਼ਤ 'ਰਿਲੈਕਸਿੰਗ ਕੈਂਪ' ਅਤੇ ਭੰਗੜਾ ਵਰਕਸ਼ਾਪ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ।ਗੀਤੂ ਸਵੇਰਾ ਦੀ ਅਗਵਾਈ ਅਤੇ ਪ੍ਰਸਿੱਧ ਭੰਗੜਾ ਕੋਚ ਸੰਦੀਪ ਜੌੜਾ ਦੇ ਆਯੋਜਨ ਹੇਠ ਹੋਏ ਇਸ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ, ਬੱਚਿਆਂ ਤੇ ਹੋਰ ਸ਼ਹਿਰ ਵਾਸੀਆਂ ਨੇ ਹਿੱਸਾ ਲਿਆ।ਕੈਂਪ ਦੌਰਾਨ ਭਾਗੀਦਾਰਾਂ ਨੂੰ ਭੰਗੜੇ ਦੀਆਂ ਬੁਨਿਆਦੀ ਤਕਨੀਕਾਂ ਸਿਖਾਈਆਂ ਗਈਆਂ ਤੇ ਸੰਗੀਤ ਰਾਹੀਂ ਫਿਟਨੈੱਸ, ਮਾਨਸਿਕ ਤਣਾਅ ਤੋਂ ਰਾਹਤ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।ਪੂਰੇ ਪ੍ਰੋਗਰਾਮ ਦੌਰਾਨ ਉਤਸ਼ਾਹ ਅਤੇ ਖੁਸ਼ੀ ਦਾ ਮਾਹੌਲ ਬਣਿਆ ਰਿਹਾ।ਡਾ. ਸੁਨੀਲ ਗੁਪਤਾ ਨੇ ਵੀ ਕੈਂਪ ਵਿੱਚ ਪਹੁੰਚੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਮੋਬਾਈਲ ਫੋਨ ਦੀ ਬੇਲੋੜੀ ਵਰਤੋਂ ਤਣਾਅ ਦਾ ਇੱਕ ਵੱਡਾ ਕਾਰਨ ਬਣ ਰਹੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਕੁਝ ਸਮਾਂ ਮੋਬਾਈਲ ਫੋਨਾਂ ਤੋਂ ਦੂਰ ਰਹਿਣ, ਪਰਵਾਰ ਤੇ ਸਰੀਰਕ ਗਤੀਵਿਧੀਆਂ ਨੂੰ ਵੱਧ ਸਮਾਂ ਦੇਣ ਤਾਂ ਜੁ ਮਾਨਸਿਕ ਤਣਾਅ ਤੋਂ ਬਚਿਆ ਜਾ ਸਕੇ ਤੇ ਸਿਹਤਮੰਦ ਜੀਵਨ ਜੀਆ ਜਾ ਸਕੇ।

## ਐੱਸ ਸੀ/ਬੀ ਸੀ ਪੀ ਏ ਯੂ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਤੇ ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

### ■ ਰਿਜ਼ਰਵੇਸ਼ਨ ਨੀਤੀ ਨੂੰ ਸੰਵਿਧਾਨ ਮੁਤਾਬਿਕ ਲਾਗੂ ਕਰਨ ਦੀ ਮੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਖੇਤੀਬਾੜੀ ਯੂਨੀਵਰਸਿਟੀ ਅਧਿਆਪਨ ਵਿਭਾਗ ਵਿੱਚ ਰਿਜ਼ਰਵੇਸ਼ਨ ਨੀਤੀ ਲਾਗੂ ਨਾ ਕਰਨ ਤੇ ਪੰਜਾਬ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਫਿਜ਼ਿਕਸ ਵਿਸ਼ੇ ਦੇ ਲੈਕਚਰਾਰਾਂ ਦੀ ਕੀਤੀ ਜਾਣ ਵਾਲੀ ਭਰਤੀ ਨੂੰ ਲੈ ਕੇ ਅਰਬਨ ਅਸਟੇਟ ਫੇਸ-2 ਵਿਖੇ ਪੀ.ਏ.ਯੂ. ਐੱਸ.ਸੀ/ਬੀ.ਸੀ. ਇਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਤੇ ਰਿਜ਼ਰਵੇਸ਼ਨ ਚੋਰ ਫੜੋ ਪੱਕਾ ਮੋਰਚਾ ਵੱਲੋਂ ਪੰਜਾਬ ਸਰਕਾਰ ਵਿਰੁੱਧ ਭਾਰੀ ਰੋਸ ਪ੍ਰਗਟਾਉਂਦਿਆ ਰਿਜ਼ਰਵੇਸ਼ਨ ਨੂੰ ਸੰਵਿਧਾਨਕ ਤੌਰ 'ਤੇ ਲਾਗੂ ਕਰਵਾਉਣ ਸਬੰਧੀ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਗਿਆ।ਇਸ ਮੌਕੇ ਜਥੇਬੰਦੀਆਂ ਦੇ ਸੀਨੀਅਰ ਆਗੂਆਂ ਪ੍ਰੋਫੈਸਰ ਹਰਨੇਕ ਸਿੰਘ, ਸਵਰਨ ਸਿੰਘ, ਨਿਰਮਲ ਸਿੰਘ ਤੇ ਰਾਮ ਸਿੰਘ ਪਾਲ ਨੇ ਸਾਂਝੇ ਤੌਰ 'ਤੇ ਕਿਹਾ ਕਿ ਲੁਧਿਆਣਾ ਵਿੱਚ ਸਥਿਤ ਖੇਤੀਬਾੜੀ ਯੂਨੀਵਰਸਿਟੀ 1962 ਵਿੱਚ ਸਥਾਪਤ ਹੋਈ ਸੀ, ਜਿਸ ਦੇ ਅਧਿਆਪਨ ਵਿਭਾਗਾਂ ਵਿੱਚ ਰਿਜ਼ਰਵੇਸ਼ਨ ਨੀਤੀ ਨੂੰ ਅੱਜ ਤੱਕ ਲਾਗੂ ਨਹੀਂ ਕੀਤਾ ਗਿਆ, ਜਦੋਂ ਕਿ ਦੇਸ਼ ਦੀਆਂ ਸਾਰੀਆਂ ਵੱਖ-ਵੱਖ ਯੂਨੀਵਰਸਿਟੀਆਂ 'ਚ ਰਿਜ਼ਰਵੇਸ਼ਨ ਮੁਤਾਬਿਕ ਭਰਤੀਆਂ ਕੀਤੀਆਂ ਜਾਂਦੀਆਂ ਹਨ ਤਾਂ ਫਿਰ ਪੰਜਾਬ ਦੇ ਐੱਸ.ਸੀ./ਬੀ.ਸੀ. ਵਰਗ ਦੇ ਪੜ੍ਹੇ ਲਿਖੇ ਲੋਕਾਂ ਦੇ ਸੰਵਿਧਾਨਕ ਹੱਕਾਂ 'ਤੇ ਡਾਕੇ ਕਿਉਂ ਮਾਰੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਸਿੱਖਿਆ ਭਰਤੀ ਡਾਇਰੈਕਟੋਰੇਟ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਫਿਜ਼ਿਕਸ ਵਿਸ਼ੇ ਦੇ ਲੈਕਚਰਾਰਾਂ ਦੀ ਭਰਤੀ ਲਈ ਜਾਰੀ ਕੀਤੇ ਇਸ਼ਤਿਹਾਰਾਂ ਤੋਂ ਪਤਾ ਚਲਦਾ ਹੈ ਕਿ ਆਮ ਰੋਸਟਰ ਵਿੱਚ ਐੱਸ.ਸੀ. ਤੇ ਬੀ.ਸੀ. ਵਰਗ ਨੂੰ ਉਨ੍ਹਾਂ ਦਾ ਬਣਦਾ ਪ੍ਰਤੀਨੀਧੀਤਵ ਨਹੀਂ ਦਿੱਤਾ ਜਾ ਰਿਹਾ।ਰਾਖਵੇਂਕਰਨ ਕਿਸੇ ਸਰਕਾਰ ਦੀ ਮੇਹਰਬਾਨੀ ਨਹੀਂ ਸਗੋਂ ਸੰਵਿਧਾਨ ਵੱਲੋਂ ਦਿੱਤਾ ਗਿਆ ਕਾਨੂੰਨੀ ਤੇ ਸਮਾਜਿਕ ਨਿਆਂ ਦਾ ਅਧਿਕਾਰ ਹੈ।ਉਨ੍ਹਾਂ ਕਿਹਾ ਕਿ ਰਿਜ਼ਰਵੇਸ਼ਨ ਮਾਮਲੇ ਦੇ ਸਮਾਧਾਨ ਨੂੰ ਲੈ ਕੇ ਜਲਦ ਹੀ ਪੰਜਾਬ ਸਰਕਾਰ ਨਾਲ ਤਾਲਮੇਲ ਕੀਤਾ ਜਾਵੇਗਾ। ਜੇਕਰ ਫਿਰ ਵੀ ਰਿਜ਼ਰਵੇਸ਼ਨ ਨੀਤੀਆਂ ਨੂੰ ਸਹੀ ਪਾਰਦਰਸ਼ੀ ਪ੍ਰਕਿਰਿਆ ਨਾਲ ਲਾਗੂ ਨਹੀਂ ਕੀਤਾ ਜਾਂਦਾ ਤਾਂ ਪੰਜਾਬ ਪੱਧਰ 'ਤੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਡਾ. ਨਿਰਮਲ ਸਿੰਘ, ਮਨੀਸ਼ ਭਾਟੀਆ, ਸਵਰਨ ਸਿੰਘ, ਸੋਨੀ, ਕੁੰਵਰਵੀਰ ਸਿੰਘ, ਯਾਦਵਿੰਦਰ ਸਿੰਘ, ਰਾਮ ਸਿੰਘ, ਜੈ ਸਿੰਘ, ਮਨਮੋਹਨ ਸਿੰਘ, ਪੱਪੀ ਗਿੱਲ ਆਦਿ ਆਗੂ ਮੌਜੂਦ ਸਨ।

## ਹਰਜੀਤ ਸਿੰਘ ਬਰਨਾਲਾ 20ਵੇਂ ਦਿਨ ਵੀ ਮੋਬਾਇਲ ਟਾਵਰ 'ਤੇ ਡਟਿਆ ਰਿਹਾ

**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-5994 ਈਟੀਟੀ ਅਧਿਆਪਕਾਂ 'ਚੋਂ ਰਹਿੰਦੇ 2994 ਈਟੀਟੀ ਟੈੱਟ ਪਾਸ ਅਧਿਆਪਕਾਂ ਦੀ ਬੈਕਲਾਗ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਾਉਣ ਦੀ ਮੰਗ ਨੂੰ ਲੈ ਕੇ ਟੈਲੀਫੋਨ ਐਕਸਚੇਂਜ ਦੇ ਮੋਬਾਇਲ ਟਾਵਰ 'ਤੇ ਚੜ੍ਹਿਆ ਹਰਜੀਤ ਸਿੰਘ ਬਰਨਾਲਾ 20ਵੇਂ ਦਿਨ ਵੀ ਅੱਤਾਂ ਦੀ ਗਰਮੀ ਦੇ ਬਾਵਜੂਦ ਟਾਵਰ 'ਤੇ ਡਟਿਆ ਰਿਹਾ ਅਤੇ ਉਸਦੇ ਸਾਥੀਆਂ ਵੱਲੋਂ ਟਾਵਰ ਦੇ ਨੇੜੇ ਲਗਾਤਾਰ ਧਰਨਾ ਦਿੱਤਾ ਜਾ ਰਿਹਾ ਹੈ।ਈਟੀਟੀ ਟੈੱਟ ਪਾਸ 5994 ਬੈਕਲਾਗ ਅਧਿਆਪਕ ਯੂਨੀਅਨ ਦੇ ਸੂਬਾ ਪ੍ਰਧਾਨ ਅਸ਼ੋਕ ਬਾਵਾ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ 26 ਜੂਨ ਨੂੰ ਪ੍ਰਿੰਸੀਪਲ ਸੈਕਟਰੀ ਟੂ ਮੁੱਖ ਮੰਤਰੀ ਪੰਜਾਬ ਨਾਲ ਕਰਵਾਈ ਗਈ ਮੀਟਿੰਗ 'ਚ ਸਰਕਾਰ ਵੱਲੋਂ ਮਾਮਲੇ ਦਾ ਹੱਲ ਕਰਨ ਲਈ 5 ਜੁਲਾਈ ਤੱਕ ਦਾ ਸਮਾ ਲਿਆ ਗਿਆ ਹੈ ਅਤੇ ਜਥੇਬੰਦੀ ਹੋਰ ਵੀ ਸਬਰ ਕਰਦੀ ਹੋਈ 5 ਜੁਲਾਈ ਦੀ ਉਡੀਕ ਕਰ ਰਹੀ ਹੈ ਤੇ ਜੇਕਰ 5 ਜੁਲਾਈ ਨੂੰ ਸਾਡੀਆਂ ਮੰਗਾ ਦਾ ਹੱਲ ਨਾ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ ਸੰਘਰਸ਼ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ।

## ਹਰਦੀਪ ਦੌਲਤਪੁਰ ਵੱਲੋਂ ਹਲਕੇ ਦਾ ਡੋਰ-ਟੂ-ਡੋਰ ਰਾਬਤਾ ਅਭਿਆਨ ਜਾਰੀ

### ਲੋਕਾਂ ਦੀਆਂ ਮੁਸ਼ਕਲਾਂ ਦੀ ਸੂਚੀ ਜਲਦ ਮੁੱਖ ਮੰਤਰੀ ਦਫ਼ਤਰ ਨੂੰ ਸੌਂਪੀ ਜਾਵੇਗੀ : ਦੌਲਤਪੁਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਹਲਕਾ ਧੂਰੀ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਮੁੱਖ ਦਾਅਵੇਦਾਰ ਤੇ ਨੌਜਵਾਨ ਆਗੂ ਹਰਦੀਪ ਸਿੰਘ ਦੌਲਤਪੁਰ ਵੱਲੋਂ ਹਲਕੇ ਦੇ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਚਲਾਇਆ ਜਾ ਰਿਹਾ 'ਡੋਰ ਟੂ ਡੋਰ' ਰਾਬਤਾ ਅਭਿਆਨ ਪੂਰੀ ਸਰਗਰਮੀ ਨਾਲ ਲਗਾਤਾਰ ਜਾਰੀ ਹੈ।ਇਸ ਮੁਹਿੰਮ ਦੇ ਪਹਿਲੇ ਪੜਾਅ ਤਹਿਤ ਉਹ ਹਲਕੇ ਦੇ ਪਿੰਡਾਂ ਵਿੱਚ ਜਾ ਕੇ ਆਮ ਲੋਕਾਂ ਨਾਲ ਸਿੱਧਾ ਸੰਵਾਦ ਰਚਾ ਰਹੇ ਹਨ ਅਤੇ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੋ ਰਹੇ ਹਨ।ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਦੀਪ ਸਿੰਘ ਦੌਲਤਪੁਰ ਨੇ ਦੱਸਿਆ ਕਿ ਜਨ-ਸੰਪਰਕ ਮੁਹਿੰਮ ਦੌਰਾਨ ਲੋਕਾਂ ਵੱਲੋਂ ਉਨ੍ਹਾਂ ਨੂੰ ਭਰਵਾਂ ਹੁੰਗਾਰਾ ਤੇ ਬੇਅੰਤ ਪਿਆਰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਮੁਲਾਕਾਤਾਂ ਦੌਰਾਨ ਇਲਾਕੇ ਦੀਆਂ ਕਈ ਅਹਿਮ ਤੇ ਬੁਨਿਆਦੀ ਮੁਸ਼ਕਲਾਂ ਸਾਹਮਣੇ ਆਈਆਂ ਹਨ, ਜਿਨ੍ਹਾਂ ਦੀ ਇੱਕ ਵਿਸਥਾਰਤ (ਸੂਚੀ) ਤਿਆਰ ਕੀਤੀ ਜਾ ਰਹੀ ਹੈ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਇਸ ਸੂਚੀ ਨੂੰ ਬਿਨਾਂ ਕਿਸੇ ਦੇਰੀ ਦੇ ਜਲਦੀ ਹੀ ਮੁੱਖ ਮੰਤਰੀ ਦਫ਼ਤਰ ਨੂੰ ਸੌਂਪਣਗੇ ਤਾਂ ਜੋ ਹਲਕੇ ਦੇ ਮਸਲਿਆਂ ਦਾ ਪਹਿਲ ਦੇ ਅਧਾਰ 'ਤੇ ਸਥਾਈ ਹੱਲ ਕਰਵਾਇਆ ਜਾ ਸਕੇ।ਹਰਦੀਪ ਦੌਲਤਪੁਰ ਨੇ ਆਖਿਆ ਕਿ ਉਨ੍ਹਾਂ ਦਾ ਮੁੱਖ ਮਕਸਦ ਸਿਆਸਤ ਚਮਕਾਉਣਾ ਨਹੀਂ, ਸਗੋਂ ਧੂਰੀ ਹਲਕੇ ਦੇ ਹਰ ਨਾਗਰਿਕ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਤੇ ਉਨ੍ਹਾਂ ਦੀ ਆਵਾਜ਼ ਨੂੰ ਸਰਕਾਰ ਦੇ ਉੱਚੇ ਗਲਿਆਰਿਆਂ ਤੱਕ ਬੁਲੰਦ ਕਰਨਾ ਹੈ।ਲੋਕਾਂ ਨੇ ਵੀ ਦੌਲਤਪੁਰ ਦੇ ਇਸ ਨਿਵੇਕਲੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਅਜਿਹੇ ਮਿਹਨਤੀ ਤੇ ਜ਼ਮੀਨੀ ਪੱਧਰ ਦੇ ਆਗੂ ਦਾ ਡੱਟ ਕੇ ਸਾਥ ਦੇਣਗੇ।ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਬੀ ਕੇ ਯੂ ਏਕਤਾ ਡਕੌਂਦਾ ਦੀ ਬਲਾਕ ਪੱਧਰੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਬਲਾਕ ਬੁਡਲਾਡਾ ਦੇ ਵਰਕਰਾਂ ਦੀ ਅਹਿਮ ਮੀਟਿੰਗ ਗੁਰਦੁਆਰਾ ਪਾਤਸ਼ਾਹੀ ਨੌਵੀਂ ਬਡਲਾਡਾ ਵਿਖੇ ਹੋਈ। ਮੀਟਿੰਗ 'ਚ ਝੋਨੇ ਦੇ ਇਸ ਸੀਜ਼ਨ ਵਿੱਚ ਖੇਤੀ ਮੋਟਰਾਂ ਦੀ ਬਿਜਲੀ ਸਪਲਾਈ ਦੇ ਨਾਕਸ ਪ੍ਰਬੰਧ ਨੂੰ ਲੈ ਕੇ ਵਿਸ਼ੇਸ਼ ਵਿਚਾਰ ਚਰਚਾ ਕੀਤੀ ਗਈ।ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਦੇ ਨਿਰਵਿਘਨ ਸਪਲਾਈ ਦੇ ਦਾਅਵੇ ਖੋਖਲੇ ਸਾਬਿਤ ਹੋ ਰਹੇ ਹਨ, ਕਿਸੇ ਵੀ ਫੀਡਰ 'ਤੇ ਅੱਠ ਘੰਟੇ ਦੀ ਪੂਰੀ ਸਪਲਾਈ ਨਹੀਂ ਮਿਲ ਰਹੀ।ਸਰਕਾਰ ਰਾਤ ਦੀ ਬਜਾਏ ਦਿਨ ਸਮੇਂ ਸਪਲਾਈ ਦੇ ਫੋਕੇ ਦਾਅਵੇ ਕਰਕੇ ਮੀਡੀਆ 'ਚ ਪ੍ਰਚਾਰ ਕਰ ਰਹੀ ਹੈ, ਪ੍ਰੰਤੂ ਰਾਤ ਦੀ ਵਾਰੀ 'ਚ ਵੀ ਲੰਬੇ ਲੰਬੇ ਕੱਟ ਲੱਗ ਰਹੇ ਹਨ, ਜਿਸ ਕਾਰਨ ਖੇਤਾਂ ਵਿੱਚ ਖੜ੍ਹਾ ਝੋਨਾ ਸੁੱਕ ਰਿਹਾ ਹੈ ਤੇ ਝੋਨੇ ਦੀ ਲਵਾਈ ਵੀ ਪਾਣੀ ਦੀ ਘਾਟ ਕਾਰਨ ਠੱਪ ਹੋ ਗਈ ਹੈ।ਝੋਨਾ ਲਗਾਉਣ ਵਾਲੇ ਮਜ਼ਦੂਰਾਂ ਦੀ ਦਿਹਾੜੀ ਮਰ ਰਹੀ ਹੈ, ਸੋ ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇ ਆਉਣ ਵਾਲੇ 24 ਘੰਟੇ ਵਿੱਚ ਸਪਲਾਈ ਵਿੱਚ ਲੋੜੀਂਦਾ ਸੁਧਾਰ ਨਾ ਕੀਤਾ ਗਿਆ ਤਾਂ ਇਲਾਕੇ ਵਿੱਚ ਪੈਂਦੇ ਸਾਰੇ ਗਰਿੱਡਾਂ ਤੇ ਬਿਜਲੀ ਦਫਤਰਾਂ ਦਾ ਘਿਰਾਓ ਕੀਤਾ ਜਾਵੇਗਾ।ਮੀਟਿੰਗ ਵਿੱਚ ਚਾਰ ਜੁਲਾਈ ਨੂੰ ਚੰਡੀਗੜ੍ਹ ਵਿਖੇ ਦੋ ਪ੍ਰਮੁੱਖ ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਰੋਸ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਲਈ ਸਾਰੇ ਬਲਾਕ ਦੀਆਂ ਪਿੰਡ ਇਕਾਈਆਂ ਤੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਸਾਰੀਆਂ ਤਿਆਰੀਆਂ ਮੁਕੰਮਲ ਕਰਕੇ ਸੈਂਕੜਿਆਂ ਦੀ ਗਿਣਤੀ ਵਿੱਚ ਪੂਰੇ ਬਲਾਕ ਵਿੱਚੋਂ ਕਿਸਾਨ ਚੰਡੀਗੜ੍ਹ ਵੱਲ ਕੂਚ ਕਰਨਗੇ।ਮੀਟਿੰਗ ਵਿਚ ਬਲਾਕ ਪ੍ਰਧਾਨ ਬਲਦੇਵ ਸਿੰਘ ਪਿੱਪਲੀਆਂ, ਜਨਰਲ ਸਕੱਤਰ ਮੇਲਾ ਸਿੰਘ ਦਿਆਲਪੁਰਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ ਬਰੇ, ਮੀਤ ਪ੍ਰਧਾਨ ਤਰਸੇਮ ਸਿੰਘ ਚੱਕ ਅਲੀ ਸ਼ੇਰ ਬਲਾਗੂ ਤੇ ਰਾਮ ਅਹਿਮਦਪੁਰ ਜਗਜੀਵਨ ਸਿੰਘ ਹਸਨਪੁਰ ਤੋਂ ਇਲਾਵਾ ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਵੀ ਹਾਜ਼ਰ ਸਨ।

## ਹੈਰੋਇਨ ਸਮੇਤ ਨੌਜਵਾਨ ਕਾਬੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਸ ਨੇ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਇੱਕ ਨੌਜਵਾਨ ਨੂੰ 5 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।ਜਾਂਚ ਅਧਿਕਾਰੀ ਐੱਸ.ਆਈ. ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਮਲੋਟ-ਮੁਕਤਸਰ ਰੋਡ 'ਤੇ ਗਸ਼ਤ ਕਰ ਰਹੀ ਸੀ।ਇਸ ਦੌਰਾਨ ਪਿੰਡ ਚੱਕ ਦੂਹੇਵਾਲਾ ਨੇੜੇ ਸੜਕ ਕਿਨਾਰੇ ਇੱਕ ਨੌਜਵਾਨ ਸ਼ੱਕੀ ਹਾਲਤ ਵਿੱਚ ਖੜ੍ਹਾ ਦਿਖਾਈ ਦਿੱਤਾ।ਪੁਲਸ ਨੂੰ ਦੇਖ ਕੇ ਉਹ ਭੱਜਣ ਦੀ ਕੋਸ਼ਿਸ਼ ਕਰਨ ਲੱਗਾ, ਜਿਸ ਨੂੰ ਕਾਬੂ ਕਰਕੇ ਤਲਾਸ਼ੀ ਲਈ ਗਈ।ਤਲਾਸ਼ੀ ਦੌਰਾਨ ਮੁਲਜ਼ਮ ਰਾਹੁਲ ਕੁਮਾਰ ਪੁੱਤਰ ਪਵਨ ਕੁਮਾਰ ਵਾਸੀ ਗਲੀ ਨੰਬਰ 8, ਕੋਟਲੀ ਰੋਡ, ਸ੍ਰੀ ਮੁਕਤਸਰ ਸਾਹਿਬ ਦੀ ਪੈਂਟ ਦੀ ਜੇਬ ਵਿੱਚੋਂ ਇੱਕ ਪਾਰਦਰਸ਼ੀ ਲਿਫਾਫੇ ਵਿੱਚ 5 ਗ੍ਰਾਮ ਹੈਰੋਇਨ ਤੇ ਇੱਕ ਸੈਮਸੰਗ ਮੋਬਾਈਲ ਫੋਨ ਬਰਾਮਦ ਹੋਇਆ।ਪੁਲਸ ਨੇ ਮੁਲਜ਼ਮ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

## 'ਤੀਜੀ ਅੱਖ' ਨਾਲ ਹੋਵੇਗੀ ਸ਼ਹਿਰ ਦੀ ਨਿਗਰਾਨੀ : ਐੱਸ ਐੱਸ ਪੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁਕਤਸਰ 'ਚ ਹੁਣ ਅਪਰਾਧੀਆਂ ਦੀਆਂ ਗਤੀਵਿਧੀਆਂ 'ਤੇ ਹੁਣ ਤੀਜੀ ਅੱਖ ਨਾਲ ਵੀ ਨਿਗਰਾਨੀ ਹੋਵੇਗੀ।ਪੁਲਸ ਪ੍ਰਸ਼ਾਸਨ ਵੱਲੋਂ ਸ਼ਹਿਰ ਦੀ ਸੁਰੱਖਿਆ ਨੂੰ ਪੁਖ਼ਤਾ ਕਰਨ ਲਈ 'ਤੀਜੀ ਅੱਖ' ਯਾਨੀ ਸੀਸੀਟੀਵੀ ਕੈਮਰੇ ਸ਼ਹਿਰ ਦੇ ਪ੍ਰਮੁੱਖ ਚੌਕਾਂ, ਬਾਈਪਾਸਾਂ ਤੇ ਪ੍ਰਵੇਸ਼ ਦੁਆਰਾਂ 'ਤੇ ਹਾਈ-ਰਿਜ਼ੋਲਿਊਸ਼ਨ ਕੈਮਰੇ ਲਗਾਏ ਗਏ ਹਨ, ਜਿਨ੍ਹਾਂ ਨਾਲ ਹੁਣ 24 ਘੰਟੇ ਨਿਗਰਾਨੀ ਸੰਭਵ ਹੋ ਸਕੇਗੀ।ਪੁਲਸ ਨੇ ਸ਼ਹਿਰ ਦੇ ਸੰਵੇਦਨਸ਼ੀਲ ਤੇ ਭੀੜ-ਭੜੱਕੇ ਵਾਲੇ ਸਥਾਨਾਂ ਨੂੰ ਪਹਿਲ ਦਿੱਤੀ ਹੈ।ਕੋਟਕਪੂਰਾ ਰੋਡ ਜ਼ਿਲ੍ਹੇ ਦੇ ਪ੍ਰਵੇਸ਼ ਦੁਆਰ ਗੇਟ, ਡਾ. ਕੇਹਰ ਸਿੰਘ ਚੌਕ, ਕੋਟਕਪੂਰਾ ਰੋਡ ਬਾਈਪਾਸ, ਬਠਿੰਡਾ ਰੋਡ ਗੋਲ ਚੌਕ, ਰੇਲਵੇ ਰੋਡ, ਮੁੱਖ ਬਾਜ਼ਾਰ, ਕੋਟਕਪੂਰਾ ਚੌਕ, ਰੈੱਡ ਕਰਾਸ ਭਵਨ, ਘਾਹ ਮੰਡੀ ਚੌਕ, ਮਲੋਟ ਰੋਡ ਤੇ ਸ਼ੇਰ ਸਿੰਘ ਚੌਕ, ਮਸੀਤ ਚੌਕ ਵਰਗੀਆਂ ਥਾਵਾਂ 'ਤੇ ਕੈਮਰੇ ਲਗਾਏ ਗਏ ਹਨ।ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਕੈਮਰੇ ਅਪਰਾਧੀਆਂ 'ਤੇ ਤਿੱਖੀ ਨਜ਼ਰ ਰੱਖਣ 'ਚ ਬੇਹੱਦ ਮਹੱਤਵਪੂਰਨ ਸਾਬਿਤ ਹੋਣਗੇ।ਪਹਿਲਾਂ ਕਈ ਭੀੜ-ਭੜੱਕੇ ਵਾਲੇ ਸਥਾਨਾਂ 'ਤੇ ਸਰਕਾਰੀ ਕੈਮਰੇ ਨਾ ਹੋਣ ਕਾਰਨ ਕੋਈ ਅਪਰਾਧਿਕ ਘਟਨਾ ਵਾਪਰਨ 'ਤੇ ਪੁਲਸ ਨੂੰ ਸਬੂਤ ਇਕੱਠੇ ਕਰਨ ਲਈ ਦੁਕਾਨਦਾਰਾਂ ਜਾਂ ਆਸ-ਪਾਸ ਦੇ ਘਰਾਂ ਦੀ ਨਿੱਜੀ ਸੀਸੀਟੀਵੀ ਫੁਟੇਜ ਚੈੱਕ ਕਰਨੀ ਪੈਂਦੀ ਸੀ।ਹੁਣ ਪੁਲਸ ਕੰਟਰੋਲ ਰੂਮ ਤੋਂ ਸਿੱਧੇ ਇਨ੍ਹਾਂ ਕੈਮਰਿਆਂ ਦੀ ਲਾਈਵ ਮਾਨੀਟਰਿੰਗ ਕੀਤੀ ਜਾ ਸਕੇਗੀ, ਜਿਸ ਨਾਲ ਰਿਸਪਾਂਸ ਟਾਈਮ (ਕਾਰਵਾਈ ਦਾ ਸਮਾਂ) ਘੱਟ ਹੋਵੇਗਾ।ਪਿਛਲੇ ਕੁਝ ਸਮੇਂ ਤੋਂ ਸ਼ਹਿਰ 'ਚ ਬਾਈਕ ਚੋਰੀ ਦੀਆਂ ਘਟਨਾਵਾਂ 'ਚ ਵਾਧਾ ਦੇਖਿਆ ਜਾ ਰਿਹਾ ਹੈ।ਨਵੇਂ ਸੀਸੀਟੀਵੀ ਨੈੱਟਵਰਕ ਨਾਲ ਨਾ ਸਿਰਫ਼ ਚੋਰੀ, ਬਲਕਿ ਸਨੈਚਿੰਗ, ਝਗੜੇ ਤੇ ਹੋਰ ਸ਼ਰਾਰਤੀ ਗਤੀਵਿਧੀਆਂ ਨੂੰ ਵੀ ਨੱਥ ਪਾਉਣ 'ਚ ਮਦਦ ਮਿਲੇਗੀ। ਕੈਮਰਿਆਂ ਦੀ ਰਿਕਾਰਡਿੰਗ ਨਾਲ ਅਪਰਾਧੀਆਂ ਦੀ ਪਛਾਣ ਤੇ ਟਰੈਕਿੰਗ ਆਸਾਨ ਹੋ ਜਾਵੇਗੀ।ਐੱਸ ਐੱਸ ਪੀ ਅਭਿਮਨਿਊ ਰਾਣਾ ਨੇ ਦੱਸਿਆ ਕਿ ਪੁਲਸ ਪ੍ਰਸ਼ਾਸਨ ਅਪਰਾਧਿਕ ਘਟਨਾਵਾਂ ਨੂੰ ਰੋਕਣ ਲਈ ਪੂਰੀ ਤਰ੍ਹਾਂ ਸਰਗਰਮ ਹੈ।ਹੁਣ ਇਨ੍ਹਾਂ ਕੈਮਰਿਆਂ ਨਾਲ ਵੀ ਸ਼ਹਿਰ ਦੀ ਨਿਗਰਾਨੀ ਕੀਤੀ ਜਾਵੇਗੀ।ਸਾਡਾ ਟੀਚਾ ਹੈ ਕਿ ਸ਼ਹਿਰ 'ਚ ਹਰ ਲੋੜੀਂਦੀ ਥਾਂ ਨੂੰ ਸੀਸੀਟੀਵੀ ਦੇ ਦਾਇਰੇ 'ਚ ਲਿਆਂਦਾ ਜਾਵੇ ਤਾਂ ਜੋ ਨਾਗਰਿਕ ਖ਼ੁਦ ਨੂੰ ਸੁਰੱਖਿਅਤ ਮਹਿਸੂਸ ਕਰਨ।

## 'ਸਿਆਮਾ ਅਤਰਜ਼' ਵੱਲੋਂ ਵਾਤਾਵਰਨ ਦੀ ਸ਼ੁੱਧਤਾ ਲਈ ਬੂਟਿਆਂ ਦਾ ਲੰਗਰ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਅੰਦਰ ਆਕਸੀਜਨ ਰੂਪੀ ਪੌਦੇ ਵੰਡ ਕੇ ਹਰਿਆਲੀ ਦਾ ਹੋਕਾ ਦੇ ਰਹੇ ਮਾਲੇਰਕੋਟਲਾ ਦੇ ਪ੍ਰਸਿੱਧ ਸਮਾਜ ਸੇਵੀ ਤੇ 'ਸਿਆਮਾ ਅਤਰਜ਼' ਦੇ ਐਮ.ਡੀ. ਜਨਾਬ ਮੁਹੰਮਦ ਮੁਸਲਿਮ ਸਿਆਮਾ ਵੱਲੋਂ ਇੱਕ ਬੇਹੱਦ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ।ਆਪਣੇ ਕਾਰੋਬਾਰ ਦੇ ਸਫ਼ਲਤਾਪੂਰਵਕ 9ਵੇਂ ਸਾਲ 'ਚ ਪ੍ਰਵੇਸ਼ ਕਰਨ ਦੀ ਖ਼ੁਸ਼ੀ ਨੂੰ ਮੁੱਖ ਰੱਖਦਿਆਂ ਤੇ ਵਾਤਾਵਰਣ ਨੂੰ ਠੰਡਾ ਤੇ ਪ੍ਰਦੂਸ਼ਣ ਮੁਕਤ ਬਣਾਉਣ ਦੇ ਮਕਸਦ ਨਾਲ ਨਗਰ ਕੌਂਸਲ ਮਾਲੇਰਕੋਟਲਾ ਦੇ ਸਾਹਮਣੇ ਸਥਿਤ ਆਪਣੇ ਮੁੱਖ ਦਫ਼ਤਰ ਵਿਖੇ ਇੱਕ ਵਿਸ਼ੇਸ਼ 'ਬੂਟਿਆਂ ਦਾ ਲੰਗਰ' ਲਾਇਆ ਗਿਆ।

ਮੁਹੰਮਦ ਮੁਸਲਿਮ ਸਿਆਮਾ ਨੇ ਦੱਸਿਆ ਕਿ ਪੰਜਾਬੀਆਂ ਦੇ ਆਪਣੇ ਚਹੇਤੇ ਬ੍ਰਾਂਡ 'ਸਿਆਮਾ ਅਤਰਜ਼' ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਇਹ ਲੰਗਰ ਇਲਾਕੇ ਦੀਆਂ ਉਨ੍ਹਾਂ ਨਾਮਵਰ ਸ਼ਖ਼ਸੀਅਤਾਂ ਦੀ ਯਾਦ ਵਿੱਚ ਲਾਇਆ ਗਿਆ ਹੈ, ਜੋ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਚੁੱਕੀਆਂ ਹਨ, ਤਾਂ ਜੁ ਇਨ੍ਹਾਂ ਪੌਦਿਆਂ ਰਾਹੀਂ ਉਨ੍ਹਾਂ ਦੀ ਰੂਹ ਨੂੰ ਸਵਾਬ (ਪੁੰਨ) ਪਹੁੰਚਾਇਆ ਜਾ ਸਕੇ।ਉਨ੍ਹਾਂ ਦੱਸਿਆ ਕਿ ਇਹ ਬੂਟੇ ਹਲਕਾ ਮਾਲੇਰਕੋਟਲਾ ਦੇ ਮੌਜੂਦਾ ਵਿਧਾਇਕ ਦੇ ਮਰਹੂਮ ਪਿਤਾ ਹਾਜੀ ਅਬਦੁਲ ਅਜ਼ੀਜ਼, ਪੰਜਾਬ ਵਕਫ਼ ਬੋਰਡ ਦੇ ਚੇਅਰਮੈਨ ਤੇ ਸਟਾਰ ਇੰਪੈਕਟ ਦੇ ਐਮ.ਡੀ. ਮੁਹੰਮਦ ਓਵੈਸ ਦੇ ਮਰਹੂਮ ਪਿਤਾ ਮੌਲਾਨਾ ਅਬਦੁਲ ਰਾਊਫ਼ ਸਾਹਿਬ, ਸਾਬਕਾ ਕੈਬਨਿਟ ਮੰਤਰੀ ਮੈਡਮ ਰਜ਼ੀਆ ਸੁਲਤਾਨਾ ਦੇ ਮਰਹੂਮ ਬੇਟੇ ਅਕੀਲ ਅਖਤਰ, ਸਾਬਕਾ ਮੰਤਰੀ ਚੌਧਰੀ ਅਬਦੁੱਲ ਗੱਫ਼ਾਰ ਦੇ ਵੱਡੇ ਭਰਾ ਮਰਹੂਮ ਉਮਰਦੀਨ, ਸਾਬਕਾ ਪਾਰਲੀਮੈਂਟਰੀ ਸਕੱਤਰ ਬੀਬੀ ਫ਼ਰਜ਼ਾਨਾ ਆਲਮ ਦੇ ਮਰਹੂਮ ਪਤੀ ਇਜ਼ਹਾਰ ਆਲਮ ਤੇ ਸਾਬਕਾ ਕੈਬਨਿਟ ਮੰਤਰੀ ਨੁਸਰਤ ਇਕਰਾਮ ਖਾਂ ਬੱਗਾ ਦੇ ਮਰਹੂਮ ਪਿਤਾ ਮੁਹੰਮਦ ਇਕਰਾਮ ਖਾਨ ਦੀ ਮਿੱਠੀ ਯਾਦ ਵਿੱਚ ਵੰਡੇ ਗਏ ਹਨ।ਮੁਹੰਮਦ ਮੁਸਲਿਮ ਸਿਆਮਾ ਨੇ ਮ੍ਰਿਤਕ ਆਤਮਾਵਾਂ ਦੀ ਮਗਫ਼ਿਰਤ (ਬਖ਼ਸ਼ਿਸ਼) ਲਈ ਦੁਆ ਕਰਦਿਆਂ ਕਿਹਾ ਕਿ ਜਦੋਂ ਤੱਕ ਇਹ ਪੌਦੇ ਵੱਡੇ ਹੋ ਕੇ ਲੋਕਾਂ ਨੂੰ ਸ਼ੁੱਧ ਹਵਾ ਅਤੇ ਛਾਂ ਦਿੰਦੇ ਰਹਿਣਗੇ, ਉਦੋਂ ਤੱਕ ਇਨ੍ਹਾਂ ਮਰਹੂਮਾਂ ਦੇ ਨਾਮ 'ਸਦਕਾ-ਏ-ਜਾਰੀਆ' (ਨਿਰੰਤਰ ਮਿਲਣ ਵਾਲਾ ਪੁੰਨ) ਵਜੋਂ ਸਵਾਬ ਮਿਲਦਾ ਰਹੇਗਾ।ਉਨ੍ਹਾਂ ਕਿਹਾ ਸਾਨੂੰ ਸਾਰਿਆਂ ਨੂੰ ਰੁੱਖ ਲਾਉਣ ਦੀ ਮੁਹਿੰਮ ਨੂੰ ਅਹਿਮੀਅਤ ਦੇਣੀ ਚਾਹੀਦੀ ਹੈ।ਇਸ ਨਾਲ ਸਾਡੇ ਬਜ਼ੁਰਗਾਂ ਦੀਆਂ ਯਾਦਾਂ ਵੀ ਜ਼ਿੰਦਾ ਰਹਿਣਗੀਆਂ, ਧਰਤੀ ਤੇ ਹਰਿਆਲੀ ਵੀ ਵਧੇਗੀ ਅਤੇ ਸਾਨੂੰ ਸਵਾਬ ਵੀ ਮਿਲਦਾ ਰਹੇਗਾ। ਇਸ ਦੌਰਾਨ ਸਾਬਕਾ ਪਾਰਲੀਮੈਂਟਰੀ ਸਕੱਤਰ ਬੀਬੀ ਫ਼ਰਜ਼ਾਨਾ ਆਲਮ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਮੁਹੰਮਦ ਮੁਸਲਿਮ ਸਿਆਮਾ ਵੱਲੋਂ ਕੀਤੇ ਗਏ ਇਸ ਵਾਤਾਵਰਣ ਪੱਖੀ ਕਾਰਜ ਦੀ ਭਰਪੂਰ ਸ਼ਲਾਘਾ ਕਰਦਿਆਂ ਆਪਣੇ ਹੱਥਾਂ ਨਾਲ ਲੋਕਾਂ ਨੂੰ ਬੂਟੇ ਤਕਸੀਮ ਕੀਤੇ।ਬੀਬੀ ਫ਼ਰਜ਼ਾਨਾ ਆਲਮ ਨੇ ਕਿਹਾ ਕਿ ਸਮਾਜ ਦੇ ਮਰਹੂਮ ਰਹਿਬਰਾਂ ਦੀ ਯਾਦ ਵਿੱਚ ਪੌਦੇ ਲਾ ਕੇ ਉਨ੍ਹਾਂ ਦੀ ਰੂਹ ਨੂੰ ਸਵਾਬ ਪੁਚਾਉਣਾ ਤੇ ਵਾਤਾਵਰਣ ਨੂੰ ਬਚਾਉਣਾ ਇੱਕ ਬਹੁਤ ਹੀ ਪਾਕੀਜ਼ਾ ਸੋਚ ਹੈ।ਮੁਸਲਿਮ ਸਿਆਮਾ ਵਰਗੇ ਨੌਜਵਾਨ ਸਾਡੇ ਸਮਾਜ ਦਾ ਸਰਮਾਇਆ ਹਨ, ਜੋ ਕਾਰੋਬਾਰੀ ਸਫ਼ਲਤਾ ਦੇ ਨਾਲ-ਨਾਲ ਆਪਣੀ ਸਮਾਜਿਕ ਜ਼ਿੰਮੇਵਾਰੀ ਨੂੰ ਵੀ ਬਾਖ਼ੂਬੀ ਨਿਭਾ ਰਹੇ ਹਨ।ਅੱਜ ਦੇ ਦੌਰ ਵਿੱਚ ਅਜਿਹੇ ਲੰਗਰਾਂ ਦੀ ਸਭ ਤੋਂ ਵੱਧ ਲੋੜ ਹੈ।

## ਭਵਾਨੀਗੜ੍ਹ ਸਬ-ਡਵੀਜ਼ਨ 'ਚ ਪੁਲਸ ਵੱਲੋਂ ਸਰਚ ਆਪ੍ਰੇਸ਼ਨ



**ਭਵਾਨੀਗੜ੍ਹ (ਰਾਜ ਖੁਰਮੀ)**-ਸੰਗਰੂਰ ਪੁਲਸ ਵੱਲੋਂ ਨਸ਼ਾ ਤਸਕਰਾਂ, ਗੈਂਗਸਟਰਾਂ ਤੇ ਹੋਰ ਸਮਾਜ ਵਿਰੋਧੀ ਅਨਸਰਾਂ 'ਤੇ ਸ਼ਿਕੰਜਾ ਕੱਸਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਸੋਮਵਾਰ ਨੂੰ ਭਵਾਨੀਗੜ੍ਹ ਸਬ-ਡਵੀਜ਼ਨ ਵਿੱਚ ਕਾਸੋ ਤਹਿਤ ਵਿਸ਼ੇਸ਼ 'ਪ੍ਰਹਾਰ ਆਪ੍ਰੇਸ਼ਨ' ਚਲਾਇਆ ਗਿਆ।ਐੱਸ ਐੱਸ ਪੀ ਡਾ. ਰਵਜੋਤ ਕੌਰ ਗਰੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ ਪਿੰਡ ਖੇੜੀ ਗਿੱਲਾਂ, ਜੌਲੀਆਂ ਤੇ ਭਵਾਨੀਗੜ੍ਹ ਖੇਤਰ ਵਿੱਚ ਪੁਲਸ ਨੇ ਵੱਡੇ ਪੱਧਰ 'ਤੇ ਸਰਚ ਮੁਹਿੰਮ ਚਲਾ ਕੇ ਸ਼ੱਕੀ ਵਿਅਕਤੀਆਂ ਤੇ ਗੈਂਗਸਟਰਾਂ ਦੀ ਭਾਲ ਕੀਤੀ।ਡੀ ਐੱਸ ਪੀ ਸਤਨਾਮ ਸਿੰਘ ਦੀ ਨਿਗਰਾਨੀ ਹੇਠ ਥਾਣਾ ਭਵਾਨੀਗੜ੍ਹ ਦੇ ਐੱਸ ਐੱਚ ਓ ਇੰਸਪੈਕਟਰ ਰਮਨਦੀਪ ਸਿੰਘ, ਚੌਕੀ ਕਾਲਾਝਾੜ ਦੇ ਇੰਚਾਰਜ ਸਤਵੰਤ ਸਿੰਘ ਤੇ ਪੁਲਸ ਦੀਆਂ ਹੋਰ ਟੀਮਾਂ ਨੇ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕਰਦਿਆਂ ਘਰਾਂ ਤੇ ਸ਼ੱਕੀ ਟਿਕਾਣਿਆਂ ਦੀ ਬਾਰੀਕੀ ਨਾਲ ਤਲਾਸ਼ੀ ਲਈ।ਇਸ ਦੌਰਾਨ ਕਈ ਵਿਅਕਤੀਆਂ ਦੀ ਪੁੱਛਗਿੱਛ ਵੀ ਕੀਤੀ ਗਈ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਆਪ੍ਰੇਸ਼ਨ ਦੌਰਾਨ ਐੱਨਡੀਪੀਐੱਸ ਐਕਟ ਤਹਿਤ ਦੋ ਮਾਮਲੇ ਤੇ ਆਬਕਾਰੀ ਐਕਟ ਤਹਿਤ ਇੱਕ ਮਾਮਲਾ ਦਰਜ ਕੀਤਾ ਗਿਆ ਹੈ।ਇਸ ਤੋਂ ਇਲਾਵਾ ਇੱਕ ਸ਼ੱਕੀ ਮਾਮਲਾ ਵੀ ਸਾਹਮਣੇ ਆਇਆ ਹੈ, ਜਿਸ ਸਬੰਧੀ ਪੁਲਸ ਵੱਲੋਂ ਤਸਦੀਕ ਕੀਤੀ ਜਾ ਰਹੀ ਹੈ।ਜਾਂਚ ਪੂਰੀ ਹੋਣ ਉਪਰੰਤ ਤੱਥਾਂ ਦੇ ਆਧਾਰ 'ਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਡੀ ਐੱਸ ਪੀ ਸਤਨਾਮ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅਜਿਹੇ ਕਾਸੋ ਤੇ ਪ੍ਰਹਾਰ ਆਪ੍ਰੇਸ਼ਨ ਲਗਾਤਾਰ ਜਾਰੀ ਰਹਿਣਗੇ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ, ਗੈਂਗਸਟਰਾਂ ਤੇ ਕਾਨੂੰਨ ਦਾ ਉਲੰਘਣ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਕੀਮਤ 'ਤੇ ਬਰਕਰਾਰ ਰੱਖਿਆ ਜਾਵੇਗਾ।

## ਭਾਸ਼ਾ ਵਿਭਾਗ ਦੇ ਕੀਤੇ ਜਾ ਰਹੇ ਖ਼ਾਤਮੇ ਸਬੰਧੀ ਵਿਰੋਧ ਦਾ ਪ੍ਰਗਟਾਵਾ

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬੀ ਸਾਹਿਤ ਅਕਾਡਮੀ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਤੇ ਸਮੂਹ ਮੈਂਬਰਾਂ ਵੱਲੋਂ ਭਾਸ਼ਾ ਵਿਭਾਗ ਦੇ ਕੀਤੇ ਜਾ ਰਹੇ ਖ਼ਾਤਮੇ ਸਬੰਧੀ ਵਿਰੋਧ ਦਾ ਪ੍ਰਗਟਾਵਾ ਕੀਤਾ ਗਿਆ। ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕਿਹਾ ਸੋਸ਼ਲ ਮੀਡੀਆ ਤੇ ਅਖ਼ਬਾਰ ਦੇ ਮਾਧਿਅਮ ਇਹ ਧਿਆਨ ਵਿਚ ਆਇਆ ਹੈ ਕਿ ਪੰਜਾਬ ਵਿਚ ਬਿਊਰੋਕਰੇਸੀ ਦੀ ਇਕ ਲੌਬੀ ਭਾਸ਼ਾ ਵਿਭਾਗ, ਪਟਿਆਲਾ ਦੇ ਖ਼ਾਤਮੇ ਦੀ ਮਨੋ-ਮਨੀਂ ਤਿਆਰੀ ਕਰੀ ਬੈਠੀ ਹੈ।ਉਨ੍ਹਾਂ ਨੂੰ ਬਣਦੇ ਫੰਡ ਦੇਣਾ ਤਾਂ ਦੂਰ ਦੀ ਗੱਲ ਹੈ, ਪਰੰਤੂ ਪੰਜਾਬੀ ਭਾਸ਼ਾ ਵਿਚ ਸਰਕਾਰੀ ਕੰਮ ਕਾਜ ਨਾ ਕਰਨ ਲਈ ਉਹ ਅੱਤ ਦਰਜੇ ਦੇ ਵਿਰੋਧ ਵਿੱਚ ਹਨ।ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਕਿ ਕੁਝ ਅਖ਼ਬਾਰਾਂ ਵਿਚ ਭਾਸ਼ਾ ਵਿਭਾਗ ਬਾਰੇ ਚਰਚਾ ਹੋ ਰਿਹਾ, ਪੰਜਾਬੀ ਸਾਹਿਤ ਅਕਾਡਮੀ ਉਸ ਦਾ ਸਖ਼ਤ ਵਿਰੋਧ ਕਰਦੀ ਹੈ।ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਭਾਸ਼ਾ ਵਿਭਾਗ ਦੇ ਕੀਤੇ ਜਾ ਰਹੇ ਖਾਤਮੇ ਸਬੰਧੀ ਵਿਰੋਧ ਜ਼ਾਹਰ ਕਰਦਿਆਂ ਕਿਹਾ ਕਿ ਅਸੀਂ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਨੂੰ ਬੇਨਤੀ ਕਰਦੇ ਹਾਂ ਕਿ ਇਸ ਮਸਲੇ ਨੂੰ ਪਹਿਲ ਦੇ ਆਧਾਰ 'ਤੇ ਲੈਂਦੇ ਹੋਏ ਤੁਰੰਤ ਨਜਿੱਠਿਆ ਜਾਵੇ।ਜੇ ਅਜਿਹਾ ਨਾ ਹੋਇਆ ਤਾਂ ਪੰਜਾਬੀ ਸਾਹਿਤ ਅਕਾਡਮੀ ਦੂਜੀਆਂ ਸਾਹਿਤਕ ਸੰਸਥਾਵਾਂ ਨਾਲ ਸਬੰਧਿਤ ਪੰਜਾਬੀ ਭਾਸ਼ਾ ਤਾਲਮੇਲ ਕਮੇਟੀ ਜਿਸ ਵਿਚ ਪੰਜਾਬੀ ਭਾਸ਼ਾ ਨਾਲ ਸਬੰਧਤ ਸਾਹਿਤਕ ਸੰਸਥਾਵਾਂ ਅਤੇ ਭਾਸ਼ਾ ਮਾਹਿਰ ਸ਼ਾਮਿਲ ਹਨ ਦੇ ਸਹਿਯੋਗ ਨਾਲ ਵੱਡੀ ਪੱਧਰ ਉੱਪਰ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।ਅਕਾਡਮੀ ਵੱਲੋਂ ਮੁੱਖ ਮੰਤਰੀ ਨੂੰ ਪੱਤਰ ਲਿਖ ਦਿੱਤਾ ਗਿਆ ਹੈ।ਸਾਡੇ ਵੱਲੋਂ ਮੁੱਖ ਮੰਤਰੀ ਦੇ ਹੁੰਗਾਰੇ ਦੀ ਲੰਮਾ ਸਮਾਂ ਉਡੀਕ ਨਹੀਂ ਕੀਤੀ ਜਾਵੇਗੀ। ਮਾਂ ਬੋਲੀ ਨਾਲ ਸਬੰਧਿਤ ਮਸਲੇ ਵਿਚਾਰਨ ਮੰਗ ਜਲਦੀ ਤੋਂ ਜਲਦੀ ਪੂਰੀ ਕੀਤੀ ਜਾਵੇ।

## ਐਡਵੋਕੇਟ ਸੈਮੂਅਲ ਮਸੀਹ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਪ੍ਰਧਾਨ ਨਿਯੁਕਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਪ੍ਰਭੂ ਯਿਸ਼ੂ ਮਸੀਹ ਜੀ ਦੀ ਅਪਾਰ ਕ੍ਰਿਪਾ ਤੇ ਸਮੂਹ ਸਾਥੀਆਂ ਦੇ ਪਿਆਰ ਸਦਕਾ ਐਡਵੋਕੇਟ ਸੈਮੂਅਲ ਮਸੀਹ (ਪੰਜਾਬ ਕ੍ਰਿਸ਼ਚੀਅਨ ਫੈਲੋਸ਼ਿਪ, ਫਰੀਦਕੋਟ) ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਮਸੀਹੀ ਭਾਈਚਾਰੇ ਦਾ ਹਲਕਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਆਪਣੀ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਐਡਵੋਕੇਟ ਸੈਮੂਅਲ ਮਸੀਹ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਜ਼ਿਲ੍ਹਾ ਪ੍ਰਧਾਨ ਸ਼ੇਰ ਸਿੰਘ ਮੰਡਵਾਲਾ ਅਤੇ ਮੁੱਖ ਸੇਵਾਦਾਰ ਹਲਕਾ ਕੋਟਕਪੂਰਾ, ਕੋਰ ਕਮੇਟੀ ਮੈਂਬਰ ਤੇ ਸਾਬਕਾ ਵਿਧਾਇਕ ਸਰਦਾਰ ਮਨਤਾਰ ਸਿੰਘ ਬਰਾੜ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਲੀਡਰਸ਼ਿਪ ਨੇ ਉਨ੍ਹਾਂ ਉੱਪਰ ਜੋ ਵਿਸ਼ਵਾਸ ਪ੍ਰਗਟਾਉਂਦੇ ਹੋਏ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਹੈ, ਉਹ ਉਸ ਲਈ ਸਦਾ ਰਿਣੀ ਰਹਿਣਗੇ।ਮੈਂ ਪਾਰਟੀ ਹਾਈਕਮਾਂਡ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਮੈਂ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਸਮਰਪਣ ਭਾਵਨਾ ਨਾਲ ਨਿਭਾਵਾਂਗਾ।ਮਸੀਹੀ ਭਾਈਚਾਰੇ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਉਠਾਉਣਾ, ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣਾ ਤੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਤਨਦੇਹੀ ਨਾਲ ਕੰਮ ਕਰਨਾ ਹੀ ਮੇਰਾ ਮੁੱਖ ਨਿਸ਼ਾਨਾ ਹੋਵੇਗਾ।

## ਸਫਾ 1 ਦੇ ਬਾਕੀ...

### ਕਾਨੂੰਨਘਾੜੇ ਅਕਾਲ ਤਖਤ...

ਸੀ। ਜਿਸ 'ਤੇ ਗਨੀਵ ਕੌਰ ਨੇ ਕਿਹਾ ਕਿ ਉਸਦੀ ਉੱਥੇ ਗੱਲ ਨਹੀਂ ਸੁਣੀ ਜਾਣੀ ਸੀ ਅਤੇ ਬੇਇੱਜ਼ਤੀ ਕੀਤੀ ਜਾਣੀ ਸੀ, ਜਿਸ ਕਾਰਨ ਉਹ ਨਹੀਂ ਗਈ। ਵਿਧਾਇਕ ਇੰਦਰਬੀਰ ਸਿੰਘ ਨਿੱਝਰ ਨੇ ਮਾਮਲੇ ਦੀ ਸੰਵੇਦਨਸ਼ੀਲਤਾ ਦਾ ਹਵਾਲਾ ਦਿੰਦੇ ਹੋਏ ਟੀ ਵੀ ਚੈਨਲਾਂ 'ਤੇ ਲਾਈਵ ਪ੍ਰਸਾਰਨ ਨਾ ਕਰਨ ਦੀ ਅਪੀਲ ਕੀਤੀ। ਜਥੇਦਾਰ ਨੇ ਉਨ੍ਹਾ ਨੂੰ ਯਾਦ ਦਿਵਾਇਆ ਕਿ ਮੁੱਖ ਮੰਤਰੀ ਨੇ ਖੁਦ ਪਹਿਲਾਂ ਸਰਕਾਰੀ ਕਾਰਵਾਈ ਦੇ ਲਾਈਵ ਪ੍ਰਸਾਰਨ ਦੀ ਵਕਾਲਤ ਕੀਤੀ ਸੀ।

ਇਕੱਤਰਤਾ ਵਿੱਚ 87 ਮੰਤਰੀ ਤੇ ਵਿਧਾਇਕ ਸ਼ਾਮਲ ਹੋਏ। ਜਿਨ੍ਹਾਂ ਵਿਧਾਇਕਾਂ ਨੇ ਆਪਣੇ ਵਿਚਾਰ ਰੱਖੇ ਉਨ੍ਹਾਂ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਹਰਪਾਲ ਸਿੰਘ ਚੀਮਾ, ਵਿਧਾਇਕ ਇੰਦਰਬੀਰ ਸਿੰਘ ਨਿੱਝਰ, ਸੁਖਪਾਲ ਸਿੰਘ ਖਹਿਰਾ, ਪ੍ਰਤਾਪ ਸਿੰਘ ਬਾਜਵਾ, ਪਰਗਟ ਸਿੰਘ, ਜਗਰੂਪ ਸਿੰਘ ਗਿੱਲ, ਮਨਪ੍ਰੀਤ ਸਿੰਘ ਅਯਾਲੀ, ਕੁਲਵੰਤ ਸਿੰਘ, ਬੀਬੀ ਗਨੀਵ ਕੌਰ, ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਗੁਰਪ੍ਰੀਤ ਸਿੰਘ ਬਣਾਵਾਲੀ, ਬੀਬੀ ਬਲਜਿੰਦਰ ਕੌਰ, ਮਨਜੀਤ ਸਿੰਘ ਬਿਲਾਸਪੁਰ ਅਤੇ ਇੰਦਰਪ੍ਰਤਾਪ ਸਿੰਘ ਰਾਣਾ ਸ਼ਾਮਲ ਸਨ।

ਇਕੱਤਰਤਾ ਵਿੱਚ ਜੋ ਵਿਧਾਇਕ ਹਾਜ਼ਰ ਹੋਏ ਉਨ੍ਹਾਂ ਵਿੱਚ ਸੁਖਪਾਲ ਸਿੰਘ ਭੁਲੱਥ, ਅਵਤਾਰ ਸਿੰਘ ਹੈਨਰੀ ਜੂਨੀਅਰ ਜਲੰਧਰ ਉੱਤਰੀ, ਬਲਵਿੰਦਰ ਸਿੰਘ ਫਗਵਾੜਾ, ਵਿਕਰਮਜੀਤ ਸਿੰਘ ਫਿਲੌਰ, ਤ੍ਰਿਪਤ ਰਜਿੰਦਰ ਸਿੰਘ ਫਤਿਹਗੜ੍ਹ ਚੂੜੀਆਂ, ਨਰੇਸ਼ ਪੁਰੀ ਸੁਜਾਨਪੁਰ, ਬੀਬੀ ਅਰੁਣਾ ਚੌਧਰੀ ਦੀਨਾਨਗਰ, ਬਰਿੰਦਰਮੀਤ ਸਿੰਘ ਗੁਰਦਾਸਪੁਰ, ਕੁਲਦੀਪ ਸਿੰਘ ਬਰਨਾਲਾ, ਸੁਖਬਿੰਦਰ ਸਿੰਘ, ਰਾਜਾਸਾਂਸੀ, ਸੁਖਵਿੰਦਰ ਸਿੰਘ ਆਦਮਪੁਰ, ਹਰਦੇਵ ਸਿੰਘ ਸ਼ਾਹਕੋਟ, ਪਰਗਟ ਸਿੰਘ ਜਲੰਧਰ ਕੈਂਟ, ਰਾਣਾ ਗੁਰਜੀਤ ਸਿੰਘ ਕਪੂਰਥਲਾ, ਪ੍ਰਤਾਪ ਸਿੰਘ ਬਾਜਵਾ ਕਾਦੀਆਂ, ਰਾਣਾ ਇੰਦਰ ਪ੍ਰਤਾਪ ਸਿੰਘ ਸੁਲਤਾਨਪੁਰ ਲੋਧੀ, ਬੀਬੀ ਗਨੀਵ ਕੌਰ ਮਜੀਠਾ, ਮਨਪ੍ਰੀਤ ਸਿੰਘ ਦਾਖਾ, ਕੁਲਤਾਰ ਸਿੰਘ ਕੋਟਕਪੂਰਾ (ਸਪੀਕਰ), ਹਰਪਾਲ ਸਿੰਘ ਦਿੜ੍ਹਬਾ, ਬੀਬੀ ਬਲਜੀਤ ਕੌਰ ਮਲੋਟ, ਹਰਭਜਨ ਸਿੰਘ ਜੰਡਿਆਲਾ ਗੁਰੂ, ਹਰਜੋਤ ਸਿੰਘ ਸ੍ਰੀ ਅਨੰਦਪੁਰ ਸਾਹਿਬ, ਗੁਰਮੀਤ ਸਿੰਘ ਲੰਬੀ, ਰਵਜੋਤ ਸਿੰਘ ਸ਼ਾਮਚੁਰਾਸੀ, ਬਲਬੀਰ ਸਿੰਘ ਪਟਿਆਲਾ ਦਿਹਾਤੀ, ਹਰਦੀਪ ਸਿੰਘ ਸਾਹਨੇਵਾਲ, ਅਮਨਸ਼ੇਰ ਸਿੰਘ ਬਟਾਲਾ, ਅਮਰਪਾਲ ਸਿੰਘ ਸ੍ਰੀ ਹਰਿਗੋਬਿੰਦਪੁਰ, ਗੁਰਦੀਪ ਸਿੰਘ ਡੇਰਾ ਬਾਬਾ ਨਾਨਕ, ਕੁਲਦੀਪ ਸਿੰਘ ਅਜਨਾਲਾ, ਜਸਬੀਰ ਸਿੰਘ ਅੰਮ੍ਰਿਤਸਰ ਪੱਛਮੀ, ਬੀਬੀ ਜੀਵਨਜੋਤ ਕੌਰ ਅੰਮ੍ਰਿਤਸਰ ਪੂਰਬੀ, ਇੰਦਰਬੀਰ ਸਿੰਘ ਅੰਮ੍ਰਿਤਸਰ ਦੱਖਣੀ, ਹਰਮੀਤ ਸਿੰਘ ਤਰਨ ਤਾਰਨ, ਸਰਵਨ ਸਿੰਘ ਖੇਮਕਰਨ, ਮਨਜਿੰਦਰ ਸਿੰਘ ਖਡੂਰ ਸਾਹਿਬ, ਦਲਬੀਰ ਸਿੰਘ ਬਾਬਾ ਬਕਾਲਾ, ਸੁਖਵੀਰ ਸਿੰਘ ਮੌੜ, ਗੁਰਪ੍ਰੀਤ ਸਿੰਘ ਸਰਦੂਲਗੜ੍ਹ, ਲਾਭ ਸਿੰਘ ਭਦੌੜ, ਕੁਲਵੰਤ ਸਿੰਘ ਮਹਿਲ ਕਲਾਂ, ਜਸਵੰਤ ਸਿੰਘ ਅਮਰਗੜ੍ਹ, ਬੀਬੀ ਨਰਿੰਦਰ ਕੌਰ ਸੰਗਰੂਰ, ਗੁਰਦੇਵ ਸਿੰਘ ਨਾਭਾ, ਕੁਲਜੀਤ ਸਿੰਘ ਡੇਰਾ ਬੱਸੀ, ਗੁਰਲਾਲ ਸਿੰਘ ਘਨੌਰ, ਹਰਮੀਤ ਸਿੰਘ ਸਨੌਰ, ਅਜੀਤਪਾਲ ਸਿੰਘ ਪਟਿਆਲਾ, ਚੇਤਨ ਸਿੰਘ ਸਮਾਣਾ, ਕੁਲਵੰਤ ਸਿੰਘ ਸ਼ੁਤਰਾਣਾ, ਬੀਬੀ ਅਮਨਦੀਪ ਕੌਰ ਮੋਗਾ, ਹਾਕਮ ਸਿੰਘ ਰਾਏਕੋਟ, ਅੰਮ੍ਰਿਤਪਾਲ ਸਿੰਘ ਬਾਘਾਪੁਰਾਣਾ, ਜਗਦੀਪ ਸਿੰਘ ਜਲਾਲਾਬਾਦ, ਬੀਬੀ ਇੰਦਰਜੀਤ ਕੌਰ ਨਕੋਦਰ, ਬਲਕਾਰ ਸਿੰਘ ਕਰਤਾਰਪੁਰ, ਕਰਮਬੀਰ ਸਿੰਘ ਦਸੂਹਾ, ਜਸਵੀਰ ਸਿੰਘ ਉੜਮੁੜ ਟਾਂਡਾ, ਜੈ ਕ੍ਰਿਸ਼ਨ ਸਿੰਘ ਗੜ੍ਹਸ਼ੰਕਰ, ਚਰਨਜੀਤ ਸਿੰਘ ਸ੍ਰੀ ਚਮਕੌਰ ਸਾਹਿਬ, ਬੀਬੀ ਅਨਮੋਲ ਗਗਨ ਖਰੜ, ਕੁਲਵੰਤ ਸਿੰਘ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਰੁਪਿੰਦਰ ਸਿੰਘ ਬੱਸੀ ਪਠਾਣਾ, ਲਖਬੀਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਗੁਰਿੰਦਰ ਸਿੰਘ ਅਮਲੋਹ, ਜਗਤਾਰ ਸਿੰਘ ਸਮਰਾਲਾ, ਬੀਬੀ ਰਜਿੰਦਰ ਪਾਲ ਕੌਰ ਲੁਧਿਆਣਾ ਦੱਖਣੀ, ਕੁਲਵੰਤ ਸਿੰਘ ਆਤਮ ਨਗਰ, ਜੀਵਨ ਸਿੰਘ ਗਿੱਲ, ਮਨਵਿੰਦਰ ਸਿੰਘ ਪਾਇਲ, ਬੀਬੀ ਸਰਵਜੀਤ ਕੌਰ ਜਗਰਾਓਂ, ਮਨਜੀਤ ਸਿੰਘ ਨਿਹਾਲ ਸਿੰਘਵਾਲਾ, ਦਵਿੰਦਰਜੀਤ ਸਿੰਘ ਧਰਮਕੋਟ, ਰਣਬੀਰ ਸਿੰਘ ਫਿਰੋਜ਼ਪੁਰ ਕੈਂਟ, ਫੌਜਾ ਸਿੰਘ ਗੁਰੂ ਹਰਸਹਾਇ, ਨਰਿੰਦਰਪਾਲ ਸਿੰਘ ਫਾਜ਼ਿਲਕਾ, ਅਮਨਦੀਪ ਸਿੰਘ ਬੱਲੂਆਣਾ, ਹਰਦੀਪ ਸਿੰਘ ਗਿੱਦੜਬਾਹਾ, ਜਗਦੀਪ ਸਿੰਘ ਸ੍ਰੀ ਮੁਕਤਸਰ ਸਾਹਿਬ, ਗੁਰਦਿੱਤ ਸਿੰਘ ਫਰੀਦਕੋਟ, ਅਮੋਲਕ ਸਿੰਘ ਜੈਤੋ, ਬਲਕਾਰ ਸਿੰਘ ਰਾਮਪੁਰਾ ਫੂਲ, ਜਗਸੀਰ ਸਿੰਘ ਭੁਚੋਂ ਮੰਡੀ, ਜਗਰੂਪ ਸਿੰਘ ਬਠਿੰਡਾ ਸ਼ਹਿਰੀ, ਬੀਬੀ ਬਲਜਿੰਦਰ ਕੌਰ ਤਲਵੰਡੀ ਸਾਬੋ, ਜਸਵਿੰਦਰ ਸਿੰਘ ਅਟਾਰੀ।

ਲੁਧਿਆਣਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਅਤੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ (ਵਿਧਾਇਕ ਖੰਨਾ) ਹਾਜ਼ਰ ਨਹੀਂ ਹੋਏ। ਜਿਨ੍ਹਾਂ ਗੈਰ-ਸਿੱਖ ਮੰਤਰੀਆਂ ਦੇ ਸਪੱਸ਼ਟੀਕਰਨ ਪੁੱਜੇ ਉਨ੍ਹਾਂ ਵਿੱਚ ਅਮਨ ਅਰੋੜਾ ਸੁਨਾਮ, ਬਰਿੰਦਰ ਕੁਮਾਰ ਗੋਇਲ ਲਹਿਰਾਗਾਗਾ, ਲਾਲ ਚੰਦ ਕਟਾਰੂਚੱਕ ਭੋਆ, ਮਹਿੰਦਰ ਭਗਤ ਜਲੰਧਰ ਪੱਛਮੀ ਸ਼ਾਮਲ ਹਨ ਜਦਕਿ ਮੰਤਰੀ ਸੰਜੀਵ ਅਰੋੜਾ ਲੁਧਿਆਣਾ ਪੱਛਮੀ ਦਾ ਸਪੱਸ਼ਟੀਕਰਨ ਨਹੀਂ ਪੁੱਜਾ।

### ਅੰਤਮ ਫੈਸਲਾ ਅਕਾਲ...

ਕੇਂਦਰੀ ਗ੍ਰਹਿ ਮੰਤਰੀ ਬੂਟਾ ਸਿੰਘ ਨੂੰ ਧਾਰਮਕ ਸਜ਼ਾ ਸ੍ਰੀ ਅਕਾਲ ਤਖਤ ਸਾਹਿਬ ਤੋਂ ਲਗਾਈ ਗਈ ਸੀ। ਅਪ੍ਰੇਸ਼ਨ ਬਲੈਕ ਥੰਡਰ ਤਹਿਤ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਅੰਦਰ ਪੁਲਸ ਭੇਜਣ ਕਰਕੇ ਤੱਤਕਾਲੀ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ ਨੂੰ ਵੀ ਸ੍ਰੀ ਅਕਾਲ ਤਖਤ ਸਾਹਿਬ ਤੋਂ ਧਾਰਮਕ ਸਜ਼ਾ ਲਗਾਈ ਗਈ ਸੀ। ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵੀ ਇੱਕ ਵਿਵਾਦਿਤ ਵੀਡੀਓ ਦੇ ਮਾਮਲੇ 'ਚ ਸ੍ਰੀ ਅਕਾਲ ਤਖਤ ਸਾਹਿਬ ਸਕੱਤਰੇਤ ਵਿਖੇ ਸਪੱਸ਼ਟੀਕਰਨ ਲਈ ਤਲਬ ਕੀਤਾ ਜਾ ਚੁੱਕਿਆ ਹੈ। ਸ੍ਰੀ ਅਕਾਲ ਤਖਤ ਸਾਹਿਬ ਤੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ 'ਪੰਥ ਦੋਖੀ' ਕਰਾਰ ਦਿੱਤਾ ਗਿਆ ਹੈ।

### ਯੂਰੀਆ ਘੁਟਾਲੇ 'ਚ ...

ਐਚ) ਤੇ ਕੁਆਲਿਟੀ ਇੰਚਾਰਜ, ਡਿਪਟੀ ਮੈਨੇਜਰ (ਖਰੀਦ ਅਤੇ ਭੰਡਾਰਨ)/ ਇੰਚਾਰਜ (ਐਫ ਐਂਡ ਏ) ਤੇ ਸੀਨੀਅਰ ਸਹਾਇਕ ਵਿਰੁੱਧ 'ਮੇਜਰ ਪੈਨਲਟੀ' ਚਾਰਜਸ਼ੀਟ ਜਾਰੀ ਕੀਤੀ ਹੈ। ਇਸੇ ਤਰ੍ਹਾਂ ਮਾਰਕਫੈੱਡ ਦੇ ਚੀਫ਼ ਮੈਨੇਜਰ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਹੈ ਜਦੋਂ ਕਿ ਜਨਰਲ ਮੈਨੇਜਰ, ਸੀਨੀਅਰ ਅਕਾਊਂਟਸ ਅਫਸਰ ਤੇ ਸੀਨੀਅਰ ਸਹਾਇਕ (ਕਮਰਸ਼ੀਅਲ) ਵਿਰੁੱਧ 'ਮੇਜਰ ਪੈਨਲਟੀ' ਚਾਰਜਸ਼ੀਟ ਜਾਰੀ ਕੀਤੀ ਗਈ ਹੈ। ਸੰਬੰਧਤ ਸੀਨੀਅਰ ਸਹਾਇਕ (ਕਮਰਸ਼ੀਅਲ) ਦਾ ਪ੍ਰਸ਼ਾਸਕੀ ਹਿੱਤ ਵਿੱਚ ਤਬਾਦਲਾ ਵੀ ਕਰ ਦਿੱਤਾ ਹੈ। ਇਸੇ ਦੌਰਾਨ ਕਰ ਵਿਭਾਗ ਨੇ ਮੈਸਰਜ਼ ਇੰਡੋ ਆਰਗੈਨਿਕ ਗਿੱਦੜਬਾਹਾ ਦੀ ਕਾਰੋਬਾਰ ਵਾਲੀ ਜਗ੍ਹਾ ਦੀ ਚੈਕਿੰਗ ਕੀਤੀ ਅਤੇ ਫਰਮ ਨੂੰ ਵਿੱਤੀ ਦਸਤਾਵੇਜ਼ ਪੇਸ਼ ਕਰਨ ਲਈ ਕਿਹਾ। ਸਰਕਾਰੀ ਬੁਲਾਰੇ ਨੇ ਦੱਸਿਆ ਹੈ ਕਿ ਸਪਲਾਈ ਕੀਤੀ ਗਈ ਸਮੱਗਰੀ ਜੀ ਐੱਸ ਟੀ ਦਸਤਾਵੇਜ਼ਾਂ ਵਿੱਚ ਐਲਾਨੇ ਉਤਪਾਦ ਦੀ ਬਜਾਏ ਕਥਿਤ ਤੌਰ 'ਤੇ ਨਿੰਮ ਕੋਟੇਡ ਯੂਰੀਆ ਸੀ, ਜਿਸ ਨਾਲ ਗਲਤ ਘੋਸ਼ਣਾ, ਇਨਪੁੱਟ ਟੈਕਸ ਕ੍ਰੈਡਿਟ ਦਾ ਗਲਤ ਲਾਭ ਲੈਣ/ਪਾਸਿੰਗ ਅਤੇ ਸਰਕਾਰ ਦੁਆਰਾ ਸਬਸਿਡੀ ਵਾਲੀ ਖਾਦ ਦੀ ਸੰਭਾਵਤ ਦੁਰਵਰਤੋਂ ਦਾ ਸ਼ੱਕ ਪੈਦਾ ਹੁੰਦਾ ਹੈ। ਮੁੱਖ ਮੰਤਰੀ ਨੇ ਸਹਿਕਾਰਤਾ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਮਾਰਕਫੈੱਡ ਨੂੰ ਪੰਜਾਬ ਵਿੱਚ ਟੈਕਨੀਕਲ ਗਰੇਡ ਯੂਰੀਆ ਦੀ ਖਰੀਦ ਅਤੇ ਸਪਲਾਈ ਲਈ ਨੋਡਲ ਏਜੰਸੀ ਬਣਾਉਣ ਵਾਸਤੇ ਲੋੜੀਂਦੀ ਕਾਰਵਾਈ ਸ਼ੁਰੂ ਕਰਨ। ਚੇਤੇ ਰਹੇ ਕਿ ਪ੍ਰਾਈਵੇਟ ਕੰਪਨੀਆਂ ਵੱਲੋਂ 5.91 ਰੁਪਏ ਪ੍ਰਤੀ ਕਿੱਲੋ ਸਬਸਿਡੀ ਵਾਲੀ ਖਾਦ ਨੂੰ 61 ਰੁਪਏ ਪ੍ਰਤੀ ਕਿੱਲੋ ਟੈਕਨੀਕਲ ਗਰੇਡ ਵਾਲੀ ਖਾਦ ਦਾ ਲੇਬਲ ਲਾ ਕੇ ਸਹਿਕਾਰੀ ਸਨਅਤਾਂ ਨੂੰ ਸਪਲਾਈ ਦਿੱਤੀ ਜਾ ਰਹੀ ਸੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਜਗਰੂਪ ਸੇਖਵਾਂ ਨੇ ਮੁੱਖ ਮੰਤਰੀ ਮਾਨ ਨਾਲ ਕਾਦੀਆਂ ਦੇ ਹੈਲੀਪੈਡ 'ਤੇ ਕੀਤੀ ਮੁਲਾਕਾਤ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)** ਆਮ ਆਦਮੀ ਪਾਰਟੀ ਦੇ ਕਾਦੀਆਂ ਵਿਧਾਨ ਸਭਾ ਹਲਕੇ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਾਦੀਆਂ ਦੇ ਸਿੱਖ ਨੈਸ਼ਨਲ ਕਾਲਜ ਦੇ ਹੈਲੀਪੈਡ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕੀਤੀ।ਹਲਕਾ ਇੰਚਾਰਜ ਅਕਾਲੀ ਦਲ (ਬਾਦਲ) ਦੇ ਗੁਰਇਕਬਾਲ ਸਿੰਘ ਮਾਹਲ ਨੇ ਰੈਲੀ ਆਯੋਜਿਤ ਕੀਤੀ।ਜਗਰੂਪ ਸਿੰਘ ਸੇਖਵਾਂ 'ਤੇ ਅਕਾਲੀ ਆਗੂ ਨੂੰ ਆਪ ਵਿੱਚ ਸ਼ਾਮਲ ਕਰਨ ਲਈ ਭਰੋਸਾ ਨਹੀਂ ਕੀਤਾ ਗਿਆ ਸੀ ਅਤੇ ਸ਼ਹਿਰ ਵਿੱਚ ਲਗਾਏ ਗਏ ਪੋਸਟਰਾਂ ਤੋਂ ਉਨ੍ਹਾਂ ਦੀ ਫੋਟੋ ਗਾਇਬ ਸੀ।ਰੈਲੀ ਹਲਕਾ ਇੰਚਾਰਜ ਤੋਂ ਬਿਨਾਂ ਕੀਤੀ ਗਈ ਸੀ।ਰੈਲੀ ਵਿੱਚ ਕਾਦੀਆਂ ਸ਼ਹਿਰ ਦੀ ਬਜਾਏ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ।ਜਗਰੂਪ ਸਿੰਘ ਸੇਖਵਾਂ ਵੀ ਰੈਲੀ ਵਿੱਚ ਸ਼ਾਮਲ ਨਹੀਂ ਹੋਏ।ਇਸ ਰੈਲੀ ਵਿੱਚ ਲੋਕਾਂ ਨੂੰ ਉਮੀਦ ਸੀ ਕਿ ਅਕਾਲੀ ਦਲ ਛੱਡ ਕੇ ਆਪ ਵਿੱਚ ਸ਼ਾਮਲ ਹੋਏ ਗੁਰਇਕਬਾਲ ਸਿੰਘ ਮਾਹਲ ਨੂੰ ਹਲਕਾ ਇੰਚਾਰਜ ਨਿਯੁਕਤ ਕੀਤਾ ਜਾਵੇਗਾ।ਹਾਲਾਂਕਿ, ਮੁੱਖ ਮੰਤਰੀ ਨੇ ਉਨ੍ਹਾਂ ਨੂੰ ਕਾਦੀਆਂ ਸ਼ਹਿਰ ਤੱਕ ਸੀਮਤ ਕਰ ਦਿੱਤਾ ਅਤੇ ਉਨ੍ਹਾਂ ਨੂੰ ਨਵਾਂ ਸੇਵਕ ਨਿਯੁਕਤ ਕੀਤਾ।ਇਸੇ ਤਰ੍ਹਾਂ, ਜਗਰੂਪ ਸਿੰਘ ਸੇਖਵਾਂ, ਜਿਨ੍ਹਾਂ ਨੇ ਸ਼ਹਿਰ



ਵਾਸੀਆਂ ਨੂੰ ਕਾਦੀਆਂ ਲਈ ਸਬ-ਡਿਵੀਜ਼ਨ ਦਾ ਦਰਜਾ ਦੇਣ ਦਾ ਵਾਅਦਾ ਕੀਤਾ ਸੀ, ਨੇ ਉਸ ਵਾਅਦੇ ਨੂੰ ਪੂਰਾ ਕੀਤਾ ਹੈ, ਮੁੱਖ ਮੰਤਰੀ ਭਗਵੰਤ ਮਾਨ ਨੇ ਕਾਦੀਆਂ ਨੂੰ ਸਬ-ਡਿਵੀਜ਼ਨ ਬਣਾਉਣ ਦਾ ਐਲਾਨ ਕੀਤਾ ਅਤੇ ਕਾਨੂੰਨੀ ਪ੍ਰਕਿਰਿਆ ਸ਼ੁਰੂ ਕਰਨ ਦੇ ਆਦੇਸ਼ ਦਿੱਤੇ ।ਜਗਰੂਪ ਸਿੰਘ ਸੇਖਵਾਂ ਨੂੰ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਪਾਰਟੀ ਵਿੱਚ ਲਿਆਂਦਾ ਸੀ, ਜਿਨ੍ਹਾਂ ਨੇ ਉਨ੍ਹਾਂ ਨੂੰ ਹਲਕਾ ਇੰਚਾਰਜ ਨਿਯੁਕਤ ਕੀਤਾ ਸੀ। ਅਰਵਿੰਦ ਕੇਜਰੀਵਾਲ ਨੇ ਜਗਰੂਪ ਸੇਖਵਾਂ ਨੂੰ ਆਸ਼ੀਰਵਾਦ ਦਿੱਤਾ ਇਸ ਲਈ ਜਗਰੂਪ ਸਿੰਘ ਸੇਖਵਾਂ ਹਲਕਾ ਇੰਚਾਰਜ ਬਣੇ ਰਹਿਣਗੇ।ਰੈਲੀ ਵਿੱਚ ਮੁੱਖ ਮੰਤਰੀ ਆਪਣੇ ਕਾਫਲੇ ਵਿੱਚ ਹੈਲੀਪੈਡ ਤੋਂ ਸਿੱਧੇ ਵਿਕਟੋਰੀਆ ਗਾਰਡਨਜ਼ ਵੱਲ ਰਵਾਨਾ ਹੋਏ, ਜਿੱਥੇ ਉਨ੍ਹਾਂ ਨੇ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਗੁਰਇਕਬਾਲ ਸਿੰਘ ਮਾਹਲ ਪਰਿਵਾਰ ਨੂੰ ਰਸਮੀ ਤੌਰ ਤੇ ਪਾਰਟੀ ਵਿੱਚ ਸ਼ਾਮਲ ਕੀਤਾ।ਆਪਣੇ ਭਾਸ਼ਣ ਵਿੱਚ ਮੁੱਖ ਮੰਤਰੀ ਨੇ ਵਿਰੋਧੀ ਧਿਰ ਦੇ ਨੇਤਾ ਦਾ ਵੀ ਧੰਨਵਾਦ ਕੀਤਾ।ਇਸ ਤਰ੍ਹਾਂ ਮਾਹਲ ਪਰਿਵਾਰ ਦੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਰਾਜਨੀਤੀ ਵਿੱਚ ਵੱਡੀ ਉਥਲ-ਪੁਥਲ ਮਚ ਗਈ।ਰਿਪੋਰਟਾਂ ਅਨੁਸਾਰ ਮੁੱਖ ਮੰਤਰੀ ਨੇ ਜਗਰੂਪ ਸਿੰਘ ਸੇਖਵਾਂ ਦੇ ਪਿੰਡ ਜਾਣਾ ਸੀ ਅਤੇ ਫਿਰ ਸਮਾਗਮ ਵਾਲੀ ਥਾਂ ਤੇ ਪਹੁੰਚਣਾ ਸੀ, ਪਰ ਕੁਝ ਨਹੀਂ ਹੋਇਆ।ਅਕਾਲੀ ਆਗੂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਨ ਤੋਂ ਪਹਿਲਾਂ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੂੰ ਵਿਸ਼ਵਾਸ ਵਿੱਚ ਨਹੀਂ ਲਿਆ ਗਿਆ ਸੀ ਅਤੇ ਉਨ੍ਹਾਂ ਨੂੰ ਬਾਈਪਾਸ ਕਰਕੇ ਇੱਥੇ ਰੈਲੀ ਕੀਤੀ ਗਈ ਸੀ।

# ਲੋਕ ਸੇਵਾ ਸੁਸਾਇਟੀ ਨੇ 78ਵਾਂ ਅੱਖਾਂ ਦਾ ਮੁਫ਼ਤ ਆਪਰੇਸ਼ਨ ਕੈਂਪ ਲਗਾਇਆ



**ਜਗਰਾਉਂ (ਅਮਿਤ ਖੰਨਾ)**- ਸਵ. ਸੁਸ਼ੀਲ ਜੈਨ ਸਪੁੱਤਰ ਸਵਰਗਵਾਸੀ ਦਿਆ ਚੰਦ ਜੈਨ ਦੀ ਯਾਦ ਵਿੱਚ ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ 78ਵਾਂ ਅੱਖਾਂ ਦਾ ਚਿੱਟੇ ਮੋਤੀਏ ਦਾ ਮੁਫ਼ਤ ਅਪਰੇਸ਼ਨ ਕੈਂਪ ਲੰਮਿਆਂ ਵਾਲਾ ਜਗਰਾਉਂ ਵਿਖੇ ਲਗਾਇਆ ਗਿਆ। ਸੋਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਨੇ ਦੱਸਿਆ ਕਿ ਸਵਰਗਵਾਸੀ ਸੁਸ਼ੀਲ ਜੈਨ ਦੀ ਯਾਦ ਵਿਚ ਲਗਾਏ ਕੈਂਪ ਦਾ ਜੈਨ ਪਰਿਵਾਰ ਦੇ ਹਰਸ਼ ਜੈਨ ਅਤੇ ਡਾਕਟਰ ਮਨੀਸ਼ ਜੈਨ ਨੇ ਆਪਣੇ ਕਰ ਕਮਲਾਂ ਨਾਲ ਉਦਘਾਟਨ ਕਰਦਿਆਂਨ ਲੋਕ ਸੇਵਾ ਸੁਸਾਇਟੀ ਵੱਲੋਂ ਪਛਲੇ 30 ਸਾਲਾਂ ਤੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਤਾਰੀਫ ਕੀਤੀ। ਉਨ੍ਹਾਂ ਕਿਹਾ ਕਿ ਸੁਸਾਇਟੀ ਨਾਲ ਜੁੜ ਕੇ ਸਮਾਜ ਸੇਵਾ ਦੇ ਕੰਮ ਕਰਨੇ ਸਾਡੇ ਲਈ ਮਾਣ ਦੀ ਗੱਲ ਹੈ।ਉਨ੍ਹਾਂ ਸੁਸਾਇਟੀ ਨੂੰ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ। ਕੈਂਪ ਵਿਚ ਸ਼ੰਕਰਾ ਆਈ ਹਾਸਪੀਟਲ ਦੀ ਟੀਮ ਵੱਲੋਂ 127 ਮਰੀਜ਼ਾਂ ਦੀਆਂ ਅੱਖਾਂ ਦਾ ਚੈਕਅਪ ਕਰ ਕੇ 47 ਮਰੀਜ਼ਾਂ ਦੀ ਚੋਣ ਕੀਤੀ ਜਿਨ੍ਹਾਂ ਦੀਆਂ ਅੱਖਾਂ ਦੇ ਅਪਰੇਸ਼ਨ ਅਉਣ ਵਾਲੇ ਦਿਨਾਂ ਵਿਚ ਸ਼ੰਕਰਾ ਹਸਪਤਾਲ ਵਿਖੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਕਿਸੇ ਵੀ ਮਰੀਜ਼ ਦਾ ਆਪਰੇਸ਼ਨ ਤੇ ਕੋਈ ਵੀ ਖ਼ਰਚ ਨਹੀਂ ਆਵੇਗਾ।ਇਸ ਮੌਕੇ ਭਾਜਪਾ ਆਗੂ ਅਜੀਤ ਸਿੰਘ ਅਖਾੜਾ, ਰਾਜਪਾਲ ਜੈਨ, ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ, ਕੰਵਲ ਕੱਕੜ, ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਸਾਬਕਾ ਪ੍ਰਧਾਨ ਜਸਵੰਤ ਸਿੰਘ, ਮੁਕੇਸ਼ ਗੁਪਤਾ, ਕੈਪਟਨ ਨਰੇਸ਼ ਵਰਮਾ, ਲਾਕੇਸ਼ ਟੰਡਨ, ਆਰ. ਕੇ. ਗੋਇਲ ਆਦਿ ਹਾਜ਼ਰ ਸਨ। ਇਸ ਮੌਕੇ ਲੋਕ ਸੇਵਾ ਸੁਸਾਇਟੀ ਵੱਲੋਂ ਮੁੱਖ ਮਹਿਮਾਨ ਹਰਸ਼ ਚੈਨ ਅਤੇ ਡਾਕਟਰ ਮਨੀਸ਼ ਜੈਨ ਦਾ ਸਨਮਾਨ ਵੀ ਕੀਤਾ ਗਿਆ।

# ਪਿੰਡ ਖ਼ੁਦਾਦਪੁਰ ਨੇੜੇ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਕਿਸਾਨ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਵਿਚਕਾਰ ਪੈਂਦੇ ਪਿੰਡ ਖ਼ੁਦਾਦਪੁਰ ਨਜ਼ਦੀਕ ਸੇਮ ਨਾਲੇ ਦੀ ਸਫਾਈ ਅਤੇ ਡੂੰਘਾਈ ਨਾ ਹੋਣ ਕਾਰਨ ਇਲਾਕੇ ਦੇ ਲੋਕਾਂ ਦਾ ਡਰੇਨੇਜ ਵਿਭਾਗ ਗੁਰਦਾਸਪੁਰ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਵਿਭਾਗ ਵੱਲੋਂ ਇਸ ਨਾਲੇ ਨਜ਼ਦੀਕ ਪੈਂਦੇ ਨਾਲਿਆਂ ਦੀ ਸਫਾਈ ਦਾ ਕੰਮ ਕੀਤਾ ਗਿਆ ਹੈ ਪਰ ਇਸ ਨਾਲੇ ਨੂੰ ਪੂਰੀ ਤਰ੍ਹਾਂ ਨਾਲ ਅੱਖੋਂ-ਪਰੋਖੇ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਦੋਂ ਵੀ ਕਿਤੇ ਜ਼ਿਆਦਾ ਬਰਸਾਤ ਹੁੰਦੀ ਹੈ ਤਾਂ ਪਾਣੀ ਇਸ ਨਾਲੇ ਵਿੱਚੋਂ ਬਾਹਰ ਆ ਕੇ ਜਿੱਥੇ ਕਿਸਾਨਾਂ ਦੀਆਂ ਫਸਲਾਂ ਨੂੰ ਖਰਾਬ ਕਰਦਾ ਹੈ ਉਥੇ ਹੀ ਸੜਕ 'ਤੇ ਪਾਣੀ ਫਿਰਨ ਨਾਲ ਲੋਕਾਂ ਦਾ ਲੰਘਣਾ ਵੀ ਔਖਾ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਅਜਿਹਾ ਹਰ ਸਾਲ ਹੀ ਹੁੰਦਾ ਹੈ ਪਰ ਸਬੰਧਤ ਵਿਭਾਗ ਵਲੋਂ ਇਸ ਦੀ ਸਫਾਈ-ਡੂੰਘਾਈ ਲਈ ਕੋਈ ਪੁਖਤਾ ਪ੍ਰਬੰਧ ਨਹੀਂ ਕੀਤੇ ਜਾਂਦੇ। ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਇਸ ਨਾਲੇ ਦੀ ਚੌੜਾਈ ਕਾਫ਼ੀ ਜ਼ਿਆਦਾ ਹੁੰਦੀ ਸੀ ਪਰ ਹੌਲੀ-ਹੌਲੀ ਨਾਲੇ ਨਜ਼ਦੀਕ ਲੱਗਦੀਆਂ ਜ਼ਮੀਨਾਂ ਦੇ ਮਾਲਕ ਕਿਸਾਨਾਂ ਵੱਲੋਂ ਇਸ ਨਾਲੇ ਦੇ ਕੁਝ ਹਿੱਸੇ ਨੂੰ ਆਪਣੀ ਜਗ੍ਹਾ ਵਿੱਚ ਮਿਲਾ ਲਿਆ ਗਿਆ ਹੈ ਜਿਸ ਕਰਕੇ ਨਾਲੇ ਦੀ ਚੌੜਾਈ ਪਹਿਲਾਂ ਨਾਲੋਂ ਕਾਫ਼ੀ ਜ਼ਿਆਦਾ ਘਟ ਚੁੱਕੀ ਹੈ ਅਤੇ ਪਾਣੀ ਦੀ ਨਿਕਾਸੀ ਵਰਖਾ ਦੇ ਦਿਨਾਂ ਵਿਚ ਸਹੀ ਢੰਗ ਨਾਲ ਨਹੀਂ ਹੁੰਦੀ। ਇਸ ਨਾਲੇ ਵਿਚ ਭਾਰੀ ਮਾਤਰਾ ਵਿਚ ਮੌਜੂਦਾ ਸਮੇਂ ਵਿਚ ਜੰਗਲੀ ਘਾਹ ਬੂਟੀ ਉੱਗੀ ਪਈ ਹੈ। ਲੋਕਾਂ ਨੇ ਕਿਹਾ ਜੇਕਰ ਸਮਾਂ ਰਹਿੰਦਿਆਂ ਹੁਣ



ਵੀ ਇਸ ਨਾਲੇ ਦੀ ਸਫ਼ਾਈ 'ਤੇ ਡੂੰਘਾਈ ਨਾ ਕੀਤੀ ਗਈ ਤਾਂ ਇਸ ਵਾਰ ਫ਼ਿਰ ਬਰਸਾਤੀ ਪਾਣੀ ਕਿਸਾਨਾਂ ਦੀ ਫ਼ਸਲਾਂ ਜਿਥੇ ਖਰਾਬ ਕਰੇਗਾ ਉਥੇ ਹੀ ਨਵੀਂ ਬਣੀ ਸੜਕ ਨੂੰ ਵੀ ਤੋੜ ਕੇ ਰੱਖ ਦੇਵੇਗਾ। ਇਲਾਕਾ ਵਾਸੀਆਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਡਰੇਨੇਜ ਵਿਭਾਗ ਗੁਰਦਾਸਪੁਰ ਨੂੰ ਹਦਾਇਤਾਂ ਜਾਰੀ ਕਰਕੇ ਗੁਰਦਾਸਪੁਰ-ਬਹਿਰਾਮਪੁਰ ਸੜਕ 'ਤੇ ਪੈਂਦੇ ਪਿੰਡ ਖ਼ੁਦਾਦਪੁਰ ਨਜ਼ਦੀਕ ਵਗਦੇ ਨਾਲੇ ਦੀ ਸਫ਼ਾਈ ਤੇ ਡੂੰਘਾਈ ਜਲਦ ਤੋਂ ਜਲਦ ਕਰਵਾਈ ਜਾਵੇ ਤਾਂ ਜੋ ਵਰਖਾ ਦੇ ਦਿਨਾਂ ਵਿਚ ਨਾਲੇ ਵਿਚ ਵਗਦੇ ਪਾਣੀ ਦੀ ਨਿਕਾਸੀ ਸਹੀ ਢੰਗ ਨਾਲ ਹੋ ਸਕੇ।

# ਅਮਿੱਟ ਯਾਦਾਂ ਛੱਡ ਗਿਆ ਬਾਬਾ ਮੀਆਂ ਲਾਲ ਜੀ ਦੀ ਯਾਦ 'ਚ ਲੱਗਾ ਸਾਲਾਨਾ ਮੇਲਾ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਮਾਨ ਸੈਂਡਵਾਲ ਵਿਖੇ ਬਾਬਾ ਮੀਆਂ ਲਾਲ ਜੀ ਦਾ ਸਾਲਾਨਾ ਮੇਲਾ ਬੜੀ ਹੀ ਸ਼ਰਧਾ ਤੇ ਧੂਮਧਾਮ



ਨਾਲ ਮਨਾਇਆ ਗਿਆ।ਮੇਲੇ ਦੀ ਸ਼ੁਰੂਆਤ ਦਰਬਾਰ ਦੀ ਮੁੱਖ ਸੇਵਾਦਾਰ ਬੀਬੀ ਸੁਖਵਿੰਦਰ ਕੌਰ ਤੇ ਦਰਬਾਰ ਬਾਬਾ ਸ਼ਾਹ ਮੁਰਾਲੀ ਦੇ ਮੁੱਖ ਸੇਵਾਦਾਰ ਬਾਬਾ ਅਜੈਪਾਲ ਸ਼ਾਹ ਜੀ ਨੇ ਹਾਜ਼ਰ ਸੰਗਤਾਂ ਨਾਲ ਮਿਲ ਕੇ ਹਲਦੀ ਦੀ ਰਸਮ ਸ਼ੁਰੂ ਕਰਕੇ ਕੀਤੀ। ਉਸਤੋਂ ਬਾਅਦ ਮਹਿੰਦੀ ਦੀ ਰਸਮ ਵੀ ਕੀਤੀ ਗਈ।ਇਸਦੇ ਨਾਲ ਹੀ 50 ਫੁੱਟ ਉੱਚਾ ਨਵਾਂ ਝੰਡਾ ਸਾਹਿਬ ਵੀ ਲਗਾਇਆ ਗਿਆ ਹੈ।ਇਸ ਮੇਲੇ ਵਿੱਚ ਪੰਜਾਬ ਦੀਆਂ ਪ੍ਰਸਿੱਧ ਕੱਵਾਲ ਪਾਰਟੀਆਂ ਰਾਕੇਸ਼ ਐਂਡ ਪਾਰਟੀ ਤੇ ਲੱਕੀ ਕੱਵਾਲ ਨੇ ਆਪਣੀ ਹਾਜ਼ਰੀ ਲਵਾਈ ਤੇ ਸੂਫੀ ਕਲਾਮ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਦਰਬਾਰ ਦੀ ਮੁੱਖ ਸੇਵਾਦਾਰ ਬੀਬੀ ਸੁਖਵਿੰਦਰ ਕੌਰ ਨੇ ਦੂਰੋਂ ਨੇੜਿਓਂ ਆਈਆਂ ਸੰਗਤਾਂ ਨੂੰ ਮੇਲੇ ਦੀਆਂ ਵਧਾਈਆਂ ਦਿੱਤੀਆਂ।ਇਸਦੇ ਨਾਲ ਹੀ ਦਰਬਾਰ ਬਾਬਾ ਸ਼ਾਹ ਮਰਾਲੀ ਜੀ ਦੇ ਮੁੱਖ ਸੇਵਾਦਾਰ ਬਾਬਾ ਅਜੈਪਾਲ ਸ਼ਾਹ ਵੀ ਉਚੇਚੇ ਤੌਰ ਤੇ ਦਰਬਾਰ ਤੇ ਨਤਮਸਤਕ ਹੋਣ ਲਈ ਪਹੁੰਚੇ।ਮੇਲੇ ਦੇ ਦੂਸਰੇ ਦਿਨ ਕਬੱਡੀ ਟੂਰਨਾਮੈਂਟ ਵੀ ਕਰਵਾਇਆ ਗਿਆ ਜਿਸ ਵਿਚ ਨਾਮੀਂ ਕਬੱਡੀ ਟੀਮਾਂ ਨੇ ਹਿੱਸਾ ਲਿਆ।ਇਸਦੇ ਨਾਲ ਹੀ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਇਆ ਗਿਆ।ਮੇਲਾ ਉਸ ਵੇਲੇ ਸਿਖਰਾਂ ਤੇ ਪਹੁੰਚਿਆ ਜਦੋਂ ਸਭ ਸੰਗਤਾਂ ਨੇ ਬਾਬਾ ਜੀ ਦੇ ਨਾਮ ਦੇ ਜੈਕਾਰੇ ਲਾਉਂਦੇ ਹੋਏ ਢੋਲ ਦੀ ਤਾਲ ਤੇ ਖੂਬ ਨੱਚ ਗਾ ਕੇ ਰੰਗ ਬੰਨ੍ਹਿਆ।ਇਸ ਮੌਕੇ ਸੇਵਾਦਾਰਾਂ ਵੱਲੋਂ ਸੰਗਤਾਂ ਨੂੰ ਬੜੀ ਸ਼ਰਧਾ ਨਾਲ ਲੰਗਰ ਛਕਾਇਆ ਗਿਆ। ਇਸ ਮੌਕੇ ਰਣਜੀਤ ਸਿੰਘ ਰਾਣਾ, ਕੁਲਬੀਰ ਕੌਰ, ਹਰਪਾਲ ਸਿੰਘ, ਬਾਜਾ ਢੋਲੀ, ਬੱਬੀ ਲੰਬੜਦਾਰ, ਕਪੂਰ ਸਿੰਘ ਬਿੱਟੂ, ਪਰਮਜੀਤ ਸਿੰਘ ਕਾਕਾ, ਮਨਜੀਤ ਸਿੰਘ ਟੇਲਰ, ਬਲਜੀਤ ਸਿੰਘ, ਸਰਬਜੀਤ ਕੌਰ, ਦਿਆਲ ਸਿੰਘ, ਕਿੰਦਰ, ਕੁਲਵੰਤ ਕੌਰ, ਰੌਸ਼ਨ ਸਿੰਘ, ਜਰਨੈਲ ਸਿੰਘ ਆਦਿ ਹਾਜ਼ਰ ਸਨ।

# ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ 'ਚ ਵਿਕਾਸ ਕਾਰਜ ਜਾਰੀ : ਚੇਅਰਮੈਨ ਮਹਿਤਾ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਹਲਕੇ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਦੇ ਚੱਲਦਿਆਂ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜ ਜਾਰੀ ਹਨ।ਇਹ ਪ੍ਰਗਟਾਵਾ ਚੇਅਰਮੈਨ ਮਾਨਿਕ ਮਹਿਤਾ ਨੇ ਵਾਰਡ ਨੰਬਰ 41 ਵਿਖੇ ਚੱਲ



ਰਹੇ ਵਿਕਾਸ ਕਾਰਜਾਂ ਸਬੰਧੀ ਕੀਤਾ।ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠਾਂ ਹਲਕਾ ਬਟਾਲਾ ਖਾਸ ਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜਾਂ ਜਾਰੀ ਹਨ ਅਤੇ ਲੋਕਾਂ ਦੀਆਂ ਲੰਮੇ ਸਮੇਂ ਤੋਂ ਰਹਿੰਦੇ ਕਾਰਜਾਂ ਨੂੰ ਮੁਕੰਮਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਨਿਰੰਤਰ ਜਾਰੀ ਹਨ ਅਤੇ ਚੱਲ ਰਹੇ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰ ਲਏ ਜਾਣਗੇ।ਉਨ੍ਹਾਂ ਦੱਸਿਆ ਕਿ ਮਹਿਜ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।ਆਵਾਜਾਈ ਨੂੰ ਹੋਰ ਸੁਖਾਲਾ ਕਰਨ ਲਈ ਸ਼ਹਿਰ ਵਿੱਚ ਟਰੈਫਿਕ ਲਾਈਟਾਂ ਲਗਾਈਆਂ ਜਾ ਰਹੀਆਂ ਹਨ। ਸਕੂਲ ਆਫ ਐਮੀਨੈਂਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜ਼ਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵਾਇਆ ਰਹੇ ਹਨ।ਸ਼ਾਨਦਾਰ ਪਾਰਕਾਂ ਦੀ ਉਸਾਰੀ ਕਰਵਾਉਣ ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।

# ਮੰਜੀ ਸਾਹਿਬ ਵਿਖੇ 5 ਜੁਲਾਈ ਨੂੰ ਹੋਵੇਗਾ ਵਿਸ਼ਾਲ ਪੰਥਕ ਇਕੱਠ : ਲੰਗਾਹ



**ਧਾਰੀਵਾਲ, (ਮਨਦੀਪ ਵਿੱਕੀ)**- ਪੰਜਵੇਂ ਪਾਤਸ਼ਾਹ ਦੀ ਚਰਨ ਛੋਹ ਪ੍ਰਾਪਤ ਇਤਿਹਾਸਿਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਗੁਰਦੁਆਰਿਆਂ ਦੇ ਮੈਨੇਜਰਾਂ, ਪ੍ਰਚਾਰਕਾਂ ਅਤੇ ਰਾਗੀ, ਢਾਡੀ ਤੇ ਕਵੀਸ਼ਰੀ ਜਥਿਆਂ ਦੀ ਇਕ ਅਹਿਮ ਪੰਥਕ ਮੀਟਿੰਗ ਹੋਈ। ਮੀਟਿੰਗ ਵਿੱਚ ਸਾਬਕਾ ਕੈਬਨਿਟ ਮੰਤਰੀ ਪੰਜਾਬ ਜਥੇ. ਸੁੱਚਾ ਸਿੰਘ ਲੰਗਾਹ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਬ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਪੰਥਕ ਮਸਲਿਆਂ, ਸਿੱਖ ਸੰਸਥਾਵਾਂ ਦੀ ਮਰਿਯਾਦਾ ਅਤੇ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਤੋਂ ਇਲਾਵਾ ਪੰਥਕ ਏਕਤਾ, ਸਿੱਖ ਨੌਜਵਾਨਾਂ ਨੂੰ ਇਤਿਹਾਸ ਨਾਲ ਜੋੜਨ, ਗੁਰਮਤਿ ਪ੍ਰਚਾਰ ਨੂੰ ਹੋਰ ਮਜ਼ਬੂਤ ਕਰਨ ਲਈ ਸੰਗਤਾਂ ਵਿੱਚ ਜਾਗਰੂਕਤਾ ਫੈਲਾਉਣ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਦੌਰਾਨ ਨੂੰ ਸੰਬੋਧਨ ਕਰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਪੰਜ ਸਿੰਘ ਸਾਹਿਬਾਨ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਕੀਤੇ ਗਏ ਹੁਕਮਨਾਮੇ ਅਨੁਸਾਰ ਮੁੱਖ ਮੰਤਰੀ ਮਾਨ ਨੂੰ ਗੁਰੂ ਦੋਖੀ ਅਤੇ ਖਾਲਸਾ ਪੰਥ ਵਿਰੋਧੀ ਕਰਾਰ ਦਿੱਤਾ ਗਿਆ ਹੈ, ਜਿਸ ਨੂੰ ਸਮੂਹ ਪੰਥ ਵੱਲੋਂ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਨੂੰ ਇਸ ਸੰਦੇਸ਼ ਪ੍ਰਤੀ ਜਾਗਰੂਕ ਕਰਨ ਅਤੇ ਪੰਥਕ ਏਕਤਾ ਦਾ ਪ੍ਰਗਟਾਵਾ ਕਰਨ ਲਈ 5 ਜੁਲਾਈ ਨੂੰ ਸ੍ਰੀ ਦਰਬਾਰ ਸਾਹਿਬ ਸਮੂਹ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਪੰਥਕ ਇਕੱਠ ਸੱਦਿਆ ਗਿਆ ਹੈ। ਜਥੇ.ਲੰਗਾਹ ਨੇ ਕਿਹਾ ਸ੍ਰੀ ਅਕਾਲ ਤਖਤ ਸਾਹਿਬ ਸਿੱਖ ਕੌਮ ਦੀ ਸਰਬਉੱਚ ਧਾਰਮਿਕ ਅਤੇ ਪੰਥਕ ਅਥਾਰਟੀ ਹੈ, ਜਿਥੋਂ ਜਾਰੀ ਹਰ ਆਦੇਸ਼ ਸਿੱਖ ਕੌਮ ਲਈ ਸਿਰ ਮੱਥੇ ਹੁੰਦਾ ਹੈ। ਕੋਈ ਵੀ ਵਿਅਕਤੀ ਜਾਂ ਸਰਕਾਰ ਅਕਾਲ ਤਖਤ ਸਾਹਿਬ ਦੀ ਮਹਾਨਤਾ ਨੂੰ ਚੁਣੌਤੀ ਦੇ ਕੇ ਕਦੇ ਕਾਮਯਾਬ ਨਹੀਂ ਹੋ ਸਕਦੀ।

# ਹਾਈ ਲੈਵਲ ਪੁਲ ਦੀ ਮੁੜ ਉਸਾਰੀ ਦਾ ਰੱਖਿਆ ਨੀਂਹ ਪੱਥਰ



**ਬਟਾਲਾ, (ਡਾ. ਮਲਵਿੰਦਰ ਸਿੰਘ)**- ਬਟਾਲਾ ਹਲਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ ਪਹਿਲ ਦੇ ਆਧਾਰ ਤੇ ਹੱਲ ਕੀਤੀਆਂ ਜਾ ਰਹੀਆਂ ਹਨ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਕਲਸੀ ਨੇ ਹਾਈ ਲੈਵਲ ਪੁਲ, ਓਵਰ ਡੱਲਾ ਡਰੇਨ ਕਰਾਸਿੰਗ ਕਾਦੀਆਂ-ਹਰਚੋਵਾਲ ਦੀ ਮੁੜ ਉਸਾਰੀ ਦਾ ਨੀਂਹ ਪੱਥਰ ਰੱਖਣ ਉਪਰੰਤ ਕੀਤਾ।ਇਸ ਮੌਕੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਭਲਾਈ ਸਕੀਮਾਂ ਲਾਗੂ ਕੀਤੀਆਂ ਗਈਆਂ ਹਨ ਅਤੇ ਵਿਕਾਸ ਕਾਰਜ ਜਾਰੀ ਹਨ।ਹਲਕਾ ਬਟਾਲਾ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕੇ ਅੰਦਰ ਚਹੁੰ-ਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਕਰੋੜਾਂ ਰੁਪਏ ਦੇ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ।ਬਟਾਲਾ ਹਲਕੇ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ, ਜਿਸ ਤਹਿਤ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ।ਪਿੰਡਾਂ ਵਿੱਚ ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ।ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ ਅਤੇ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਨਿਰੰਤਰ ਜਾਰੀ ਹਨ।

# ਮਨਰੇਗਾ ਕਾਨੂੰਨ ਬਾਰੇ ਸਰਕਾਰ ਵੱਲੋਂ ਲਏ ਯੂ-ਟਰਨ ਦੀ ਸਖਤ ਸ਼ਬਦਾਂ 'ਚ ਨਿੰਦਾ

**ਵਲਟੋਹਾ (ਰਣਜੀਤ ਸਿੰਘ)**- ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਸਹਿਕਾਰੀ ਖੰਡ ਮਿੱਲ ਸ਼ੇਰੋਂ ਦੀ ਮਾਲਕੀ ਬਦਲਣ ਵਿਰੁੱਧ ਲੱਗਿਆ ਪੱਕਾ ਮੋਰਚਾ ਅੱਜ 39ਵੇਂ ਦਿਨ ਵੀ ਜਾਰੀ ਰਿਹਾ ।ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਦੇ ਦੋਹਰੇ ਕਿਰਦਾਰ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ 30 ਦਸੰਬਰ ਨੂੰ ਮਨਰੇਗਾ ਕਾਨੂੰਨ ਵਿਰੁੱਧ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾ ਕੇ ਨਵੇਂ ਕਾਨੂੰਨ ਦੀ ਵਿਰੋਧਤਾ ਕਰ ਰਹੀ ਸੀ ਪਰ ਹੁਣ ਪੰਜਾਬ ਸਰਕਾਰ ਨੇ ਨਵੇਂ ਕਾਨੂੰਨ ਤੇ ਗਜ਼ਟ ਨੋਟੀਫਿਕੇਸ਼ਨ ਜਾਰੀ ਕਰ



ਦਿੱਤਾ ਹੈ।ਇਸ ਤੋਂ ਪਤਾ ਚੱਲਦਾ ਹੈ ਕਿ ਪੰਜਾਬ ਸਰਕਾਰ ਲੋਕਾਂ ਨਾਲ ਵਾਅਦਾ ਖਿਲਾਫੀ ਕਰ ਰਹੀ ਹੈ ਅਤੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਤੋਂ ਆਨਾ-ਕਾਨੀ ਕਰ ਰਹੀ ਹੈ।ਇਸ ਮੌਕੇ ਹਰਜਿੰਦਰ ਸਿੰਘ ਟਾਂਡਾ, ਮਨਜੀਤ ਸਿੰਘ ਬੱਗੂ, ਮਹਾਂਵੀਰ ਸਿੰਘ ਗਿੱਲ, ਨਛੱਤਰ ਸਿੰਘ ਪੰਨੂ, ਤਰਸੇਮ ਸਿੰਘ ਲੁਹਾਰ, ਇੰਦਰਜੀਤ ਸਿੰਘ ਮਰਹਾਨਾ, ਜੱਸਾ ਸਿੰਘ ਕੱਦਗਲ ਨੇ ਕਿਹਾ ਕਿ ਹਲਕਾ ਵਿਧਾਇਕ ਖਡੂਰ ਸਾਹਿਬ ਵੱਲੋਂ ਕਿਸਾਨਾਂ ਕੋਲੋਂ ਮੰਗ ਪੱਤਰ ਲੈਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ।ਆਉਣ ਵਾਲੇ ਦਿਨਾਂ ਵਿੱਚ ਮੀਟਿੰਗ ਕਰਕੇ ਉਸ ਦੇ ਹੰਕੜ ਭਰੇ ਰਵੱਈਏ ਵਿਰੁੱਧ ਐਕਸ਼ਨ ਉਲੀਕਿਆ ਜਾਏਗਾ।ਨੇਤਾਵਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਹ ਸਰਕਾਰੀ ਖੰਡ ਮਿੱਲ ਸੇਰੋਂ ਦੇ ਹਦੂਦ ਵਿੱਚ ਹੋ ਰਹੀ ਨਜਾਇਜ਼ ਉਸਾਰੀ 'ਤੇ ਤੁਰੰਤ ਪਾਬੰਦੀ ਲਗਾਵੇ।ਇਸ ਮੌਕੇ ਗੁਰਦਿਆਲ ਸਿੰਘ ਵਰਨਾਲਾ, ਬਲਦੇਵ ਸਿੰਘ ਅਹਿਮਦਪੁਰ, ਸੁਖਬਾਜ ਸਿੰਘ ਸਿੱਧੂ, ਅੰਗਰੇਜ਼ ਸਿੰਘ ਸਰਹਾਲੀ, ਹਰਵਿੰਦਰ ਸਿੰਘ ਮਿੱਡਾ ਵਲੀਪੁਰ, ਤਰਸੇਮ ਸਿੰਘ ਲੱਖਣਾ, ਸੁਵਿੰਦਰ ਸਿੰਘ ਲੁਹਾਰ, ਦਲਬੀਰ ਸਿੰਘ ਬੇਦਾਦਪੁਰ, ਸੁਖਚੈਨ ਸਿੰਘ ਬੇਦਾਦਪੁਰ, ਬਲਕਾਰ ਸਿੰਘ, ਬਚਿੱਤਰ ਸਿੰਘ, ਕੰਮੋਕੇ, ਸੁਖਦੇਵ ਸਿੰਘ, ਤਰਸੇਮ ਸਿੰਘ ਠੱਠੀਆਂ, ਲਖਵਿੰਦਰ ਸਿੰਘ ਧਰਦਿਓ, ਸਰਬਜੀਤ ਸਿੰਘ ਧਰਦਿਉ, ਸਰਦੂਲ ਸਿੰਘ, ਭੁੰਮਣ ਸਿੰਘ, ਗੁਰ ਸਾਹਿਬ ਸਿੰਘ ਵਡਾਲਾ, ਕਸ਼ਮੀਰ ਸਿੰਘ ਸਿੰਘ, ਅਮਰੀਕ ਸਿੰਘ ਫੌਜੀ, ਬਲਦੇਵ ਸਿੰਘ ਆਦਿ ਹਾਜ਼ਰ ਸਨ।

# ਪਲਸ ਪੋਲੀਓ ਰਾਊਂਡ ਦੌਰਾਨ ਛੋਟੇ ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਅਤੇ ਡਿਪਟੀ ਕਮਿਸ਼ਨਰ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ-ਕਮ-ਨੋਡਲ ਅਫ਼ਸਰ ਡਾ. ਵਰਿੰਦਰਪਾਲ ਕੌਰ ਦੀ ਅਗਵਾਈ ਹੇਠ ਪਲਸ ਪੋਲੀਓ ਰਾਊਂਡ ਦੌਰਾਨ ਜ਼ਿਲ੍ਹਾ ਹਸਪਤਾਲ ਤਰਨ ਤਾਰਨ ਵਿਖੇ ਛੋਟੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਪਲਸ ਪੋਲੀਓ ਮੁਹਿੰਮ ਮੌਕੇ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਨੇ ਕਿਹਾ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਕੁੱਲ 143447 ਜਨਮ ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣੀਆਂ ਯਕੀਨੀ ਬਣਾਈਆਂ ਜਾਣਗੀਆਂ ਅਤੇ ਕੋਲ ਚੇਨ ਦਾ ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਖ਼ਾਸ ਖ਼ਿਆਲ ਰੱਖਿਆ ਜਾ ਰਿਹਾ ਹੈ।ਡਾ. ਭਾਰਤੀ ਧਵਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜਨਮ ਤੋਂ 5 ਤੱਕ ਦੇ ਛੋਟੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਾਉਣ।ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ-ਕਮ-ਨੋਡਲ ਅਫ਼ਸਰ ਡਾ. ਵਰਿੰਦਰਪਾਲ ਕੌਰ ਨੇ ਦੱਸਿਆ ਕਿ



ਪਲਸ ਪੋਲੀਓ ਰਾਊਂਡ 28, 29 ਅਤੇ 30 ਜੂਨ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹੇ ਵਿੱਚ ਫਿਕਸ ਬੂਥ 574 , ਡੋਰ-ਟੂ-ਡੋਰ 1148 ਟੀਮਾਂ, 33 ਟ੍ਰਾਂਜ਼ਿਟ ਟੀਮਾਂ, 49 ਮੋਬਾਈਲ ਟੀਮਾਂ ਅਤੇ ਇਸ ਦੇ ਯੋਗ ਪ੍ਰਬੰਧਾਂ ਲਈ 2450 ਵੈਕਸੀਨੇਟਰ ਨਿਯੁਕਤ ਕੀਤੇ ਗਏ ਹਨ। ਡਾ.ਵਰਿੰਦਰਪਾਲ ਕੌਰ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਨ੍ਹਾਂ ਟੀਮਾ ਦੀ ਸੁਪਰਵਿਜ਼ਨ ਲਈ ਜ਼ਿਲ੍ਹੇ ਵਿੱਚ ਕੁੱਲ 114 ਸੁਪਰਵਾਈਜ਼ਰ ਵੀ ਤਾਇਨਾਤ ਕਰ ਦਿੱਤੇ ਗਏ ਹਨ ਅਤੇ ਵੱਖ-ਵੱਖ ਬਲਾਕਾਂ ਦੀ ਸੁਪਰਵਿਜ਼ਨ ਲਈ ਸਮੂਹ ਬਲਾਕਾ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਵੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ।ਇਸ ਮੌਕੇ ਸਿਵਲ ਹਸਪਤਾਲ ਦੇ ਡਾ. ਰਣਦੀਪ ਸਿੰਘ ਜ਼ਿਲ੍ਹਾ ਐਪੀਡਿਮੋਲੋਜਿਸਟ, ਡਾ. ਵਿਪੁਲ, ਡਾ. ਜ਼ਸਪਿੰਦਰ ਪਾਲ ਸਿੰਘ, ਡਾ. ਰੁਪਿੰਦਰ ਕੌਰ, ਡਾ. ਰੌਬਿਨ ਸਿੰਘ ਟੀ.ਬੀ. ਅਫ਼ਸਰ, ਡਾ. ਲਾਜਵੀਰ ਸਿੰਘ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ, ਹੈਲਥ ਸੁਪਰਵਾਈਜ਼ਰ ਭੁਪਿੰਦਰ ਸਿੰਘ, ਅਮਰਜੀਤ ਸਿੰਘ ਗਿੱਲ, ਐੱਲ.ਐਚ.ਵੀ ਜਸਬੀਰ ਕੌਰ, ਏ.ਐੱਨ.ਐੱਮ ਪ੍ਰਦੀਪ ਕੌਰ ਮਨਜਿੰਦਰ ਸਿੰਘ, ਜਸਪਿੰਦਰ ਸਿੰਘ, ਪ੍ਰਦੀਪ ਸਿੰਘ, ਆਰੂਸ਼ ਭੱਲਾ ਬੀ. ਸੀ. ਸੀ. ਕੋਆਰਡੀਨੇਟਰ, ਸੰਦੀਪ ਸਿੰਘ ਕੰਪਿਊਟਰ ਅਸਿਸਟੈਂਟ ਤੋਂ ਇਲਾਵਾ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਅਤੇ ਸਟਾਫ ਆਦਿ ਹਾਜ਼ਰ ਸੀ।

# ਫਲਾਈਓਵਰ ਹੇਠਾਂ ਖੜ੍ਹੀ ਲਾਵਾਰਿਸ ਬੱਸ ਤੁਰੰਤ ਹਟਾਉਣ ਦੀ ਮੰਗ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਸ਼ਹਿਰ ਦੇ ਸਭ ਤੋਂ ਰੁੱਝੇ ਹੋਏ ਮੁੱਖ ਚੌਕ, ਬੱਸ ਸਟੈਂਡ ਅਤੇ ਪੁਲਸ ਥਾਣੇ ਦੇ ਬਿਲਕੁਲ ਸਾਹਮਣੇ ਫਲਾਈਓਵਰ ਦੇ ਹੇਠਾਂ ਪਿਛਲੇ ਕਈ ਮਹੀਨਿਆਂ ਤੋਂ ਲਾਵਾਰਿਸ ਹਾਲਤ ਵਿੱਚ ਖੜ੍ਹੀ ਇੱਕ ਵੱਡੀ ਬੱਸ ਆਮ ਲੋਕਾਂ, ਸਥਾਨਕ ਦੁਕਾਨਦਾਰਾਂ ਅਤੇ ਰਾਹਗੀਰਾਂ ਲਈ ਵੱਡੀ ਮੁਸੀਬਤ ਦਾ ਸਬੱਬ ਬਣੀ ਹੋਈ ਹੈ। ਇਸ ਅਹਿਮ ਅਤੇ ਕੇਂਦਰੀ ਪੁਆਇੰਟ 'ਤੇ ਬੱਸ ਖੜ੍ਹੀ ਹੋਣ ਕਾਰਨ ਇੱਥੇ ਰੋਜ਼ਾਨਾ ਭਾਰੀ ਟ੍ਰੈਫਿਕ ਜਾਮ ਲੱਗ ਰਿਹਾ ਹੈ। ਸਥਾਨਕ ਲੋਕਾਂ ਅਤੇ ਚਸ਼ਮਦੀਦਾਂ ਅਨੁਸਾਰ ਇਸ ਲਾਵਾਰਿਸ ਬੱਸ ਕਾਰਨ ਇੱਥੇ ਰੋਜ਼ਾਨਾਹਾਦਸੇ ਵਾਪਰ ਰਹੇ ਹਨ। ਸਭ ਤੋਂ ਵੱਡੀ ਹੈਰਾਨੀ ਅਤੇ ਚਿੰਤਾ ਦੀ ਗੱਲ ਇਹ ਹੈ ਕਿ ਇਹ ਬੱਸ ਡੇਰਾਬੱਸੀ ਪੁਲਿਸ ਥਾਣੇ ਦੇ ਬਿਲਕੁਲ ਸਾਹਮਣੇ ਖੜ੍ਹੀ ਹੈ। ਅਜੇ ਤੱਕ ਇਹ ਸਾਫ਼ ਨਹੀਂ ਹੋ ਸਕਿਆ ਕਿ ਇਸ ਬੱਸ ਨੂੰ ਪੁਲਿਸ ਨੇ ਕਿਸੇ ਅਪਰਾਧਿਕ ਮਾਮਲੇ ਜਾਂ ਸੜਕ ਹਾਦਸੇ ਵਿੱਚ ਜ਼ਬਤ ਕੀਤਾ ਹੈ ਜਾਂ ਫਿਰ ਕਿਸੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਾਰਨ ਇਸ ਦਾ ਚਲਾਨ ਹੋਇਆ ਹੈ। ਕਾਰਨ ਚਾਹੇ ਕੋਈ ਵੀ ਹੋਵੇ, ਪਰ ਪ੍ਰਸ਼ਾਸਨ ਵੱਲੋਂ ਇਸ ਨੂੰ ਸੜਕ ਤੋਂ ਹਟਾ ਕੇ ਕਿਸੇ ਸੁਰੱਖਿਅਤ ਥਾਂ ਜਾਂ ਡੰਪਿੰਗ ਯਾਰਡ ਵਿੱਚ ਭੇਜਣ ਲਈ ਕੋਈ ਦਿਲਚਸਪੀ ਨਹੀਂ ਦਿਖਾਈ ਜਾ ਰਹੀ, ਜਿਸ ਦਾ ਖ਼ਾਮਿਆਜ਼ਾ ਆਮ ਜਨਤਾ ਨੂੰ ਭੁਗਤਣਾ ਪੈ ਰਿਹਾ ਹੈ। ਡੇਰਾਬੱਸੀ ਪੁਲਿਸ ਸਟੇਸ਼ਨ ਤੋਂ ਸਰਕਾਰੀ ਵਾਹਨਾਂ ਅਤੇ ਆਮ ਲੋਕਾਂ ਦੇ ਨਿਕਲਣ ਵਾਲੇ ਵਾਹਨਾਂ ਨੂੰ ਅੱਗੇ ਵਧਣ ਲਈ ਢੁਕਵਾਂ ਰਸਤਾ ਨਹੀਂ ਮਿਲਦਾ, ਜਿਸ ਕਾਰਨ ਥਾਣੇ ਦੇ ਗੇਟ ਅੱਗੇ ਵੀ ਜਾਮ ਦੀ ਸਥਿਤੀ ਬਣੀ ਰਹਿੰਦੀ ਹੈ। ਸਥਾਨਕ ਸਮਾਜ ਸੇਵੀਆਂ, ਵਪਾਰ ਮੰਡਲ ਦੇ ਆਗੂਆਂ, ਨਿਵਾਸੀਆਂ ਅਤੇ ਰਾਹਗੀਰਾਂ ਨੇ ਡੇਰਾਬੱਸੀ ਪੁਲਿਸ ਪ੍ਰਸ਼ਾਸਨ, ਟ੍ਰੈਫਿਕ ਪੁਲਿਸ ਅਤੇ ਸਥਾਨਕ ਸਿਵਲ ਪ੍ਰਸ਼ਾਸਨ (ਨਗਰ ਕੌਂਸਲ) ਤੋਂ ਪੁਰਜ਼ੋਰ ਮੰਗ ਕੀਤੀ ਹੈ ਇਸ ਬੱਸ ਨੂੰ ਇੱਥੋਂ ਤੁਰੰਤ ਹਟਵਾਇਆ ਜਾਵੇ।

# ਰੰਧਾਵਾ ਪਰਿਵਾਰਾਂ ਨੇ ਬਾਬਾ ਸਿੱਧ ਸੌਂ ਰੰਧਾਵਾ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)** ਹਿੰਦ-ਪਾਕਿ ਸਰਹੱਦ ਡੇਰਾ ਬਾਬਾ ਨਾਨਕ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਨੇੜੇ ਗੁਰਦੁਆਰਾ ਸ਼ਹੀਦ ਬਾਬਾ ਸਿੱਧ ਸੌਂ ਰੰਧਾਵਾ ਵਿਖੇ ਰੰਧਾਵਾ ਪਰਿਵਾਰਾਂ ਵੱਲੋਂ ਸ਼ਹੀਦ ਬਾਬਾ ਸਿੱਧ ਸੌਂ ਰੰਧਾਵਾ ਜੀ ਦਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਪ੍ਰੇਮ ਨਾਲ ਕਰਵਾਇਆ ਗਿਆ ।ਇਸ ਮੇਲੇ ਮੌਕੇ ਡੇਰਾ ਬਾਬਾ ਨਾਨਕ ਅਤੇ ਨਾਲ ਲੱਗਦੇ ਵੱਖ-ਵੱਖ ਪਿੰਡਾਂ ਦੇ ਰੰਧਾਵਾ ਪਰਿਵਾਰਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬਾਬਾ ਸਿੱਧ ਸ਼ੌਹ ਰੰਧਾਵਾ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੰਗਤਾਂ ਲਈ ਠੰਡੇ-ਮਿੱਠੇ ਜਲ ਦੀ ਛਬੀਲ ਅਤੇ ਲੰਗਰ ਲਗਾਇਆ ਗਿਆ ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਬਾਬਾ



ਸੁਖਦੇਵ ਸਿੰਘ, ਰੰਧਾਵਾ ਪਰਿਵਾਰਾਂ ਵਿੱਚੋਂ ਐਕਸੀਅਨ ਐੱਸ. ਪੀ. ਸਿੰਘ ਰੰਧਾਵਾ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਸਾਬਕਾ ਕੌਂਸਲਰ ਤਰਲੋਚਨ ਸਿੰਘ ਰੰਧਾਵਾ ਨੇ ਦੱਸਿਆਂ ਕਿ ਡੇਰਾ ਬਾਬਾ ਨਾਨਕ ਸਮੇਤ ਵੱਖ-ਵੱਖ ਪਿੰਡਾਂ ਦੇ ਸਮੂਹ ਰੰਧਾਵਾ ਪਰਿਵਾਰਾਂ ਵੱਲੋਂ ਸੰਗਤ ਦੇ ਸਹਿਯੋਗ ਨਾਲ ਸ਼ਹੀਦ ਬਾਬਾ ਸਿੱਧ ਸੌਂ ਰੰਧਾਵਾ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਪ੍ਰੇਮ ਨਾਲ ਕਰਵਾਇਆ ਗਿਆ ਹੈ ।ਇਸ ਮੌਕੇ ਸੂਬੇਦਾਰ ਜਤਿੰਦਰ ਸਿੰਘ, ਕੁਲਵੰਤ ਸਿੰਘ ਯੂਕੇ ਅਤੇ ਜੋਗਿੰਦਰ ਸਿੰਘ ਰੱਛੀਆਂ ਦੇ ਪਰਿਵਾਰ ਵੱਲੋਂ ਸੰਗਤਾਂ ਲਈ ਕੋਲਡ ਡਰਿੰਕਸ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਹੈ ਜਿਸ ਨੂੰ ਸੰਗਤਾਂ ਨੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਬੜੇ ਪਿਆਰ ਨਾਲ ਛਕਿਆ ਜਾ ਰਿਹਾ ਹੈ ।ਇਸ ਮੌਕੇ ਮੁਖਤਿਆਰ ਸਿੰਘ ਫੌਜੀ, ਕੌਂਸਲਰ ਹਰਿੰਦਰ ਸਿੰਘ, ਬਲਜੀਤ ਸਿੰਘ ਸਾਬੀ, ਮਲਕੀਤ ਸਿੰਘ ਸਾਬੀ, ਚਰਨਜੀਤ ਸਿੰਘ, ਐਕਸੀਅਨ ਐੱਸ. ਪੀ. ਸਿੰਘ ਰੰਧਾਵਾ, ਰਵਿੰਦਰ ਸਿੰਘ ਰੰਧਾਵਾ (ਸੋਨੂੰ ਟੀ ਟੀ), ਸੁਖਜੀਤ ਸਿੰਘ ਰੰਧਾਵਾ ਏਈਓ, ਮਾਸਟਰ ਪਲਵਿੰਦਰ ਸਿੰਘ, ਜਗਪ੍ਰੀਤ ਸਿੰਘ, ਸਰਬਜੀਤ ਸਿੰਘ ਫੌਜੀ, ਹਰਪ੍ਰੀਤ ਸਿੰਘ, ਹਰਪਿੰਦਰ ਸਿੰਘ ਮਿੰਟਾ, ਅਮਨ ਸਿੰਘ ਰੰਧਾਵਾ, ਹੀਰਾ ਸਿੰਘ, ਭੁਪਿੰਦਰ ਸਿੰਘ ਰੰਧਾਵਾ ਜੇ ਈ, ਗੁਰਚਰਨ ਸਿੰਘ, ਮਲਕੀਤ ਸਿੰਘ, ਜਸਕਰਨ ਸਿੰਘ, ਜਸ਼ਨਪ੍ਰੀਤ ਸਿੰਘ, ਪ੍ਰਥਮ ਵੀਰ ਸਿੰਘ, ਸਮਰਵੀਰ ਸਿੰਘ, ਗੁਰਸੀਰਤ ਕੌਰ, ਹਰਕੀਰਤ ਕੌਰ, ਹੀਰਾ ਸਿੰਘ ਮਨਜੀਤ ਸਿੰਘ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

# ਸ਼੍ਰੀ ਰਾਮ ਮੰਦਰ ਚਾਵਾ ਨੇ ਨਿਰਜਲਾ ਇਕਾਦਸ਼ੀ ਨੂੰ ਸਮਰਪਿਤ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ



**ਗੁਰਦਾਸਪੁਰ, (ਜਨਕ ਮਹਾਜਨ)**- ਸ੍ਰੀ ਰਾਮ ਮੰਦਰ ਚਾਵਾ ਦੀ ਪ੍ਰਬੰਧਕ ਕਮੇਟੀ ਨੇ ਨਿਰਜਲਾ ਇਕਾਦਸ਼ੀ ਨੂੰ ਸਮਰਪਿਤ ਠੰਢੇ-ਮਿੱਠੇ ਜਲ ਦੀ ਛਬੀਲ ਦੇ ਨਾਲ ਛੋਲਿਆਂ ਦੇ ਲੰਗਰ ਵੀ ਲਗਾਏ ਗਏ। ਇਸ ਸਬੰਧੀ ਪ੍ਰਬੰਧਕ ਕਮੇਟੀ ਦੇ ਆਗੂ ਸੂਬੇਦਾਰ ਬਲਵਿੰਦਰ ਸਿੰਘ ਪਠਾਨੀਆ, ਪ੍ਰਧਾਨ ਰਾਜ ਕੁਮਾਰ ਮਿਨਹਾਸ, ਕੁਲਵੰਤ ਸਿੰਘ ਕਾਟਲ, ਰਾਜੂ ਪਠਾਨੀਆ ਪ੍ਰਧਾਨ ਰਾਮ ਲੀਲਾ ਕਮੇਟੀ, ਨਰੇਸ਼ ਕੁਮਾਰ ਮਿਨਹਾਸ ਤੇ ਪਿੰਡ ਵਾਸੀਆਂ ਨੇ ਦੱਸਿਆ ਕਿ ਇਸ ਦਿਨ ਬਿਨਾਂ ਪਾਣੀ ਪੀਤੇ ਵਰਤ ਰੱਖਿਆ ਜਾਂਦਾ ਹੈ ਅਤੇ ਉਸ ਨੂੰ ਪਰਿਵਾਰਕ ਸੁਖਸ਼ਾਂਤੀ ਤੇ ਲੰਬੀ ਉਮਰ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਇਹ ਛਬੀਲ ਪਿੰਡ ਵਾਸੀਆਂ ਅਤੇ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹਰ ਸਾਲ ਲਗਾਈ ਜਾਂਦੀ ਹੈ। ਇਸ ਅੱਤ ਦੀ ਪੈ ਰਹੀ ਗਰਮੀ ਤੋਂ ਠੰਢਾ ਮਿੱਠਾ ਜਲ ਸੰਗਤਾਂ ਨੇ ਛਕਿਆ। ਇਸ ਮੌਕੇ ਛੋਲਿਆਂ ਦੇ ਲੰਗਰ ਵੀ ਲਗਵਾਏ ਜਾ ਰਹੇ ਹਨ। ਇਹ ਛਬੀਲ 4 ਤੋਂ 5 ਘੰਟੇ ਨਿਰੰਤਰ ਜਾਰੀ ਰਹੀ ਅਤੇ ਇਸ ਕਾਰਜ ਵਿਚ ਲੋਕਾਂ ਦਾ ਪੂਰਨ ਸਹਿਯੋਗ ਰਿਹਾ।

# ਤੇਜ਼ ਝੱਖੜ ਨੇ ਪੋਲਟਰੀ ਫਾਰਮ 'ਚ ਮਚਾਈ ਤਬਾਹੀ; ਲੱਖਾਂ ਦਾ ਨੁਕਸਾਨ



**ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ)**- ਬੀਤੀ ਰਾਤ ਤੇਜ਼ ਹਨੇਰੀ ਅਤੇ ਭਾਰੀ ਤੂਫਾਨ ਨੇ ਪੂਰੀ ਤਬਾਹੀ ਮਚਾਈ ਜਿਸ ਨਾਲ ਫਤਿਹਗੜ੍ਹ ਚੂੜੀਆਂ ਅਜਨਾਲਾ ਰੋਡ ਤੇ ਚਮਿਆਰੀ ਵਿਖੇ ਪੋਲਟਰੀ ਫਾਰਮ ਦੇ ਸ਼ੈੱਡ ਦਾ ਵੱਡਾ ਨੁਕਸਾਨ ਹੋਣ ਦਾ ਸਮਾਚਾਰ ਹੈ।ਇਸ ਸਬੰਧੀ ਜਤਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੀ ਰਾਤ ਆਏ ਭਾਰੀ ਬਾਰਸ਼ ਅਤੇ ਚਲੇ ਤੇਜ਼ ਝੱਖੜ ਅਤੇ ਤੂਫਾਨ ਕਾਰਨ ਪਰਫੈਕਟ ਪੋਲਟਰੀ ਪ੍ਰੋਡਕਟ ਬੀ ਡਬਲਿਊ ਆਈ. ਐੱਲ . ਪੀ ਕੂਲਿੰਗ ਪੈਡ ਉਡ ਗਏ ਅਤੇ ਟੀਨਾਂ ਵੀ ਨਸ਼ਟ ਹੋ ਗਈਆਂ ਜਿਸ ਨਾਲ ਉਸ ਦਾ ਲੱਖਾਂ ਰੁਪਿਆਂ ਦਾ ਨੁਕਸਾਨ ਹੋਇਆ ਹੈ।ਫਾਰਮ ਦੇ ਮਾਲਕ ਜਤਿੰਦਰ ਸਿੰਘ ਵੱਲੋਂ ਮੁਆਵਜ਼ੇ ਦੀ ਮੰਗ ਕੀਤੀ ਗਈ ਹੈ।

# ਸਤਿਗੁਰੂ ਕਬੀਰ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ



**ਛੇਹਰਟਾ, (ਮਨੋਜ ਕੁਮਾਰ)** : ਸਤਿਗੁਰੂ ਕਬੀਰ ਸਾਹਿਬ ਜੀ ਦਾ ਜਨਮ ਦਿਹਾੜਾ ਵੱਡਾ ਹਰੀਪੁਰਾ ਕੇਂਦਰੀ ਸਤਿਗੁਰੂ ਕਬੀਰ ਮੰਦਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਚੇਅਰਮੈਨ ਅਸ਼ੋਕ ਕੁਮਾਰ ਤੇ ਪ੍ਰਧਾਨ ਬੂਟਾ ਰਾਮ ਦੀ ਅਗਵਾਈ ਵਿਚ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸੀ. ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਵਿਸ਼ੇਸ਼ ਤੌਰ 'ਤੇ ਨਤਮਸਤਕ ਹੋਏ ਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਤਪਾਲ, ਤਿਲਕ ਰਾਜ, ਸੁਰਿੰਦਰ ਕੁਮਾਰ ਸ਼ਹਿਰੀਆਂ, ਕਿਸ਼ਨ ਲਾਲ ਬੱਬਾ, ਸਾਹਿਬ ਸਿੰਘ, ਵਰਦਾਨ ਭਗਤ, ਰੌਕੀ, ਤਿਲਕ ਰਾਜ, ਤਰੁਣ ਬੀਰ ਕੈਂਡੀ ਤੇ ਸ਼ਹਿਰ ਵਾਸੀ ਵੀ ਮੰਦਰ ਵਿਖੇ ਨਤਮਸਤਕ ਹੋਏ।

# ਐੱਸ ਆਈ ਆਰ ਤਹਿਤ ਹੁਣ ਤੱਕ ਜ਼ਿਲ੍ਹੇ 'ਚ 97.73 ਫੀਸਦੀ ਗਣਨਾ ਫਾਰਮ ਵੰਡੇ ਜਾ ਚੁੱਕੇ : ਜ਼ਿਲ੍ਹਾ ਚੋਣ ਅਫ਼ਸਰ

**ਗੁਰਦਾਸਪੁਰ, (ਜਨਕ ਮਹਾਜਨ)**- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ) ਪ੍ਰਕਿਰਿਆ, ਬੀਤੀ 25 ਜੂਨ ਤੋਂ ਆਰੰਭ ਹੋ ਚੁੱਕੀ ਹੈ ਅਤੇ ਜ਼ਿਲ੍ਹਾ ਗੁਰਦਾਸਪੁਰ ਵਿਖੇ 1553 ਬੀ. ਐੱਲ. ਓਜ਼ ਆਪਣੀ ਇਸ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਅਤੇ ਲਗਨ ਨਾਲ ਨਿਭਾਅ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ



ਉਪਲ ਨੇ ਦੱਸਿਆ ਕਿ ਘਰ-ਘਰ ਜਾ ਕੇ ਵੋਟਰਾਂ ਨੂੰ ਗਣਨਾ ਫਾਰਮ ਦੇਣ ਅਤੇ ਫਾਰਮ ਨੂੰ ਭਰਵਾਉਣ ਦੀ ਇਹ ਮੁਹਿੰਮ 24 ਜੁਲਾਈ ਤੱਕ ਜਾਰੀ ਰਹੇਗੀ ਅਤੇ ਹੁਣ ਤੱਕ ਜ਼ਿਲ੍ਹਾ ਮਾਨਸਾ ਦੇ ਸੱਤ ਵਿਧਾਨ ਸਭਾ ਹਲਕਿਆਂ ਵਿੱਚ ਵੋਟਰਾਂ ਨੂੰ 97.73 ਪ੍ਰਤੀਸ਼ਤ ਗਣਨਾ ਫਾਰਮਾਂ ਦੀ ਵੰਡ ਕੀਤੀ ਜਾ ਚੁੱਕੀ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਜਿਹੜੇ ਵੋਟਰਾਂ ਦੇ ਗਣਨਾ ਫਾਰਮ ਭਰੇ ਜਾਣਗੇ, ਉਨ੍ਹਾਂ ਦੇ ਨਾਮ 3 ਅਗਸਤ 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਮੁੱਢਲੀ ਵੋਟਰ ਸੂਚੀ ਵਿੱਚ ਦਰਜ ਕੀਤੇ ਜਾਣਗੇ। ਉਨ੍ਹਾਂ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ-ਆਪਣੇ ਖੇਤਰ ਦੇ ਬੀ. ਐੱਲ. ਓਜ਼ ਬਾਰੇ ਜਾਣਕਾਰੀ ਹਾਸਲ ਕਰਨ ਅਤੇ ਉਨ੍ਹਾਂ ਨਾਲ ਰਾਬਤਾ ਕਾਇਮ ਕਰਕੇ ਫਾਰਮ ਭਰਨ ਦੀ ਪ੍ਰਕਿਰਿਆ ਨੂੰ ਤਰਜੀਹ ਦੇ ਅਧਾਰ 'ਤੇ ਮੁਕੰਮਲ ਕਰਨ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹਰ ਬਾਲਗ ਵਿਅਕਤੀ ਦੀ ਵੋਟ ਲਾਜ਼ਮੀ ਬਣੇ, ਕਿਸੇ ਵੀ ਯੋਗ ਵਿਅਕਤੀ ਦੀ ਵੋਟ ਕੱਟੀ ਨਾ ਜਾਵੇ ਅਤੇ ਕੋਈ ਵੀ ਅਯੋਗ ਵੋਟ, ਵੋਟਰ ਸੂਚੀ ਵਿੱਚ ਦਰਜ ਨਾ ਹੋ ਸਕੇ। ਇਸ ਮੌਕੇ ਮਨਜਿੰਦਰ ਸਿੰਘ ਚੋਣ ਤਹਿਸੀਲਦਾਰ ਗੁਰਦਾਸਪੁਰ ਵੀ ਮੌਜੂਦ ਸਨ।

# ਗੁਰਦੁਆਰਾ ਬਾਬਾ ਦੀਪ ਸਿੰਘ ਵਿਖੇ ਚੱਲ ਰਿਹਾ ਸੱਤ ਰੋਜ਼ਾ ਦਸਤਾਰ ਤੇ ਦੁਮਾਲਾ ਸਿਖਲਾਈ ਕੈਂਪ ਸਮਾਪਤ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਪੰਜਾਬ ਦੀ ਜਵਾਨੀ ਦੀ ਸਾਂਭ-ਸੰਭਾਲ ਲਈ ਯਤਨਸ਼ੀਲ ਸੰਸਥਾ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ (ਰਜਿ.) ਪੰਜਾਬ ਵੱਲੋਂ 22 ਜੂਨ ਤੋਂ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪੱਟੀ ਰੋਡ ਭਿੱਖੀਵਿੰਡ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਸੱਤ ਰੋਜ਼ਾ ਦਸਤਾਰ ਤੇ ਦੁਮਾਲਾ ਸਿਖਲਾਈ ਕੈਂਪ ਮਿਥੇ ਟੀਚਿਆਂ ਨੂੰ ਹਾਸਲ ਕਰਨ ਉਪਰੰਤ ਬੀਤੇ ਕੱਲ੍ਹ ਸਮਾਪਤ ਹੋ ਗਿਆ। ਕੈਂਪ ਦੌਰਾਨ ਬੱਚਿਆਂ ਨੂੰ ਸੁੰਦਰ ਦਸਤਾਰ ਤੇ ਦੁਮਾਲਾ ਸਜਾਉਣ ਲਈ ਸਿਖਲਾਈ ਦੇਣ ਤੋਂ ਇਲਾਵਾ ਬੱਚਿਆਂ ਦੇ ਮੁਕਾਬਲੇ ਕਰਵਾਏ ਗਏ। ਕੈਂਪ 'ਚ ਸੁੰਦਰ ਦਸਤਾਰ ਤੇ ਦੁਮਾਲਾ ਸਜਾਉਣ ਦੀ ਸਿਖਲਾਈ ਦੇਣ ਲਈ ਬੱਚਿਆਂ ਦੇ ਚਾਰ ਗਰੁੱਪ ਅਤੇ ਸ਼ੁੱਧ ਪੰਜਾਬੀ ਲਿਖਾਈ ਮੁਕਾਬਲਿਆਂ ਲਈ ਦੋ ਗਰੁੱਪ ਬਣਾਏ ਗਏ। ਦਸਤਾਰ ਤੇ ਦੁਮਾਲਾ ਸਜਾਉਣ ਮੁਕਾਬਲੇ ਵਿੱਚ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਸ਼ੀਲਡਾਂ ਅਤੇ ਦਸਤਾਰਾਂ ਨਾਲ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਸਕੱਤਰ ਭਾਈ ਨਿਰਮਲ ਸਿੰਘ ਸੁਰਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ,ਖਜ਼ਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ ਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਵੱਲੋਂ ਉਚੇਚੇ ਤੌਰ ਤੇ ਸ਼ਿਰਕਤ ਕੀਤੀ ਗਈ।ਉਪਰੋਕਤ ਅਹੁਦੇਦਾਰਾਂ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ਼ਹੀਦ ਭਾਈ ਤਾਰੂ ਸਿੰਘ



ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ (ਰਜਿ.) ਪੰਜਾਬ ਸਮਾਜ ਵਿੱਚੋਂ ਬੁਰਾਈਆਂ ਨੂੰ ਖ਼ਤਮ ਕਰਨ ਤੇ ਬੱਚਿਆਂ ਨੂੰ ਧਾਰਮਿਕ ਸਿੱਖਿਆ ਨਾਲ ਜੋੜਨ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਦੱਸ ਦਈਏ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਜੱਜਮੈਂਟ ਦੀ ਭੂਮਿਕਾ ਸੀਨੀਅਰ ਦਸਤਾਰ ਕੋਚ ਅਕਾਸ਼ਦੀਪ ਸਿੰਘ ਪੱਟੀ, ਹਰਮਨਦੀਪ ਸਿੰਘ, ਹੁਸਨਦੀਪ ਸਿੰਘ, ਸੁਖਮਨਦੀਪ ਸਿੰਘ, ਗਗਨਦੀਪ ਸਿੰਘ ਭਿੱਖੀਵਿੰਡ ਅਤੇ ਰਣਬੀਰ ਸਿੰਘ ਵੀਰਮ ਵੱਲੋਂ ਨਿਭਾਈ ਗਈ।ਕੈਂਪ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਦੇ ਪ੍ਰਧਾਨ ਭਾਈ ਸੁਖਦੇਵ ਸਿੰਘ, ਮੈਨੇਜਰ ਭਾਈ ਦਲਜਿੰਦਰ ਸਿੰਘ,ਗ੍ਰੰਥੀ ਭਾਈ ਭੋਲਾ ਸਿੰਘ ਅਤੇ ਹੈੱਡ ਗ੍ਰੰਥੀ ਭਾਈ ਮਨਜੀਤ ਸਿੰਘ ਵੱਲੋਂ ਕੀਤੇ ਯਤਨਾਂ ਦੀ ਸੁਸਾਇਟੀ ਵੱਲੋਂ ਸ਼ਲਾਘਾ ਕੀਤੀ ਗਈ। ਇਸੇ ਤਰ੍ਹਾਂ ਸੁਸਾਇਟੀ ਵੱਲੋਂ ਕੈਂਪ ਦੌਰਾਨ ਬੱਚਿਆਂ ਲਈ ਖਾਣ-ਪੀਣ ਦੀ ਵਿਵਸਥਾ ਕਰਨ ਤੇ ਸ਼ੀਲਡਾਂ ਮੁਹੱਈਆ ਕਰਵਾਉਣ ਲਈ ਲਈ ਵਿਧਾਇਕ ਸਰਵਨ ਸਿੰਘ ਧੁੰਨ, ਸਿੰਘ ਜਿਊਲਰ, ਜੋਗਿੰਦਰ ਸਿੰਘ ਡੱਲ ਵਾਲੇ, ਪਰਮਜੀਤ ਸਿੰਘ, ਵਿਰਦੀ,ਸਤਵੰਤ ਸਿੰਘ, ਗੁਰਪ੍ਰੀਤ ਸਿੰਘ ਫੌਜੀ,ਗੁਰਜੰਟ ਸਿੰਘ ਕਿਰਪਾਨਾਂ ਵਾਲੇ, ਗੁਰਵਰਿਆਮ ਸਿੰਘ, ਕਵਲਜੀਤ ਸਿੰਘ, ਮਨਜੀਤ ਸਿੰਘ ਕੌਂਸਲਰ, ਭੁੱਲਰ ਫਰਨੀਚਰ ਹਾਊਸ,ਲਾਲੀ ਸਵੀਟਸ ਸ਼ਾਪ, ਬਿੱਟੂ ਸਵੀਟਸ ਸ਼ਾਪ ਦਾ ਧੰਨਵਾਦ ਕੀਤਾ ਗਿਆ। ਅੰਤ 'ਚ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਦਸਤਾਰ ਕੁਆਰਡੀਨੇਟਰ ਹਰਪ੍ਰੀਤ ਸਿੰਘ ਪੱਟੀ, ਹਰਜੀਤ ਸਿੰਘ ਲਹਿਰੀ, ਵਜ਼ੀਰ ਸਿੰਘ ਆਸਲ, ਸਾਜਨਪ੍ਰੀਤ ਸਿੰਘ ਮਰਗਿੰਦਪੁਰਾ, ਨਿੰਦਰ ਪਾਲ ਸਿੰਘ ਮਖੂ, ਪ੍ਰੈੱਸ ਸਕੱਤਰ ਅਜੀਤ ਸਿੰਘ ਘਰਿਆਲਾ, ਗੁਰਪ੍ਰੀਤ ਸਿੰਘ ਸੈਡੀ ਵੱਲੋਂ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਸਹਿਯੋਗ ਕਰਨ ਵਾਲੀਆਂ ਤਮਾਮ ਸ਼ਖ਼ਸ਼ੀਅਤਾਂ ਦਾ ਧੰਨਵਾਦ ਕੀਤਾ ਗਿਆ।



ਸੀਨੀਅਰ ਮੈਡੀਕਲ ਅਫਸਰ ਕਸੇਲ ਡਾ. ਅਮਿਤਾ ਸੋਂਧੀ ਦੀ ਅਗਵਾਈ ਹੇਠ ਸੀਐੱਚਸੀ ਕਸੇਲ ਅਧੀਨ ਆਉਂਦੇ ਸਬ ਸੈਂਟਰ ਸਰਾਏ ਅਮਾਨਤ ਖਾਨ ਵਿਖੇ ਪਲਸ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ ਅਤੇ ਦਸ ਲੱਖ ਵਾਲੇ ਹੈਲਥ ਕਾਰਡ ਬਣਾਏ ਗਏ।ਇਸ ਮੌਕੇ ਐੱਸ. ਐੱਮ. ਓ ਡਾਕਟਰ ਅਮਿਤਾ ਸੋਂਧੀ, ਨੋਡਲ ਅਫ਼ਸਰ ਡਾਕਟਰ ਗੁਰਪ੍ਰਤਾਪ ਸਿੰਘ, ਐੱਸ. ਆਈ. ਪਰਮਿੰਦਰ ਸਿੰਘ, ਰਮਨ ਕੁਮਾਰ ਮ ਪ ਹ ਵ ਮੇਲ, ਆਸ਼ਾ ਵਰਕਰ ਪਰਮਜੀਤ ਕੌਰ, ਬਲਜਿੰਦਰ ਕੌਰ ਬੀ ਈ ਈ ਅਤੇ ਸਤਪਾਲ ਸਿੰਘ ਮੌਜੂਦ ਸਨ।

(ਫੋਟੋ ਤੇ ਵੇਰਵਾ : ਹਰਜਿੰਦਰ ਸਿੰਘ ਸੋਨੀ, ਝਬਾਲ)

ਨਵਾਂ ਜ਼ਮਾਨਾ
ਮੰਗਲਵਾਰ, 30 ਜੂਨ 2026

# ਮੋਹ ਭੰਗ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜਿਸ ਡੋਨਾਲਡ ਟਰੰਪ ਨੂੰ ਬੇਹੱਦ ਕਰੀਬੀ ਦੋਸਤ ਕਹਿੰਦੇ ਨਹੀਂ ਥੱਕਦੇ, ਉਸ ਦੀਆਂ ਨੀਤੀਆਂ ਪ੍ਰਤੀ ਅਮਰੀਕਾ ਰਹਿੰਦੇ ਭਾਰਤੀਆਂ ਦਾ ਭਰੋਸਾ ਘਟ ਕੇ ਰਿਕਾਰਡ ਹੇਠਲੇ ਪੱਧਰ ਤੱਕ ਪਹੁੰਚ ਗਿਆ ਹੈ। ਅਮਰੀਕਾ ਪ੍ਰਤੀ ਭਾਰਤੀਆਂ ਦੀ ਰਾਇ 25 ਸਾਲਾਂ ਵਿੱਚ ਸਭ ਤੋਂ ਵੱਧ ਨਕਾਰਾਤਮਕ ਪੱਧਰ ’ਤੇ ਪਹੁੰਚ ਗਈ ਹੈ। ਇਹ ਸਥਿਤੀ ਟਰੰਪ ਦੀਆਂ ਟੈਰਿਫ ਨੀਤੀਆਂ, ਸਖ਼ਤ ਇਮੀਗ੍ਰੇਸ਼ਨ ਨਿਯਮਾਂ ਅਤੇ ਈਰਾਨ ਤੇ ਗਾਜ਼ਾ ਵਰਗੇ ਟਕਰਾਵਾਂ ਕਾਰਨ ਹੈ। ਇਹ ਗੱਲ ‘ਪਿਊ’ ਦੇ ਸਰਵੇਖਣ ਵਿੱਚ ਸਾਹਮਣੇ ਆਈ ਹੈ। ਪਿਊ ਰਿਸਰਚ ਸੈਂਟਰ ਦੁਨੀਆ ਭਰ ਵਿੱਚ ਜਨਤਕ ਰਾਇ ਲਈ ਇੱਕ ਸਤਿਕਾਰਤ ਸੰਸਥਾ ਹੈ। ਪਿਊ ਸਰਵੇਖਣ ਮੁਤਾਬਕ ਹੁਣ ਸਿਰਫ 45 ਪ੍ਰਤੀਸ਼ਤ ਭਾਰਤੀਆਂ ਦੀ ਅਮਰੀਕਾ ਪ੍ਰਤੀ ਸਕਾਰਾਤਮਕ ਰਾਇ ਹੈ, ਜਦੋਂ ਕਿ 31 ਪ੍ਰਤੀਸ਼ਤ ਦਾ ਨਕਾਰਾਤਮਕ ਵਿਚਾਰ ਹੈ। ਇਸ ਨੂੰ 2002 ਤੋਂ ਬਾਅਦ ਸਭ ਤੋਂ ਵੱਧ ਨਕਾਰਾਤਮਕ ਅੰਕੜਾ ਮੰਨਿਆ ਜਾ ਰਿਹਾ ਹੈ।

2025 ਦੇ ਸਰਵੇਖਣ ਵਿੱਚ 52 ਪ੍ਰਤੀਸ਼ਤ ਭਾਰਤੀਆਂ ਨੇ ਟਰੰਪ ਵਿੱਚ ਵਿਸ਼ਵਾਸ ਪ੍ਰਗਟ ਕੀਤਾ, ਜਦੋਂ ਕਿ ਅਮਰੀਕਾ ਬਾਰੇ ਸਕਾਰਾਤਮਕ ਰਾਇ 54 ਪ੍ਰਤੀਸ਼ਤ ਅਤੇ ਨਕਾਰਾਤਮਕ ਸਿਰਫ 19 ਪ੍ਰਤੀਸ਼ਤ ਸੀ। ਟਰੰਪ ਨੇ ਕਈ ਮੌਕਿਆਂ ’ਤੇ ਮੋਦੀ ਨੂੰ ਆਪਣਾ ‘ਲੰਬੇ ਸਮੇਂ ਦਾ ਦੋਸਤ’, ‘ਮਹਾਨ ਦੋਸਤ’ ਅਤੇ ‘ਮੇਰਾ ਦੋਸਤ’ ਕਿਹਾ ਹੈ। ਮੋਦੀ ਨੇ ਟਰੰਪ ਨੂੰ ‘ਮੇਰਾ ਦੋਸਤ, ਰਾਸ਼ਟਰਪਤੀ ਡੋਨਾਲਡ ਟਰੰਪ’ ਕਿਹਾ ਹੈ। 2025-2026 ਵਿੱਚ ਟੈਰਿਫ, ਵਪਾਰਕ ਤਣਾਅ, ਰੂਸੀ ਤੇਲ ਅਤੇ ਹੋਰ ਮੁੱਦਿਆਂ ਦੇ ਬਾਵਜੂਦ, ਦੋਵਾਂ ਨੇਤਾਵਾਂ ਨੇ ਜਨਤਕ ਤੌਰ ’ਤੇ ਆਪਣੀ ਨਿੱਜੀ ਦੋਸਤੀ ’ਤੇ ਜ਼ੋਰ ਦਿੱਤਾ ਹੈ।

ਤਾਂ ਫਿਰ ਕਿਹੜੇ ਮੁੱਦਿਆਂ ’ਤੇ ਭਾਰਤੀ ਟਰੰਪ ਤੋਂ ਨਾਰਾਜ਼ ਹਨ?

ਪਿਊ ਸਰਵੇਖਣ ਮੁਤਾਬਕ ਭਾਰਤੀ ਟਰੰਪ ਪ੍ਰਸ਼ਾਸਨ ਦੇ ਟੈਰਿਫ, ਈਰਾਨ ਤੇ ਵੈਨੇਜ਼ੂਏਲਾ ਬਾਰੇ ਫੈਸਲੇ, ਸਖਤ ਇਮੀਗ੍ਰੇਸ਼ਨ ਨੀਤੀ, ਗਾਜ਼ਾ ’ਤੇ ਇਜ਼ਰਾਈਲੀ ਹਮਲਿਆਂ ਪ੍ਰਤੀ ਰੁਖ, ਰੂਸ-ਯੂਕਰੇਨ ਯੁੱਧ ਨਾਲ ਨਜਿੱਠਣ ਅਤੇ ਕੌਮਾਂਤਰੀ ਏਜੰਸੀਆਂ ਦੀ ਸਹਾਇਤਾ ਬੰਦ ਕਰਨ ਦੇ ਫੈਸਲਿਆਂ ਤੋਂ ਨਾਰਾਜ਼ ਹਨ। ਸਿਰਫ 32 ਪ੍ਰਤੀਸ਼ਤ ਭਾਰਤੀਆਂ ਨੇ ਟਰੰਪ ਦੀ ਇਮੀਗ੍ਰੇਸ਼ਨ ਨੀਤੀ ਦਾ ਸਮਰਥਨ ਕੀਤਾ, ਸਿਰਫ 28 ਪ੍ਰਤੀਸ਼ਤ ਨੇ ਈਰਾਨ ਨੀਤੀ ਦਾ ਸਮਰਥਨ ਕੀਤਾ ਅਤੇ ਸਿਰਫ 17 ਪ੍ਰਤੀਸ਼ਤ ਨੇ ਵੈਨੇਜ਼ੂਏਲਾ ਨੀਤੀ ਦਾ ਸਮਰਥਨ ਕੀਤਾ।

2009 ਵਿੱਚ ਬਰਾਕ ਓਬਾਮਾ ਰਾਸ਼ਟਰਪਤੀ ਬਣੇ, ਤਾਂ ਰਿਕਾਰਡ 76 ਪ੍ਰਤੀਸ਼ਤ ਭਾਰਤੀ ਅਮਰੀਕੀ ਨੀਤੀਆਂ ਨਾਲ ਸਹਿਮਤ ਸਨ। ਓਬਾਮਾ ਨੂੰ ਭਾਰਤੀਆਂ ਤੋਂ ਸਭ ਤੋਂ ਵੱਧ ਸਮਰਥਨ ਮਿਲਿਆ, 2009 ਵਿੱਚ 77 ਪ੍ਰਤੀਸ਼ਤ ਅਤੇ 2015 ਵਿੱਚ 75 ਪ੍ਰਤੀਸ਼ਤ ਨੇ ਉਸ ਵਿੱਚ ਵਿਸ਼ਵਾਸ ਪ੍ਰਗਟ ਕੀਤਾ। ਦਿਲਚਸਪ ਗੱਲ ਇਹ ਹੈ ਕਿ ਟਰੰਪ ਦੇ ਪਹਿਲੇ ਕਾਰਜਕਾਲ ਦੌਰਾਨ 2017 ’ਚ ਉਸ ਪ੍ਰਤੀ ਵਿਸ਼ਵਾਸ 40 ਪ੍ਰਤੀਸ਼ਤ ਸੀ। 2020 ਤੱਕ ਇਹ ਵਧ ਕੇ 56 ਪ੍ਰਤੀਸ਼ਤ ਹੋ ਗਿਆ। ਇਸੇ ਸਮੇਂ ਦੌਰਾਨ ਅਮਰੀਕਾ ਬਾਰੇ ਸਕਾਰਾਤਮਕ ਰਾਇ ਵੀ 60 ਪ੍ਰਤੀਸ਼ਤ ਤੱਕ ਪਹੁੰਚ ਗਈ। ਹਾਲਾਂਕਿ, ਉਸ ਦੇ ਦੂਜੇ ਕਾਰਜਕਾਲ ਦੌਰਾਨ, ਸ਼ੁਰੂਆਤੀ ਸਕਾਰਾਤਮਕ ਭਾਵਨਾ ਹੌਲੀ-ਹੌਲੀ ਨਕਾਰਾਤਮਕ ਹੋ ਗਈ ਅਤੇ ਹੁਣ ਦੋਵੇਂ ਅੰਕੜੇ ਰਿਕਾਰਡ ਹੇਠਲੇ ਪੱਧਰ ’ਤੇ ਪਹੁੰਚ ਗਏ ਹਨ।

ਮਾਹਰਾਂ ਦਾ ਮੰਨਣਾ ਹੈ ਕਿ ਟਰੰਪ ਪ੍ਰਸ਼ਾਸਨ ਦੀ ਵਿਦੇਸ਼ ਨੀਤੀ, ਵਪਾਰ ਟੈਰਿਫ, ਇਮੀਗ੍ਰੇਸ਼ਨ ਨਿਯਮਾਂ ਅਤੇ ਕੌਮਾਂਤਰੀ ਟਕਰਾਵਾਂ ’ਤੇ ਰੁਖ ਨੇ ਭਾਰਤੀਆਂ ਦੀ ਰਾਇ ਨੂੰ ਪ੍ਰਭਾਵਤ ਕੀਤਾ ਹੈ। ਇਹੀ ਕਾਰਨ ਹੈ ਕਿ ਭਾਰਤੀਆਂ ਦੀ ਅਮਰੀਕਾ ਪ੍ਰਤੀ ਸਕਾਰਾਤਮਕ ਧਾਰਨਾ ਵਿੱਚ ਕਾਫੀ ਗਿਰਾਵਟ ਆਈ ਹੈ। ਸਰਵੇਖਣ ਇਹ ਵੀ ਦਰਸਾਉਂਦਾ ਹੈ ਕਿ ਭਾਰਤ-ਅਮਰੀਕਾ ਰਣਨੀਤਕ ਸੰਬੰਧ ਭਾਵੇਂ ਮਜ਼ਬੂਤ ਬਣੇ ਹੋਏ ਹਨ, ਆਮ ਭਾਰਤੀਆਂ ਵਿੱਚ ਅਮਰੀਕੀ ਲੀਡਰਸ਼ਿਪ ਤੇ ਇਸ ਦੀਆਂ ਨੀਤੀਆਂ ਵਿੱਚ ਵਿਸ਼ਵਾਸ ਵਿੱਚ ਕਾਫੀ ਗਿਰਾਵਟ ਆਈ ਹੈ।

## ਪਾਠਕ-ਸੱਥ

### ਐਸ ਆਈ ਆਰ

ਐਸ ਆਈ ਆਰ ਵਿਸ਼ੇਸ਼ ਮੁਹਿੰਮ ਹੈ, ਜਿਸ ਵਿੱਚ ਚੋਣ ਕਮਿਸ਼ਨ ਵੋਟਰ ਸੂਚੀਆਂ ਦੀ ਜਾਂਚ ਕਰਦਾ ਹੈ। ਇਸ ਸੂਚੀ ਵਿੱਚ ਨਵੇਂ ਵੋਟਰ ਜੋੜੇ ਜਾਂਦੇ ਹਨ ਤੇ ਜਿਨ੍ਹਾਂ ਦੀ ਦੋ ਜਗ੍ਹਾ ਤੇ ਵੋਟ ਹੈ, ਜਾਂ ਇਨਸਾਨ ਮਰ ਗਿਆ ਹੈ, ਉਹ ਵੋਟ ਰੱਦ ਹੋ ਜਾਂਦੀ ਹੈ। ਐਸ ਆਈ ਆਰ ਯਕੀਨੀ ਬਣਾਉਂਦਾ ਹੈ ਕਿ ਵੋਟਰ ਸੂਚੀ ਵਿੱਚ ਸਿਰਫ਼ ਯੋਗ ਤੇ ਅਸਲੀ ਵੋਟਰ ਦੇ ਨਾਮ ਹੀ ਹਨ। ਦੋਹਰੀ ਵੋਟਾਂ ਦੀ ਪਛਾਣ ਕਰਕੇ ਇੱਕ ਵੋਟ ਰੱਦ ਕੀਤੀ ਜਾ ਸਕਦੀ ਹੈ।ਪੰਜਾਬ @ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਨੂੰ ਲੈ ਕੇ ਤਿਆਰੀਆਂ ਤਾਂ ਪਹਿਲਾਂ ਹੀ ਚੱਲ ਰਹੀਆਂ ਸਨ, ਪਹਿਲਾਂ ਬੀਐਲ ਓਜ਼ ਵੱਲੋਂ ਮੈਪ ਬਣਾਏ ਗਏ। ਜੋ 2003 ਦੀ ਵੋਟਰ ਸੂਚੀ ਹੈ ਉਸ ਵਿੱਚ ਚੋਣ ਅਧਿਕਾਰੀ ਤੁਹਾਡੇ ਨਾਂ ਨੂੰ ਤੁਹਾਡੇ ਪਰਿਵਾਰ ਦੇ ਮੈਂਬਰਾਂ ਦੇ ਨਾਮ ਨਾਲ ਲਿੰਕ ਕਰ ਸਕਦੇ ਹਨ। ਇਸ ਨੂੰ ਵੋਟ ਮੈਪਿੰਗ ਵੀ ਕਿਹਾ ਜਾਂਦਾ ਹੈ।ਹੁਣ 25 ਜੂਨ ਤੋਂ ਬੀ ਐਲ ਓਜ਼ ਘਰ ਘਰ ਜਾ ਕੇ ਵੋਟਰ ਤਸਦੀਕ ਦਾ ਕੰਮ ਸ਼ੁਰੂ ਕਰ ਦਿੱਤਾ ਹੈ। ਇੱਕ ਫਾਰਮ ਜਿਸ ਤੇ ਫੋਟੋ ਲੱਗੀ ਹੋਈ ਹੈ ਉਸ ਵਿੱਚ ਉਮੀਦਵਾਰ ਨੂੰ ਆਪਣੇ ਆਧਾਰ ਕਾਰਡ, ਵੋਟਰ ਆਈਡੀ ਨੰਬਰ ਭਰ ਕੇ ਦੇਣਾ ਹੈ। ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਵਾਰ-ਵਾਰ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਤਿੰਨ ਵਾਰ ਬੀ ਐਲ ਓਜ ਘਰ ਆਉਣਗੇ। ਜੇ ਘਰ ਨੂੰ ਤਾਲਾ ਲੱਗਿਆ ਹੋਇਆ ਹੈ ਤਾਂ ਬੀ ਐਲ ਓਜ਼ ਸਟੀਕਰ ਲਗਾ ਕੇ ਜਾਣਗੇ। ਫਾਰਮ ਨਾਲ ਜਿਹੜੇ ਤੁਸੀਂ ਆਪਣੇ ਕਾਗਜ਼ ਨੱਥੀ ਕਰਨੇ ਹਨ, ਉਹ ਦਸਵੀਂ ਸਰਟੀਫਿਕੇਟ ,ਪੈਨ ਕਾਰਡ, ਜਨਮ ਸਰਟੀਫਿਕੇਟ ,ਜਾਤੀ ਸਰਟੀਫਿਕੇਟ ਜਾਂ ਘਰ ਦੀ ਰਜਿਸਟਰੀ ਜਾਂ ਇੰਤਕਾਲ। ਜੇ ਤੁਹਾਡਾ 2003 ਦੀ ਸੂਚੀ ਵਿੱਚ ਨਾ ਦਰਜ ਨਹੀਂ ਹੈ ਤਾਂ ਘਬਰਾਉਣ ਦੀ ਜ਼ਰੂਰਤ ਨਹੀਂ ਹੈ। ਤੁਸੀਂ ਫਿਰ ਆਪਣੇ ਦਸਤਾਵੇਜ਼ ਲਗਾ ਕੇ ਆਪਣੀ ਵੋਟ ਬਣਵਾ ਸਕਦੇ ਹੋ। ਐਸ ਆਈ ਆਰ ਦੌਰਾਨ ਗੈਰ ਕਾਨੂੰਨੀ ਤੌਰ ਤੇ ਵੋਟ ਕੱਟਣ ਜਾਂ ਸ਼ਾਮਿਲ ਕਰਨ ਤੇ ਇਤਰਾਜ਼ ਜਤਾਇਆ ਜਾ ਸਕਦਾ ਹੈ। ਬੀ ਐਲ ਓਜ਼ ਤੁਹਾਡੇ ਹਰ ਇੱਕ ਸਵਾਲਾਂ ਦੇ ਜਵਾਬ ਦੇਣਗੇ। ਜੇਕਰ ਹੁਣ ਕੋਈ ਵਿਅਕਤੀ ਵਿਦੇਸ਼ ਦੀ ਨਾਗਰਿਕਤਾ ਲੈ ਕੇ ਬੈਠ ਗਿਆ ਹੈ ਤਾਂ ਉਹ ਦੋ ਦੇਸ਼ਾਂ ਦੀ ਨਾਗਰਿਕਤਾ ਨਹੀਂ ਲੈ ਸਕਦਾ। ਜਿਹੜੇ ਪੰਜਾਬੀ ਵਿਦੇਸ਼ਾਂ ਵਿੱਚ ਹਜੇ ਕੱਚੇ ਹਨ ਜਿਨ੍ਹਾਂ ਕੋਲ ਭਾਰਤੀ ਪਾਸਪੋਰਟ ਹੈ, ਉਹ ਭਾਰਤ ਵਿੱਚ ਵੋਟ ਦੇ ਹੱਕਦਾਰ ਹਨ। ਵਿਦੇਸ਼ ਗਏ ਵਿਅਕਤੀਆਂ ਦੇ ਪਰਿਵਾਰਿਕ ਮੈਂਬਰ ਜੇ ਬੀਐਲ ਓਜ਼ ਨੂੰ ਸਾਰੀ ਜਾਣਕਾਰੀ ਸਹੀ ਦਿੰਦੇ ਹਨ ਤਾਂ ਬੀ ਐਲ ਓਜ਼ ਉਹਨਾਂ ਦੀ ਵੋਟਰ ਸੂਚੀ ਦੇ ਨਾਂ ਨਹੀਂ ਕੱਟ ਸਕਦਾ । ਪ੍ਰਵਾਸੀਆਂ ਨੂੰ ਪੰਜਾਬ ਵਿੱਚ ਵੋਟਰ ਕਾਰਡ ਬਣਵਾਉਣ ਲਈ ਇਥੋਂ ਦਾ ਜਿਵੇਂ -ਰੈਂਟ ਐਗਰੀਮੈਂਟ, ਪਾਣੀ ਜਾਂ ਬਿਜਲੀ ਜਾਂ ਟੈਲੀਫੋਨ ਦਾ ਬਿੱਲ ,ਕਿਸੇ ਵੀ ਸਰਕਾਰੀ ਬੈਂਕ ਦੀ ਪਾਸ ਬੁੱਕ ਪ੍ਰੂਫ ਵੱਜੋਂ ਦੇਣੇ ਪੈਣਗੇ। ਅਕਤੂਬਰ ਦੇ ਪਹਿਲੇ ਹਫਤੇ ਵੋਟਰ ਸੂਚੀ ਜਨਤਕ ਕਰ ਦਿੱਤੀ ਜਾਵੇਗੀ। ਜਿਹੜੇ ਯੋਗ ਵੋਟਰ ਹੋਣਗੇ ਉਹਨਾਂ ਦਾ ਸੂਚੀ ਵਿੱਚ ਨਾਮ ਆਏਗਾ। ਅਸੀਂ ਆਪਣੇ ਫਰਜ਼ਾਂ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਈਏ ਤਾਂ ਜੋ ਇਹ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹੇ।

-ਸੰਜੀਵ ਸਿੰਘ ਸੈਣੀ, ਮੋਹਾਲੀ,78889-66168

# ਕੀ ਅਮਰੀਕਾ ਦਾ ਹਮਲਾਵਰ ਰੁਖ਼ ਮੱਠਾ ਪਵੇਗਾ



ਡਾ. ਸੁਰਿੰਦਰ ਮੰਡ (ਪ੍ਰੋਫੈਸਰ)

ਅਮਰੀਕਾ ਅਤੇ ਈਰਾਨ ਦਰਮਿਆਨ ਜੰਗ ਰੁਕਣ ਦੀ ਖ਼ਬਰ ਨਾਲ ਇਜ਼ਰਾਈਲ ਨੂੰ ਛੱਡ ਕੇ ਬਾਕੀ ਸਾਰੀ ਦੁਨੀਆ ਨੇ ਸੁਖ ਦਾ ਸਾਹ ਲਿਆ, ਕਿਉਂਕਿ ਇਸ ਜੰਗ ਨੇ ਸਾਰੇ ਸੰਸਾਰ ਵਿੱਚ ਗੈਸ, ਤੇਲ ਦੀ ਘਾਟ ਅਤੇ ਮਹਿੰਗਾਈ ਦੇ ਵਧਣ ਦੇ ਭਿਆਨਕ ਹਾਲਾਤ ਪੈਦਾ ਕਰ ਦਿੱਤੇ ਸਨ ।ਡੋਨਾਲਡ ਟਰੰਪ ਅਤੇ ਈਰਾਨ ਦੇ ਰਾਸ਼ਟਰਪਤੀ ਨੇ 14 ਨੁਕਾਤੀ ‘ਮੈਮੋਰੈਂਡਮ ਔਫ ਅੰਡਰਸਟੈਂਡਿੰਗ’ ਉੱਤੇ ਦਸਤਖ਼ਤ ਕਰ ਦਿੱਤੇ, ਜੋ ਦੋ ਮਹੀਨਿਆਂ ਵਿੱਚ ਮੱਦਾਂ ਲਾਗੂ ਹੋਣ ਉਪਰੰਤ ਸਮਝੌਤੇ ਦਾ ਰੂਪ ਲਵੇਗਾ ਤੇ ਯੂ ਐੱਨ ਓ ਦੀ ਸੁਰੱਖਿਆ ਪ੍ਰੀਸ਼ਦ ਦੀ ਕਾਰਵਾਈ ਦਾ ਹਿੱਸਾ ਵੀ ਬਣੇਗਾ ।

ਇਜ਼ਰਾਈਲ ਨੇ ਸਮਝੌਤੇ ਨੂੰ ਮੰਨਣ ਤੋਂ ਇਨਕਾਰ ਕੀਤਾ ਅਤੇ ਲੈਬਨਾਨ ’ਤੇ ਹਮਲੇ ਜਾਰੀ ਰੱਖੇ। ਇਜ਼ਰਾਈਲ ਸੋਚਦਾ ਕਿ ਅਮਰੀਕਾ ਨੂੰ ਨਾਲ ਲੈ ਕੇ ਈਰਾਨ ਨੂੰ ਬਰਬਾਦ ਕਰਨ ਦਾ ਮਸਾਂ ਹੱਥ ਆਇਆ ਮੌਕਾ ਖੁੰਝ ਗਿਆ, ਭਾਵੇਂ ਕਿ ਈਰਾਨ ਦੇ ਤਿੱਖੇ ਤੇਵਰਾਂ ਦੀ ਬਦੌਲਤ ਲੈਬਨਾਨ ਉੱਤੇ ਬੰਬਾਰੀ ਕੁਛ ਕੁ ਰੋਕਣ ਦੀ ਖ਼ਬਰ ਵੀ ਹੈ। ਇਜ਼ਰਾਈਲ ਇਸ ਸ਼ਾਂਤੀ ਸਮਝੌਤੇ ਵਿਚ ਖਲਲ ਪਾਉਣ ਲਈ ਹਰ ਹੀਲਾ ਵਰਤੇਗਾ। ਖ਼ਬਰ ਆਈ ਹੈ ਕਿ ਇਜ਼ਰਾਈਲ ਨੇ ਗਾਜ਼ਾ ’ਤੇ ਹਮਲਾ ਕਰ ਦਿੱਤਾ ਹੈ। ਉਹ ਤਾਂ ਇਸ ਜੰਗ ਦੇ ਓਹਲੇ ਲੈਬਨਾਨ ਦੇ ਅੰਦਰ 30 ਕਿਲੋਮੀਟਰ ‘ਲਿਤਾਨੀ’ ਦਰਿਆ ਤੱਕ ਕਬਜ਼ਾਏ ਇਲਾਕੇ ਦੇ ਬਰਾਬਰ ਪੈਂਦੇ 25 ਕਿਲੋਮੀਟਰ ਸਮੁੰਦਰ ਤੱਕ ਵੀ ਕਬਜ਼ੇ ਦਾ ਹੱਕ ਜਤਾ ਚੁੱਕਾ ਹੈ, ਜਿਸ ਵਿੱਚ ਲੈਬਨਾਨ ਦੇ ਦੋ ਵੱਡੇ ਗੈਸ ਫੀਲਡ ਵੀ ਹਨ। ਇੱਕ ਗੈਸ ਫੀਲਡ ਫ਼ਲਸਤੀਨੀਆਂ ਦੇ ਸਮੁੰਦਰ ਦੇ ਉਸ ਹਿੱਸੇ ਵਿੱਚ ਵੀ ਹੈ, ਜੋ ਇਜ਼ਰਾਇਲੀ ਕਬਜ਼ੇ ਹੇਠ ਲਏ ਗਏ ਗਾਜ਼ਾ ਦੇ ਇਲਾਕੇ ਦੇ ਬਰਾਬਰ ਪੈਂਦਾ ਹੈ।

ਈਰਾਨੀ ਲੋਕਾਂ ਦੀ ਕੌਮੀ ਇਕਮੁੱਠਤਾ, ਦਲੇਰੀ, ਫ਼ੌਜੀ ਤਾਕਤ ਅਤੇ ਰਾਜਨੀਤਕ ਸਿਆਣਪ ਕਾਰਨ ਅਮਰੀਕਾ ਨੂੰ ਪਿੱਛੇ ਹਟ ਕੇ ਸਮਝੌਤਾ ਕਰਨਾ ਪਿਆ ਹੈ। ਅਮਰੀਕਾ ਵੱਲੋਂ ਈਰਾਨ ਦੀ ਨਾਕਾਬੰਦੀ ਤੁਰੰਤ ਹਟਾਉਣਾ, ਈਰਾਨ ਤੋਂ ਪਾਬੰਦੀਆਂ ਹਟਾਉਣੀਆਂ, ਫਰੀਜ਼ ਕੀਤੇ 24 ਅਰਬ ਡਾਲਰ ਵਾਪਸ ਦੇਣੇ, 300 ਬਿਲੀਅਨ ਡਾਲਰ ਈਰਾਨ ਦੀ ਮੁੜ-ਉਸਾਰੀ ਲਈ ਦੇਣਾ, ਹੋਰਮੁਜ਼ ਉੱਤੇ ਇਰਾਨੀ ਕੰਟਰੋਲ ਮੰਨਣਾ, ਈਰਾਨ ਨੂੰ ਕੌਮਾਂਤਰੀ ਨਿਯਮਾਂ ਤਹਿਤ ਸ਼ਾਂਤਮਈ ਮਕਸਦ ਲਈ ਪ੍ਰਮਾਣੂ ਵਿਕਾਸ ਦਾ ਹੱਕ ਦੇਣਾ ਮੈਮੋਰੈਂਡਮ ਦੇ ਅਹਿਮ ਨੁਕਤੇ ਹਨ।

ਜੰਗ ਕਾਰਨ ਬੰਦ ਕੀਤਾ ‘ਹੋਰਮੁਜ਼’ ਈਰਾਨ ਖੋਲ੍ਹ ਦੇਵੇਗਾ ਅਤੇ ‘ਪ੍ਰਮਾਣੂ ਬੰਬ ਨਹੀਂ ਬਣਾਵੇਗਾ’। ਸਮਝੌਤੇ ਅੰਦਰਲੀਆਂ ਇਨ੍ਹਾਂ ਦੋਵਾਂ ਗੱਲਾਂ ਨੂੰ ਟਰੰਪ ਆਪਣੀ ਜਿੱਤ ਵਜੋਂ ਪ੍ਰਚਾਰਨਾ ਚਾਹੇਗਾ, ਜਦਕਿ ਬੰਬ ਨਾ ਬਣਾਉਣਾ ਤਾਂ ਈਰਾਨ ਦੀ ਆਇਤੁਲਾ ਖੁਮੈਨੀ ਵੱਲੋਂ ਸੁਝਾਈ ਨੀਤੀ ਹੈ, ਜੋ ਪ੍ਰਮਾਣੂ ਬੰਬ ਨੂੰ ਇਸਲਾਮ ਵਿਰੋਧੀ ਮੰਨਦਾ ਸੀ।

ਇਹਨਾਂ ਨੁਕਤਿਆਂ ਉੱਤੇ ਜਨੇਵਾ ਵਿਚ ਅਮਰੀਕਾ ਅਤੇ ਈਰਾਨ ਦਰਮਿਆਨ 21 ਜੂਨ ਨੂੰ ਚੱਲ ਰਹੀ ਗੱਲਬਾਤ ਤਲਖੀ ਅਤੇ ਕਈ ਉਤਰਾਵਾਂ-ਚੜ੍ਹਾਵਾਂ ਵਿਚੋਂ ਲੰਘੀ ਅਤੇ ਆਖਰ ਫੈਸਲਾ ਕੀਤਾ ਕਿ ਡੀਲ ਸਿਰੇ ਚੜ੍ਹਾਉਣ ਲਈ ਹਾਈ ਲੈਵਲ ਕਮੇਟੀ ਬਣੇਗੀ। 60 ਦਿਨਾਂ ਦਾ ਰੋਡ ਮੈਪ ਬਣੇਗਾ,ਨਿਊਕਲੀਅਰ ਮੁੱਦੇ ਨੂੰ ਨਜਿੱਠਣ ਲਈ ਵਰਕਿੰਗ ਗਰੁੱਪ ਬਣੇਗਾ।ਅਮਰੀਕੀ ਉਪ-ਰਾਸ਼ਟਰਪਤੀ ਜੇ. ਡੀ. ਵੈਂਸ ਨੇ ਦੱਸਿਆ ਕਿ ਤਕਨੀਕੀ ਟੀਮਾਂ ਵੀ ਕੰਮ ਕਰਨਗੀਆਂ।

ਡੋਨਾਲਡ ਟਰੰਪ ਅਤੇ ਈਰਾਨੀ ਵਫ਼ਦ ਦੇ ਮੁਖੀ ਸੰਸਦ ਸਪੀਕਰ ਮੁਹੰਮਦ ਕਾਲੀਬਾਫ਼ ਦੋਵਾਂ ਦਾ ਬਿਆਨ ਹੈ ਕਿ ਅਮਰੀਕਾ ਵੱਲੋਂ ਈਰਾਨ ਦੇ ਫਰੀਜ਼ ਕੀਤੇ 12 ਅਰਬ ਡਾਲਰ ਵਾਪਿਸ ਮਿਲ ਰਹੇ ਹਨ। ਈਰਾਨ ਦੇ ਤੇਲ ਅਤੇ ਪੈਟਰੋਲੀਅਮ ਪਦਾਰਥ ਵੇਚਣ ਉੱਤੇ ਲਗਾਈ ਰੋਕ 60 ਦਿਨਾਂ ਲਈ ਹਟਾਉਣ ਦਾ ਪੱਤਰ ਅਮਰੀਕਾ ਨੇ ਜਾਰੀ ਕਰ ਦਿੱਤਾ ਹੈ । ਹੋਰਮੁਜ਼ ਈਰਾਨੀ ਨਿਗਰਾਨੀ ਵਿਚ ਖੁੱਲ੍ਹ ਗਿਆ ਹੈ। ਲੈਬਨਾਨ ਉੱਤੇ ਇਜ਼ਰਾਈਲ ਦੇ ਹਮਲੇ ਰੁਕਵਾਉਣ ਦੀ ਜ਼ਿੰਮੇਵਾਰੀ ਲੈਣ ਵਰਗੀ ਗੱਲ ਵੀ ਟਰੰਪ ਨੇ ਮੰਨੀ ਹੈ।

ਇਸ ਸਮੇਂ ਸਭ ਤੋਂ ਬੁਰੀ ਫ਼ਲਸਤੀਨੀਆਂ ਨਾਲ ਹੋ ਰਹੀ ਹੈ, ਜਿਸ ਬਾਰੇ ਕੋਈ ਚਰਚਾ ਨਹੀਂ । ਉਨ੍ਹਾਂ ਦੇ ਸਾਰੇ ਮੁਲਕ ਉੱਤੇ ਅਮਰੀਕਾ ਦੀ ਸ਼ਹਿ ਨਾਲ ਇਜ਼ਰਾਈਲ ਨੇ ਕਬਜ਼ਾ ਕਰ ਲਿਆ ਹੈ ਤੇ ਜ਼ੁਲਮ ਢਾਹ ਰਿਹਾ ਹੈ। ਆਪਣੇ ’ਤੇ ਹੋਏ ‘ਹਮਲੇ’ ਦਾ ਬਹਾਨਾ ਬਣਾ ਕੇ 2023 ਤੋਂ ਲੈ ਕੇ ਹੁਣ ਤੱਕ 73,000 ਤੋਂ ਵੱਧ ਫ਼ਲਸਤੀਨੀ ਮਾਰ ਦਿੱਤੇ ਅਤੇ ਪੌਣੇ ਦੋ ਲੱਖ ਜ਼ਖ਼ਮੀ ਕੀਤੇ ਹਨ। ਘਰ ਢਾਹ ਦਿੱਤੇ। ਫ਼ਲਸਤੀਨੀਆਂ ਦੀ ਜਾਨ ਦੀ ਕੋਈ ਕੀਮਤ ਨਹੀਂ ਰਹੀ। ਉਨ੍ਹਾਂ ਦੀ ਪੀੜ ਹੁਣ ਕਿਸੇ ਨੂੰ ਵੀ ਨਹੀਂ ਮਹਿਸੂਸ ਹੁੰਦੀ। ਦੂਜੀ ਸੰਸਾਰ ਜੰਗ (1939-1945) ਸ਼ੁਰੂ ਹੋਣ ਤੋਂ ਪਹਿਲਾਂ ਵਰਗੇ ਹਾਲਾਤ ਬਣ ਰਹੇ ਹਨ।

ਅਮਰੀਕਾ ਵੱਲੋਂ ਯੂ ਏ ਈ, ਬਹਿਰੀਨ, ਮੋਰੱਕੋ, ਸੂਡਾਨ ਦੀ ਮਦਦ ਨਾਲ 15 ਸਤੰਬਰ 2020 ਨੂੰ ਇਜ਼ਰਾਈਲ ਨਾਲ ਕਰਵਾਇਆ ਗਿਆ ‘ਇਬਰਾਹੀਮ ਸਮਝੌਤਾ’ ਨੇਤਨਯਾਹੂ ਦੇ ਮਨਸੂਬੇ ‘ਗਰੇਟਰ ਇਜ਼ਰਾਈਲ’ ਦੀ ਵਿਚਾਰਧਾਰਕ ਬੁਨਿਆਦ ਰੱਖਣ ਵਰਗਾ ਸੀ। ਇਬਰਾਹੀਮ ਨੂੰ ਇਸਲਾਮ, ਯਹੂਦੀ ਅਤੇ ਈਸਾਈ ਮੱਤ ਦਾ 4000 ਸਾਲ ਪਹਿਲਾਂ ਦੱਖਣੀ ਇਰਾਕ ਵਿੱਚ ਜਨਮਿਆ ਸਾਂਝਾ ਵਡੇਰਾ ਮੰਨਿਆ ਜਾਂਦਾ ਹੈ । ਪਿਛਲੇ ਦਿਨੀਂ ਤਾਂ ਟਰੰਪ ਨੇ ਧਮਕੀ ਵੀ ਦਿੱਤੀ ਸੀ ਕਿ ਇਸ ਖਿੱਤੇ ਦੇ ਮੁਲਕਾਂ ਨੇ ਸਾਡੇ ਨਾਲ ਚੱਲਣਾ ਹੈ ਤਾਂ ‘ਇਬਰਾਹੀਮ ਸਮਝੌਤਾ’ ਤਾਂ ਮੰਨਣਾ ਹੀ ਹੋਵੇਗਾ।

ਈਰਾਨ ਵਿਚ ਹਰ ਪੱਖੋਂ ਅਸਫ਼ਲ ਹੋਣ ਉਪਰੰਤ ਡੀਲ ਕਰਕੇ ਏਥੋਂ ਸਿੱਧੀ ਜੰਗ ਵੱਲੋਂ ਫਿਲਹਾਲ ਪਾਸਾ ਵੱਟਣਾ ਤਾਂ ਅਮਰੀਕਾ ਦੀ ਆਰਜ਼ੀ ਮਜਬੂਰੀ ਹੈ, ਲੇਕਿਨ ਜੇ ਜ਼ਰਾ ਗਹੁ ਨਾਲ ਵੇਖੀਏ ਤਾਂ ਕਈ ਪਾਸਿਉਂ ਕਿਸੇ ਵੱਡੀ ਜੰਗ ਵਰਗੀ ਗਹਿਰ ਚੜ੍ਹੀ ਆਉਂਦੀ ਜਾਪਦੀ ਹੈ, ਜਿਸ ਵਿੱਚ ਅਮਰੀਕੀ ਸਾਮਰਾਜੀ ਗ਼ਲਬੇ ਅਤੇ ਲੁੱਟ ਦੇ ਮਨਸੂਬੇ ਦਿਸਦੇ ਹਨ।

ਯਾਦ ਰੱਖੋ ਕਿ ਡੋਨਾਲਡ ਟਰੰਪ ਨੇ ਚੋਣਾਂ ਵਿੱਚ ‘ਮੇਕ ਅਮਰਿਕਾ ਗਰੇਟ ਅਗੇਨ’ ਦਾ ਨਾਅਰਾ ਦੇ ਕੇ ਚੋਣ ਜਿੱਤੀ ਸੀ। ਟਰੰਪ ਨੇ ਕਈ ਵਾਰ ਕਿਹਾ ਕਿ ਉਸ ਨੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨੂੰ ਬੰਦੀ ਬਣਾ ਕੇ ਉਨ੍ਹਾਂ ਦੇ ਬਹੁਤ ਵੱਡੇ ਤੇਲ ਭੰਡਾਰਾਂ ਉੱਤੇ ਅਮਰੀਕੀ ਕਬਜ਼ਾ ਸਥਾਪਤ ਕਰ ਦਿੱਤਾ ਹੈ; ਯੂਰਪੀਅਨ ਮੁਲਕ ਗਰੀਨਲੈਂਡ ਨੂੰ ਅਮਰੀਕਾ ਨਾਲ ਰਲਾਉਣਾ ਹੈ, ਕੈਨੇਡਾ ਨੂੰ ਆਖਿਆ ਕਿ ਤੁਹਾਨੂੰ ਅਮਰੀਕਾ ਦਾ ਇਕਵੰਜਵਾਂ ਸੂਬਾ ਬਣਾਇਆ ਜਾ ਸਕਦਾ; ਮੈਕਸਿਕੋ ਅਤੇ ਕੋਲੰਬੀਆ ਨੂੰ ਅਮਰੀਕਾ ਪੱਖੀ ਸਰਕਾਰਾਂ ਬਣਾਉਣ ਦਾ ਇਸ਼ਾਰਾ ਦੇ ਦਿੱਤਾ। ਕਿਊਬਾ ਵਿੱਚ ਆਪਣੇ ਪੱਖੀ ਸਰਕਾਰ ਬਣਾਉਣ ਦਾ ਐਲਾਨ ਵਾਰ-ਵਾਰ ਕੀਤਾ ਜਾ ਰਿਹਾ। ਇਸ ਤੋਂ ਅਮਰੀਕਾ ਦੇ ਲਾਤੀਨੀ, ਉੱਤਰੀ ਅਮਰੀਕਾ ਵਿਚ ਕਬਜ਼ੇ ਵਾਲੇ ਹਮਲਾਵਰ ਤੇਵਰ ਸਾਫ ਦਿੱਸਦੇ ਹਨ। ਸਾਰੀ ਦੁਨੀਆਂ ਉੱਤੇ ਟਰੰਪ ਵੱਲੋਂ ਆਪਹੁਦਰੇ ਢੰਗ ਨਾਲ ਟੈਰਿਫ਼ ਬੰਬ ਸੁੱਟਣਾ ਵੀ ਤਾਂ ਹਮਲੇ ਵਰਗਾ ਹੀ ਸੀ।ਇਸ ਤੋਂ ਪਹਿਲਾਂ ਵੀ ਦੁਨੀਆ ਨੇ ਵੇਖਿਆ ਹੈ ਕਿ ਸੋਵੀਅਤ ਰੂਸ ਨੂੰ 15 ਦੇਸ਼ਾਂ ਵਿੱਚ ਖਿੰਡਾਉਣ ਦੀਆਂ ਸਾਜ਼ਿਸ਼ਾਂ ਕਾਮਯਾਬ ਹੋਣ ਮਗਰੋਂ ਵੀ ‘ਨਾਟੋ’ ਦੇਸ਼ ਢੈਲ਼ੇ ਨਹੀਂ ਸਨ ਪਏ। ਰੂਸ ਨੂੰ ਹੋਰ ਘੇਰਨ ਲਈ ਇਸ ਨਾਲੋਂ ਟੁੱਟੇ ਮੁਲਕਾਂ ਨੂੰ ਨਾਟੋ ਦੇ ਮੈਂਬਰ ਬਣਾਉਣ ਦੀ ਨੀਤੀ ਅਪਣਾਈ। ਜਦੋਂ ਰਾਸ਼ਟਰਪਤੀ ਵਲਾਦੀਮੀਰ ਜ਼ੇਲੈਂਸਕੀ ਰਾਹੀਂ ਯੂਕਰੇਨ ਨੂੰ ਨਾਟੋ ਮੈਂਬਰ ਬਣਾ ਕੇ ਰੂਸ ਦੇ ਬਿਲਕੁਲ ਬਰੂਹੀਂ ਬੈਠਣ ਲੱਗੇ ਤਾਂ ਰੂਸ ਕੋਲ ਦੋ ਹੀ ਬਦਲ ਸਨ ਕਿ ਉਹ ਜਾਂ ਤਾਂ ਇਕੱਲੇ ਯੂਕਰੇਨ ਨਾਲ ਹੁਣ ਲੜ ਲਵੇ ਜਾਂ ਫਿਰ ਕੁਝ ਸਾਲਾਂ ਬਾਅਦ ਨਾਟੋ ਦੇ 33 ਦੇਸ਼ਾਂ ਨਾਲ ਯੁੱਧ ਕਰੇ। ਇਸੇ ਦਾ ਨਤੀਜਾ ਮੌਜੂਦਾ ਰੂਸ-ਯੂਕਰੇਨ ਜੰਗ ਦੇ ਰੂਪ ਵਿੱਚ ਨਿਕਲਿਆ। ਅੱਜ ਯੂਕਰੇਨ ਨੂੰ 32 ਨਾਟੋ ਦੇਸ਼ਾਂ ਦੀ ਮਦਦ ਨਾਲ ਰੂਸ ਨੂੰ ਕਮਜ਼ੋਰ ਕਰਨ ਲਈ ਲੜਾਇਆ ਜਾ ਰਿਹਾ ਹੈ। ਹਾਲਾਤ ਇਵੇਂ ਰਹੇ ਤਾਂ ਇਸ ਜੰਗ ਦੇ ਬਹੁਤ ਭਿਆਨਕ ਰੂਪ ਲੈਣ ਦੀ ਸੰਭਾਵਨਾ ਹੈ। ਸੰਨ 1949 ਤੋਂ ਲੈ ਕੇ 1973 ਤੱਕ ਤਾਇਵਾਨ ਹੀ ਚੀਨ ਸਰਕਾਰ ਦੀ ਯੂ ਐੱਨ ਓ ਵਿੱਚ ਪ੍ਰਤੀਨਿਧਤਾ ਕਰਦਾ ਸੀ। ਹੁਣ ਇਹ ਖ਼ੁਦਮੁਖਤਾਰ ਖੇਤਰ ਹੈ। ਤਾਇਵਾਨ ਦਾ ਨਾਮ ‘ਰਿਪਬਲਿਕ ਔਫ ਚਾਈਨਾ’ ਹੈ। ਅਮਰੀਕਾ ਇਸ ਨੂੰ ਲਗਾਤਾਰ ਚੀਨ ਵਿਰੁੱਧ ਉਕਸਾ ਰਿਹਾ ਹੈ ਕਿ ਉਹ ਆਪਣੇ ਆਪ ਨੂੰ ਆਜ਼ਾਦ ਦੇਸ਼ ਐਲਾਨ ਕਰ ਦੇਵੇ ਅਤੇ ਅਮਰੀਕਾ ਦਾ ਜੋਟੀਦਾਰ ਬਣੇ। ਤਾਇਵਾਨ ਅਮਰੀਕਾ ਤੋਂ ਹਥਿਆਰ ਖਰੀਦਦਾ। ਇਹ ਨੀਤੀ ਕਿਸੇ ਵੱਡੇ ਫ਼ੌਜੀ ਟਕਰਾਅ ਦੀਆਂ ਸੰਭਾਵਨਾਵਾਂ ਵਾਲੀ ਹੈ। ਉੱਤਰੀ ਕੋਰੀਆ ਨਾਲ ਅਮਰੀਕਾ ਦੀ 1950 ਵਿੱਚ ਸ਼ੁਰੂ ਹੋ ਕੇ ਅਫ਼ਗਾਨਿਸਤਾਨ ਤੇ ਪਾਕਿਸਤਾਨ ਦਰਮਿਆਨ ਮੌਜੂਦਾ ਜੰਗੀ ਟਕਰਾਅ ਅਤੇ ਕੱਟੜ ਅੱਤਵਾਦ ਵਾਲਾ ਮਹੌਲ ਮੁੱਖ ਰੂਪ ਵਿਚ ਅਮਰੀਕਾ ਨਾਲ ਦੋਸਤੀ ਦਾ ਨਤੀਜਾ ਹੈ। ਇਹ ਸਬਕ ਸਾਡੀ ਭਾਰਤ ਸਰਕਾਰ ਲਈ ਕੀਮਤੀ ਹੈ, ਜਿਸ ਨੂੰ ਅਮਰੀਕੀ-ਇਜ਼ਰਾਇਲੀ ਦੋਸਤੀ ਦਾ ਨਵਾਂ-ਨਵਾਂ ਚਾਅ ਹੈ।

ਸਾਡੇ ਚਾਅ ਦੇ ਬਾਵਜੂਦ ਭਾਰਤੀਆਂ ਵੱਲੋਂ ਚਲਾਏ ਜਾ ਰਹੇ ਤਿੰਨ ਜਹਾਜ਼ਾਂ ਉੱਤੇ ਅਮਰੀਕਾ ਨੇ ਹਮਲਾ ਕਰਕੇ ਤਿੰਨ ਚਾਲਕ ਮਾਰ ਦਿੱਤੇ, ਜਹਾਜ਼ ਡੁਬੋ ਦਿੱਤਾ, ਭਾਰਤ ਉੱਤੇ ਇਕਪਾਸੜ ਹੋਰ ਟੈਰਿਫ਼ ਵੀ ਲਾਏ । ਜਿਵੇਂ ਈਰਾਨ ਤੋਂ ਮਿਲੀ ਹਾਰ ਦੀ ਖਿੱਝ ਸਾਡੇ ’ਤੇ ਕੱਢ ਰਹੇ ਹੋਣ ਕਿ ਇਨ੍ਹਾਂ ਕਿਹੜਾ ਅੱਗੋਂ ਬੋਲਣਾ! ਸਭ ਦੇ ਮਨ ਵਿੱਚ ਇਹ ਸਵਾਲ ਹੈ ਕਿ ਕੀ ਈਰਾਨ ਵਾਲਾ ਤਜਰਬਾ ਨਾਕਾਮ ਰਹਿਣ ਉਪਰੰਤ ਅਮਰੀਕਾ ਦੇ ਹਮਲਾਵਰ ਰੁਖ਼ ਵਿੱਚ ਕੋਈ ਹਾਂ-ਪੱਖੀ ਬਦਲਾਅ ਆਵੇਗਾ, ਕਿਉਂਕਿ ਅਮਰੀਕਾ ਨੇ ਪਹਿਲਾਂ ਵਾਲੇ ਨਾਕਾਮ ਤਜਰਬਿਆਂ (ਵੀਅਤਨਾਮ, ਇਰਾਕ, ਅਫ਼ਗਾਨਿਸਤਾਨ) ਤੋਂ ਤਾਂ ਕੋਈ ਸਬਕ ਨਹੀਂ ਸਿੱਖਿਆ। ਜ਼ਮੀਨੀ ਸੱਚ ਇਹੀ ਹੈ ਕਿ ਹਥਿਆਰਾਂ ਦੀ ਮੰਡੀ ਦੇ ਸਭ ਤੋਂ ਵੱਡੇ ਨਿਰਮਾਤਾ ਅਤੇ ਵਪਾਰੀ ਅਮਰੀਕਾ ਦਾ ਹਿੱਤ ਤਾਂ ਇਹੀ ਹੈ ਕਿ ਝਗੜੇ ਸੁਲਘਦੇ, ਮਚਦੇ ਰਹਿਣ ਅਤੇ ਮੁਲਕਾਂ ਦੀ ਹਥਿਆਰ ਖਰੀਦਣ ਦੀ ਲੋੜ ਤਲਬ ਬਣੀ ਰਵ੍ਹੇ। ਨਾਲੇ ਗਾਹਕ ਵੀ ਮੈਥੋਂ ਦਹਿਸ਼ਤ ਦੇ ਮਾਰੇ ਮੇਰੀ ਦੁਕਾਨ ਉੱਤੇ ਹੀ ਆਉਣ। ਦੂਜੀ ਸੰਸਾਰ ਜੰਗ ਤੋਂ ਬਾਅਦ ਆਪਸ ਵਿਚ ਲੜਦੇ ਰਹੇ ਸਾਰੇ ਤਕੜੇ ਪੂੰਜੀਵਾਦੀ ਸਾਮਰਾਜੀ ਮੁਲਕ ਸਭ ਕੁਝ ਭੁਲਾ ਕੇ ਫਿਰ ਇਕ ਢਾਣੀ ਵਾਂਗ ਇਕੱਠੇ ਹੋ ਗਏ ਹਨ। ਮਕਸਦ ਮਾੜੇ ਦੇਸ਼ਾਂ ਉੱਤੇ ਗਲਬਾ ਅਤੇ ਆਰਥਕ ਲੁੱਟ ਹੈ। ਆਪਣੇ ਤੋਂ ਸਿਵਾ ਇਹ ਕਿਸੇ ਦੀ ਜਾਨ-ਮਾਲ ਜਜ਼ਬਾਤ ਦੀ ਕੋਈ ਕੀਮਤ ਨਹੀਂ ਸਮਝਦੇ। ਇਹਨਾਂ ਤੋਂ ਰਹਿਮ ਸਮਝਦਾਰੀ ਦੀ ਉਮੀਦ ਨਹੀਂ। ਇਹ ਸਿਰਫ਼ ਜ਼ੋਰ ਦੀ ਭਾਸ਼ਾ ਸਮਝਦੇ ਹਨ। ਬਾਕੀ ਸਾਰੇ ਦੇਸ਼ਾਂ ਲਈ ਇਹ ਗੰਭੀਰ ਵਿਚਾਰ ਦਾ ਮੁੱਦਾ ਹੈ। ਅਮਨ-ਚੈਨ ਖ਼ਤਰੇ ਵਿਚ ਹੈ। ਭਾਰਤ ਸਰਕਾਰ ਨੂੰ ਆਪਣੀ ਵਿਦੇਸ਼ ਅਤੇ ਸਮਾਜਕ ਨੀਤੀ ’ਤੇ ਬੇਲਿਹਾਜੀ ਸਵੈ-ਪੜਚੋਲ ਦੀ ਲੋੜ ਹੈ। ਗਵਾਂਢੀ ਤੇ ਆਪਸੀ ਭਾਈਚਾਰੇ ਦੀ ਕੀਮਤ ਸਮਝੀਏ।

ਸੰਪਰਕ: 94173-24543

# ਐਲਨੀਨੋ ਦੌਰਾਨ ਪਾਣੀ ਦੀ ਸਾਂਭ-ਸੰਭਾਲ ਲਈ ਸੁਹਿਰਦ ਯਤਨਾਂ ਦੀ ਲੋੜ

ਮਾਸਟਰ ਲਖਵਿੰਦਰ ਰਈਆ ਹਵੇਲੀਆਣਾ

ਪਾਣੀ ਦੇ ਖਿੱਤੇ ਵਜੋਂ ਜਾਣਿਆ ਜਾਂਦਾ ਪੰਜਾਬ ਖੁਦ ਪਾਣੀ ਖੁਣੋਂ ਸੱਖਣਾ ਹੁੰਦਾ ਜਾ ਰਿਹਾ ਹੈ, ਜਿਸ ਦਾ ਵੱਡਾ ਕਾਰਨ ਜਿਥੇ ਪਾਣੀ ਪ੍ਰਤੀ ਸਾਡਾ ਅਵੇਸਲਾਪਨ ਤੇ ਲਾਪ੍ਰਵਾਹੀ ਭਰੀ ਵਰਤੋਂ ਯਾਨੀ ਬੇਲੋੜੀ ਦੁਰਵਰਤੋਂ ਹੈ, ਉਥੇ ਹੱਦੋਂ ਵੱਧ ਲਾਲਚਵੱਸ ਪਾਣੀ ਦਾ ਖੌਅ ਬਣੇ ਬਹੁਤ ਸਾਰੇ ਗ਼ੈਰ-ਜ਼ਰੂਰੀ ਪਦਾਰਥਾਂ ਦਾ ਨਿਰਮਾਣ ਵੀ ਹੈ, ਜਿਨ੍ਹਾਂ ਦੀ ਪੂਰਤੀ ਲਈ ਧਰਤੀ ਹੇਠਲੇ ਪਾਣੀ ਨੂੰ ਬੜੀ ਬੇਰਹਿਮੀ ਤੇ ਬੇਦਰਦੀ ਭਰੇ ਵਤੀਰੇ ਨਾਲ ਪਾਣੀ ਖਿੱਚ ਕੇ ਪਤਾਲਾਂ ਤੱਕ ਡੂੰਘਾ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਘਰ-ਬਾਹਰ ਅਤੇ ਪਬਲਿਕ ਥਾਵਾਂ ’ਤੇ ਬੇਲੋੜੀਆਂ ਆਪ-ਮੁਹਾਰੇ ਚਲਦੀਆਂ ਰਹਿੰਦੀਆਂ ਟੂਟੀਆਂ ਵੀ ਅੰਨ੍ਹੇਵਾਹ ਪਾਣੀ ਰੁੜ੍ਹਨ ਦਾ ਸਬੱਬ ਬਣੀਆਂ ਹੋਈਆਂ ਹਨ। ਇਸ ਸਭ ਕਾਸੇ ਕਰਕੇ ਹੀ ਪੰਜਾਬ ਦਾ ਬਹੁਤ ਸਾਰਾ ਇਲਾਕਾ ਪਾਣੀ ਖੁਣੋਂ ‘ਡਾਰਕ ਜ਼ੋਨ’ ਦੀ ਮਾਰ ਹੇਠ ਆਉਣ ਦੇ ਗ੍ਰਾਫ ਵਿਚ ਦਿਨੋਂ-ਦਿਨ ਵਾਧਾ ਹੋ ਰਿਹਾ ਹੈ। ਇਸ ਤੋਂ ਵੀ ਵੱਧ ਸਿਤਮਜ਼ਰੀਫੀ ਵਾਲੀ ਗੱਲ ਇਹ ਵੀ ਹੈ ਕਿ ਮੀਂਹ ਦੇ ਪਾਣੀ ਨੂੰ ਵੀ ਸੰਭਾਲਣ ਦੇ ਕੋਈ ਖਾਸ ਪੁਖ਼ਤਾ ਪ੍ਰਬੰਧ ਨਾ ਹੋਣ ਕਰਕੇ ਇਹ ਬਰਸਾਤੀ ਪਾਣੀ ਧਰਤੀ ਹੇਠ ਜੀਰਨ (ਰੀਚਾਰਜ) ਹੋਣ ਦੀ ਥਾਂ ਬਹੁਤਾ ਅਜਾਈਂ ਹੀ ਰੁੜ੍ਹੀ ਜਾਂਦਾ ਹੈ। ਵੱਡੀ ਮਾਤਰਾ ਵਿੱਚ ਰੁੜ੍ਹਦਾ ਪਾਣੀ ਅਕਸਰ ਹੜ੍ਹਾਂ ਦਾ ਪ੍ਰਕੋਪ ਦਾ ਕਾਰਨ ਵੀ ਬਣਦਾ ਆ ਰਿਹਾ ਹੈ, ਜਿਸ ਲਈ ਅਜਿਹੇ ਰੁੜ੍ਹਦੇ ਪਾਣੀ ਦੀ ਸਾਂਭ-ਸੰਭਾਲ ਲਈ ਸੁਚੱਜੇ ਪ੍ਰਬੰਧਾਂ ਦੀ ਬਹੁਤ ਲੋੜ ਹੈ। ਅਜਿਹੇ ਸੁਹਿਰਦ ਯਤਨਾਂ ਨੂੰ ਨੇਪਰੇ ਚਾੜ੍ਹਨ ਵਾਲੇ ‘ਜਲ ਪੁਰਸ਼ / ਵਾਟਰਮੈਨ ਆਫ ਇੰਡੀਆ’ ਡਾਕਟਰ ਰਜਿੰਦਰ ਸਿੰਘ ਦੀ ਅਗਵਾਈ ਹੇਠ ‘ਤਰੁਣ ਭਾਰਤ ਸੰਘ’ ਨਾਂਅ ਦੀ ਐੱਨ ਜੀ ਓ ਵੱਲੋਂ ਪਾਣੀ ਦੀ ਸਾਂਭ-ਸੰਭਾਲ ਦੇ ਕੀਤੇ ਗਏ ਸਫ਼ਲ ਤਜਰਬੇ ਤੋਂ ਵੀ ਸਿੱਖਣਾ ਚਾਹੀਦਾ।

ਪਾਣੀ ਸਾਂਭ-ਸੰਭਾਲ ਦਾ ਇਹ ਸੁਚੱਜਾ ਪ੍ਰਬੰਧਨ ਕੀ ਹੈ ? ਬਾਰੇ ਜਾਨਣ ਦੀ ਕੋਸ਼ਿਸ਼ ਕਰਦੇ ਹਾਂ। ਉਤਰ ਪ੍ਰਦੇਸ਼ ਦੇ ਜੰਮਪਲ ਰਾਜਿੰਦਰ ਸਿੰਘ ਨੇ ਐੱਨ ਜੀ ਓ ਸੰਸਥਾ ਦੇ ਸਹਿਯੋਗ ਨਾਲ ਰਾਜਸਥਾਨ ਦੇ ਇਲਾਕੇ ਵਿੱਚ 14,000 ਤੋਂ ਵੱਧ ਜਲ ਸੰਭਾਲ ਢਾਂਚੇ ਬਣਵਾਏ ਹੋਏ ਹਨ। ਨਾਲ ਦੀ ਨਾਲ ਉਨ੍ਹਾ ਆਪਣੇ ਭਾਈਚਾਰਕ ਯਤਨਾਂ ਨਾਲ ਰਾਜਸਥਾਨ ਦੀਆਂ ਕਈ ਸੁੱਕੀਆਂ ਨਦੀਆਂ (ਜਿਵੇਂ ਕਿ ਅਰਵਾਰੀ, ਰੂਪਾਰੇਲ, ਸਰਸਾ ਆਦਿ) ਵਿੱਚ ਪਾਣੀ ਦਾ ਪ੍ਰਵਾਹ ਦੁਬਾਰਾ ਚਾਲੂ ਕਰਨ ਯਾਨੀ ਪੁਨਰ-ਸੁਰਜੀਤੀ ਕਰਨ ਦੇ ਸੁਹਿਰਦ ਯਤਨ ਕੀਤੇ। ਫਿਰ ਉਨ੍ਹਾਂ ਪਿੰਡ ਵਾਸੀਆਂ ਦੀ ਮਦਦ ਨਾਲ ‘ਜੋਹੜ’ (ਮਿੱਟੀ ਦੇ ਛੋਟੇ ਡੈਮ) ਬਣਾਉਣ ਦੀ ਪੁਰਾਣੀ ਤਕਨੀਕ ਨੂੰ ਵੀ ਮੁੜ ਸੁਰਜੀਤ ਕੀਤਾ ਅਤੇ ਟੋਇਆਂ, ਟੋਭਿਆਂ ਦੀ ਉਸਾਰੀ ਕਰਵਾ ਕੇ ਜਲ ਜਖੀਰਿਆਂ ਦਾ ਰੂਪ ਦਿੱਤਾ। ਸੋ ਅਜਿਹੇ ਜਲ ਭੰਡਾਰਾਂ ਵਿਚ ਸਟੋਰ ਹੋਇਆ ਤੇ ਨਦੀਆਂ, ਨਾਲਿਆਂ ਵਿੱਚ ਵਹਿੰਦਾ ਪਾਣੀ ਸਿੱਧੇ ਰੂਪ ਵਿਚ ਵਰਤੋਂ ਵਿੱਚ ਆਉਣ ਲੱਗ ਪਿਆ ਹੈ, ਉਥੇ ਇਹ ਸਭ ਕੁਝ ਧਰਤੀ ਹੇਠਾਂ ਪਾਣੀ ਜੀਰਨ (ਰਿਚਾਰਜ ) ਹੋਣ ਦੇ ਸ੍ਰੋਤ ਵੀ ਬਣਨ ਲੱਗ ਪਏ, ਜਿਸ ਨਾਲ ਸਰਵਾਈ ਵਿਚ ਵਾਧਾ ਹੋਣ ਨਾਲ ਹਜ਼ਾਰਾਂ ਪਿੰਡਾਂ ਦੇ ਖੇਤਰਾਂ ਵਿਚ ਜੰਗਲੀ ਕਰਨ ਅਤੇ ਹਰਿਆਵਲ ’ਚ ਚੋਖਾ ਵਾਧਾ ਹੋ ਰਿਹਾ ਹੈ, ਜੋ ਗਰਮੀ ਦੀ ਅਸਿਹ ਤਪਸ਼ ਨੂੰ ਵੀ ਕੁਝ ਹੱਦ ਤੱਕ ਘਟਾਉਣ ਵਿੱਚ ਸਹਾਈ ਵੀ ਹੋ ਰਿਹਾ ਹੈ।

ਕੇਂਦਰ ਸਰਕਾਰ ਵੱਲੋਂ ਦੇਸ਼ ਦੀ ਆਜ਼ਾਦੀ ਦੇ 75 ਸਾਲ ਪੂਰੇ ਹੋਣ ’ਤੇ ਬਰਸਾਤੀ ਪਾਣੀ ਦੀ ਸੰਭਾਲ ਲਈ ਸਾਲ 2022 ਵਿੱਚ ਪ੍ਰਧਾਨ ਮੰਤਰੀ ਨੇ ‘ਅੰਮ੍ਰਿਤ ਸਰੋਵਰ’ ਯੋਜਨਾ ਸ਼ੁਰੂ ਕੀਤੀ ਗਈ ਸੀ,ਜਿਸ ਨੂੰ ਪੰਜਾਬ ਸਰਕਾਰ ਨੇ ‘ਸਾਂਝਾ ਜਲ ਤਾਲਾਬ’ ਯੋਜਨਾ ਵਜੋਂ ਅਪਨਾ ਲਿਆ । ਇਸ ਯੋਜਨਾ ਅਧੀਨ ਪਾਣੀ ਦੀ ਸੰਭਾਲ ਲਈ 75 ਪ੍ਰਤੀ ਜ਼ਿਲ੍ਹਾ ਅਨੁਸਾਰ ਕਰੀਬ 1725 ਤਲਾਬ ਬਣਾਉਣ ਦਾ ਟੀਚਾ ਮਿੱਥਿਆ ਗਿਆ ਸੀ, ਜਿਸ ਦੀ ਉਸਾਰੀ ’ਤੇ ਨਿੰਮ, ਬਰਗਦ (ਬੋਹੜ-ਨੁਮਾ ਰੁੱਖ) ਰੁੱਖ ਲਗਾਉਣ ਦਾ ਜ਼ਿੰਮਾ ਸਰਕਾਰ ਦਾ ਸੀ, ਬਾਅਦ ਵਿੱਚ ਸੁੰਦਰੀਕਰਨ ਤੇ ਲੋਕਲ ਸੈਰ-ਸਪਾਟੇ ਵਜੋਂ ਰੱਖ ਰਖਾਵ ਦੀ ਜ਼ਿੰਮੇਵਾਰੀ ਲੋਕਲ ਸਰਕਾਰ (ਪੰਚਾਇਤ) ਦੀ ਸੀ। ਇਸ ਦੇ ਨਾਲ ਇਨ੍ਹਾਂ ਤਲਾਬਾਂ ਦਾ ਨਾਮਕਰਨ ਆਜ਼ਾਦੀ ਘੁਲਾਟੀਏ , ਸ਼ਹੀਦਾਂ ਤੇ ‘ਪਦਮ ਸ੍ਰੀ’ ਆਦਿ ਪਤਵੰਤਿਆਂ ਨਾਂਅ ਉਤੇ ਕਰਨ ਦੀ ਵੀ ਵਿਵਸਥਾ ਸੀ। ਇੱਕ ਤਲਾਬ ਘੱਟੋ-ਘੱਟ ਇੱਕ ਏਕੜ ਦੇ ਖੇਤਰਫਲ ਦਾ ਹੋਵੇ ਤੇ ਜਿਸ ਦੀ ਪਾਣੀ ਸੰਭਾਲ ਸਮਰੱਥਾ 10 ਹਜ਼ਾਰ ਕਿਊਸਕ ਹੋਵੇ , ਵਾਸਤੇ ਢੁਕਵੀਆਂ ਥਾਵਾਂ ਦੀ ਨਿਸ਼ਾਨਦੇਹੀ ਕਰਕੇ ਹੁਣ ਤੱਕ 1453 ਤਲਾਬਾਂ ਉਸਾਰੀ ਹੋਈ ਹੈ। ਭਾਵੇਂ ਮਿਥੇ ਗਏ ਤਲਾਬਾਂ ਦੀ ਉਸਾਰੀ 15 ਅਗਸਤ 2023 ਤੱਕ ਪੂਰੀ ਕਰਨੀ ਸੀ, ਪਰ ਪਤਾ ਨਹੀਂ ਕਿਹੜੇ ਕਾਰਨਾਂ ਕਰਕੇ ਬਾਕੀ ਰਹਿੰਦੇ ਤਲਾਬਾਂ ਦੀ ਉਸਾਰੀ ਅਜੇ ਤੱਕ ਕਿਉਂ ਰੁਕੀ ਹੋਈ ਹੈ ਤੇ ਪਹਿਲੇ ਉਸਾਰੇ ਗਏ ਤਲਾਬਾਂ ਵਿੱਚੋਂ ਬਹੁਤ ਸਾਰੇ ਸਫ਼ਾਈ ਖੁਣੋਂ ਗੰਦੇ ਪਾਣੀ ਦੇ ਛੱਪੜ ਦਾ ਰੂਪ ਧਾਰਨ ਕਰ ਚੁੱਕੇ ਹਨ।

ਸੋ ਜਲ ਸੰਭਾਲ ਵਾਸਤੇ ਢੁਕਵੇਂ ਥਾਵਾਂ ’ਤੇ ਤਲਾਬਾਂ ਦੀ ਗਿਣਤੀ ਵਧਾਉਣੀ, ਰੁਕੀ ਹੋਈ ਉਸਾਰੀ ਨੂੰ ਮੁੜ ਚਾਲੂ ਕਰਨਾ ਅਤੇ ਬਣ ਚੁੱਕੇ ਤਲਾਬਾਂ ਦੀ ਸਾਫ਼-ਸਫ਼ਾਈ ਕਰਨੀ ਵੀ ਅਤੀ ਜ਼ਰੂਰੀ ਹੈ ਤੇ ਸਮੇਂ ਦੀ ਲੋੜ ਵੀ ਹੈ, ਕਿਉਂ ਕਿ ਇਸ ਸਾਲ ਮੌਸਮ ਵਿਗਿਆਨੀਆਂ ਨੇ ਐਲ ਨੀਨੋ ਦੀ ਸਥਿਤੀ ਪੈਦਾ ਹੋਣ ਦੀ ਭਵਿੱਖਬਾਣੀ ਵੀ ਕੀਤੀ ਹੈ, ਜਿਸ ਨਾਲ ਪ੍ਰਸ਼ਾਂਤ ਮਹਾਂਸਾਗਰ ਦਾ ਪਾਣੀ ਆਮ ਨਾਲੋਂ ਵਧੇਰੇ ਗਰਮ ਹੋ ਸਕਦਾ ਹੈ, ਜਿਸ ਕਰਕੇ ਐਤਕੀਂ ਮੌਨਸੂਨ ਕਾਫੀ ਕਮਜ਼ੋਰ ਰਹਿ ਸਕਦੀ ਹੈ, ਜਿਸ ਦੇ ਨਤੀਜੇ ਵਜੋਂ ਆਮ ਨਾਲੋਂ ਬਰਸਾਤ ਘੱਟ ਹੋਣ ਦਾ ਸਾਹਮਣਾ ਵੀ ਕਰਨਾ ਪੈ ਸਕਦਾ ਹੈ, ਜਿਸ ਲਈ ਜਿੰਨੀ ਵੀ ਬਰਸਾਤ ਹੋਵੇ, ਉਸ ਦੇ ਪਾਣੀ ਨੂੰ ਵੀ ਜਿੰਨਾ ਹੋ ਸਕੇ, ਵੱਧ ਤੋਂ ਵੱਧ ਸੰਭਾਲਣ ਦੇ ਯਤਨ ਹੋਣੇ ਬਹੁਤ ਹੀ ਜ਼ਰੂਰੀ ਹਨ। ਇਸ ਦੇ ਨਾਲ-ਨਾਲ ਜਿੱਥੇ ਸਾਨੂੰ ਧਰਤੀ ਹੇਠਲੇ ਅੰਮ੍ਰਿਤਮਈ ਪਾਣੀ ਦੀ ਵਰਤੋਂ ਵੀ ਬਹੁਤ ਹੀ ਸੰਜਮ ਭਰੀ ਸੂਝ ਨਾਲ ਕਰਨ ਨੂੰ ਤਰਜੀਹ ਦੇਣੀ ਹੋਵੇਗੀ, ਉਥੇ ਅਧੂਰਾ ਪਿਆ ਤਲਾਬ ਪ੍ਰੋਜੈਕਟ ਨੂੰ ਜਿਨ੍ਹਾਂ ਛੇਤੀ ਹੋ ਸਕੇ, ਨੇਪਰੇ ਚਾੜ੍ਹਿਆ ਜਾਣਾ ਚਾਹੀਦਾ ਹੈ।

ਔੜ ਸਮੇਂ ਇਨ੍ਹਾਂ ਤਲਾਬਾਂ ਦੇ ਸੰਭਾਲੇ ਪਾਣੀ ਨਾਲ ਸਿੰਚਾਈ ਅਤੇ ਹੋਰ ਕਾਰਜਾਂ ਲਈ ਸਿੱਧੇ ਤੌਰ ’ਤੇ ਵੀ ਵਰਤਿਆ ਜਾ ਸਕੇਗਾ।ਖੁਸ਼ਕ ਤੇ ਤਪਸ਼ ਭਰੇ ਮੌਸਮ ਦੌਰਾਨ ਆਲੇ-ਦੁਆਲੇ ਦੇ ਇਲਾਕਿਆਂ ਵਿਚ ਖੁਸ਼ਕੀ ਤੋਂ ਕੁਝ ਹੱਦ ਤੱਕ ਰਾਹਤ ਮਿਲਦੀ ਰਹੇਗੀ ਤੇ ਕੁਝ ਨਾ ਕੁਝ ਸਰਵਾਈ ਭਰੀ ਹਰਿਆਵਲ ਤੇ ਠੰਡਕ ਵੀ ਬਰਕਰਾਰ ਰਹਿਣ ਦੀ ਸੰਭਾਵਨਾ ਵੀ ਬਣੀ ਰਹੇਗੀ।

ਵਟਸਐਪ 98764-74858

# ਕੇਂਦਰੀ ਹਕੂਮਤ ਜਾਣਬੁੱਝ ਕੇ ਪੰਜਾਬ ਨੂੰ ਰੇਗਿਸਤਾਨ ਬਣਾਉਣ ਦੇ ਰਾਹ ਤੁਰੀ

ਪਿਰਥੀਪਾਲ ਸਿੰਘ ਮਾੜੀਮੇਘਾ

ਸਾਂਝੇ ਪੰਜਾਬ ਵਿੱਚ ਪੰਜ ਦਰਿਆ ਵਗਦੇ ਸਨ। ਹਿੰਦੁਸਤਾਨ ਨਾਲੋਂ ਪਾਕਿਸਤਾਨ ਬਣਨ ਕਰਕੇ ਗੁਰੂਆਂ, ਪੀਰਾਂ ਦੀ ਧਰਤੀ ਪੰਜਾਬ ਵੀ ਦੋ ਥਾਵਾਂ ’ਤੇ ਵੰਡੀ ਗਈ। ਪੰਜਾਬ ਦਾ ਇੱਕ ਵੱਡਾ ਹਿੱਸਾ ਪਾਕਿਸਤਾਨ ਵਿੱਚ ਰਹਿ ਗਿਆ। ਪੰਜਾਬ ਦੇ ਦਰਿਆਵਾਂ ਦੇ ਪਾਣੀ ਦੀ ਵੀ ਵੰਡ ਅੰਤਰਰਾਸ਼ਟਰੀ ਸੰਸਥਾ ਵਰਲਡ ਬੈਂਕ ਨੇ 19 ਸਤੰਬਰ 1960 ਨੂੰ ਕਰਾਈ ਤੇ ਦੋਵੇਂ ਦੇਸ਼ਾਂ ਨੇ ਸਮਝੌਤੇ ’ਤੇ ਦਸਤਖ਼ਤ ਕੀਤੇ । ਇਸ ਸਮਝੌਤੇ ਨੂੰ ਇੰਡਸ ਪਾਣੀ ਸੰਧੀ (ਸਿੰਧ ਜਲ ਸੰਧੀ) ਕਿਹਾ ਜਾਂਦਾ ਹੈ ।ਹਿੰਦੁਸਤਾਨ ਵਾਲੇ ਪੰਜਾਬ ਦੇ ਹਿੱਸੇ ਰਾਵੀ, ਬਿਆਸ ਤੇ ਸਤਲੁਜ ਦਰਿਆ ਆਏ। ਪਾਕਿਸਤਾਨ ਵਾਲੇ ਪੰਜਾਬ ਨੂੰ ਜੇਹਲਮ, ਚਨਾਬ ਅਤੇ ਸਿੰਧ ਦਰਿਆ ਮਿਲੇ। ਪੁਰਾਣੇ ਪੰਜਾਬ ਵਿੱਚ ਵਗਦੇ ਦਰਿਆਵਾਂ ’ਚੋਂ ਹਿੰਦ ਵਾਲੇ ਪੰਜਾਬ ਦੇ ਹਿੱਸੇ 34 ਐੱਮ ਏ ਐੱਫ (ਮਿਲੀਅਨ ਏਕੜ ਫੁੱਟ ਦਾ ਅਰਥ 10 ਲੱਖ ਏਕੜ ਰਕਬੇ ਵਿੱਚ ਇੱਕ ਫੁੱਟ ਪਾਣੀ ਖੜ੍ਹਾ ਹੋਣ ਦੀ ਮਾਤਰਾ) ਪਾਣੀ ਆਇਆ ਅਤੇ ਪਾਕਿਸਤਾਨ ਵਾਲੇ ਪੰਜਾਬ ਨੂੰ 136 ਐੱਮ ਏ ਐੱਫ ਪਾਣੀ ਮਿਲਿਆ। ਹਿੰਦੁਸਤਾਨ ਵਾਲੇ ਪੰਜਾਬ ਦੇ 34 ਐੱਮ ਏ ਐੱਫ ਪਾਣੀ ’ਚੋਂ ਸਾਡੇ ਦੇਸ਼ ਦੀ ਕੇਂਦਰ ਸਰਕਾਰ ਨੇ ਅੱਗੇ 60 ਫੀਸਦੀ ਪਾਣੀ ਰਾਜਸਥਾਨ, ਹਰਿਆਣਾ, ਦਿੱਲੀ ਤੇ ਜੰਮੂ-ਕਸ਼ਮੀਰ ਨੂੰ ਦੇ ਦਿੱਤਾ।

ਬਰਤਾਨਵੀ ਹਕੂਮਤ ਨੇ ਆਪਣੇ ਮੁਫਾਦ ਲਈ ਪਾਕਿਸਤਾਨ ਵਾਲੇ ਪੰਜਾਬ ’ਚੋਂ ਜੰਗਲ ਕੱਟ ਕੇ ਨਹਿਰਾਂ ਦਾ ਜਾਲ ਵਿਛਾਇਆ ਅਤੇ ਪੰਜਾਬ ਦੇ ਕਿਸਾਨਾਂ ਤੋਂ ਧਰਤੀ ਨੂੰ ਖੇਤੀ ਜੋਗ ਬਣਾਇਆ । ਨਹਿਰਾਂ ਰਾਹੀਂ ਆਬਾਦ ਕੀਤੀ ਉਹ ਜ਼ਮੀਨ ਪਾਕਿਸਤਾਨੀ ਪੰਜਾਬ ਦੇ ਹਿੱਸੇ ਆ ਗਈ।ਵਿਸ਼ਵ ਬੈਂਕ ਨੇ ਹਿੰਦ-ਪਾਕਿ ਦੇ ਪਾਣੀਆਂ ਦੀ ਵੰਡ ਬਾਰੇ ਜਾਇਜ਼ਾ ਲੈਣ ਲਈ 1955 ਵਿੱਚ ਇੱਕ ਟੀਮ ਭੇਜੀ। ਇਸ ਟੀਮ ਅੱਗੇ ਪੇਸ਼ ਹੋਣ ਤੋਂ ਪਹਿਲਾਂ ਹਿੰਦੁਸਤਾਨ ਦੀ ਮਾਹਰ ਟੀਮ ਨੇ ਹਿੰਦ ਦੇ ਪਾਣੀਆਂ ਵਾਸਤੇ ਜਿਹੜੀ ਯੋਜਨਾ ਬਣਾਈ, ਉਸ ਵਿੱਚ ਘੱਗਰ ਦਰਿਆ ਨੂੰ ਸਿੰਧ ਬੇਸਨ (ਖੇਤਰ) ਦਾ ਹਿੱਸਾ ਬਣਾ ਕੇ ਪੇਸ਼ ਕੀਤਾ ਅਤੇ ਕਿਹਾ ਇਹ ਕਿ ਇਹ ਦਰਿਆ ਰਾਜਸਥਾਨ ਵਿੱਚ ਵਗਦਾ ਹੈ। ਅਸਲ ਵਿੱਚ ਸਿੰਧ ਬੇਸਨ ਵਿੱਚ ਰਾਵੀ, ਬਿਆਸ, ਸਤਲੁਜ, ਚਨਾਬ, ਜਿਹਲਮ ਅਤੇ ਸਿੰਧ ਦਰਿਆ ਆਉਂਦੇ ਹਨ। ਘੱਗਰ ਸਿੰਧ ਬੇਸਨ ਦਾ ਹਿੱਸਾ ਨਹੀਂ, ਇਹ ਰਾਜਸਥਾਨ ਦੇ ਮਾਰੂਥਲ ਇਲਾਕੇ ਵਿੱਚ ਖ਼ਤਮ ਹੋ ਜਾਂਦਾ ਹੈ। ਪੁਰਾਣੇ ਸਮਿਆਂ ਅਨੁਸਾਰ ਘੱਗਰ ਸਰਸਵਤੀ ਦਰਿਆ ਨਾਲ ਮਿਲ ਕੇ ਗੁਜਰਾਤ ਵਿੱਚ ਰਣ ਕਛ ਦੇ ਕੋਲ ਸਮੁੰਦਰ ਵਿੱਚ ਵੜ ਜਾਂਦਾ ਸੀ।

ਹਿੰਦੁਸਤਾਨ ਸਰਕਾਰ ਨੇ ਕਾਹਲੀ ਵਿੱਚ 29 ਜਨਵਰੀ 1955 ਨੂੰ ਰਾਵੀ-ਬਿਆਸ ਦੇ ਵਾਧੂ ਪਾਣੀਆਂ ਦੀ ਵੰਡ ਲਈ ਦਿੱਲੀ ਵਿਖੇ ਇੱਕ ਮੀਟਿੰਗ ਕੀਤੀ । ਮੀਟਿੰਗ ਵਿੱਚ ਵਿਚਾਰਿਆ ਕਿ ਰਾਵੀ -ਬਿਆਸ ਦਰਿਆ 1945 ਦੇ ਆਧਾਰ ’ਤੇ ਕੁੱਲ ਪਾਣੀ 18.98 ਐੱਮ ਏ ਐੱਫ ਹੈ। ਇਸ ’ਚੋਂ ਪੰਜਾਬ ਵਿੱਚ 1947 ਤੋਂ ਪਹਿਲਾਂ ਹੀ 3.13 ਐੱਮ ਏ ਐੱਫ ਪਾਣੀ ਵਰਤਿਆ ਜਾ ਰਿਹਾ ਹੈ। ਬਾਕੀ 15.85 ਐੱਮ ਏ ਐੱਫ ਬਚਦਾ ਹੈ ਜਿਸ ਨੂੰ ਵਾਧੂ ਪਾਣੀ ਕਿਹਾ ਜਾ ਰਿਹਾ ਸੀ । ਇਸ ਵਾਧੂ ਪਾਣੀ ਦੀ ਕੇਂਦਰ ਸਰਕਾਰ ਨੇ ਵੰਡ ਕਰਕੇ ਪੰਜਾਬ ਨੂੰ 7.2 ਐਮ ਏ ਐਫ (ਜਿਸ ਵਿੱਚ ਪੈਪਸੂ ਅਤੇ ਹਰਿਆਣਾ ਵੀ ਸੀ), ਰਾਜਸਥਾਨ ਨੂੰ 8.0 ਐੱਮ ਏ ਐੱਫ ਅਤੇ ਜੰਮੂ-ਕਸ਼ਮੀਰ ਨੂੰ 0.65 ਐੱਮ ਏ ਐੱਫ ਦੇ ਦਿੱਤਾ।

ਹਿੰਦੁਸਤਾਨ ਦੇ ਪਾਣੀਆਂ ਦੇ ਮਾਹਰਾਂ ਨੇ ਪਾਕਿਸਤਾਨ ਤੋਂ ਪਾਣੀ ਬਚਾਉਣ ਲਈ ਘੱਗਰ ਦਰਿਆ ਨੂੰ ਸਿੰਧ ਬੇਸਨ (ਖੇਤਰ) ਦਾ ਹਿੱਸਾ ਦੱਸ ਕੇ ਰਾਜਸਥਾਨ ਨੂੰ ਪਾਣੀ ਦੇ ਕੇ ਪਾਣੀ ਤਾਂ ਬਚਾ ਲਿਆ, ਪਰ ਰਾਜਸਥਾਨ ਉਸ ਪਾਣੀ ’ਤੇ ਪੱਕਾ ਹੀ ਕਾਬਜ਼ ਹੋ ਗਿਆ ।

ਅਸਲ ਵਿੱਚ ਰਾਜਸਥਾਨ ਪੰਜਾਬ ਦੇ ਦਰਿਆਵਾਂ ਦਾ ਰਿਪੇਰੀਅਨ ਨਹੀਂ ਹੈ। ਰਿਪੇਰੀਅਨ ਦਾ ਮਤਲਬ ਇਹ ਹੈ ਕਿ ਦਰਿਆਵਾਂ ਦੇ ਪਾਣੀ ਦਾ ਕਿਨਾਰਾ, ਜਿਸ ਧਰਤੀ ਨੂੰ ਲਗਦਾ ਹੈ, ਉਹ ਹੀ ਪਾਣੀ ਦਾ ਮਾਲਕ ਹੁੰਦਾ ਹੈ । ਰਾਵੀ, ਬਿਆਸ ਤੇ ਸਤਲੁਜ ਦਰਿਆਵਾਂ ਦੇ ਪਾਣੀ ਦਾ ਵਹਾਅ ਅਤੇ ਕਿਨਾਰੇ ਸਿਰਫ ਪੰਜਾਬ ਦੀ ਧਰਤੀ ਨੂੰ ਲਗਦੇ ਹਨ, ਇਸ ਲਈ ਇਨ੍ਹਾਂ ਦਰਿਆਵਾਂ ਦੇ ਪਾਣੀ ਦਾ ਮਾਲਕ ਪੰਜਾਬ ਹੈ। ਰਾਜਸਥਾਨ ਨਾਲ ਤਾਂ ਇਨ੍ਹਾਂ ਤਿੰਨਾਂ ਦਰਿਆਵਾਂ ਦੇ ਪਾਣੀ ਦਾ ਕੋਈ ਲੈਣ-ਦੇਣ ਹੀ ਨਹੀਂ ਹੈ। ਰਾਜਸਥਾਨ ਦੇ ਕਿਸੇ ਬਰਸਾਤੀ ਨਾਲੇ ਦਾ ਪਾਣੀ ਵੀ ਇਨ੍ਹਾਂ ਦਰਿਆਵਾਂ ਵਿੱਚ ਨਹੀਂ ਪੈਂਦਾ।

ਉਸ ਸਮੇਂ ਦੀ ਕੇਂਦਰ ਦੀ ਕਾਂਗਰਸ ਹਕੂਮਤ ਨੇ ਬੇਈਮਾਨੀ ਨਾਲ ਰਾਵੀ ਦਰਿਆ ਦਾ ਪਾਣੀ ਮਾਧੋਪੁਰ - ਬਿਆਸ ਨਹਿਰ ਰਾਹੀਂ ਬਿਆਸ ਦਰਿਆ ਵਿੱਚ ਪਾਇਆ। ਇਸ ਲਿੰਕ ਨਹਿਰ ਦੀ ਸਮਰੱਥਾ 10000 ਕਿਊਸਕ (ਵਗਦੇ ਪਾਣੀ ਨੂੰ ਮਾਪਣ ਦੀ ਇਕਾਈ-ਘਣ ਫੁੱਟ ਦਾ ਭਾਵ ਲੰਬਾਈ-ਚੌੜਾਈ ਤੇ ਉਚਾਈ ਇੱਕੋ ਜਿਹੀ) ਹੈ। ਇਸ ਨਹਿਰ ਦਾ ਨਾਂਅ ਮਾਧੋਪੁਰ -ਬਿਆਸ ਲਿੰਕ ਹੈ। ਰਾਵੀ ਦਰਿਆ ਤੋਂ ਬਿਆਸ ਨਦੀ ਵਿੱਚ ਪਾਇਆ ਪਾਣੀ ਹੀ ਆਮ ਤੌਰ ’ਤੇ ਹਰੀਕੇ ਝੀਲ ਵਿੱਚ ਆ ਕੇ ਰੁਕਦਾ ਅਤੇ ਇਸ ਡੈਮ ਤੋਂ ਰਾਜਸਥਾਨ ਵਾਲੀਆਂ ਨਹਿਰਾਂ ਨੂੰ ਪਾਣੀ ਦਿੱਤਾ ਜਾਂਦਾ ਹੈ। ਰਾਜਸਥਾਨ ਲਈ ਪਾਣੀ ਦਾ ਭੰਡਾਰ ਯਕੀਨੀ ਬਣਾਉਣ ਲਈ ਮਾਧੋਪੁਰ ਤੋਂ 24 ਕਿਲੋਮੀਟਰ ਦੂਰ ਪਿੰਡ ਥੀਨ 2001 ਵਿੱਚ ਇੱਕ ਡੈਮ ਬਣਾਇਆ ਗਿਆ, ਜਿਸ ਨੂੰ ਥੀਨ ਡੈਮ ਕਿਹਾ ਜਾਂਦਾ ਹੈ। ਇਸ ਡੈਮ ’ਤੇ ਬਿਜਲੀ ਵੀ ਪੈਦਾ ਕੀਤੀ ਜਾਂਦੀ ਹੈ ।

ਹਰੀਕੇ ਡੈਮ 1952 ’ਚ ਬਣ ਗਿਆ ਸੀ। ਇਸ ਡੈਮ ’ਤੇ ਰਾਜਸਥਾਨ ਨੂੰ ਪਾਣੀ ਦੇਣ ਵਾਲੀਆਂ ਨਹਿਰਾਂ ਦੇ ਗੇਟ ਵੀ ਬਣਾ ਦਿੱਤੇ ਗਏ ਸਨ, ਪਰ ਗੇਟ ਉਨ੍ਹਾਂ ਚਿਰ ਤੱਕ ਲੁਕਾ ਕੇ ਰੱਖੇ ਗਏ, ਜਿੰਨਾ ਚਿਰ ਤੱਕ ਨਹਿਰਾਂ ਨਾ ਬਣੀਆਂ । ਹਰੀਕੇ ਡੈਮ ਭਾਵੇਂ ਪਾਕਿਸਤਾਨ ਨੂੰ ਜਾਂਦੇ ਪਾਣੀ ਨੂੰ ਰੋਕਣ ਲਈ ਬਣਿਆ ਸੀ, ਪਰ ਇਸ ਪਿੱਛੇ ਕੇਂਦਰ ਸਰਕਾਰ ਦੀ ਰਾਜਸਥਾਨ ਨੂੰ ਪਾਣੀ ਦੇਣ ਦੀ ਵੀ ਚਾਲ ਸੀ।

ਰਾਜਸਥਾਨ ਨੇ ਨਰਬਦਾ ਨਦੀ ਦਾ ਕੇਂਦਰ ਸਰਕਾਰ ਤੋਂ ਪਾਣੀ ਮੰਗਿਆ ਤੇ ਰਾਜਸਥਾਨ ਗੈਰ-ਰਿਪੇਰੀਅਨ ਹੋਣ ਕਰਕੇ ਪਾਣੀ ਨਹੀਂ ਮਿਲਿਆ। ਨਰਬਦਾ ਨਦੀ ਗੁਜਰਾਤ, ਮੱਧ ਪ੍ਰਦੇਸ਼ ਅਤੇ ਮਹਾਰਾਸ਼ਟਰ ਸੂਬਿਆਂ ਵਿੱਚ ਜਾਂਦੀ ਹੈ । ਇਨ੍ਹਾਂ ਤਿੰਨਾਂ ਸੂਬਿਆਂ ਵਿੱਚ ਨਰਬਦਾ ਨਦੀ ਦੇ ਪਾਣੀ ਦੀ ਵੰਡ ਲਈ ਇੱਕ ਵਾਟਰ ਟ੍ਰਿਬਿਊਨਲ ਬਣਿਆ ਸੀ, ਜਿਸ ਨੂੰ ਰਾਜਸਥਾਨ ਨੇ ਪਾਣੀ ਲੈਣ ਲਈ ਦਰਖਾਸਤ ਦਿੱਤੀ । ਰਾਜਸਥਾਨ ਨਰਬਦਾ ਨਦੀ ਦਾ ਗੈਰ-ਰਿਪੇਰੀਅਨ ਹੈ, ਇਸ ਕਰਕੇ ਟ੍ਰਿਬਿਊਨਲ ਨੇ ਰਾਜਸਥਾਨ ਨੂੰ ਪਾਣੀ ਦੇਣ ਦੀ ਸਿਫਾਰਸ਼ ਨਾ ਕੀਤੀ।

ਪਹਿਲੀ ਨਵੰਬਰ 1966 ਨੂੰ ਪੰਜਾਬ ਨਾਲੋਂ ਹਰਿਆਣਾ ਵੱਖ ਹੋਣ ਅਤੇ ਸੂਬਾ ਘੋਸ਼ਿਤ ਹੋਣ ’ਤੇ ਹਰਿਆਣਾ ਤੇ ਰਾਜਸਥਾਨ ਦੋਹਾਂ ਨਾਲ ਪੰਜਾਬ ਦੇ ਪਾਣੀਆਂ ਦਾ ਝਗੜਾ ਬਣ ਗਿਆ। ਪੰਜਾਬ ਤੇ ਹਰਿਆਣਾ ਦੀ ਜਾਇਦਾਦ ਤੇ ਦੇਣਦਾਰੀਆਂ ਨੂੰ 60:40 ਅਨੁਪਾਤ ਦੇ ਆਧਾਰ ’ਤੇ ਪੰਜਾਬ ਅਤੇ ਹਰਿਆਣਾ ਵਿੱਚ ਵੰਡਣ ਦਾ ਫੈਸਲਾ ਹੋਇਆ। ਪੰਜਾਬ ਦੇ ਦਰਿਆਵਾਂ ਦੇ ਪਾਣੀਆਂ ਬਾਰੇ ਪੰਜਾਬ ਪੁਨਰਗਠਨ ਐਕਟ ਵਿੱਚ ਧਾਰਾ 78-79-80 ਜੋੜ ਦਿੱਤੀਆਂ, ਜਿਨ੍ਹਾਂ ਦੀ ਕੋਈ ਜ਼ਰੂਰਤ ਨਹੀਂ ਸੀ। ਕੇਂਦਰ ਸਰਕਾਰ ਨੇ 24 ਮਾਰਚ 1976 ਨੂੰ ਹੁਕਮ ਜਾਰੀ ਕਰ ਦਿੱਤਾ ਕਿ ਪੰਜਾਬ ਨੂੰ 3.5 ਐੱਮ ਏ ਐੱਫ, ਹਰਿਆਣਾ 3.5 ਐੱਮ ਏ ਐੱਫ, ਰਾਜਸਥਾਨ 8.0 ਐੱਮ ਏ ਐਫ, ਦਿੱਲੀ 0.20 ਐੱਮ ਏ ਐੱਫ ਅਤੇ ਜੰਮੂ-ਕਸ਼ਮੀਰ 0.65 ਐੱਮ ਏ ਐੱਫ ਪਾਣੀ ਦਿੱਤਾ ਜਾਂਦਾ ਹੈ। ਦਰਿਆਈ ਪਾਣੀਆਂ ਦਾ ਝਗੜਾ ਪਹਿਲਾਂ ਰਾਜਸਥਾਨ ਨਾਲ ਚੱਲ ਰਿਹਾ ਸੀ ਤੇ ਉਕਤ ਵੰਡ ਤੋਂ ਹਰਿਆਣਾ ਨਾਲ ਵੀ ਸ਼ੁਰੂ ਹੋ ਗਿਆ।

ਅੰਤਰਰਾਸ਼ਟਰੀ ਰਿਪੇਰੀਅਨ ਕਾਨੂੰਨ ਅਨੁਸਾਰ ਸਤਲੁਜ, ਰਾਵੀ ਤੇ ਬਿਆਸ ਦਰਿਆਵਾਂ ਦੇ ਕੰਢੇ ਹਰਿਆਣਾ ਦੀ ਧਰਤੀ ਨਾਲ ਨਹੀਂ ਲਗਦੇ, ਇਸ ਕਰਕੇ ਹਰਿਆਣੇ ਦਾ ਪੰਜਾਬ ਦੇ ਦਰਿਆਵਾਂ ਦੇ ਪਾਣੀਆਂ ’ਤੇ ਕੋਈ ਹੱਕ ਨਹੀਂ ਬਣਦਾ । ਯਮਨਾ ਨਦੀ ਦੇ ਪਾਣੀ ਉੱਤੇ ਹਰਿਆਣੇ ਦਾ ਹੱਕ ਹੈ ਅਤੇ ਉਹ ਪਾਣੀ ਹਰਿਆਣੇ ਨੂੰ ਮਿਲ ਰਿਹਾ ਹੈ।

ਪੰਜਾਬ ਦੇ ਦਰਿਆਵਾਂ ਦਾ ਪਾਣੀ ਕੇਂਦਰ ਦੀ ਸਰਕਾਰ ਨੇ ਪਹਿਲਾਂ ਰਾਜਸਥਾਨ ਨੂੰ ਤੇ ਫਿਰ ਹਰਿਆਣਾ ਨੂੰ ਦੇ ਕੇ ਪੰਜਾਬ ਦੀ ਧਰਤੀ ਨੂੰ ਬੰਜਰ ਬਣਾਉਣ ਦੀ ਕੋਈ ਕਸਰ ਨਹੀਂ ਛੱਡੀ । ਸਤਲੁਜ-ਯਮੁਨਾ ਲਿੰਕ ਨਹਿਰ ਭਾਰੀ ਸਿਆਸੀ ਤੇ ਸਰਕਾਰੀ ਦਬਾਅ ਕਰਕੇ ਹਾਲੇ ਬਣਨ ਤੋਂ ਰੁਕੀ ਹੋਈ ਹੈ, ਜਦੋਂ ਵੀ ਕਿਸੇ ਹਿੰਦੁਸਤਾਨ ਪੱਧਰ ਦੀ ਇੱਕ ਰਾਜਨੀਤਕ ਧਿਰ ਦੀ ਸਰਕਾਰ ਕੇਂਦਰ ਵਿੱਚ ਵੀ ਤੇ ਪੰਜਾਬ ਵਿੱਚ ਵੀ ਬਣ ਗਈ ਤਾਂ ਨਹਿਰ ਕੱਢਣ ਦਾ ਮਸਲਾ ਫਿਰ ਭਖ ਜਾਵੇਗਾ।

ਕੇਂਦਰ ਸਰਕਾਰ ਦੀਆਂ ਪੰਜਾਬ ਵਿਰੋਧੀ ਨੀਤੀਆਂ ਅਤੇ ਪੰਜਾਬ ਦੀਆਂ ਰਾਜਨੀਤਕ ਧਿਰਾਂ ਦੀ ਦਰਿਆਵਾਂ ਦੇ ਪਾਣੀਆਂ ਨੂੰ ਪੰਜਾਬ ਵਾਸੀਆਂ ਲਈ ਬਚਾ ਕੇ ਰੱਖਣ ਦੀ ਢਿੱਲ ਨੇ ਪੰਜਾਬ ਦੇ ਪਾਣੀਆਂ ਦਾ ਨੁਕਸਾਨ ਕੀਤਾ ਹੈ। ਪੰਜਾਬ ਦੇ ਕਿਸਾਨ ਫਸਲਾਂ ਪਾਲਣ ਲਈ 15 ਲੱਖ ਟਿਊਬਵੈੱਲਾਂ ਨਾਲ ਧਰਤੀ ਹੇਠਲਾ ਪਾਣੀ ਖਿੱਚ ਰਹੇ ਹਨ । ਪੰਜਾਬ ਦੀ ਧਰਤੀ ਹੇਠਲਾ ਪਾਣੀ ਖਤਰਨਾਕ ਹਾਲਤ ਤੱਕ ਪਹੁੰਚ ਗਿਆ ਹੈ। ਪੰਜਾਬ ਦੇ 137 ਬਲਾਕ ਹਨ, ਜਿਨ੍ਹਾਂ ਵਿੱਚੋਂ 110 ਬਲਾਕ ਪਾਣੀ ਦੇ ਪੱਖ ਤੋਂ ਖਤਰਨਾਕ ਪੁਜ਼ੀਸ਼ਨ ਵਿੱਚ ਭਾਵ ਡਾਰਕ ਜ਼ੋਨ ਬਣ ਚੁੱਕੇ ਹਨ। ਇਨ੍ਹਾਂ ਬਲਾਕਾਂ ’ਚੋਂ ਪਾਣੀ ਬਿਲਕੁਲ ਖਤਮ ਹੋ ਰਿਹਾ ਹੈ। ਜੇ ਇਹ ਹੀ ਹਾਲਾਤ ਰਹੇ ਤਾਂ ਪੰਜਾਬ ਜਲਦੀ ਹੀ ਮਾਰੂਥਲ ਬਣ ਜਾਵੇਗਾ।

ਕੇਂਦਰ ਦੀ ਸਰਕਾਰ ਨੇ ਪੰਜਾਬ ਦੇ ਦਰਿਆਵਾਂ ਦੇ ਪਾਣੀਆਂ ਦੇ ਮਸਲੇ ’ਤੇ ਪੰਜਾਬ ਨੂੰ ਹੁਣ ਤੱਕ ਕੋਈ ਨਿਆਂ ਨਹੀਂ ਦਿੱਤਾ। ਪੰਜਾਬ ਵਾਸੀਆਂ ਦੀ ਪੁਰਜ਼ੋਰ ਮੰਗ ਹੈ ਕਿ ਦਰਿਆਈ ਪਾਣੀਆਂ ਦੇ ਮਸਲੇ ਨੂੰ ਮੁੱਢ ਤੋਂ ਹੀ ਵਿਚਾਰਿਆ ਜਾਵੇ, ਤਾਂ ਜੋ ਪੰਜਾਬ ਨੂੰ ਇਨਸਾਫ ਮਿਲ ਸਕੇ।

# ਸੰਪਰਕ : 98760-78731

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਨਾਲ ਆਰ-ਪਾਰ ਦੀ ਲੜਾਈ ਦਾ ਐਲਾਨ

**■ 17 ਜੁਲਾਈ ਨੂੰ ਮੋਹਾਲੀ ਵਿਖੇ ਹੋਵੇਗੀ ਸੂਬਾ ਪੱਧਰੀ ਮਹਾਂ ਰੈਲੀ ■ 5 ਨੂੰ ਸਪੀਕਰ ਸੰਧਵਾਂ ਤੇ 11 ਨੂੰ ਡਾ. ਬਲਜੀਤ ਕੌਰ ਦੀ ਕੋਠੀ ਅੱਗੇ ਕੀਤੇ ਜਾਣਗੇ ਪ੍ਰਦਰਸ਼ਨ**



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਹੱਕੀ ਤੇ ਜਾਇਜ਼ ਮੰਗਾਂ ਪ੍ਰਤੀ ਧਾਰਨ ਕੀਤੇ ਬੇਰੁਖ਼ੀ ਵਾਲੇ ਰਵੱਈਏ ਖ਼ਿਲਾਫ਼ ਸੂਬੇ ਦੇ ਮੁਲਾਜ਼ਮਾਂ ਨੇ ਆਰ-ਪਾਰ ਦੀ ਲੜਾਈ ਦਾ ਬਿਗਲ ਵਜਾ ਦਿੱਤਾ ਹੈ।ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ, ਸਾਂਝਾ ਮੁਲਾਜ਼ਮ ਮੰਚ ਪੰਜਾਬ ਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਸਾਂਝੀ ਕੋਆਰਡੀਨੇਸ਼ਨ ਕਮੇਟੀ ਦਾ ਗਠਨ ਕਰਕੇ 'ਅੱਜ ਦੇ ਸਮੇਂ ਦੀ ਮੁੱਖ ਲੋੜ, ਵਿਸ਼ਾਲ ਏਕਤਾ ਤਿੱਖੇ ਘੋਲ' ਦੇ ਨਾਅਰੇ ਹੇਠ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਗਿਆ ਹੈ।ਉਲੀਕੇ ਗਏ ਐਕਸ਼ਨ ਪ੍ਰੋਗਰਾਮ ਤਹਿਤ ਅੱਜ ਫਰੀਦਕੋਟ ਜ਼ਿਲ੍ਹੇ ਦੇ ਮੁਲਾਜ਼ਮਾਂ, ਮਨਿਸਟਰੀਅਲ ਸਟਾਫ਼ ਤੇ ਪੈਨਸ਼ਨਰਾਂ ਦੀ ਇੱਕ ਅਹਿਮ ਮੀਟਿੰਗ ਸਥਾਨਕ ਪੈਨਸ਼ਨਰ ਭਵਨ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ (ਮੁੱਖ ਕਨਵੀਨਰ, ਸਾਂਝਾ ਮੁਲਾਜ਼ਮ ਮੰਚ ਪੰਜਾਬ) ਨੇ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਤਿੰਦਰ ਕੁਮਾਰ, ਇੰਦਰਜੀਤ ਸਿੰਘ ਖੀਵਾ, ਬਿਕਰਮਜੀਤ ਸਿੰਘ ਢਿੱਲੋਂ, ਸੁਖਵਿੰਦਰ ਸਿੰਘ ਸੁੱਖੀ, ਹਰਪ੍ਰੀਤ ਸਿੰਘ (ਟੀ.ਐੱਸ.ਯੂ.), ਬਲਕਾਰ ਸਿੰਘ ਸਹੋਤਾ, ਇੰਦਰਜੀਤ ਸਿੰਘ ਗਿੱਲ, ਕੁਲਵੰਤ ਸਿੰਘ ਚਾਨੀ, ਸਿਮਰਜੀਤ ਸਿੰਘ ਬਰਾੜ, ਵੀਰ ਇੰਦਰਜੀਤ ਸਿੰਘ ਪੁਰੀ, ਪ੍ਰਿੰਸੀਪਲ ਕ੍ਰਿਸ਼ਨ ਲਾਲ ਬਕੋਲੀਆ, ਅਮਰਜੀਤ ਸਿੰਘ ਵਾਲੀਆ, ਧਰਮਿੰਦਰ ਸਿੰਘ, ਗੁਰਤੇਜ ਸਿੰਘ ਖਹਿਰਾ ਅਤੇ ਜਗਤਾਰ ਸਿੰਘ ਗਿੱਲ ਨੇ ਭਗਵੰਤ ਮਾਨ ਸਰਕਾਰ 'ਤੇ ਤਿੱਖੇ ਹਮਲੇ ਕੀਤੇ।ਕੋਆਰਡੀਨੇਸ਼ਨ ਕਮੇਟੀ ਵੱਲੋਂ ਲਏ ਗਏ ਫ਼ੈਸਲਿਆਂ ਅਨੁਸਾਰ 5 ਜੁਲਾਈ 2026 ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਪਿੰਡ ਸੰਧਵਾਂ ਸਥਿਤ ਰਿਹਾਇਸ਼ ਸਾਹਮਣੇ ਵਿਸ਼ਾਲ ਰੋਸ ਪ੍ਰਦਰਸ਼ਨ ਤੇ 11 ਜੁਲਾਈ ਨੂੰ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਦੀ ਫਰੀਦਕੋਟ ਸਥਿਤ ਕੋਠੀ ਸਾਹਮਣੇ ਮੁਜ਼ਾਹਰਾ ਕੀਤਾ ਜਾਵੇਗਾ।ਇਸ ਉਪਰੰਤ 17 ਜੁਲਾਈ ਮੋਹਾਲੀ ਵਿਖੇ ਸੂਬਾ ਪੱਧਰੀ ਲਾਮਿਸਾਲ ਮਹਾਂ ਰੈਲੀ ਕੀਤੀ ਜਾਵੇਗੀ, ਜਿੱਥੇ ਆਉਣ ਵਾਲੀਆਂ ਪੀੜ੍ਹੀਆਂ ਦੇ ਗਲੋਂ ਕੇਂਦਰੀ ਸਕੇਲਾਂ ਦਾ ਜੂਲਾ ਲਾਹੁਣ ਦਾ ਪ੍ਰਣ ਲਿਆ ਜਾਵੇਗਾ।ਆਗੂਆਂ ਨੇ ਸਾਫ਼ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਫਿਰ ਵੀ ਮੰਗਾਂ ਵੱਲ ਧਿਆਨ ਨਾ ਦਿੱਤਾ, ਤਾਂ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਵੋਟ ਨਾ ਪਾਉਣ ਦਾ ਨਿਰਣਾ ਕਰਕੇ ਸੱਤਾ ਤੋਂ ਲਾਂਭੇ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਸੋਮ ਨਾਥ ਅਰੋੜਾ, ਇੰਜਨੀਅਰ ਜੀਤ ਸਿੰਘ, ਉਪਿੰਦਰ ਪਾਲ ਸਿੰਘ, ਬਿਸ਼ਨ ਕੁਮਾਰ ਅਰੋੜਾ, ਸੁਖਦੇਵ ਸਿੰਘ ਬੀ.ਪੀ.ਈ.ਓ., ਅਜੀਤ ਸਿੰਘ ਖਾਲਸਾ, ਰਮੇਸ਼ ਕੌਸ਼ਲ, ਦਰਸ਼ਨ ਸਿੰਘ ਵਿਰਦੀ, ਅਧਿਆਪਕ ਆਗੂ ਨਰਿੰਦਰ ਕੁਮਾਰ, ਰਜਿੰਦਰ ਕੁਮਾਰ ਤੇ ਜਿਤੇਂਦਰ ਕੁਮਾਰ ਆਦਿ ਹਾਜ਼ਰ ਸਨ।

# ਨੀਟ ਪੇਪਰ ਲੀਕ ਮਾਮਲੇ 'ਤੇ ਕਾਂਗਰਸ ਨੇ ਘੇਰੀ ਮੋਦੀ ਸਰਕਾਰ

**■ ਸਿੱਖਿਆ ਮੰਤਰੀ ਦਾ ਮੰਗਿਆ ਅਸਤੀਫਾ, 9 ਅਗਸਤ ਨੂੰ ਦਿੱਲੀ ਵਿਖੇ ਰੈਲੀ ਦਾ ਐਲਾਨ**



**ਬਠਿੰਡਾ (ਪਰਵਿੰਦਰ ਜੀਤ ਸਿੰਘ)**
ਨੀਟ ਪ੍ਰੀਖਿਆ ਪੇਪਰ ਲੀਕ ਮਾਮਲੇ ਵਿੱਚ ਕਾਂਗਰਸ ਸੜਕ 'ਤੇ ਉਤਰਦੀ ਹੋਈ ਨਜ਼ਰ ਆ ਰਹੀ ਹੈ।ਅੱਜ ਬਠਿੰਡਾ ਵਿਖੇ ਜ਼ਿਲ੍ਹਾ ਕਾਂਗਰਸ ਬਠਿੰਡਾ ਸ਼ਹਿਰੀ ਦੇ ਪ੍ਰਧਾਨ ਰਾਜਨ ਗਰਗ ਤੇ ਦਿਹਾਤੀ ਦੇ ਪ੍ਰਧਾਨ ਸਾਬਕਾ ਵਿਧਾਇਕ ਪ੍ਰੀਤਮ ਸਿੰਘ ਕੋਟਭਾਈ ਦੀ ਅਗਵਾਈ ਵਿੱਚ ਨੀਟ ਪ੍ਰੀਖਿਆ ਮਾਮਲੇ ਦੇ ਪੀੜਤ ਵਿਦਿਆਰਥੀਆਂ ਨਾਲ ਇੱਕ ਰਸਮੀ ਪ੍ਰਭਾਵਸ਼ਾਲੀ ਮੀਟਿੰਗ ਦੌਰਾਨ ਦੁੱਖ ਸੁੱਖ ਸਾਂਝੇ ਕੀਤੇ ਤੇ ਪੀੜਤ ਬੱਚਿਆਂ ਦੇ ਮਾਪਿਆਂ ਨਾਲ ਵੀ ਗੱਲਬਾਤ ਕੀਤੀ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਾਬਕਾ ਸਿੱਖਿਆ ਮੰਤਰੀ ਵਿਜੇ ਇੰਦਰ ਸਿੰਗਲਾ ਮੈਂਬਰ ਸੀ ਡਬਲਯੂ ਸੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਪੀੜਤ ਬੱਚਿਆਂ ਤੇ ਮਾਪਿਆਂ ਨਾਲ ਗੱਲਬਾਤ ਕਰਕੇ ਇਸ ਮਸਲੇ 'ਤੇ ਕੇਂਦਰ ਸਰਕਾਰ ਨੂੰ ਹਰ ਪਾਸੇ ਤੋਂ ਘੇਰਨ ਤੇ ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੰਗ ਕੀਤੀ।ਇਸ ਮੌਕੇ ਸਾਬਕਾ ਸਿੱਖਿਆ ਮੰਤਰੀ ਵਿਜੇ ਇੰਦਰ ਸਿੰਗਲਾ ਨੇ ਕਿਹਾ ਕਿ ਨੀਟ ਪ੍ਰੀਖਿਆ ਲੀਕ ਮਾਮਲੇ 'ਤੇ ਮੋਦੀ ਸਰਕਾਰ ਦਾ ਦੇਸ਼ ਵਿਰੋਧੀ ਚਿਹਰਾ ਨੰਗਾ ਹੋਇਆ ਹੈ, ਕਿਉਂਕਿ 22 ਲੱਖ ਵਿਦਿਆਰਥੀਆਂ ਦੀ ਜ਼ਿੰਦਗੀ ਨਾਲ ਖਿਲਵਾੜ ਕੀਤਾ ਗਿਆ ਹੈ, ਜਦੋਂਕਿ ਇਸ ਮਸਲੇ 'ਤੇ ਮਹਿਜ 200 ਵਿਦਿਆਰਥੀਆਂ ਨੂੰ ਹੀ ਮੁਕਾਮ ਹਾਸਲ ਹੁੰਦੇ ਹਨ, ਪ੍ਰੰਤੂ ਹੈਰਾਨਗੀ ਦੀ ਗੱਲ ਹੈ ਕਿ ਪੜ੍ਹੇ ਲਿਖੇ ਵਿਦਿਆਰਥੀ ਉਸ ਮੁਕਾਮ ਤੋਂ ਵਾਂਝੇ ਰਹਿ ਜਾਂਦੇ ਹਨ, ਕਿਉਂਕਿ ਸਿੱਖਿਆ ਪ੍ਰਣਾਲੀ ਦਾ ਸਿਸਟਮ ਦੇਸ਼ ਦੀ ਮੋਦੀ ਸਰਕਾਰ ਦੇ ਹੱਥੋਂ ਨਿਕਲ ਚੁੱਕਿਆ ਹੈ, ਜਿਸ ਕਰਕੇ ਪੇਪਰ ਲੀਕ ਹੋਣ ਕਰਕੇ ਪੜ੍ਹੇ ਲਿਖੇ ਵਿਦਿਆਰਥੀਆਂ ਨਾਲ ਧੋਖਾ ਹੋ ਰਿਹਾ ਹੈ।ਇਸ ਮਸਲੇ 'ਤੇ ਹੈਰਾਨਗੀ ਦੀ ਗੱਲ ਹੈ ਕਿ ਮੋਦੀ ਸਰਕਾਰ ਦਾ ਕੋਈ ਵੀ ਠੋਸ ਕਦਮ ਸਾਹਮਣੇ ਨਹੀਂ ਆਇਆ, ਜਦੋਂਕਿ ਚਾਹੀਦਾ ਸੀ ਕਿ ਤੁਰੰਤ ਸਿੱਖਿਆ ਮੰਤਰੀ ਤੋਂ ਅਸਤੀਫਾ ਲਿਆ ਜਾਂਦਾ ਤੇ ਜ਼ਿੰਮੇਵਾਰ ਅਧਿਕਾਰੀਆਂ 'ਤੇ ਪਰਚਾ ਦਰਜ ਕੀਤਾ ਜਾਂਦਾ, ਕਿਉਂਕਿ ਇਸ ਮਸਲੇ ਤੋਂ ਪੀੜਤ ਦੋ ਦਰਜਨ ਤੋਂ ਵੱਧ ਵਿਦਿਆਰਥੀਆਂ ਵੱਲੋਂ ਤਾਂ ਆਤਮ ਹੱਤਿਆ ਵੀ ਕਰ ਲਈ ਗਈ ਹੈ, ਜੋ ਕੇਂਦਰ ਸਰਕਾਰ ਦੇ ਮੱਥੇ 'ਤੇ ਕਲੰਕ ਹੈ।ਸਿੰਗਲਾ ਨੇ ਕਿਹਾ ਕਿ ਜੇਕਰ ਦੇਸ਼ ਦੀ ਸਿੱਖਿਆ ਪ੍ਰਣਾਲੀ ਦਾ ਸਿਸਟਮ ਸਹੀ ਹੁੰਦਾ ਤਾਂ ਅੱਜ ਦੇਸ਼ ਦੇ ਹਾਲਾਤ ਹੋਰ ਹੋਣੇ ਸੀ। ਉਨ੍ਹਾਂ ਕਿਹਾ ਕਿ ਕਾਂਗਰਸ ਪ੍ਰਧਾਨ ਮਲਿਕਾ ਅਰਜੁਨ ਖੜਗੇ ਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਇਸ ਮਸਲੇ ਨੂੰ ਬਾਖੂਬੀ ਉਠਾ ਰਹੀ ਹੈ।ਉਨ੍ਹਾਂ ਦੱਸਿਆ ਕਿ ਸਰਕਾਰ ਖਿਲਾਫ ਦੇਸ਼ ਵਾਸੀਆਂ ਨੂੰ ਜਾਗਰੂਕ ਕਰਨ ਲਈ ਜਿੱਥੇ 1 ਅਗਸਤ ਨੂੰ ਪੰਜਾਬ ਵਿੱਚ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਵਿੱਚ ਡੀ ਸੀ ਦਫਤਰਾਂ ਅੱਗੇ ਧਰਨੇ ਦਿੱਤੇ ਜਾਣਗੇ, ਉੱਥੇ ਹੀ 9 ਅਗਸਤ ਨੂੰ ਦਿੱਲੀ ਵਿਖੇ ਵੱਡੀ ਭਰਵੀਂ ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਨੀਟ ਦੇ ਪੀੜਤ ਵਿਦਿਆਰਥੀ ਤੇ ਮਾਪੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇਸ ਮੌਕੇ ਪੰਜਾਬ ਮਾਮਲਿਆਂ ਦੇ ਇੰਚਾਰਜ ਰਵਿੰਦਰ ਡਾਲਵੀਆ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ, ਜੋ ਰੋਜ਼ ਕਿਸੇ ਨਾ ਕਿਸੇ ਮੁੱਦੇ 'ਤੇ ਮਨ ਕੀ ਬਾਤ ਕਰਕੇ ਲੋਕਾਂ ਨੂੰ ਗੁਮਰਾਹ ਕਰਦੇ ਹਨ, ਉਨ੍ਹਾਂ ਨੂੰ ਚਾਹੀਦਾ ਹੈ ਕਿ 22 ਲੱਖ ਵਿਦਿਆਰਥੀਆਂ ਦੇ ਭਵਿੱਖ ਨਾਲ ਕੀਤੇ ਗਏ ਖਿਲਵਾੜ ਤੇ ਮਨ ਕੀ ਬਾਤ ਵਿੱਚ ਹੀ ਮਾਫੀ ਮੰਗਣ ਨਹੀਂ ਤਾਂ ਅਸਤੀਫਾ ਦੇ ਕੇ ਪਾਸੇ ਹੋਣ, ਕਿਉਂਕਿ ਹੈਰਾਨਗੀ ਦੀ ਗੱਲ ਹੈ ਕਿ ਇਸ ਮਸਲੇ 'ਤੇ ਪ੍ਰਧਾਨ ਮੰਤਰੀ ਨੇ ਹਾਲੇ ਤੱਕ ਕੋਈ ਬਿਆਨ ਨਹੀਂ ਦਿੱਤਾ। ਇਸ ਮੌਕੇ ਉਨ੍ਹਾਂ ਦੱਸਿਆ ਕਿ 9 ਅਗਸਤ ਦੀ ਦਿੱਲੀ ਰੈਲੀ ਵਿੱਚ ਪੰਜਾਬ ਸਮੇਤ ਬਠਿੰਡਾ ਤੋਂ ਕਾਫਲਿਆਂ ਦੇ ਰੂਪ ਵਿੱਚ ਕਾਂਗਰਸੀ ਵਰਕਰ ਲੀਡਰ ਤੇ ਨੀਟ ਪ੍ਰੀਖਿਆ ਪੇਪਰ ਲੀਕ ਮਾਮਲੇ ਦੇ ਪੀੜਤ ਵਿਦਿਆਰਥੀ ਤੇ ਮਾਪੇ ਇਸ ਰੈਲੀ ਲਈ ਸ਼ਮੂਲੀਅਤ ਕਰਨ ਲਈ ਰਵਾਨਾ ਹੋਣਗੇ।ਕਾਂਗਰਸੀ ਆਗੂਆਂ ਨੇ ਮੰਗ ਕੀਤੀ ਕਿ ਜੇਕਰ ਪ੍ਰਧਾਨ ਮੰਤਰੀ ਸੱਚਮੁੱਚ ਨੀਟ ਪ੍ਰੀਖਿਆ ਪੇਪਰ ਲੀਕ ਮਾਮਲੇ 'ਤੇ ਗੰਭੀਰ ਹਨ ਤਾਂ ਉਹ ਤੁਰੰਤ ਇਸ ਮਾਮਲੇ ਦੀ ਸੀਬੀਆਈ ਤੋਂ ਜਾਂਚ ਕਰਵਾਉਣ ਤੇ ਜ਼ਿੰਮੇਵਾਰ ਸਿੱਖਿਆ ਮੰਤਰੀ ਸਮੇਤ ਅਧਿਕਾਰੀਆਂ ਨੂੰ ਸਜ਼ਾ ਦੇਣ ਨਹੀਂ ਤਾਂ ਉਨ੍ਹਾਂ ਨੂੰ ਡਰਾਮੇਬਾਜ਼ੀ ਕਰਨ ਦੀ ਕੋਈ ਜ਼ਰੂਰਤ ਨਹੀਂ।ਇਸ ਮੌਕੇ ਉਨ੍ਹਾਂ ਨਾਲ ਅਬਕਾ ਵਿਧਾਇਕ ਹਰਦੀਪ ਸਿੰਘ ਕਿੰਗਰਾ, ਸਾਬਕਾ ਜਗਦੇਵ ਸਿੰਘ ਕਮਾਲੂ, ਸਾਬਕਾ ਵਿਧਾਇਕ ਗੁਰਜੰਟ ਸਿੰਘ ਕੁੱਤੀਵਾਲ ਸਾਬਕਾ ਕਾਰਜਕਾਰੀ ਮੇਹਰ ਅਸ਼ੋਕ ਕੁਮਾਰ, ਡੈਲੀਗੇਟ ਪੀਪੀ ਸੀਸੀ ਬਲਰਾਜ ਪੱਕਾ ਡਾਇਰੈਕਟਰ ਮਾਰਕਫੈਡ ਟਹਿਲ ਸਿੰਘ ਸੰਧੂ, ਸਾਬਕਾ ਚੇਅਰਮੈਨ ਕੇਕੇ ਅਗਰਵਾਲ, ਪੀਪੀਸੀਸੀ ਮੈਂਬਰ ਪਵਨ ਮਾਨੀ, ਮੀਤ ਪ੍ਰਧਾਨ ਤੇ ਪ੍ਰੈੱਸ ਮੀਡੀਆ ਇੰਚਾਰਜ ਰੁਪਿੰਦਰ ਬਿੰਦਰਾ, ਬਲਵੰਤ ਰਾਏ ਨਾਥ, ਕਿਰਨਜੀਤ ਸਿੰਘ ਗਹਿਰੀ, ਬਲਜਿੰਦਰ ਠੇਕੇਦਾਰ ਗੁਰਭਗਤ ਸਿੰਘ, ਡਾਕਟਰ ਜੀਵਨਜੋਤ ਕੌਰ ਭੱਟੀ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਤੇ ਅਹੁਦੇਦਾਰ ਹਾਜ਼ਰ ਸਨ।

## ਮੁੱਖ ਮੰਤਰੀ ਦੇ ਉਦਘਾਟਨ ਤੋਂ ਪਹਿਲਾਂ ਹੀ ਕਿਸਾਨਾਂ ਵੱਲੋਂ ਰੋਸ ਪ੍ਰਦਰਸ਼ਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਹਿਲ ਕਲਾਂ ਦੌਰੇ ਦੌਰਾਨ ਉਸ ਸਮੇਂ ਰੋਸ ਦਾ ਮਾਹੌਲ ਬਣ ਗਿਆ, ਜਦੋਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਆਗੂਆਂ ਦੀ ਅਗਵਾਈ ਹੇਠ ਕਿਸਾਨਾਂ ਨੇ ਗੰਗੋਹਰ ਤੋਂ ਮਹਿਲ ਕਲਾਂ ਦਰਮਿਆਨ ਪੱਕੇ ਕੀਤੇ ਜਾ ਰਹੇ ਰਜਵਾਹੇ ਦੇ ਨੀਂਹ ਪੱਥਰ ਕੋਲ ਇਕੱਠੇ ਹੋ ਕੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਕਿਸਾਨਾਂ ਨੇ ਦੋਸ਼ ਲਾਇਆ ਕਿ ਰਜਵਾਹੇ ਨੂੰ ਪੱਕਾ ਕਰਨ ਦੌਰਾਨ ਖੇਤਾਂ ਨੂੰ ਪਾਣੀ ਦੇਣ ਵਾਲੇ ਮੋਘੇ ਪਾਣੀ ਦੇ ਵਹਾਅ ਤੋਂ ਕਾਫ਼ੀ ਉੱਚੇ ਬਣਾ ਦਿੱਤੇ ਗਏ ਹਨ, ਜਿਸ ਕਾਰਨ ਨਹਿਰੀ ਪਾਣੀ ਖੇਤਾਂ ਤੱਕ ਨਹੀਂ ਪਹੁੰਚ ਰਿਹਾ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਨਾਲ ਕੋਈ ਸਲਾਹ-ਮਸ਼ਵਰਾ ਕੀਤੇ ਬਿਨਾਂ ਇਹ ਕੰਮ ਕੀਤਾ ਗਿਆ, ਜਿਸ ਨਾਲ ਕਿਸਾਨਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਹੈ।ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਆਗੂ ਸਰਬਜੀਤ ਸਿੰਘ ਗੰਗੋਹਰ, ਹਰਮਨਜੀਤ ਸਿੰਘ ਟਿਵਾਣਾ, ਸੁਖਵਿੰਦਰ ਸਿੰਘ ਗੰਗੋਹਰ, ਲਖਵੀਰ ਸਿੰਘ ਗੰਗੋਹਰ ਤੇ ਹੋਰ ਕਿਸਾਨਾਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਇੱਕ ਪਾਸੇ ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚਾਉਣ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਦੂਜੇ ਪਾਸੇ ਰਜਵਾਹਿਆਂ ਦੀ ਉਸਾਰੀ ਦੌਰਾਨ ਅਜਿਹੀਆਂ ਖਾਮੀਆਂ ਛੱਡੀਆਂ ਜਾ ਰਹੀਆਂ ਹਨ, ਜਿਨ੍ਹਾਂ ਕਾਰਨ ਕਿਸਾਨ ਪਾਣੀ ਤੋਂ ਵਾਂਝੇ ਹੋ ਰਹੇ ਹਨ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਤੁਰੰਤ ਉੱਚੇ ਬਣਾਏ ਗਏ ਮੋਘਿਆਂ ਨੂੰ ਤਕਨੀਕੀ ਮਾਪਦੰਡਾਂ ਅਨੁਸਾਰ ਠੀਕ ਕਰਵਾਏ ਤਾਂ ਜੋ ਨਹਿਰੀ ਪਾਣੀ ਖੇਤਾਂ ਤੱਕ ਸੁਚੱਜੇ ਢੰਗ ਨਾਲ ਪਹੁੰਚ ਸਕੇ।

## ਕਾਤਰਾਂ

### ਕਰੰਟ ਲੱਗਣ ਨਾਲ ਕਿਸਾਨ ਦੀ ਮੌਤ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਨਿਹਾਲ ਸਿੰਘ ਵਾਲਾ ਹਲਕੇ 'ਚ ਪੈਂਦੇ ਪਿੰਡ ਮਾਛੀਕੇ ਵਿਖੇ ਕਰੰਟ ਲੱਗਣ ਨਾਲ ਇੱਕ ਕਿਸਾਨ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਸਾਬਕਾ ਪੰਚ ਹਰਬੰਸ ਸਿੰਘ ਉਰਫ਼ ਬੰਸੀ ਪ੍ਰਧਾਨ ਦਾ ਨੌਜਵਾਨ ਸਪੁੱਤਰ ਨੱਥਾ ਸਿੰਘ, ਜੋ ਕਿ ਆਪਣੇ ਖੇਤ ਵਿਖੇ ਕੰਮ ਕਰ ਰਿਹਾ ਸੀ ਕਿ ਅਚਾਨਕ ਕਰੰਟ ਲੱਗਣ ਨਾਲ ਉਸ ਦੀ ਮੌਤ ਹੋ ਗਈ।

### ਘਰ 'ਚੋਂ ਨਕਦੀ ਤੇ ਅਹਿਮ ਦਸਤਾਵੇਜ਼ ਚੋਰੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਸ ਨੇ ਘਰ ਵਿੱਚੋਂ ਨਕਦੀ ਤੇ ਅਹਿਮ ਦਸਤਾਵੇਜ਼ ਚੋਰੀ ਹੋਣ ਦੇ ਮਾਮਲੇ ਵਿੱਚ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਰਾਜ ਕੁਮਾਰ ਪੁੱਤਰ ਸੰਪੂਰਨ ਸਿੰਘ ਵਾਸੀ ਚੱਕ ਰਾਮ ਨਗਰ ਬਸਤੀ, ਗਲੀ ਨੰਬਰ 6, ਬਠਿੰਡਾ ਰੋਡ ਬਾਈਪਾਸ, ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ 23-24 ਜੂਨ ਦੀ ਦਰਮਿਆਨੀ ਰਾਤ ਨੂੰ ਅਣਪਛਾਤੇ ਵਿਅਕਤੀ ਉਸ ਦੇ ਘਰ ਵਿੱਚ ਦਾਖ਼ਲ ਹੋ ਕੇ ਕਰੀਬ 20 ਹਜ਼ਾਰ ਰੁਪਏ ਦੀ ਨਕਦੀ ਤੇ ਅਹਿਮ ਦਸਤਾਵੇਜ਼, ਜਿਨ੍ਹਾਂ ਵਿੱਚ ਬੱਚਿਆਂ ਦੇ ਆਧਾਰ ਕਾਰਡ, ਰਾਸ਼ਨ ਕਾਰਡ ਤੇ ਕਰੀਬ 10 ਲੱਖ ਰੁਪਏ ਦੇ ਇਲਾਜ ਨਾਲ ਸਬੰਧਤ ਕਾਰਡ ਸ਼ਾਮਲ ਹਨ, ਚੋਰੀ ਕਰਕੇ ਲੈ ਗਏ। ਸ਼ਿਕਾਇਤ ਦੀ ਪੜਤਾਲ ਤੋਂ ਬਾਅਦ ਥਾਣਾ ਸਦਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ ਦੀ ਧਾਰਾ 331(4) ਤੇ 305 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

### ਖੇਤੀ ਲਈ 8 ਘੰਟੇ ਲਗਾਤਾਰ ਬਿਜਲੀ ਸਪਲਾਈ ਮੁੜ ਬਹਾਲ ਕੀਤੀ ਜਾਵੇ : ਗੁਰਮੇਲ ਸਿੰਘ ਬੋਸਰ

**ਸਨੌਰ (ਰਾਜਿੰਦਰ ਸਿੰਘ ਥਿੰਦ)**-ਖੇਤਾਂ ਲਈ ਦਿੱਤੀ ਜਾ ਰਹੀ ਬਿਜਲੀ ਸਪਲਾਈ ਦਾ ਸਮਾਂ ਪਹਿਲਾਂ ਦੇ 8 ਘੰਟਿਆਂ ਤੋਂ ਘਟ ਕੇ ਹੁਣ ਸਿਰਫ਼ 5 ਤੋਂ 6 ਘੰਟੇ ਰਹਿ ਜਾਣ ਕਾਰਨ ਪੰਜਾਬ ਭਰ ਦੀਆਂ ਕਿਸਾਨ ਜਥੇਬੰਦੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸ ਮਸਲੇ ਨੂੰ ਲੈ ਕੇ ਕਿਸਾਨਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਧਰਨੇ ਤੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ।ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਪੰਜਾਬ ਦੇ ਜਨਰਲ ਸਕੱਤਰ ਗੁਰਮੇਲ ਸਿੰਘ ਬੋਸਰ ਨੇ ਕਿਹਾ ਕਿ ਝੋਨੇ ਦੇ ਸੀਜ਼ਨ ਦੌਰਾਨ ਫਸਲ ਨੂੰ ਸਮੇਂ ਸਿਰ ਪਾਣੀ ਦੀ ਲੋੜ ਹੁੰਦੀ ਹੈ, ਪਰ ਬਿਜਲੀ ਸਪਲਾਈ ਘੱਟ ਹੋਣ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਬਿਜਲੀ ਦੇ ਘੱਟ ਘੰਟਿਆਂ ਕਾਰਨ ਨਾ ਤਾਂ ਸਿੰਚਾਈ ਦਾ ਕੰਮ ਸਮੇਂ ਸਿਰ ਹੋ ਰਿਹਾ ਹੈ ਤੇ ਨਾ ਹੀ ਕਿਸਾਨ ਆਪਣੀ ਫਸਲ ਦੀ ਸਹੀ ਸੰਭਾਲ ਕਰ ਪਾ ਰਹੇ ਹਨ।ਗੁਰਮੇਲ ਸਿੰਘ ਬੋਸਰ ਨੇ ਦੋਸ਼ ਲਾਇਆ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਐੱਮ. ਡੀ. ਤੇ ਚੇਅਰਮੈਨ ਨਾਲ ਕਈ ਵਾਰ ਮਿਲਣ ਦੀ ਕੋਸ਼ਿਸ਼ ਕੀਤੀ ਗਈ, ਪਰ ਅਜੇ ਤੱਕ ਕਿਸਾਨਾਂ ਨੂੰ ਮਿਲਣ ਲਈ ਸਮਾਂ ਨਹੀਂ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਤੇ ਬਿਜਲੀ ਬੋਰਡ ਨੇ ਤੁਰੰਤ ਖੇਤੀ ਲਈ 8 ਘੰਟੇ ਲਗਾਤਾਰ ਬਿਜਲੀ ਸਪਲਾਈ ਮੁੜ ਬਹਾਲ ਨਾ ਕੀਤੀ ਤਾਂ ਕਿਸਾਨ ਜਥੇਬੰਦੀਆਂ ਵੱਲੋਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਤੇ ਸੂਬਾ ਪੱਧਰ 'ਤੇ ਵੱਡੇ ਅੰਦੋਲਨ ਕੀਤੇ ਜਾਣਗੇ, ਜਿਸ ਦੀ ਜ਼ਿੰਮੇਵਾਰੀ ਸਰਕਾਰ ਤੇ ਬਿਜਲੀ ਵਿਭਾਗ ਦੀ ਹੋਵੇਗੀ।

## ਬਿਜਲੀ ਸੰਕਟ ਖ਼ਿਲਾਫ਼ ਐਕਸੀਅਨ ਦਫ਼ਤਰ ਅੱਗੇ ਕਿਸਾਨਾਂ ਵੱਲੋਂ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬਿਜਲੀ ਸੰਕਟ ਤੇ ਝੋਨੇ ਦੀ ਫ਼ਸਲ ਲਈ ਨਿਰਵਿਘਨ ਬਿਜਲੀ ਸਪਲਾਈ ਦੀ ਮੰਗ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਕੋਟਕਪੂਰਾ ਰੋਡ ਸਥਿਤ ਐਕਸੀਅਨ ਬਿਜਲੀ ਬੋਰਡ ਦੇ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਪ੍ਰਦਰਸ਼ਨ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਗੋਬਿੰਦ ਸਿੰਘ ਕੋਟਲੀ ਨੇ ਕੀਤੀ।ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕਰਦਿਆਂ ਪੰਜਾਬ ਸਰਕਾਰ ਤੇ ਬਿਜਲੀ ਵਿਭਾਗ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਕਿਸਾਨਾਂ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਨਿਰਵਿਘਨ ਬਿਜਲੀ ਸਪਲਾਈ ਦੇ ਦਾਅਵੇ ਸਿਰਫ਼ ਕਾਗਜ਼ਾਂ ਤੱਕ ਸੀਮਤ ਹਨ, ਜਦਕਿ ਹਕੀਕਤ ਵਿੱਚ ਕਿਸਾਨਾਂ ਨੂੰ ਲੋੜ ਮੁਤਾਬਕ ਬਿਜਲੀ ਨਹੀਂ ਮਿਲ ਰਹੀ।ਗੋਬਿੰਦ ਸਿੰਘ ਕੋਟਲੀ ਨੇ ਕਿਹਾ ਕਿ ਭਿਆਨਕ ਗਰਮੀ ਤੇ ਬਾਰਿਸ਼ ਨਾ ਹੋਣ ਕਾਰਨ ਝੋਨੇ ਦੀ ਫ਼ਸਲ ਪਹਿਲਾਂ ਹੀ ਪ੍ਰਭਾਵਿਤ ਹੋ ਰਹੀ ਹੈ, ਉੱਪਰੋਂ ਨਾਕਾਫ਼ੀ ਬਿਜਲੀ ਸਪਲਾਈ ਕਾਰਨ ਸਿੰਚਾਈ ਕਰਨਾ ਮੁਸ਼ਕਲ ਹੋ ਗਿਆ ਹੈ, ਜਿਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਦਾ ਖ਼ਤਰਾ ਹੈ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਨਿਰਵਿਘਨ ਤੇ ਪੂਰੀ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਸਮਾਣਾ ਦੀ ਰਜ਼ੌਰੀ ਗਾਰਡ ਕਲੌਨੀ 'ਚੋਂ ਅਣਪਛਾਤੀ ਲਾਸ਼ ਮਿਲੀ

**ਸਮਾਣਾ (ਗੁਰਪਿਆਰ ਸਿੰਘ ਬੱਲ)**-ਇਥੋਂ ਦੀ ਰਜ1ਰੀ ਗਾਰਡ ਕਲੌਨੀ ਵਿੱਚ ਖਾਲੀ ਪਏ ਪਲਾਟ ਵਿੱਚੋਂ ਕਿਸੇ ਅਣਪਛਾਤੀ ਔਰਤ ਦੀ ਲਾਸ਼ ਮਿਲੀ ਹੈ, ਜੋ ਵੇਖਣ ਵਿੱਚ ਕੋਈ ਪ੍ਰਵਾਸੀ ਔਰਤ ਲੱਗਦੀ ਹੈ। ਲਾਸ਼ ਇੰਨੀ ਗੱਲ ਚੁੱਕੀ ਸੀ ਕਿ ਉਸ ਨੂੰ ਕੁੱਤੇ ਨੋਚ ਰਹੇ ਸਨ। ਉਕਤ ਲੇਡੀ ਦੀ ਸ਼ਨਾਖਤ ਨਹੀਂ ਹੋ ਸਕੀ। ਐੱਸ ਐੱਚ ਓ ਸਿਟੀ ਬਲਜੀਤ ਸਿੰਘ ਦੇ ਦੱਸਿਆ ਕਿ ਸਥਾਨਕ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਲਾਸ਼ 72 ਘੰਟੇ ਲਈ ਸ਼ਨਾਖਤ ਲਈ ਰੱਖੀ ਗਈ ਹੈ ਤੇ ਮਾਮਲਾ ਦਰਜ ਕਰਕੇ ਜਾਂਚ ਕੀਤੀ ਜਾ ਰਹੀ ਹੈ। ਮੌਕੇ 'ਤੇ ਪਹੁੰਚੇ ਜਾਂਚ ਅਧਿਕਾਰੀ ਸੁਖਵਿੰਦਰ ਸ਼ਰਮਾ ਤੇ ਕੌਂਸਲਰ ਪਾਰਸ ਸ਼ਰਮਾ ਨੇ ਦੱਸਿਆ ਕਿ ਕਲੌਨੀ ਨਿਵਾਸੀਆਂ ਵੱਲੋਂ ਸੂਚਨਾ ਮਿਲੀ ਸੀ ਕਿ ਪਲਾਟ ਵਿੱਚੋਂ ਕਾਫੀ ਬਦਬੂ ਆ ਰਹੀ ਹੈ, ਜਦੋਂ ਚੈਕਿੰਗ ਕੀਤੀ ਤਾਂ ਔਰਤ ਦੀ ਲਾਸ਼ ਮਿਲੀ।

## 164 ਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ 29 ਜੂਨ (ਅਸ਼ੋਕ ਸ਼ਰਮਾ) :** ਥਾਣਾ ਸਿਟੀ ਫਿਰੋਜ਼ਪੁਰ ਪੁਲਸ ਤੇ ਥਾਣਾ ਕੁੱਲਗੜ੍ਹੀ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 2 ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 164 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਸੋਨੂੰ ਪੁੱਤਰ ਮੁਖਤਿਆਰ ਸਿੰਘ ਵਾਸੀ ਪਿੰਡ ਦਰਵੇਸ਼ੇ ਕੇ ਨੂੰ ਕਾਬੂ ਕਰਕੇ ਉਸ ਕੋਲੋਂ 160 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਕੁੱਲਗੜ੍ਹੀ ਪੁਲਸ ਦੇ ਸਹਾਇਕ ਥਾਣੇਦਾਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪਲਸ ਪਾਰਟੀ ਨੇ ਗਸ਼ਤ ਦੌਰਾਨ ਸ਼ੱਕ ਦੀ ਬਿਨਾਹ 'ਤੇ ਇਕ ਵਿਅਕਤੀ ਵਿਜੈ ਕੁਮਾਰ ਪੁੱਤਰ ਸਰਦਾਰਾ ਸਿੰਘ ਵਾਸੀ ਪਿੰਡ ਬਾਜੀਦਪੁਰ ਨੂੰ ਕਾਬੂ ਕਰਕੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

## ਭਲੂਰ 'ਚ ਮੁੱਖ ਮੰਤਰੀ ਦੀ ਲੋਕ ਮਿਲਣੀ ਤੋਂ ਪਹਿਲਾਂ ਗ੍ਰਿਫ਼ਤਾਰ ਕੀਤੇ ਕਿਸਾਨ ਤੇ ਮਜ਼ਦੂਰ ਆਗੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਭਲੂਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਲੋਕ ਮਿਲਣੀ ਦੌਰਾਨ ਕਿਸਾਨਾਂ, ਮਜ਼ਦੂਰਾਂ ਦੀਆਂ ਵਾਜਿਬ ਮੰਗਾਂ ਨੂੰ ਲੈ ਕੇ ਸਵਾਲ ਕਰਨ ਵਾਲੇ ਜਥੇਬੰਦਕ ਆਗੂਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਨੌਜਵਾਨ ਭਾਰਤ ਸਭਾ ਜ਼ਿਲ੍ਹਾ ਆਗੂ ਰਾਜਦੀਪ ਸਿੰਘ, ਸਤਨਾਮ ਸਿੰਘ ਨੇ ਕਿਹਾ ਕਿ ਜਿਹੜਾ ਭਗਵੰਤ ਮਾਨ ਮੁੱਖ ਮੰਤਰੀ ਬਣਨ ਤੋਂ ਪਹਿਲਾਂ ਲੋਕ ਜਲਸਿਆਂ ਵਿੱਚ ਜਾ ਕੇ ਲੋਕਾਂ ਨੂੰ ਲੀਡਰਾਂ ਤੋਂ ਸਵਾਲ ਪੁੱਛਣ ਦੇ ਮਸ਼ਵਰੇ ਦਿੰਦਾ ਸੀ ਅੱਜ ਮੁੱਖ ਮੰਤਰੀ ਬਣਨ ਤੇ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਕੋਹਾਂ ਦੂਰ ਹੈ।ਇਹ ਲੋਕ ਮਿਲਣੀਆਂ ਵੱਡੇ ਵੱਡੇ ਪੈਲਸਾਂ ਵਿੱਚ ਸਖਤ ਪੁਲਸ ਪ੍ਰਬੰਧਾਂ ਹੇਠ ਕੀਤੀਆਂ ਜਾਂਦੀਆਂ ਹਨ ਤੇ ਕਿਸੇ ਵੀ ਜਥੇਬੰਦੀ ਨੂੰ ਇਸ ਵਿੱਚ ਜਾਣ ਦੀ ਆਗਿਆ ਨਹੀਂ ਹੁੰਦੀ ਅਤੇ ਨਾ ਹੀ ਇਲਾਕੇ ਦੇ ਪੱਤਰਕਾਰਾਂ ਨੂੰ ਇਸ ਵਿੱਚ ਸ਼ਾਮਲ ਹੋਣ ਦੀ ਆਗਿਆ ਦਿੱਤੀ ਜਾਂਦੀ ਹੈ।ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਲੋਕ ਮਿਲਣੀ ਤੋਂ ਪਹਿਲਾਂ ਬਾਘਾ ਪੁਰਾਣਾ ਪੁਲਸ ਨੇ ਨੌਜਵਾਨ ਭਾਰਤ ਸਭਾ ਦੇ ਸੂਬਾ ਜਨਰਲ ਸਕੱਤਰ ਕਰਮਜੀਤ ਮਾਣੂੰਕੇ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਮੰਗਾ ਵੈਰੋਕੇ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਚਮਕੌਰ ਸਿੰਘ ਰੋਡੇ, ਸ਼ਿੰਦਰਪਾਲ ਕੌਰ ਰੋਡੇ, ਅਨਮੋਲ ਰੋਡੇ ਤੇ ਲਖਵੀਰ ਸਿੰਘ ਰੋਡੇ ਨੂੰ ਬਾਘਾ ਪੁਰਾਣਾ ਪੁਲਸ ਵੱਲੋਂ ਗ੍ਰਿਫ਼ਤਾਰ ਕਰ ਲਿਆ ਹੈ।
ਜਨਰਲ ਸਕੱਤਰ ਜਗਦੀਪ ਲੰਗੇਆਣਾ ਨੇ ਕਿਹਾ ਕਿ ਕਿਸਾਨ ਮਜ਼ਦੂਰ ਆਗੂਆਂ ਦੀ ਗ੍ਰਿਫਤਾਰੀ ਦੀ ਨੌਜਵਾਨ ਭਾਰਤ ਸਭਾ ਸਖ਼ਤ ਸ਼ਬਦਾਂ ਵਿੱਚ ਵਿੱਚ ਨਿਖੇਧੀ ਕਰਦੀ ਹੈ ਤੇ ਜੇਕਰ ਫ਼ੇਰ ਤੋਂ ਸਰਕਾਰ ਦੀ ਸ਼ਹਿ ਉੱਤੇ ਪ੍ਰਸ਼ਾਸਨ ਨੇ ਅਜਿਹੀ ਕਾਰਵਾਈ ਕੀਤੀ ਤਾਂ ਜਥੇਬੰਦੀ ਵੱਲੋਂ ਪੂਰੇ ਪੰਜਾਬ ਵਿੱਚ ਲੋਕਾਂ ਨੂੰ ਨਾਲ ਲੈ ਕੇ ਵੱਡਾ ਸੰਘਰਸ਼ ਉਲੀਕਿਆ ਜਾਵੇਗਾ।

## ਐੱਨ.ਸੀ.ਈ.ਆਰ.ਟੀ. ਵੱਲੋਂ ਸਿਲੇਬਸ 'ਚ ਮਨੂ ਸਿਮ੍ਰਤੀ ਸ਼ਾਮਲ ਕਰਨ ਦਾ ਇਨਕਲਾਬੀ ਕੇਂਦਰ ਵੱਲੋਂ ਤਿੱਖਾ ਵਿਰੋਧ

**ਰਾਏਕੋਟ (ਸੰਤੋਖ ਗਿੱਲ)**-ਇਨਕਲਾਬੀ ਕੇਂਦਰ ਪੰਜਾਬ ਨੇ ਰਾਸ਼ਟਰੀ ਸਿੱਖਿਆ ਖੋਜ ਤੇ ਸਿਖਲਾਈ ਪ੍ਰੀਸ਼ਦ ਵੱਲੋਂ ਸਮਾਜਿਕ ਵਿਗਿਆਨ ਦੀ 9ਵੀਂ ਜਮਾਤ ਦੀ ਨਵੀਂ ਪੁਸਤਕ ਵਿੱਚ ਮਨੂ ਸਿਮ੍ਰਤੀ ਦੇ ਸ਼ਲੋਕ ਨੂੰ ਸ਼ਾਮਲ ਕਰਨ ਤੇ ਇਸ ਦੀ ਕਥਿਤ ਤੌਰ 'ਤੇ ਸਰਾਸਰ ਗ਼ਲਤ ਤੇ ਝੂਠੀ ਵਿਆਖਿਆ ਕਰਨ ਦੇ ਫ਼ੈਸਲੇ ਦਾ ਡੱਟਵਾਂ ਵਿਰੋਧ ਕਰਦਿਆਂ ਇਸ ਨੂੰ ਸਿਲੇਬਸ 'ਚੋਂ ਤੁਰੰਤ ਬਾਹਰ ਕੱਢਣ ਦੀ ਮੰਗ ਕੀਤੀ ਹੈ।ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਪ੍ਰਧਾਨ ਸਾਥੀ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਹੁਕਮਾਂ ਤਹਿਤ ਡਾਰਵਿਨ ਦੇ ਵਿਕਾਸਵਾਦ ਦਾ ਸਿਧਾਂਤ 10ਵੀਂ ਜਮਾਤ ਦੇ ਰਾਸ਼ਟਰੀ ਸਿੱਖਿਆ ਖੋਜ ਤੇ ਸਿਖਲਾਈ ਪ੍ਰੀਸ਼ਦ ਵਿਗਿਆਨ ਪਾਠਕ੍ਰਮ ਵਿੱਚੋਂ ਕੱਢ ਦਿੱਤਾ ਹੈ।
'ਸਮਗਰੀ ਤਰਕਸ਼ੀਲਤਾ' ਅਭਿਆਸ ਦੇ ਹਿੱਸੇ ਵਜੋਂ 10ਵੀਂ ਜਮਾਤ ਦੇ ਅਧਿਆਇ 'ਵਿਰਾਸਤੀ ਤੇ ਵਿਕਾਸ' ਦਾ ਨਾਮ ਬਦਲ ਕੇ ਸਿਰਫ਼ 'ਵਿਰਾਸਤੀ' ਕਰ ਦਿੱਤਾ ਗਿਆ ਤੇ ਸਾਰੇ ਵਿਕਾਸਵਾਦੀ ਵਿਸ਼ਿਆਂ ਨੂੰ ਸਥਾਈ ਤੌਰ 'ਤੇ ਮਿਟਾ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਨਵੀਂ ਸਿੱਖਿਆ ਨੀਤੀ 2020 ਤਹਿਤ ਸਿੱਖਿਆ ਨੂੰ ਗੈਰ-ਵਿਗਿਆਨਕ ਤੇ ਭਗਵਾਂਕਰਨ ਬਹੁਤ ਤੇਜ਼ੀ ਨਾਲ ਲਾਗੂ ਕਰ ਰਹੀ ਹੈ।ਸੱਭਿਅਕ ਸਮਾਜ ਵਿੱਚ ਸਿੱਖਿਆ ਮਨੁੱਖੀ ਗਿਆਨ ਦਾ ਸਭ ਤੋਂ ਵੱਡਾ ਸ੍ਰੋਤ ਹੈ।ਸਿੱਖਿਆ ਨਾਲ ਹੀ ਮਨੁੱਖ ਨੇ ਨਵੀਆਂ ਲਭਤਾਂ ਲੱਭੀਆਂ ਹਨ।ਸੂਬਾ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ ਨੇ ਕਿਹਾ ਕਿ ਮਨੂ ਸਿਮ੍ਰਤੀ ਅਜਿਹਾ ਗ੍ਰੰਥ ਹੈ, ਜਿਸ ਵਿੱਚ ਵਰਨ-ਵੰਡ ਤਹਿਤ ਸਮਾਜ ਅੰਦਰ ਜਾਤਪਾਤ ਦੇ ਭੇਦ-ਭਾਵ ਦੇ ਨਾਲ ਨਾਲ ਔਰਤ ਵਿਰੋਧੀ ਮਾਨਸਿਕਤਾ ਦਾ ਥਾਂ-ਥਾਂ ਵਿਖਿਆਨ ਕੀਤਾ ਗਿਆ ਹੈ। ਆਗੂਆਂ ਨੇ ਰਾਸ਼ਟਰੀ ਸਿੱਖਿਆ ਖੋਜ ਤੇ ਸਿਖਲਾਈ ਪ੍ਰੀਸ਼ਦ ਪ੍ਰਬੰਧਕਾਂ ਉੱਤੇ ਭਾਜਪਾ-ਆਰ.ਐੱਸ.ਐੱਸ. ਦੇ ਹਿੰਦੂਵਾਦੀ ਫ਼ਿਰਕੂ ਏਜੰਡੇ ਨੂੰ ਲਾਗੂ ਕਰਨ ਤੇ ਝੂਠ ਬੋਲਣ ਦਾ ਦੋਸ਼ ਲਗਾਇਆ ਹੈ।ਇਨਕਲਾਬੀ ਕੇਂਦਰ ਪੰਜਾਬ ਨੇ ਸਮੂਹ ਲੋਕ ਪੱਖੀ, ਪ੍ਰਗਤੀਸ਼ੀਲ, ਇਨਕਲਾਬੀ ਜਮਹੂਰੀ ਸਮਾਜਿਕ ਸੰਸਥਾਵਾਂ ਨੂੰ ਮੋਦੀ ਹਕੂਮਤ ਦੇ ਸਿੱਖਿਆ ਦੇ ਇਸ ਭਗਵਾਂਕਰਨ ਦੇ ਹਮਲੇ ਦਾ ਵਿਰੋਧ ਕਰਨ ਲਈ ਲਾਮਬੰਦ ਹੋਣ ਦਾ ਸੱਦਾ ਦਿੱਤਾ।

# ਬਿਜਲੀ ਦੀ ਨਾਕਸ ਸਪਲਾਈ ਨੂੰ ਲੈ ਕੇ ਪਿੰਡ ਵਾਸੀਆਂ ਨੇ ਲਾਇਆ ਧਰਨਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**
ਇਲਾਕੇ ਦੇ ਪਿੰਡਾਂ ਵਿੱਚ ਖੇਤੀਬਾੜੀ ਸੈਕਟਰ ਲਈ ਬਿਜਲੀ ਦੀ ਮਾੜੀ ਤੇ ਨਾਕਸ ਸਪਲਾਈ ਦੇ ਪ੍ਰਬੰਧਾਂ ਨੂੰ ਲੈ ਕੇ ਪਿੰਡ ਵਾਸੀਆਂ ਅਤੇ ਕਿਸਾਨਾਂ ਦਾ ਗੁੱਸਾ ਉਸ ਵੇਲੇ ਫੁੱਟ ਪਿਆ, ਜਦੋਂ ਉਨ੍ਹਾਂ ਨੇ ਇਕੱਠੇ ਹੋ ਕੇ 66 ਕੇ.ਵੀ. ਗਰਿੱਡ ਘਨੌਰੀ ਕਲਾਂ ਵਿਖੇ ਧਰਨਾ ਦੇ ਦਿੱਤਾ।ਗੁੱਸੇ ਵਿੱਚ ਆਏ ਪਿੰਡ ਵਾਸੀਆਂ ਤੇ ਕਿਸਾਨ ਆਗੂਆਂ ਨੇ ਪਾਵਰਕਾਮ ਪ੍ਰਸ਼ਾਸਨ ਅਤੇ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਬਿਜਲੀ ਸਪਲਾਈ ਤੁਰੰਤ ਸੁਧਾਰਨ ਦੀ ਮੰਗ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਮਾਰਕੀਟ ਕਮੇਟੀ ਸ਼ੇਰਪੁਰ ਦੇ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ, ਅਕਾਲੀ ਦਲ ਦੇ ਜਿਲਾ ਬੁਲਾਰੇ ਡਾ. ਕਰਨ ਸਿੰਘ, ਭਾਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਚਰਨਜੀਤ ਸਿੰਘ ਬਾਦਸ਼ਾਹਪੁਰ ਨੇ ਪਾਵਰਕਾਮ ਦੇ ਨਾਕਸ ਪ੍ਰਬੰਧਾਂ ਤੇ ਤਿੱਖੇ ਸਵਾਲ ਖੜ੍ਹੇ ਕੀਤੇ।ਉਨ੍ਹਾਂ ਕਿਹਾ ਕਿ ਝੋਨੇ ਦੀ ਚੱਲ ਰਹੀ ਲਵਾਈ ਦੇ ਇਸ ਨਾਜ਼ੁਕ ਸੀਜ਼ਨ ਦੌਰਾਨ ਖੇਤੀ ਸੈਕਟਰ ਲਈ ਸਰਕਾਰ ਵੱਲੋਂ ਕੀਤੇ ਗਏ ਪੂਰੀ ਬਿਜਲੀ ਦੇਣ ਦੇ ਵਾਅਦੇ ਖੋਖਲੇ ਸਾਬਤ ਹੋ ਰਹੇ ਹਨ।ਕਿਸਾਨਾਂ ਨੂੰ ਖੇਤਾਂ ਲਈ ਲੋੜੀਂਦੀ ਬਿਜਲੀ ਨਾ ਮਿਲਣ ਕਾਰਨ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਬਿਜਲੀ ਦੇ ਲਗਾਤਾਰ ਲੱਗ ਰਹੇ ਕੱਟਾਂ ਨੇ ਕਿਸਾਨਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ ਤੇ ਨਿਰਧਾਰਤ ਸਮੇਂ ਤੋਂ ਬਹੁਤ ਘੱਟ ਬਿਜਲੀ ਸਪਲਾਈ ਮਿਲ ਰਹੀ ਹੈ।
ਕਿਸਾਨ ਆਗੂਆਂ ਨੇ ਆਖਿਆ ਕਿ ਅੱਤ ਦੀ ਗਰਮੀ ਅਤੇ ਹੁੰਮਸ ਦੇ ਇਸ ਮੌਸਮ ਵਿੱਚ ਜਿੱਥੇ ਝੋਨੇ ਦੀ ਫ਼ਸਲ ਨੂੰ ਪਾਣੀ ਦੀ ਸਖ਼ਤ ਲੋੜ ਹੈ, ਉੱਥੇ ਹੀ ਬਿਜਲੀ ਦੀ ਅਣਐਲਾਨੀ ਕਟੌਤੀ ਅਤੇ ਲੋ-ਵੋਲਟੇਜ ਦੀ ਸਮੱਸਿਆ ਕਾਰਨ ਖੇਤਾਂ ਵਿੱਚ ਲੱਗੀਆਂ ਮੋਟਰਾਂ ਚੱਲਣ ਤੋਂ ਅਸਮਰੱਥ ਹਨ। ਬਿਜਲੀ ਦੀ ਲੋ-ਵੋਲਟੇਜ ਕਾਰਨ ਕਿਸਾਨਾਂ ਦੀਆਂ ਮਹਿੰਗੀਆਂ ਮੋਟਰਾਂ ਤੇ ਸਟਾਰਟਰ ਸੜ ਰਹੇ ਹਨ, ਜਿਸ ਨਾਲ ਉਨ੍ਹਾਂ 'ਤੇ ਆਰਥਿਕ ਬੋਝ ਹੋਰ ਵਧ ਗਿਆ ਹੈ।ਪਿੰਡ ਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪਾਵਰਕਾਮ ਨੇ ਖੇਤੀ ਸੈਕਟਰ ਲਈ ਬਿਜਲੀ ਦੀ ਨਿਰਵਿਘਨ ਸਪਲਾਈ ਤੁਰੰਤ ਬਹਾਲ ਨਾ ਕੀਤੀ, ਤਾਂ ਆਉਣ ਵਾਲੇ ਦਿਨਾਂ ਵਿੱਚ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਗਰਿੱਡ ਦਾ ਮੁਕੰਮਲ ਘੇਰਾਓ ਕੀਤਾ ਜਾਵੇਗਾ।

## ਟਰਾਂਸਪੋਰਟ ਦਫ਼ਤਰ 'ਚ ਅੱਗ ਲੱਗਣ ਕਾਰਨ ਲੱਖਾਂ ਦਾ ਨੁਕਸਾਨ



**ਦੋਰਾਹਾ (ਹਰਮਿੰਦਰ ਸੇਠ)**-ਸਾਹਨੇਵਾਲ ਨੇੜੇ ਸਥਿਤ ਪਿੰਡ ਟਿੱਬਾ ਕੋਲ ਡੇਹਲੋਂ ਰੋਡ 'ਤੇ ਇੱਕ ਵੱਡਾ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਸੰਤ ਬਾਬਾ ਨਿਧਾਨ ਸਿੰਘ ਜੀ ਮਾਰਕੀਟ (ਵੇਰਕਾ ਚੌਂਕ) ਵਿਖੇ ਦੁਕਾਨ ਨੰਬਰ 8 ਤੇ 9 'ਚ ਚੱਲ ਰਹੇ 'ਪੰਨੂੰ ਟਰਾਂਸਪੋਰਟ ਕੈਰੀਅਰਸ' ਦੇ ਦਫ਼ਤਰ ਵਿੱਚ ਭਿਆਨਕ ਅੱਗ ਲੱਗ ਗਈ।ਇਸ ਹਾਦਸੇ 'ਚ ਦਫ਼ਤਰ ਦਾ ਸਾਰਾ ਸਮਾਨ ਅਤੇ ਕੀਮਤੀ ਦਸਤਾਵੇਜ਼ ਸੜ ਕੇ ਸੁਆਹ ਹੋ ਗਏ ਹਨ।ਦੁਕਾਨ ਦੇ ਪ੍ਰੋਪਰਾਈਟਰ ਨਰਿੰਦਰ ਸਿੰਘ ਨੇ ਦੱਸਿਆ ਕਿ ਬੀਤੀ 27 ਤਰੀਕ ਦੀ ਰਾਤ ਨੂੰ ਉਹ ਰੋਜ਼ਾਨਾ ਦੀ ਤਰ੍ਹਾਂ ਆਪਣਾ ਦਫ਼ਤਰ ਬੰਦ ਕਰਕੇ ਘਰ ਗਏ ਸਨ।ਤਕਰੀਬਨ ਰਾਤ 10 ਤੋਂ 10:30 ਵਜੇ ਉਨ੍ਹਾਂ ਨੂੰ ਫੋਨ ਰਾਹੀਂ ਸੂਚਨਾ ਮਿਲੀ ਕਿ ਉਨ੍ਹਾਂ ਦੀ ਦੁਕਾਨ ਵਿੱਚੋਂ ਭਾਰੀ ਧੂੰਆਂ ਨਿਕਲ ਰਿਹਾ ਹੈ, ਜਦੋਂ ਉਹ ਤੁਰੰਤ ਮੌਕੇ 'ਤੇ ਪਹੁੰਚੇ ਤਾਂ ਅੱਗ ਦੀਆਂ ਲਪਟਾਂ ਬਹੁਤ ਤੇਜ਼ ਸਨ।ਨਰਿੰਦਰ ਸਿੰਘ ਮੁਤਾਬਕ ਇਸ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਦਫ਼ਤਰ ਅੰਦਰ ਪਏ ਲੈਪਟਾਪ, ਕੰਪਿਊਟਰ, ਪ੍ਰਿੰਟਰ ਤੇ ਏ.ਸੀ. (13) ਪੂਰੀ ਤਰ੍ਹਾਂ ਸੜ ਗਏ। ਇਸ ਤੋਂ ਵੀ ਵੱਡਾ ਨੁਕਸਾਨ ਇਹ ਹੋਇਆ ਕਿ ਦਫ਼ਤਰ ਵਿੱਚ ਪਏ ਟਰਾਂਸਪੋਰਟ ਗੱਡੀਆਂ ਦੇ ਜ਼ਰੂਰੀ ਕਾਗਜ਼ਾਤ ਅਤੇ ਜੀ.ਐੱਸ.ਟੀ ਨਾਲ ਸਬੰਧਤ ਅਹਿਮ ਦਸਤਾਵੇਜ਼, ਇੱਕ ਲੱਕੜ ਦੀ ਅਲਮਾਰੀ ਜਿਸ ਵਿੱਚ ਸਬੰਧਤ ਸੇਲ ਪ੍ਰਚੇਜ ਬਿੱਲ, ਰਸੀਦਾਂ, ਕਮਨਸਾਈਨਮੈਂਟ ਨੋਟ, ਜੀ ਐੱਸ ਟੀ ਸਰਟੀਫਿਕੇਟ, ਲੌਗ ਬੁੱਕ, ਲੋਨ ਸਟੇਟਮੈਂਟ ਤੇ ਹੋਰ ਜ਼ਰੂਰੀ ਦਸਤਾਵੇਜ਼ ਵੀ ਸੜ ਕੇ ਸੁਆਹ ਹੋ ਗਏ। ਇਸ ਮੁਸ਼ਕਲ ਘੜੀ ਵਿੱਚ ਆਸ-ਪਾਸ ਦੇ ਸਾਰੇ ਦੁਕਾਨਦਾਰਾਂ ਨੇ ਇਕੱਠੇ ਹੋ ਕੇ ਭਾਰੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ, ਜਿਸ ਕਾਰਨ ਮਾਰਕੀਟ ਦੀਆਂ ਬਾਕੀ ਦੁਕਾਨਾਂ ਦਾ ਬਚਾਅ ਹੋ ਗਿਆ।

# ਬਿਜਲੀ ਕੱਟਾਂ ਖਿਲਾਫ ਕਿਸਾਨ ਜਥੇਬੰਦੀਆਂ ਵੱਲੋਂ ਪਾਵਰਕਾਮ ਦਫਤਰ ਅੱਗੇ ਧਰਨਾ



**ਮੱਖੂ (ਰਛਪਾਲ ਸਿੰਘ ਸੰਧੂ)**
ਪੰਜਾਬ ਭਰ ਵਿੱਚ ਕਿਸਾਨਾਂ ਦੀਆਂ ਮੋਟਰਾਂ ਵਾਲੀ ਬਿਜਲੀ ਸਪਲਾਈ 'ਤੇ ਲੱਗ ਰਹੇ ਭਾਰੀ ਕੱਟਾਂ ਤੋਂ ਦੁੱਖੀ ਕਿਸਾਨਾਂ ਨੇ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਸਹਿਯੋਗ ਨਾਲ ਪਾਵਰਕਾਮ ਦਫਤਰ ਮੱਖੂ ਵਿਖੇ ਧਰਨਾ ਲਗਾ ਕੇ ਸੰਯੁਕਤ ਕਿਸਾਨ ਮੋਰਚੇ ਦੀਆਂ ਹਦਾਇਤਾਂ 'ਤੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਭਾਰਤੀ ਕਿਸਾਨ ਯੂਨੀਅਨ ਪੰਜਾਬ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਤੋਂ ਇਲਾਵਾ ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਕਿਸਾਨ ਆਗੂਆਂ ਨੇ ਸ਼ਮੂਲੀਅਤ ਕਰਦਿਆਂ ਸਰਕਾਰ ਦਾ ਪਿੱਟ ਸਿਆਪਾ ਕੀਤਾ।ਇਸ ਧਰਨੇ ਵਿੱਚ ਅਕਾਲੀ ਦਲ ਦੇ ਹਲਕਾ ਇੰਚਾਰਜ ਹਰਪ੍ਰੀਤ ਸਿੰਘ ਹੀਰੋ ਨੇ ਵੀ ਸ਼ਮੂਲੀਅਤ ਕੀਤੀ ਤੇ ਕਿਸਾਨਾਂ ਨੂੰ ਆ ਰਹੀ ਬਿਜਲੀ ਦੀ ਭਾਰੀ ਦਿੱਕਤ ਲਈ ਪੂਰੀ ਤਰ੍ਹਾਂ ਸਰਕਾਰ ਨੂੰ ਜ਼ੁੰਮੇਵਾਰ ਦਸਦਿਆਂ ਕਿਹਾ ਕਿ ਇਹ ਸਰਕਾਰ ਪੰਜਾਬ ਦੇ ਇਤਿਹਾਸ ਦੀ ਹੁਣ ਤੱਕ ਦੀ ਸਭ ਤੋਂ ਨਿਕਮੀ ਸਰਕਾਰ ਸਿੱਧ ਹੋਈ, ਜਿਸ ਨੂੰ ਕਿਸਾਨਾਂ ਦਾ ਕੋਈ ਫਿਕਰ ਨਹੀਂ।ਇਸ ਧਰਨੇ ਨੂੰ ਵੱਖ-ਵੱਖ ਬੁਲਾਰਿਆਂ ਪ੍ਰਗਟ ਸਿੰਘ ਤਲਵੰਡੀ ਸਕੱਤਰ ਪੰਜਾਬ ਬੀਕੇਯੂ ਰਾਜੇਵਾਲ, ਯੂਥ ਆਗੂ ਲਖਵਿੰਦਰ ਸਿੰਘ ਪੀਰ ਮੁਹੰਮਦ, ਪ੍ਰਗਟ ਸਿੰਘ ਲਹਿਰਾ, ਗੁਰਦੇਵ ਸਿੰਘ ਵਾਰਸਵਾਲਾ ਬੀਕੇਯੂ ਪੰਜਾਬ, ਸੁਖਦੇਵ ਸਿੰਘ ਅਰਾਈਆਂ ਵਾਲਾ ਪ੍ਰਧਾਨ ਕਿਸਾਨ ਸੰਘਰਸ਼ ਕਮੇਟੀ ਪੰਜਾਬ, ਦਲਜੀਤ ਸਿੰਘ ਬੁੱਟਰ ਬੀਕੇਯੂ ਲੱਖੋਵਾਲ, ਜਸਬੀਰ ਸਿੰਘ ਵੱਟੂ ਭੱਟੀ ਪ੍ਰਧਾਨ ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਪੰਜਾਬ, ਡਾ. ਗੁਰਦੇਵ ਸਿੰਘ ਤਲਵੰਡੀ, ਗੁਰਵਿੰਦਰ ਸਿੰਘ ਬਾਹਰਵਾਲੀ ਆਦਿ ਵੱਡੀ ਗਿਣਤੀ ਵਿੱਚ ਬੁਲਾਰਿਆਂ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਖੇਤਾਂ ਨੂੰ ਦਿੱਤੀ ਜਾਣ ਵਾਲੀ ਬਿਜਲੀ ਚਾਰ ਘੰਟੇ ਆ ਰਹੀ ਹੈ, ਜੋ ਚਾਰ ਘੰਟਿਆਂ ਵਿੱਚ ਵੀ ਕਈ ਕਈ ਵਾਰ ਟਰਿੱਪ ਕਰ ਜਾਂਦੀ ਹੈ।ਸੋ ਕਿਸਾਨਾਂ ਦੀ ਮੰਗ ਹੈ ਕਿ ਬਿਜਲੀ ਦੀ ਸਪਲਾਈ ਨੂੰ ਜਲਦੀ ਤੋਂ ਜਲਦੀ ਠੀਕ ਕੀਤਾ ਜਾਵੇ।ਜੇਕਰ ਸਰਕਾਰ ਨੇ ਤੁਰੰਤ ਕਿਸਾਨਾਂ ਨੂੰ 8 ਘੰਟੇ ਰੋਜ਼ਾਨਾ ਬਿਜਲੀ ਦੀ ਸਪਲਾਈ ਨੂੰ ਨਿਰਵਿਘਨ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਕਿਸਾਨ ਜਥੇਬੰਦੀਆਂ ਵੱਲੋਂ ਸੜਕਾਂ ਤੇ ਰੇਲ ਆਵਾਜਾਈ ਠੱਪ ਕਰ ਦਿੱਤੀ ਜਾਵੇਗੀ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਹੋਵੇਗੀ।

# 'ਤੇਰਾ ਵੀ ਦਿਲ ਟੁੱਟਿਆ ਲੱਗਦੈ' ਪੁਸਤਕ ਲੋਕ ਅਰਪਣ



**ਸਮਰਾਲਾ/ਖੰਨਾ (ਸੁਰਜੀਤ ਸਿੰਘ, ਸੁਖਵਿੰਦਰ ਸਿੰਘ ਭਾਦਲਾ)**
ਗੁਰਸੇਵਕ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੀ ਮਹੀਨਾਵਾਰ ਮੀਟਿੰਗ ਵਿੱਚ ਉੱਘੇ ਕਵੀ ਕਰਨੈਲ ਸਿੰਘ ਮਾਂਗਟ ਦਾ ਕਾਵਿ ਸੰਗ੍ਰਹਿ ਹਾਜ਼ਰ ਲੇਖਕਾਂ ਵਲੋਂ ਮਿਲ ਕੇ ਲੋਕ ਅਰਪਣ ਕੀਤਾ ਗਿਆ।ਪ੍ਰਧਾਨਗੀ ਮੰਡਲ ਵਿਚ ਡਾ ਗੁਰਚਰਨ ਕੌਰ ਕੋਚਰ, ਡਾ. ਪੰਡਤ ਰਾਓ ਧਰੇਨਵਰ, ਤੇਲੂ ਰਾਮ ਕੁਹਾੜਾ, ਸੁਰਿੰਦਰ ਰਾਮਪੁਰੀ ਸੁਸ਼ੋਭਿਤ ਰਹੇ।ਕਰਨੈਲ ਸਿੰਘ ਮਾਂਗਟ ਦੀ ਕਿਤਾਬ ਦਾ ਪਰਚਾ ਪੜ੍ਹਦੇ ਹੋਏ ਉੱਘੇ ਕਹਾਣੀਕਾਰ ਤੇਲੂ ਰਾਮ ਕੁਹਾੜਾ ਨੇ ਕਰਨੈਲ ਸਿੰਘ ਮਾਂਗਟ ਦੇ ਸਾਹਿਤ ਸਫ਼ਰ ਦੀ ਗੱਲ ਕਰਦਿਆਂ ਦੱਸਿਆ ਕਿ ਕਰਨੈਲ ਸਿੰਘ ਮਾਂਗਟ ਦੇ ਚਾਰ ਗੀਤ ਤੇ ਗ਼ਜ਼ਲ ਸੰਗ੍ਰਹਿ ਪ੍ਰਕਾਸ਼ਤ ਹੋ ਚੁੱਕੇ ਹਨ।ਇਸ ਤੋਂ ਇਲਾਵਾ ਉਹਨਾਂ ਦਾ ਇੱਕ ਨਿਰੋਲ ਗ਼ਜ਼ਲ ਸੰਗ੍ਰਹਿ 'ਫ਼ਜ਼ਲ ਇਲਾਹੀ' ਵੀ ਪਾਠਕਾਂ ਤੱਕ ਪਹੁੰਚ ਚੁੱਕਿਆ ਹੈ।ਬੁੱਧ ਸਿੰਘ ਨੀਲੋਂ ਵਲੋਂ ਵੀ ਕਰਨੈਲ ਸਿੰਘ ਮਾਂਗਟ ਦੀ ਸ਼ਾਇਰੀ ਤੇ ਪਰਚਾ ਪੜ੍ਹਿਆ ਗਿਆ।ਪੰਜਾਬੀ ਭਾਸ਼ਾ ਪ੍ਰਚਾਰ ਤੇ ਪ੍ਰਸਾਰ ਵਿਚ ਵੱਡਾ ਨਾਂਅ ਰੱਖਣ ਵਾਲੇ ਗੈਰ ਪੰਜਾਬੀ ਤੇ ਪੰਜਾਬੀ ਦੇ ਅਲੰਬਰਦਾਰ ਪ੍ਰੋ ਪੰਡਤ ਰਾਓ ਧਰੇਨਵਰ ਨੇ ਬੋਲਦਿਆਂ ਆਖਿਆ ਕਿ ਪੰਜਾਬੀ ਭਾਸ਼ਾ ਬਹੁਤ ਅਨਮੋਲ ਭਾਸ਼ਾ ਹੈ।ਇਸਦੇ ਸ਼ਬਦਾਂ ਦੀ ਅਦਲਾ ਬਦਲੀ ਪੰਜਾਬੀ ਸਾਹਿਤ ਲਈ ਬਹੁਤ ਹਾਨੀਕਾਰਕ ਹੈ।ਉਨ੍ਹਾਂ ਕਿਹਾ ਕਿ ਅਜੋਕੇ ਲਿਖਾਰੀਆਂ ਨੂੰ ਪੰਜਾਬੀ ਭਾਸ਼ਾ ਦਾ ਪੁਰਜ਼ੋਰ ਪ੍ਰਚਾਰ ਕਰਨਾ ਚਾਹੀਦਾ ਹੈ।ਡਾ. ਗੁਰਚਰਨ ਕੌਰ ਕੋਚਰ ਨੇ ਆਖਿਆ ਕਿ ਪੰਜਾਬੀ ਸਾਹਿਤ ਨੂੰ ਹੋਰ ਭਾਸ਼ਾਵਾਂ ਵਿੱਚ ਵੀ ਅਨੁਵਾਦ ਕਰਨਾ ਚਾਹੀਦਾ ਹੈ ਤਾਂ ਜੁ ਹੋਰ ਦੇਸ਼ਾਂ ਦੇ ਲੋਕ ਵੀ ਪੰਜਾਬ ਦੇ ਇਤਿਹਾਸ ਤੇ ਸਾਹਿਤ ਬਾਰੇ ਜਾਣੂ ਹੋ ਸਕਣ।ਲੇਖਕ ਕਰਨੈਲ ਸਿੰਘ ਮਾਂਗਟ ਨੇ ਕਿਹਾ ਕਿ ਉਹ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਉੱਚ ਪੱਧਰੀ ਸਾਹਿਤਕ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਇਸ ਸਭਾ ਵਿੱਚ ਆਪਣੀ ਕਿਤਾਬ ਲੋਕ ਅਰਪਣ ਕਰਨ ਦਾ ਫੈਸਲਾ ਲਿਆ ਹੈ।ਉਨ੍ਹਾਂ ਦੀ ਬੇਟੀ ਜਗਰੂਪ ਕੌਰ ਨੇ ਤਰੰਨੁਮ ਵਿੱਚ ਗੀਤ ਗਾ ਕੇ ਸਮਾਂ ਬੰਨ੍ਹ ਦਿੱਤਾ।ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਵੱਲੋਂ ਕਰਨੈਲ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ ਤੇ ਪੰਡਤ ਰਾਓ ਧਰੇਨਵਰ ਨੂੰ ਸਨਮਾਨਤ ਕੀਤਾ ਗਿਆ।ਇਸ ਤੋਂ ਪਹਿਲਾਂ ਸਭਾ ਵਲੋਂ 'ਨੀਲੋਂ ਵਾਲੀ ਫਾਇਲ' ਦੇ ਨਾਂਅ 'ਤੇ ਮਸ਼ਹੂਰ ਲੇਖਕ ਨਾਮਧਾਰੀ ਟਹਿਲ ਸਿੰਘ ਤੇ ਹਰਬੰਸ ਸਿੰਘ ਧੀਮਾਨ ਦੇ ਅਕਾਲ ਚਲਾਣੇ 'ਤੇ ਸ਼ੋਕ ਮਤਾ ਪਾਸ ਕੀਤਾ ਗਿਆ।
ਦੂਜੇ ਸੈਸ਼ਨ ਵਿੱਚ ਕਵੀ ਦਰਬਾਰ ਹੋਇਆ, ਜਿਸ ਦੀ ਪ੍ਰਧਾਨਗੀ ਅਨਿਲ ਫ਼ਤਿਹਗੜ੍ਹ ਜੱਟਾਂ, ਨੇਤਰ ਸਿੰਘ ਮੁੱਤੋਂ, ਪੱਪੂ ਬਲਬੀਰ, ਬਲਵੰਤ ਮਾਂਗਟ ਤੇ ਅਵਤਾਰ ਸਿੰਘ ਓਟਾਲਾਂ ਆਦਿਕ ਨੇ ਕੀਤੀ।

## ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਪਿੰਡਾਂ 'ਚ ਮੋਟਰਸਾਈਕਲ ਮਾਰਚ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਮੋਟਰਸਾਈਕਲ ਮਾਰਚ ਕੱਢਿਆ ਗਿਆ। ਇਸ ਮੌਕੇ ਪ੍ਰੈੱਸ ਨਾਲ ਗੱਲ ਕਰਦਿਆਂ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾਂ ਤੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਦੱਸਿਆ ਕਿ ਆਉਣ ਵਾਲੀ 4 ਜੁਲਾਈ ਨੂੰ ਚੰਡੀਗੜ੍ਹ ਦੇ 34 ਸੈਕਟਰ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਧਨੇਰ) ਦੋਵੇਂ ਜਥੇਬੰਦੀਆਂ ਵੱਲੋਂ ਵੱਡਾ ਇਕੱਠ ਕਰਕੇ ਰੋਸ ਮਾਰਚ ਕੀਤਾ ਜਾਵੇਗਾ। ਸੂਬਾ ਸਕੱਤਰ ਜਗਤਾਰ ਸਿੰਘ ਕਾਲਾਝਾੜ ਨੇ ਦੱਸਿਆ ਭਾਰਤ ਦੀ ਮੋਦੀ ਸਰਕਾਰ ਅਮਰੀਕਾ ਨਾਲ ਟੈਕਸ ਮੁਕਤ ਵਪਾਰ ਸਮਝੌਤੇ ਕਰਨ ਜਾ ਰਹੀ ਹੈ, ਜਿਸ ਨਾਲ ਸਾਡੇ ਦੇਸ਼ ਦੀ ਕਿਸਾਨੀ ਪੂਰੀ ਤਰ੍ਹਾਂ ਬਰਬਾਦ ਹੋ ਜਾਵੇਗੀ। ਇਸ ਟਰੇਡ ਡੀਲ ਵਿੱਚ ਅਮਰੀਕਾ ਤੋਂ ਆਉਣ ਵਾਲਾ ਅਨਾਜ ਤੇ ਹੋਰ ਵਸਤੂਆਂ, ਜਿਸ ਵਿੱਚ ਮੱਕੀ, ਸੋਇਆਬੀਨ, ਬਦਾਮ, ਅਖਰੋਟ, ਮਾਸ ਮੱਛੀ, ਦੁੱਧ ਤੇ ਦੁੱਧ ਤੋਂ ਬਣਨ ਵਾਲੇ ਪ੍ਰੋਡਕਟ ਭਾਰਤ ਦੀਆਂ ਮੰਡੀਆਂ ਵਿੱਚ ਜ਼ੀਰੋ ਪ੍ਰਸੈਂਟ ਟੈਕਸ ਉੱਤੇ ਆਉਣਗੀਆਂ, ਜਦਕਿ ਭਾਰਤ ਵੱਲੋਂ ਅਮਰੀਕਾ ਵਿੱਚ ਭੇਜੀਆਂ ਜਾਣ ਵਾਲੀਆਂ ਵਸਤੂਆਂ 'ਤੇ 18% ਟੈਕਸ ਲੱਗੇਗਾ। ਇਸ ਗੱਲ ਤੋਂ ਸਾਫ ਦਿਖਾਈ ਦਿੰਦਾ ਹੈ ਕਿ ਸਾਡੇ ਦੇਸ਼ ਦੀ ਮੋਦੀ ਸਰਕਾਰ ਅਮਰੀਕਾ ਦੇ ਰਾਸ਼ਟਰਪਤੀ ਡੋਨਾਲ ਟਰੰਪ ਦੀ ਗੁਲਾਮ ਹੈ। ਇਸ ਟਰੇਡ ਡੀਲ ਨਾਲ 'ਕੱਲੇ ਕਿਸਾਨ ਮਜ਼ਦੂਰ ਹੀ ਨਹੀਂ, ਸਗੋਂ ਭਾਰਤ ਦੇ ਵਪਾਰੀ ਵਰਗ ਉੱਤੇ ਵੀ ਬਹੁਤ ਵੱਡਾ ਅਸਰ ਪਵੇਗਾ। ਪੰਜਾਬ ਸਰਕਾਰ ਦਾ ਖੇਤਾਂ ਲਈ 8 ਘੰਟੇ ਬਿਜਲੀ ਦੇਣ ਦਾ ਲਾਰਾ ਝੂਠਾ ਸਾਬਿਤ ਹੋਇਆ ਹੈ, ਖੇਤਾਂ ਵਿੱਚ ਖੜ੍ਹੀ ਝੋਨੇ ਦੀ ਫਸਲ ਸੁੱਕ ਰਹੀ ਹੈ। ਜੇਕਰ ਸਰਕਾਰ ਨੇ ਖੇਤਾਂ ਵਾਲੀ ਬਿਜਲੀ ਦੀ ਸਮੱਸਿਆ ਨੂੰ ਜਲਦ ਹੱਲ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਵੱਡੇ ਸੰਘਰਸ਼ ਦੀ ਰੂਪ ਰੇਖਾ ਉਲੀਕੀ ਜਾਵੇਗੀ। ਇਹ ਮੋਟਰਸਾਈਕਲ ਮਾਰਚ ਦਿੜ੍ਹਬਾ ਅਨਾਜ ਮੰਡੀ ਤੋਂ ਸ਼ੁਰੂ ਹੋ ਕੇ ਕੈਂਪਰ, ਖੇੜੀ ਨਾਗਾ, ਰੋਗਲਾ, ਕੌਹਰੀਆਂ, ਹਰੀਗੜ੍ਹ, ਸ਼ਾਦੀਹਰੀ, ਢੰਡਿਆਲ, ਨਿਹਾਲਗੜ੍ਹ, ਲਾਡਬੰਜਾਰਾ, ਕਾਕੂਵਾਲਾ, ਖੇਤਲਾ ਤੋਂ ਹੁੰਦਾ ਹੋਇਆ ਵਾਪਸ ਦਿੜ੍ਹਬਾ ਵਿਖੇ ਸਮਾਪਤ ਕੀਤਾ ਗਿਆ। ਇਸ ਮੌਕੇ ਹਾਜ਼ਰ ਮਿਸ਼ਰਾ ਸਿੰਘ ਨਿਹਾਲਗੜ੍ਹ, ਜਗਦੀਪ ਸਿੰਘ ਮਹਿਲਾ, ਹਰਬੰਸ ਸਿੰਘ ਦਿੜ੍ਹਬਾ, ਮੇਜਰ ਸਿੰਘ ਕੌਹਰੀਆ, ਜੋਗਿੰਦਰ ਸਿੰਘ ਖੇੜੀਨਾਗਾ ਤੋਂ ਇਲਾਵਾ ਪਿੰਡਾਂ ਦੇ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਹੱਕੀ ਮੰਗਾਂ ਦਾ ਹੱਲ ਨਾ ਹੋਣ ਤੱਕ ਸੰਘਰਸ਼ ਜਾਰੀ ਰਹੇਗਾ : ਸੁਰਜੀਤ ਸਿੰਘ ਤੱਖੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਰਜਿ 31 ਵੱਲੋਂ ਕਾਰਜਕਾਰੀ ਇੰਜਨੀਅਰ ਮੰਡਲ ਨੰ: 2 ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕੀਤਾ ਗਿਆ।ਜਥੇਬੰਦੀ ਦੇ ਸੂਬਾ ਪ੍ਰਚਾਰ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ, ਜ਼ਿਲ੍ਹਾ ਪ੍ਰੈਸ ਸਕੱਤਰ ਬਿਕਰਮਜੀਤ ਸਿੰਘ ਕਪੂਰ ਨੇ ਦੱਸਿਆ ਕਿ ਉਹ ਪਿਛਲੇ ਕਈ ਸਾਲਾਂ ਤੋਂ ਜਲ ਸਪਲਾਈ ਵਿਭਾਗ 'ਚ ਆਊਟਸੋਰਸ/ਇੰਨਲਿਸਟਮੈਂਟ ਉਪਰ ਬਹੁਤ ਹੀ ਨਿਗੂਣੀਆ ਤਨਖਾਹਾਂ ਉਪਰ ਆਪਣੀ ਸੇਵਾਵਾਂ ਦੇ ਰਹੇ ਹਨ, ਕੱਚੇ ਆਊਟਸੋਰਸ ਵਰਕਰਾਂ ਦੀ ਮੰਗਾਂ ਦੀਆ ਕੁਝ ਮੰਗਾਂ ਤੇ ਮੈਨੇਜਮੈਂਟ ਵੱਲੋਂ 23-6-26 ਨੂੰ ਜੱਥੇਬੰਦੀ ਨਾਲ ਮੀਟਿੰਗ ਕਰਕੇ ਮੰਗਾਂ ਦਾ ਹੱਲ ਕਰਨ ਲਈ ਭਰੋਸਾ ਦਿੱਤਾ ਸੀ, ਪਰ ਇੱਕ ਹਫ਼ਤਾ ਬੀਤ ਜਾਣ ਉਪਰੰਤ ਵਰਕਰਾਂ ਦੀ ਕਿਸੇ ਵੀ ਮੰਗ ਦਾ ਹੱਲ ਨਹੀਂ ਕੀਤਾ ਗਿਆ।ਪ੍ਰਸੋਨਲ ਵਿਭਾਗ ਵੱਲੋਂ 22-6-23 ਨੂੰ ਪੱਤਰ ਯਾਰੀ ਕਰਕੇ ਵਿਭਾਗ ਨੂੰ ਹਦਾਇਤ ਕੀਤੀ ਗਈ ਸੀ। ਤਿੰਨ ਦਿਨ ਦੇ ਅੰਦਰ ਆਊਟਸੋਰਸ ਵਰਕਰਾਂ ਦਾ ਡਾਟਾ ਪੋਰਟਲ 'ਤੇ ਅਪਲੋਡ ਕਰਕੇ ਸੂਚਨਾ ਭੇਜੀ ਜਾਵੇ, ਪਰ ਬੜੇ ਅਫ਼ਸੋਸ ਦੀ ਗੱਲ ਹੈ ਕਿ ਮੈਨੇਜਮੈਂਟ ਵੱਲੋਂ ਜਾਣਬੁੱਝ ਵਰਕਰਾਂ ਦਾ ਡਾਟਾ ਪੋਰਟਲ ਤੇ ਅਪਲੋਡ ਕਰਨ ਵਿਚ ਦੇਰੀ ਕਰਕੇ ਵਰਕਰਾਂ ਦੇ ਭਵਿੱਖ ਨੂੰ ਹਨੇਰੇ ਵਿੱਚ ਥੱਕਿਆ ਜਾ ਰਿਹਾ ਹੈ। ਦੂਜੇ ਪਾਸੇ ਸਮੇਂ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਆਊਟਸੋਰਸ/ਇਨਲਿਸਟਮੈਂਟ ਨੂੰ ਪੱਕੇ ਕਰਨ ਦੇ ਵਾਅਦੇ ਕੀਤੇ ਜਾਂਦੇ ਗਏ ਸਨ, ਪਰ ਕਿਸੇ ਵੀ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਗਈ।
ਇਸੇ ਤਰ੍ਹਾਂ ਹੀ ਸੱਤਾਧਾਰੀ ਸਰਕਾਰ ਆਮ ਆਦਮੀ ਪਾਰਟੀ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਇਨ੍ਹਾਂ ਨੂੰ ਪੱਕੇ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ, ਪਰ ਤ੍ਰਾਸਦੀ ਦੀ ਗੱਲ ਇਹ ਹੈ ਕਿ ਤਕਰੀਬਨ 4 ਸਾਲ ਦਾ ਸਮਾਂ ਬਤੀਤ ਹੋ ਜਾਣ ਦੇ ਬਾਵਜੂਦ ਇਨ੍ਹਾਂ ਮੁਲਾਜ਼ਮਾਂ ਨੂੰ ਪੱਕੇ ਕਰਨਾ ਦੂਰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹਨਾਂ ਮੁਲਾਜ਼ਮਾਂ ਪਿਛਲੇ ਚਾਰ ਸਾਲਾਂ 'ਚ ਇੱਕ ਵੀ ਮੀਟਿੰਗ ਨਹੀਂ ਕੀਤੀ ਗਈ, ਜਿਸ ਤੋਂ ਪਤਾ ਲੱਗਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਇਨ੍ਹਾਂ ਮੁਲਾਜ਼ਮਾਂ ਨਾਲ ਧੱਕਾ ਕਰਕੇ ਨਿੱਜੀਕਰਨ ਤੇ ਵੱਡੀਆਂ ਕੰਪਨੀਆਂ ਦੇ ਹੱਕ ਵਿੱਚ ਭੁਗਤ ਰਹੀ ਹੈ। ਇਸੇ ਤਰ੍ਹਾਂ ਹੀ ਜਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਵੱਲੋਂ ਇਨ੍ਹਾਂ ਮੁਲਾਜ਼ਮਾਂ ਨਾਲ ਧੱਕਾ ਕੀਤਾ ਜਾ ਰਿਹਾ ਹੈ ਤੇ ਇਨ੍ਹਾਂ ਮੁਲਾਜ਼ਮਾਂ ਦੇ ਬਣਦੇ ਹੱਕ ਉਪਰ ਡਾਕਾ ਮਾਰਿਆ ਜਾ ਰਿਹਾ ਹੈ, ਇਨ੍ਹਾਂ ਮੁਲਾਜ਼ਮਾਂ ਦਾ ਕਿਰਤ ਵਿਭਾਗ ਦੇ ਰੂਲਾਂ ਮੁਤਾਬਕ ਬਣਦਾ ਬੋਨਸ ਦਾ ਬਕਾਇਆ ਨਹੀਂ ਦਿੱਤਾ ਜਾ ਰਿਹਾ, ਗਰੈਚੁਟੀ ਨਹੀਂ ਦਿੱਤੀ ਜਾ ਰਹੀ, ਮ੍ਰਿਤਕਾਂ ਦੇ ਵਾਰਿਸਾਂ ਨੂੰ ਨੌਕਰੀਆਂ ਨਹੀਂ ਦਿੱਤੀਆਂ ਜਾ ਰਹੀਆਂ, ਸਾਰੇ ਵਰਕਰਾਂ ਨੂੰ ਇੱਕ ਠੇਕੇਦਾਰ ਅਧੀਨ ਲਿਆਂਦਾ ਜਾਵੇ ਤੇ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਵਰਕਰਾਂ ਨੂੰ ਤਨਖਾਹ ਸਮੇਂ ਸਿਰ ਨਹੀਂ ਦਿੱਤੀਆਂ ਜਾਂਦੀਆਂ ਤੇ ਤਜਰਬੇ ਦੇ ਆਧਾਰ ਦੇ ਤਨਖਾਹਾ ਦੇ ਰੇਟਾਂ ਵਿੱਚ ਵਾਧਾ ਕੀਤਾ ਜਾਵੇ, ਆਦਿ ਮੰਗਾਂ ਨੂੰ ਲੈ ਕੇ ਕਾਰਜਕਾਰੀ ਇੰਜੀਨੀਅਰ ਮੰਡਲ ਨੰ: 2 ਸ੍ਰੀ ਮੁਕਤਸਰ ਸਾਹਿਬ ਦੇ ਦਫ਼ਤਰ ਅੱਗੇ 29 ਜੂਨ ਤੋਂ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕੀਤਾ ਗਿਆ।

## ਸਾਉਣੀ ਦੀਆਂ ਫ਼ਸਲਾਂ ਤੇ ਖਾਦਾਂ ਦੀ ਸੁਚੱਜੀ ਵਰਤੋਂ ਸੰਬੰਧੀ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ




**ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਹਾਇਕ ਪੌਦਾ ਸੁਰੱਖਿਆ ਡਾ. ਰਾਜਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਆਤਮਾ ਸਕੀਮ ਅਧੀਨ ਪਿੰਡ ਨੰਦਗੜ੍ਹ ਵਿਖੇ ਖੇਤ ਬਚਾਓ ਅਭਿਆਨ ਤਹਿਤ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ।ਡਾ. ਸ਼ਵਿੰਦਰ ਸਿੰਘ ਏ ਡੀ ਓ ਵੱਲੋਂ ਨਰਮੇ ਦੀ ਕਾਸ਼ਤ ਸਬੰਧੀ ਜ਼ਰੂਰੀ ਨੁਕਤੇ ਸਾਂਝੇ ਕੀਤੇ ਗਏ ਤੇ ਪਿਛਲੇ ਸਾਲਾਂ ਦੌਰਾਨ ਆਈਆਂ ਮੁਸ਼ਕਲਾਂ ਦੇ ਹੱਲ ਦੱਸੇ ਗਏ।ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਕੇ.ਵੀ.ਕੇ, ਗੋਨੇਆਣਾ ਤੋਂ ਡਾ. ਗੁਰਵਿੰਦਰ ਸਿੰਘ ਵੱਲੋਂ ਕਿਸਾਨਾਂ ਨੂੰ ਝੋਨੇ/ਬਾਸਮਤੀ ਦੀ ਕਾਸ਼ਤ ਵਿੱਚ ਖੁਰਾਕੀ ਤੱਤਾਂ ਦੀ ਪੂਰਤੀ ਲਈ ਵੱਖ-ਵੱਖ ਖਾਦਾਂ ਦੀ ਵਰਤੋਂ ਬਾਰੇ ਚਾਨਣਾ ਪਾਇਆ ਗਿਆ।ਡਾ. ਜੋਬਨਦੀਪ ਸਿੰਘ ਏ.ਡੀ.ਓ. ਸੀਡ ਵੱਲੋਂ ਝੋਨੇ ਬਾਸਮਤੀ ਦੀ ਫਸਲ ਵਿੱਚ ਨਦੀਨਾਂ/ਕੀਟਾਂ/ਬਿਮਾਰੀਆਂ ਦੇ ਹਮਲੇ ਦੀ ਸਫ਼ਲ ਰੋਕਥਾਮ ਸਬੰਧੀ ਜਾਣਕਾਰੀ ਦਿੱਤੀ ਗਈ।ਡਾ. ਅਮਰਦੀਪ ਕੌਰ ਬੀ.ਟੀ.ਐਮ ਵੱਲੋਂ ਮਿੱਟੀ ਪਾਣੀ ਪਰਖ ਦੀ ਮਹੱਤਤਾ, ਸੈਂਪਲ ਲੈਣ ਦੀ ਵਿਧੀ ਤੇ ਡਾ. ਮਨਮੀਤ ਕੌਰ ਏ.ਡੀ.ਓ. ਮਾਰਕੀਟਿੰਗ ਵੱਲੋਂ ਕਿਸਾਨਾਂ ਨੂੰ ਪੀ.ਐਮ. ਕਿਸਾਨ ਸਨਮਾਨ ਨਿਧੀ ਯੋਜਨਾ ਤੇ ਫਾਰਮਰ ਰਜਿਸਟਰੀ ਆਈ.ਡੀ ਬਣਾਉਣ ਬਾਰੇ ਜਾਣਕਾਰੀ ਦਿੱਤੀ ਗਈ।ਕੈਂਪ ਦੇ ਮੁੱਖ ਮਹਿਮਾਨ ਡਾ. ਜਗਸੀਰ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਕਿਸਾਨਾਂ ਨੂੰ ਵਿਭਾਗੀ ਗਤੀਵਿਧੀਆਂ ਸਬੰਧੀ ਜਾਣੂ ਕਰਾਇਆ ਗਿਆ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਖੇਤੀ ਕਰਨ ਦੀ ਸਲਾਹ ਦਿੱਤੀ ਗਈ ਤਾਂ ਜੋ ਵੱਧ ਰਹੀਆਂ ਖੇਤੀ ਲਾਗਤਾਂ ਨੂੰ ਘਟਾਇਆ ਜਾ ਸਕੇ।ਸਹਾਇਕ ਪੌਦਾ ਸੁਰੱਖਿਆ ਅਫ਼ਸਰ ਡਾ. ਰਾਜਵਿੰਦਰ ਸਿੰਘ ਵੱਲੋਂ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਸਬਸਿਡੀ ਸਕੀਮਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ ਤੇ ਕਿਸਾਨਾਂ ਨੂੰ ਮਿੱਟੀ ਦੀ ਜਾਂਚ ਕਰਾਉਣ, ਸੌਇਲ ਹੈਲਥ ਕਾਰਡ ਦੀ ਵਰਤੋਂ ਕਰਨ, ਫ਼ਸਲੀ ਚੱਕਰ ਵਿੱਚ ਬਦਲਾਅ ਕਰਨ, ਪਾਣੀ ਦੀ ਬੱਚਤ ਲਈ ਝੋਨੇ ਦੀ ਸਿੱਧੀ ਬਿਜਾਈ ਕਰਨ ਅਤੇ ਹਰੀ ਖਾਦ ਦੀ ਵਰਤੋਂ ਕਰਨ ਦਾ ਸੁਨੇਹਾ ਦਿੱਤਾ ਗਿਆ ਅਤੇ ਕੁਦਰਤੀ ਸਾਧਨਾਂ ਨੂੰ ਸੰਯਮ ਨਾਲ ਵਰਤਣ ਦੀ ਅਪੀਲ ਕੀਤੀ ਗਈ।

## ਕਾਂਗਰਸ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ : ਭੱਟੀਆਂ



**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਚੇਅਰਮੈਨ ਬੈਂਕ ਫਿਨਕੋ ਪੰਜਾਬ ਨਿਰਮਲ ਸਿੰਘ ਭੱਟੀਆਂ ਨੇ ਪਿੰਡ ਮਹਿਮੂਦਪੁਰ ਅਰਾਈਆਂ ਵਿਖੇ ਕਾਂਗਰਸ ਪਾਰਟੀ ਦੇ ਸਰਗਰਮ ਵਰਕਰ ਤੇ ਸਮਾਜਸੇਵੀ ਤਸਵੀਰ ਸਿੰਘ ਸੰਧੂ ਸਾਬਕਾ ਸਰਪੰਚ ਨਾਲ ਮੁਲਾਕਾਤ ਕੀਤੀ। ਇਲਾਕੇ ਦੇ ਲੋਕਾਂ ਨਾਲ ਜੁੜੇ ਮੁੱਦਿਆਂ 'ਤੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਤਾਕਤ ਉਸਦੇ ਸਮਰਪਤ ਵਰਕਰ ਹਨ, ਜੋ ਹਰ ਹਾਲਾਤ ਵਿੱਚ ਲੋਕਾਂ ਦੀ ਸੇਵਾ ਅਤੇ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪੁਚਾਉਣ ਲਈ ਮਿਹਨਤ ਕਰਦੇ ਹਨ। ਉਨ੍ਹਾਂ ਕਿਹਾ ਕਿ ਹਲਕਾ ਸਨੌਰ ਵਿੱਚ ਕਾਂਗਰਸ ਪ੍ਰਤੀ ਲੋਕਾਂ ਦਾ ਵਿਸ਼ਵਾਸ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਤੇ ਵਰਕਰਾਂ ਦਾ ਉਤਸ਼ਾਹ ਇਸ ਗੱਲ ਦਾ ਸਬੂਤ ਹੈ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਹੋਰ ਵੀ ਮਜ਼ਬੂਤੀ ਨਾਲ ਉਭਰੇਗੀ,ਉਨ੍ਹਾਂ ਵਰਕਰਾਂ ਨਾਲ ਪਾਰਟੀ ਦੀਆਂ ਭਵਿੱਖੀ ਰਣਨੀਤੀਆਂ, ਲੋਕਾਂ ਦੀਆਂ ਸਮੱਸਿਆਵਾਂ ਤੇ ਇਲਾਕੇ ਦੇ ਵਿਕਾਸ ਨਾਲ ਸੰਬੰਧਿਤ ਮੁੱਦਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਭੱਟੀਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਹਰ ਵਰਗ ਦੇ ਹੱਕਾਂ ਦੀ ਆਵਾਜ਼ ਬਣੀ ਹੈ ਅਤੇ ਅੱਗੇ ਵੀ ਬਣੀ ਰਹੇਗੀ।

## ਸ਼ਿਕਾਇਤ ਬੰਦ ਕਰਨ ਤੋਂ ਪਹਿਲਾਂ ਸ਼ਿਕਾਇਤਕਰਤਾ ਨਾਲ ਫ਼ੋਨ 'ਤੇ ਰਾਬਤਾ ਕਰਨਾ ਜ਼ਰੂਰੀ : ਏਡੀ ਸੀ



**ਮਾਨਸਾ (ਆਤਮਾ ਸਿੰਘ ਪਮਾਰ)**-ਡਿਪਟੀ ਕਮਿਸ਼ਨਰ ਨਵਜੋਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਵੱਲੋਂ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ ਅਹਿਮ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਟਰੇਡਰਜ਼ ਕਮਿਸ਼ਨ ਪੋਰਟਲ ਰਾਹੀਂ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਤੁਰੰਤ ਤੇ ਪ੍ਰਭਾਵਸ਼ਾਲੀ ਨਿਪਟਾਰਾ ਕੀਤਾ ਜਾਣਾ ਬੇਹੱਦ ਜ਼ਰੂਰੀ ਹੈ।ਇਸ ਲਈ ਸਮੂਹ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਜਾਂਦੇ ਹਨ ਕਿ ਉਹ ਅਜਿਹੀਆਂ ਸ਼ਿਕਾਇਤਾਂ ਨੂੰ ਤਰਜੀਹ ਦੇਣ ਤੇ ਇਨ੍ਹਾਂ ਦਾ ਨਿਰਧਾਰਿਤ ਸਮੇਂ ਅੰਦਰ ਨਿਪਟਾਰਾ ਯਕੀਨੀ ਬਣਾਉਣ।ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਨਿਰਦੇਸ਼ ਦਿੱਤੇ ਕਿ ਟਰੇਡਰਜ਼ ਕਮਿਸ਼ਨ ਪੋਰਟਲ ਰਾਹੀਂ ਪ੍ਰਾਪਤ ਹੋਣ ਵਾਲੀ ਹਰੇਕ ਸ਼ਿਕਾਇਤ ਦੇ ਮਾਮਲੇ ਵਿੱਚ, ਸਬੰਧਤ ਅਧਿਕਾਰੀ ਜਾਂ ਕ੍ਰਮਚਾਰੀ ਲਾਜ਼ਮੀ ਤੌਰ 'ਤੇ ਸ਼ਿਕਾਇਤਕਰਤਾ ਨਾਲ ਟੈਲੀਫ਼ੋਨ ਰਾਹੀਂ ਸੰਪਰਕ ਕਰੇਗਾ।ਇਸ ਸੰਪਰਕ ਦਾ ਮਕਸਦ ਸ਼ਿਕਾਇਤ ਨੂੰ ਵਿਸਥਾਰ 'ਚ ਸਮਝਣਾ, ਸ਼ਿਕਾਇਤਕਰਤਾ ਨੂੰ ਕੀਤੀ ਗਈ ਕਾਰਵਾਈ ਤੋਂ ਜਾਣੂ ਕਰਾਉਣਾ ਅਤੇ ਸ਼ਿਕਾਇਤ ਨੂੰ ਬੰਦ ਕਰਨ ਤੋਂ ਪਹਿਲਾਂ ਸ਼ਿਕਾਇਤਕਰਤਾ ਦੀ ਸੰਤੁਸ਼ਟੀ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰਨਾ ਹੋਵੇਗਾ।ਉਨ੍ਹਾਂ ਸਪੱਸ਼ਟ ਕੀਤਾ ਕਿ ਸਮੂਹ ਵਿਭਾਗਾਂ ਦੇ ਮੁਖੀ ਨਿੱਜੀ ਤੌਰ 'ਤੇ ਇਨ੍ਹਾਂ ਸ਼ਿਕਾਇਤਾਂ ਦੇ ਨਿਪਟਾਰੇ ਦੀ ਨਿਗਰਾਨੀ ਕਰਨਗੇ ਤਾਂ ਜੋ ਕੋਈ ਵੀ ਸ਼ਿਕਾਇਤ ਬਿਨਾਂ ਕਿਸੇ ਵਾਜਬ ਕਾਰਨ ਦੇ ਅਣਗੌਲੀ ਜਾਂ ਲੰਬਿਤ ਨਾ ਰਹੇ।ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ਿਕਾਇਤਾਂ ਦੇ ਨਿਪਟਾਰੇ 'ਚ ਕਿਸੇ ਵੀ ਤਰ੍ਹਾਂ ਦੀ ਦੇਰੀ ਜਾਂ ਲਾਪ੍ਰਵਾਹੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਹਦਾਇਤਾਂ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਈਆਂ ਹਨ ਤੇ ਇਨ੍ਹਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

## ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮੁੱਖ ਮੰਤਰੀ ਦੀ ਕੋਠੀ ਤੱਕ ਵਿਸ਼ਾਲ ਰੋਸ ਮਾਰਚ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਭਰ ਤੋਂ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਦੀ ਅਗਵਾਈ ਹੇਠ ਪੁੱਜੇ ਹਜ਼ਾਰਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮੁੱਖ ਮੰਤਰੀ ਦੀ ਕੋਠੀ ਤੱਕ ਵਿਸ਼ਾਲ ਰੋਸ ਮਾਰਚ ਕਰਦਿਆਂ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ।ਇਸ ਤੋਂ ਪਹਿਲਾਂ ਕੋਠੀ ਤੋਂ ਕੁੱਝ ਦੂਰੀ 'ਤੇ ਸੂਬਾ ਆਗੂ ਕੁਲਵਿੰਦਰ ਸਿੰਘ ਢਿੱਲੋਂ ਤੇ ਮਨਜੀਤ ਸਿੰਘ ਬਾਸਰਕੇ ਦੀ ਪ੍ਰਧਾਨਗੀ ਹੇਠ ਦਿੱਤੇ ਵਿਸ਼ਾਲ ਰੋਸ ਧਰਨੇ ਦੌਰਾਨ ਅਗਲੇ ਸੰਘਰਸ਼ ਦਾ ਐਲਾਨ ਕੀਤਾ ਗਿਆ।ਇਸ ਮੌਕੇ ਫ਼ੈਸਲਾ ਕੀਤਾ ਗਿਆ ਕਿ ਬਿਜਲੀ ਕਾਮੇ ਪਹਿਲੀ ਜੁਲਾਈ ਤੋਂ ਵਰਕ-ਟੂ-ਰੂਲ ਅਨੁਸਾਰ ਸਿਰਫ਼ ਬਣਦੀਆਂ ਡਿਊਟੀਆਂ ਹੀ ਕਰਨਗੇ ਅਤੇ 21 ਤੇ 22 ਜੁਲਾਈ ਨੂੰ ਸਮੁੱਚੇ ਪੰਜਾਬ ਦੇ ਬਿਜਲੀ ਕਾਮੇ ਸਮੂਹਕ ਛੁੱਟੀ ਲੈ ਕੇ ਪੰਜਾਬ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕਰਨਗੇ।ਸਮੂਹਕ ਛੁੱਟੀ ਸਮੇਂ ਪੈਨਸ਼ਨਰ ਜਥੇਬੰਦੀਆਂ ਦੇ ਵਰਕਰ ਪੰਜਾਬ ਭਰ ਵਿੱਚ ਡੀ ਸੀ ਦਫ਼ਤਰਾਂ ਅੱਗੇ ਗ੍ਰਿਫ਼ਤਾਰੀਆਂ ਦੇਣਗੇ।ਪ੍ਰਮੁੱਖ ਜਥੇਬੰਦੀਆਂ 'ਚ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਏਟਕ ਨਾਲ ਸਬੰਧਤ), ਪੈਨਸ਼ਨਰਜ਼ ਵੈੱਲਫੇਅਰ ਫੈਡਰੇਸ਼ਨ ਸ਼ਾਮਲ ਸਨ।

## ਵਿਸ਼ਵ ਵਿਟਿਲੀਗੋ ਵਰਕਸ਼ਾਪ ਤੇ ਕਾਨਫਰੰਸ 'ਚ ਡਾ. ਨਰੇਸ਼ ਖੰਨਾ ਸਨਮਾਨਤ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਸਥਿਤ ਖੰਨਾ ਨਰਸਿੰਗ ਹੋਮ ਦੇ ਸੰਚਾਲਕ ਤੇ ਸੀਨੀਅਰ ਚਮੜੀ ਰੋਗ ਮਾਹਰ ਡਾ. ਨਰੇਸ਼ ਖੰਨਾ ਨੂੰ ਵਰਲਡ ਵਿਟਿਲੀਗੋ ਵਰਕਸ਼ਾਪ ਐਂਡ ਕਾਨਫਰੰਸ 2026 ਦੌਰਾਨ ਚਮੜੀ ਰੋਗਾਂ ਦੇ ਇਲਾਜ ਤੇ ਖ਼ਾਸ ਕਰਕੇ ਵਿਟਿਲੀਗੋ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ 'ਐਪਰੀਸੀਏਸ਼ਨ ਐਵਾਰਡ' ਨਾਲ ਸਨਮਾਨਤ ਕੀਤਾ ਗਿਆ। ਇਹ ਅੰਤਰਰਾਸ਼ਟਰੀ ਪੱਧਰ ਦਾ ਸਮਾਗਮ 25 ਤੋਂ 28 ਜੂਨ 2026 ਤੱਕ ਪੀ.ਜੀ.ਆਈ.ਐੱਮ.ਈ.ਆਰ, ਚੰਡੀਗੜ੍ਹ ਤੇ ਹਯਾਤ ਰੀਜੈਂਸੀ, ਚੰਡੀਗੜ੍ਹ ਵਿਖੇ ਕੀਤਾ ਗਿਆ। ਇਸ ਕਾਨਫਰੰਸ ਵਿੱਚ ਦੇਸ਼-ਵਿਦੇਸ਼ ਦੇ ਪ੍ਰਸਿੱਧ ਚਮੜੀ ਰੋਗ ਮਾਹਰਾਂ ਨੇ ਹਿੱਸਾ ਲਿਆ ਤੇ ਵਿਟਿਲੀਗੋ (ਚਿੱਟੇ ਦਾਗ) ਦੇ ਇਲਾਜ ਨਾਲ ਸਬੰਧਤ ਨਵੀਆਂ ਤਕਨੀਕਾਂ, ਸਰਜਰੀ ਤੇ ਰੀਜਨਰੇਟਿਵ ਸੈੱਲ ਥੈਰੇਪੀ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਡਾ. ਨਰੇਸ਼ ਖੰਨਾ ਨੇ ਇਸ ਕਾਨਫਰੰਸ ਵਿਚ ਫੈਕਲਟੀ ਮੈਂਬਰ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਟਿਲੀਗੋ ਸਰਜਰੀ ਨਾਲ ਸਬੰਧਤ ਵਿਗਿਆਨਕ ਸੈਸ਼ਨਾਂ ਦੀ ਪ੍ਰਧਾਨਗੀ ਕੀਤੀ ਤੇ ਆਪਣੇ ਤਜਰਬੇ ਤੇ ਮਾਹਰਾਂ ਨੂੰ ਹੋਰ ਡਾਕਟਰਾਂ ਨਾਲ ਸਾਂਝਾ ਕੀਤਾ। ਮੈਡੀਕਲ ਖੇਤਰ ਵਿੱਚ ਉਨ੍ਹਾਂ ਦੀਆਂ ਵਿਸ਼ੇਸ਼ ਸੇਵਾਵਾਂ ਤੇ ਵਿਟਿਲੀਗੋ ਦੇ ਇਲਾਜ ਵਿੱਚ ਸ਼ਾਨਦਾਰ ਯੋਗਦਾਨ ਨੂੰ ਦੇਖਦੇ ਹੋਏ ਆਯੋਜਕਾਂ ਵੱਲੋਂ ਉਨ੍ਹਾਂ ਨੂੰ ਐਪਰੀਸੀਏਸ਼ਨ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਡਾ. ਨਰੇਸ਼ ਖੰਨਾ ਦੀ ਇਸ ਪ੍ਰਾਪਤੀ 'ਤੇ ਫਿਰੋਜ਼ਪੁਰ ਦੇ ਡਾਕਟਰਾਂ, ਸਮਾਜਿਕ ਸੰਸਥਾਵਾਂ ਤੇ ਸ਼ੁਭਚਿੰਤਕਾਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਇਸ ਨੂੰ ਸ਼ਹਿਰ ਲਈ ਮਾਣ ਵਾਲੀ ਗੱਲ ਕਰਾਰ ਦਿੱਤਾ।

# ਬਿਨਾਂ ਕਿਸੇ ਭ੍ਰਿਸ਼ਟਾਚਾਰ ਦੇ 68 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀ ਦਿੱਤੀ : ਮਾਨ

### ਨਹਿਰੀ ਸਿੰਚਾਈ 22 ਫੀਸਦ ਤੋਂ ਵਧਾ ਕੇ 80 ਫੀਸਦ ਤੋਂ ਵੱਧ ਕੀਤੀ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਬੇਅਦਬੀ ਵਿਰੋਧੀ ਐਕਟ ਦਾ ਵਿਰੋਧ ਇਸ ਲਈ ਕਰ ਰਹੇ ਹਨ, ਕਿਉਂਕਿ ਉਹ ਜਾਣਦੇ ਹਨ ਕਿ ਉਨ੍ਹਾਂ ਨੂੰ ਆਪਣੇ ਪਿਛਲੇ ਗੁਨਾਹਾਂ ਦਾ ਹਿਸਾਬ ਦੇਣਾ ਪਵੇਗਾ।ਉਨ੍ਹਾਂ ਕਿਹਾ ਕਿ ਅਕਾਲੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਲਈ ਜ਼ਿੰਮੇਵਾਰ ਤਾਕਤਾਂ ਨਾਲ ਹੱਥ ਮਿਲਾਇਆ ਸੀ। ਫ਼ਰੀਦਕੋਟ ਵਿਖੇ ਇੱਕ 'ਲੋਕ ਮਿਲਣੀ' ਦੌਰਾਨ ਮੁੱਖ ਮੰਤਰੀ ਨੇ ਰਵਾਇਤੀ ਸਿਆਸੀ ਪਾਰਟੀਆਂ ਨੂੰ ਪੰਜਾਬ ਨੂੰ ਲੁੱਟਣ ਲਈ ਜ਼ਿੰਮੇਵਾਰ ਠਹਿਰਾਇਆ।ਲੋਕ ਭਲਾਈ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਕੂਲੀ ਸਿੱਖਿਆ ਵਿੱਚ ਪੰਜਾਬ ਦੇ ਦੇਸ਼ ਵਿੱਚੋਂ ਮੋਹਰੀ ਸੂਬਾ ਬਣਨ, ਬਿਨਾਂ ਕਿਸੇ ਭ੍ਰਿਸ਼ਟਾਚਾਰ ਦੇ 68,000 ਤੋਂ ਵੱਧ ਸਰਕਾਰੀ ਨੌਕਰੀਆਂ ਦੇਣ, ਨਹਿਰੀ ਸਿੰਚਾਈ ਨੂੰ 22 ਫੀਸਦ ਤੋਂ ਵਧਾ ਕੇ 80 ਫੀਸਦ ਤੋਂ ਵੱਧ ਕਰਨ, ਇਕ ਜੁਲਾਈ ਤੋਂ ਯੋਗ ਔਰਤਾਂ ਲਈ ਵਿੱਤੀ ਸਹਾਇਤਾ ਸ਼ੁਰੂ ਕਰਨ ਤੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਪ੍ਰਤੀ ਪਰਵਾਰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੇ ਲਾਭਾਂ 'ਤੇ ਚਾਨਣਾ ਪਾਇਆ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਬੇਅਦਬੀ ਵਿਰੋਧੀ ਐਕਟ ਦਾ ਪੂਰਾ ਵਿਰੋਧ ਕਰ ਰਹੇ ਹਨ, ਕਿਉਂਕਿ ਉਹ ਜਾਣਦੇ ਹਨ ਕਿ ਉਨ੍ਹਾਂ ਨੂੰ ਪਿਛਲੇ ਸਮੇਂ ਵਿੱਚ ਕੀਤੇ ਗੁਨਾਹਾਂ ਦੀ ਕੀਮਤ ਚੁਕਾਉਣੀ ਪਵੇਗੀ।



ਅਕਾਲੀ ਉਨ੍ਹਾਂ ਦੇਸ਼-ਵਿਰੋਧੀ ਤਾਕਤਾਂ ਨਾਲ ਮਿਲੇ ਹੋਏ ਸਨ, ਜਿਨ੍ਹਾਂ ਨੇ ਪਿਛਲੇ ਸਮੇਂ ਵਿੱਚ ਬੇਅਦਬੀ ਦੀਆਂ ਸਾਜ਼ਿਸ਼ਾਂ ਰਚੀਆਂ ਸਨ। ਹੁਣ ਇਨ੍ਹਾਂ ਆਗੂਆਂ ਨੂੰ ਆਪਣੇ ਮਾੜੇ ਕਰਮਾਂ ਦਾ ਖ਼ਮਿਆਜ਼ਾ ਭੁਗਤਣਾ ਪੈ ਰਿਹਾ ਹੈ, ਜਿਸ ਕਾਰਨ ਉਹ ਤੇ ਉਨ੍ਹਾਂ ਦੇ ਪਿੱਠੂ ਇਸ ਬੇਅਦਬੀ ਵਿਰੋਧੀ ਐਕਟ ਦਾ ਵਿਰੋਧ ਕਰ ਰਹੇ ਹਨ।ਹਾਲਾਂਕਿ, ਇਹ ਮੈਨੂੰ ਲੋਕਾਂ ਦੀ ਭਲਾਈ ਲਈ ਕੰਮ ਕਰਨ ਤੋਂ ਨਹੀਂ ਰੋਕ ਸਕੇਗਾ ਤੇ ਮੈਂ ਇਸ ਲਈ ਹਰ ਸੰਭਵ ਕੋਸ਼ਿਸ਼ ਕਰਾਂਗਾ।ਇਸ ਮੌਕੇ ਵਿਧਾਇਕ ਫ਼ਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ, ਨਵਜੋਤ ਸਿੰਘ ਜਰਗ ਸਟੇਟ ਸੈਕਟਰੀ, ਸੁਖਜਿੰਦਰ ਸਿੰਘ ਕੌਣੀ ਲੋਕ ਸਭਾ ਹਲਕਾ ਚਾਰਜ ਤੇ ਗੁਰਤੇਜ ਸਿੰਘ ਖੋਸਾ ਜ਼ਿਲ੍ਹਾ ਇੰਚਾਰਜ, ਆਈ ਜੀ ਨਿਲੰਬਰੀ ਜਗਦਲੇ, ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ, ਐੱਸ.ਐੱਸ.ਪੀ. ਗੁਰਬੰਸ ਸਿੰਘ ਬੈਂਸ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਵੈਰੀਫਿਕੇਸ਼ਨ ਫਾਰਮ ਭਰਨ ਤੇ ਪ੍ਰਾਪਤ ਕਰਨ ਲਈ ਬੀ ਐੱਲ ਓਜ਼ ਨੂੰ ਜ਼ਰੂਰੀ ਹਦਾਇਤਾਂ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪ੍ਰਸ਼ਾਸਨਿਕ ਕੰਮਾਂ ਨੂੰ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਐੱਸ.ਡੀ.ਐੱਮ ਗਗਨਦੀਪ ਨਿਹਾਲ ਸਿੰਘ ਵਾਲਾ ਵੱਲੋਂ ਬੂਥ ਲੈਵਲ ਅਫ਼ਸਰਾਂ ਨੂੰ ਵੈਰੀਫਿਕੇਸ਼ਨ ਫਾਰਮ ਭਰਨ ਤੇ ਪ੍ਰਾਪਤ ਕਰਨ ਸਬੰਧੀ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਜਾਰੀ ਨਿਰਦੇਸ਼ਾਂ ਅਨੁਸਾਰ ਬੀ.ਐੱਲ.ਓਜ਼ ਨੂੰ ਆਪਣੇ-ਆਪਣੇ ਖੇਤਰ ਵਿੱਚ ਜਾ ਕੇ ਸਬੰਧਤ ਲੋਕਾਂ ਨਾਲ ਸੰਪਰਕ ਕਰਕੇ ਫਾਰਮ ਸਹੀ ਅਤੇ ਪੂਰੀ ਜਾਣਕਾਰੀ ਨਾਲ ਭਰਵਾਉਣ ਲਈ ਕਿਹਾ ਗਿਆ ਹੈ।ਨਾਲ ਹੀ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਕਿ ਸਾਰੇ ਫਾਰਮ ਨਿਰਧਾਰਤ ਸਮੇਂ ਅੰਦਰ ਇਕੱਠੇ ਕਰਕੇ ਸਬੰਧਤ ਦਫ਼ਤਰ ਵਿੱਚ ਜਮ੍ਹਾਂ ਕਰਾਏ ਜਾਣ।ਐੱਸ. ਡੀ. ਐੱਮ ਨੇ ਹਦਾਇਤ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਅਧੂਰੀ ਜਾਣਕਾਰੀ ਤੋਂ ਬਚਿਆ ਜਾਵੇ ਤਾਂ ਜੁ ਵੈਰੀਫਿਕੇਸ਼ਨ ਪ੍ਰਕਿਰਿਆ ਸਮੇਂ ਸਿਰ ਤੇ ਬਿਨਾਂ ਕਿਸੇ ਰੁਕਾਵਟ ਦੇ ਮੁਕੰਮਲ ਹੋ ਸਕੇ। ਉਨ੍ਹਾਂ ਕਿਹਾ ਕਿ ਸਾਰੇ ਬੀ. ਐੱਲ. ਓਜ਼ ਆਪਣੀ ਡਿਊਟੀ ਨੂੰ ਜ਼ਿੰਮੇਵਾਰੀ ਤੇ ਪੂਰੀ ਤਨਦੇਹੀ ਨਾਲ ਨਿਭਾਉਣ।

# ਸਤਿਗੁਰੂ ਦਰਬਾਰ ਸੇਵਾ ਮੰਡਲ ਵੱਲੋਂ ਮਾਤਾ ਰਾਣੀ ਦੀ ਚੌਂਕੀ ਕਰਵਾਈ

**ਬਾਘਾ ਪੁਰਾਣਾ (ਮਨੀ ਸਿੰਗਲਾ)**
ਸਤਿਗੁਰੂ ਦਰਬਾਰ ਸੇਵਾ ਮੰਡਲ ਬਾਘਾ ਪੁਰਾਣਾ ਵੱਲੋਂ ਪ੍ਰਧਾਨ ਨਿਸ਼ਾਂਤ ਗਾਂਧੀ ਦੀ ਅਗਵਾਈ ਹੇਠ ਮੋਗਾ ਰੋਡ ਸਥਿਤ ਸ਼੍ਰੀ ਸ਼ਿਵ ਮੰਦਰ ਧਰਮਸ਼ਾਲਾ ਵਿਖੇ ਮਾਤਾ ਰਾਣੀ ਦੀ ਵਿਸ਼ਾਲ ਚੌਂਕੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਈ ਗਈ।ਧਾਰਮਿਕ ਸਮਾਗਮ ਵਿੱਚ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕਰ ਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।



ਸਮਾਗਮ ਦੌਰਾਨ ਸ੍ਰੀ ਮੁਕਤਸਰ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਪੁੱਜੇ ਸਤਿਗੁਰੂ ਦਰਬਾਰ ਵਾਲੇ ਬਾਬਾ ਜੀ ਨੇ ਮਾਤਾ ਰਾਣੀ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਇੱਕ ਤੋਂ ਵੱਧ ਇੱਕ ਭਜਨ ਪੇਸ਼ ਕਰਕੇ ਸੰਗਤਾਂ ਨੂੰ ਭਗਤੀ ਰੰਗ ਵਿੱਚ ਰੰਗ ਦਿੱਤਾ।ਭਜਨਾਂ ਦੌਰਾਨ ਸ਼ਰਧਾਲੂ ਮਾਤਾ ਰਾਣੀ ਦੀ ਭਗਤੀ ਵਿੱਚ ਝੂਮਦੇ ਨਜ਼ਰ ਆਏ ਤੇ ਪੂਰਾ ਪੰਡਾਲ ਜੈਕਾਰਿਆਂ ਨਾਲ ਗੂੰਜ ਉੱਠਿਆ।ਸਮਾਗਮ ਦੀ ਸਫ਼ਲਤਾ ਲਈ ਸੇਵਾਦਾਰ ਮਨੀ ਸਿੰਗਲਾ, ਅਕਸ਼ਿਤ ਜੈਨ, ਨਵੀਨ ਗੋਇਲ, ਮੁਕੇਸ਼ ਗੋਇਲ, ਸੋਨੂ ਅਰੋੜਾ, ਹਨੀ ਗਰਗ, ਸੁਸ਼ੀਲ ਗੋਇਲ (ਗੋਵਿੰਦਾ), ਨਵੀਨ ਮਿੱਤਲ, ਆਕਾਸ਼ ਅਰੋੜਾ, ਗਗਨ, ਰਮਨ ਗਰਗ ਅਤੇ ਦੀਪੂ ਗੋਇਲ ਨੇ ਪੂਰੇ ਸਮਰਪਣ ਨਾਲ ਸੇਵਾਵਾਂ ਨਿਭਾਈਆਂ।ਸਮਾਗਮ ਦੌਰਾਨ ਜੋਤੀ ਪੂਜਨ ਦੀ ਰਸਮ ਮਨਦੀਪ ਕੱਕੜ, ਬੌਬੀ ਗਰਗ, ਰਾਹੁਲ ਗਰਗ, ਵਿਨੇ ਸ਼ਰਮਾ ਤੇ ਗਗਨਦੀਪ ਲੂੰਬਾ ਵੱਲੋਂ ਸ਼ਰਧਾ ਭਾਵਨਾ ਨਾਲ ਸੰਪੰਨ ਕਰਵਾਈ ਗਈ।ਇਸ ਉਪਰੰਤ ਸ੍ਰੀ ਘੱਣਈਆ ਮਿੱਤਰ ਸੇਵਾ ਮੰਡਲ ਵੱਲੋਂ ਸੰਗਤਾਂ ਲਈ ਅਤੁੱਟ ਲੰਗਰ ਦੀ ਸੇਵਾ ਨਿਭਾਈ ਗਈ, ਜਦਕਿ ਜੋੜਾ ਸਾਂਭਣ ਦੀ ਸੇਵਾ ਜ਼ਖਮੀ ਗਊਸ਼ਾਲਾ ਰੋਡੇ ਰੋਡ ਦੇ ਸੇਵਾਦਾਰਾਂ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਜਥੇਦਾਰ ਤੀਰਥ ਸਿੰਘ ਮਾਹਲਾ ਹਲਕਾ ਇੰਚਾਰਜ ਬਾਘਾ ਪੁਰਾਣਾ ਸ਼੍ਰੋਮਣੀ ਅਕਾਲੀ ਦਲ, ਬਾਲ ਕ੍ਰਿਸ਼ਨ ਬਾਲੀ ਵਰਕਿੰਗ ਕਮੇਟੀ ਮੈਂਬਰ ਸ਼੍ਰੋਮਣੀ ਅਕਾਲੀ ਦਲ, ਜਗਸੀਰ ਸਿੰਘ ਬਾਬਾ ਕਾਲੇਕੇ ਮੁੱਖ ਸੇਵਾਦਾਰ ਹਲਕਾ ਬਾਘਾ ਪੁਰਾਣਾ ਕਾਂਗਰਸ, ਭੋਲਾ ਸਿੰਘ ਸਮਾਧ ਭਾਈ ਸੀਨੀਅਰ ਕਾਂਗਰਸੀ ਆਗੂ, ਚੇਅਰਮੈਨ ਰਮਨ ਮਿੱਤਲ, ਪ੍ਰਧਾਨ ਪਵਨ ਗੁਪਤਾ, ਪ੍ਰਧਾਨ ਬਲਵਿੰਦਰ ਗਰਗ, ਪ੍ਰਧਾਨ ਸੰਜੀਵ ਗਰਗ, ਪ੍ਰਧਾਨ ਪਵਨ ਗੋਇਲ, ਪ੍ਰਧਾਨ ਵਿਜੇ ਬਾਂਸਲ, ਰਕੇਸ਼ ਚਿੰਦਲ (ਤੋਤਾ), ਦਵਿੰਦਰ ਸਿੰਗਲਾ (ਚੀਕਾ), ਚੇਅਰਮੈਨ ਮਨੋਜ ਗਰਗ, ਚੇਅਰਮੈਨ ਅਮਰਜੀਤ ਸਿੰਘ ਮਾਨੂਕੇ ਤੇ ਪ੍ਰਧਾਨ ਪੰਕਜ ਗੁਪਤਾ, ਰਣਦੀਪ ਗਰਗ ਕਾਲਾ, ਟੋਨੀ ਗਰਗ, ਅਜੇ ਪੂਰੀ, ਦੀਪਕ ਗਰਗ ਦੀਪਾ, ਰਾਹੁਲ ਗਰਗ, ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

# ਜਗਦੇਵ ਸ਼ਰਮਾ ਦਾ ਨਾਵਲ 'ਇੱਕ ਸਦੀ ਦੀ ਮੌਤ' ਲੋਕ ਅਰਪਣ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਾਹਿਤ ਸਭਾ ਧੂਰੀ ਵੱਲੋਂ ਸਥਾਨਕ ਮਾਲਵਾ ਖਾਲਸਾ ਸਕੂਲ ਧੂਰੀ ਵਿਖੇ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਪ੍ਰਧਾਨ ਪਵਨ ਹਰਚੰਦਪੁਰੀ, ਕਰਮ ਸਿੰਘ ਜ਼ਖਮੀ ਪ੍ਰਧਾਨ ਮਾਲਵਾ ਲੇਖਕ ਸਭਾ ਸੰਗਰੂਰ ਤੇ ਸੁਰਿੰਦਰ ਸ਼ਰਮਾ ਨਾਗਰਾ ਪ੍ਰਧਾਨ ਸਾਹਿਤ ਸਭਾ ਧੂਰੀ ਦੀ ਸਾਂਝੀ ਪ੍ਰਧਾਨਗੀ ਮੰਡਲ ਹੇਠ ਕਰਵਾਏ ਕਵੀ ਦਰਬਾਰ 'ਚ ਜਗਦੇਵ ਸ਼ਰਮਾ ਦੇ ਨਾਵਲ 'ਇੱਕ ਸਦੀ ਦੀ ਮੌਤ' ਦੀ ਘੁੰਡ ਚੁਕਾਈ ਕੀਤੀ ਗਈ।

ਕਵੀ ਦਰਬਾਰ ਦੀ ਸ਼ੁਰੂਆਤ ਵਿੱਚ ਨਾਗਰਾ ਨੇ ਆਏ ਸਾਰੇ ਲੇਖਕ ਸਾਹਿਬਾਨ ਨੂੰ ਜੀ ਆਇਆਂ ਆਖਿਆ ਤੇ ਗੁਰਮੀਤ ਸੋਹੀ ਦੀ ਗਜ਼ਲ ਨਾਲ ਕਵੀ ਦਰਬਾਰ ਸ਼ੁਰੂ ਹੋਇਆ।ਉਸ ਤੋਂ ਬਾਅਦ ਰਜਿੰਦਰ ਰਾਜਨ, ਸੁਖਵਿੰਦਰ ਲੋਟੇ, ਚਰਨਜੀਤ ਕੈਂਥ, ਜਸਵੰਤ ਜੋਸ਼, ਮਾ: ਰਾਮ ਸਰੂਪ, ਕਰਮਜੀਤ ਸਿੰਘ, ਸੁਰਜੀਤ ਮੌਜੀ, ਪਵਨ ਹੋਸ਼ੀ, ਗੁਰਮੁੱਖ ਸਿੰਘ, ਸ਼ੇਰ ਸਿੰਘ ਬੇਨੜਾ, ਸਰਬਜੀਤ ਸੰਗਰੂਰਵੀ, ਸੁਖਦੇਵ ਪੇਂਟਰ, ਜਗਦੇਵ ਸ਼ਰਮਾ, ਰਾਮ ਲਾਲ, ਗੁਰਦੀਪ ਕੈਂਥ, ਮਨਜੀਤ ਬਖਸ਼ੀ, ਡਾ: ਹਰਪਾਲ ਭੜੀ, ਸੰਤ ਸਿੰਘ ਬੀਲ੍ਹਾ, ਜਸਦੇਵ ਸਿੰਘ ਪ੍ਰਧਾਨ ਪੈਨਸ਼ਨ ਯੂਨੀਅਨ, ਰਤਨ ਭੰਡਾਰੀ ਪੱਤਰਕਾਰ, ਮੁਖਤਿਆਰ ਅਲਾਲ, ਵਿਜਯ ਸੋਫਤ, ਬਲਜੀਤ ਬਾਂਸਲ , ਡਾ: ਰਾਕੇਸ਼ ਸ਼ਰਮਾ ਤੇ ਕੁਲਜੀਤ ਧਵਨ ਨੇ ਅਪਣੀਆਂ ਰਚਨਾਵਾਂ ਪੇਸ਼ ਕੀਤੀਆਂ।ਕਵੀ ਦਰਬਾਰ ਦੌਰਾਨ ਨਾਵਲ ਇੱਕ ਸਦੀ ਦੀ ਮੌਤ ਲੋਕ ਅਰਪਣ ਕੀਤਾ ਗਿਆ।ਨਾਗਰਾ ਨੇ ਨਾਵਲ 'ਤੇ ਅਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਜਗਦੇਵ ਸ਼ਰਮਾ ਨੇ ਬਹੁਤ ਹੀ ਔਖੀ ਵਿਧਾ ਨੂੰ ਹੱਥ ਪਾ ਕੇ ਹਿੰਮਤ ਦਿਖਾਈ।ਮਾਲਵੇ ਦੇ ਤਕਰੀਬਨ ਸੌ ਸਾਲ ਦੇ ਇਤਿਹਾਸ ਨੂੰ ਚਿਤਰਦਿਆਂ ਬਹੁਤ ਵਧੀਆ ਨਾਵਲ ਲਿਖਿਆ।




ਪਵਨ ਹਰਚੰਦਪੁਰੀ ਨੇ ਵੀ ਨਾਵਲ ਦੀ ਪ੍ਰਸੰਸਾ ਕੀਤੀ ਤੇ ਇਸ ਪਹਿਲ 'ਤੇ ਜਗਦੇਵ ਸ਼ਰਮਾ ਨੂੰ ਵਧਾਈ ਦਿੱਤੀ।ਸਭਾ ਵੱਲੋਂ ਸ਼ਾਲ ਤੇ ਬੁੱਕ ਦੇ ਕੇ ਜਗਦੇਵ ਸ਼ਰਮਾ ਨੂੰ ਸਨਮਾਨਤ ਕੀਤਾ।ਸਭਾ ਦੀ ਇਸ ਕਾਰਵਾਈ ਲਈ ਜਗਦੇਵ ਸ਼ਰਮਾ ਨੇ ਸਭ ਦਾ ਧੰਨਵਾਦ ਕੀਤਾ।ਅੰਤ ਵਿੱਚ ਪਿੰ: ਸੰਤ ਸਿੰਘ ਬੀਹਲਾ ਨੇ ਐਨੀ ਗਰਮੀ ਦੇ ਬਾਵਜੂਦ ਆਏ ਸਾਰੇ ਲੇਖਕਾਂ ਦਾ ਧੰਨਵਾਦ ਕੀਤਾ।

## ਅੱਤ ਦੀ ਗ਼ਰਮੀ ਕਾਰਨ ਸਕੂਲਾਂ ਦੀਆਂ ਛੁੱਟੀਆਂ 'ਚ ਵਾਧਾ ਕੀਤਾ ਜਾਵੇ : ਸੁਖਚੈਨ ਸਿੰਘ ਗੁਰਨੇ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਵਿੱਚ ਭਾਵੇਂ ਗਰਮੀਆਂ ਦੀਆਂ ਛੁੱਟੀਆਂ ਚੱਲ ਰਹੀਆਂ ਹਨ, ਇੱਕ ਜੁਲਾਈ ਤੋਂ ਸਕੂਲ ਖੁੱਲ੍ਹਣ ਜਾ ਰਹੇ ਹਨ, ਪ੍ਰੰਤੂ ਅੱਤ ਦੀ ਗ਼ਰਮੀ ਦਾ ਕਹਿਰ ਆਪਣਾ ਪੂਰਾ ਜੋਬਨ ਦਿਖਾ ਰਿਹਾ ਹੈ। ਦਿਨ ਦਾ ਤਾਪਮਾਨ 45 ਸੈਲਸੀਅਸ ਤੋਂ ਉਪਰ ਚੱਲ ਰਿਹਾ ਹੈ, ਜਿਸ ਕਾਰਨ ਬੱਚਿਆਂ ਲਈ ਸਕੂਲ ਜਾਣਾ ਖ਼ਾਸ ਕਰ ਛੁੱਟੀ ਸਮੇਂ ਘਰ ਵਾਪਸ ਆਉਣਾ ਬਹੁਤ ਤਪਦੀ ਧੁੱਪ ਵਿਚ ਬਹੁਤ ਔਖਾ ਹੈ। ਪ੍ਰਾਇਮਰੀ ਸਕੂਲਾਂ ਦੇ ਬੱਚੇ ਬਹੁਤ ਛੋਟੇ ਹੁੰਦੇ ਹਨ, ਜੋ ਗ਼ਰਮੀ ਸਹਿਣ ਦੇ ਅਸਮੱਰਥ ਹਨ, ਇਸ ਤੋਂ ਇਲਾਵਾ ਪ੍ਰੀ ਪ੍ਰਾਇਮਰੀ ਕਲਾਸਾਂ ਵਿੱਚ ਬੱਚੇ ਬਿਲਕੁਲ ਛੋਟੀ ਉਮਰ ਦੇ ਹੁੰਦੇ ਹਨ, ਜਿਨ੍ਹਾਂ ਦੀ ਉਮਰ 3-6 ਦੇ ਵਿਚਕਾਰ ਹੁੰਦੀ ਹੈ। ਉਨ੍ਹਾਂ ਲਈ ਗ਼ਰਮੀ ਸਹਿਣ ਕਰਨੀ ਬਹੁਤ ਮੁਸ਼ਕਲ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਐਸੋਸੀਏਟ ਪ੍ਰੀ ਪ੍ਰਾਇਮਰੀ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਕਨਵੀਨਰ ਸੁਖਚੈਨ ਸਿੰਘ ਗੁਰਨੇ ਜਨਰਲ ਸਕੱਤਰ ਮੱਖਣ ਸਿੰਘ ਮੱਲ ਸਿੰਘ ਵਾਲਾ ਨੇ ਕਿਹਾ ਕਿ ਸਕੂਲਾਂ ਵਿੱਚ ਗ਼ਰਮੀਆਂ ਦੀਆਂ ਛੁੱਟੀਆਂ ਵਿੱਚ 10 ਦਿਨ ਦਾ ਵਾਧਾ ਕੀਤਾ ਜਾਵੇ ਤਾਂ ਜੁ ਬੱਚਿਆਂ ਦਾ ਤਪਦੀ ਗਰਮੀ ਤੋਂ ਬਚਾਅ ਹੋ ਸਕੇ।

# ਵਿਧਾਇਕਾ ਵੱਲੋਂ ਡਰੋਲੀ ਭਾਈ 'ਚ ਵਿਕਾਸ ਕਾਰਜਾਂ ਦਾ ਉਦਘਾਟਨ

### ■ ਵਿਕਾਸ ਦੀ ਰਫ਼ਤਾਰ ਅੱਗੇ ਵੀ ਜਾਰੀ ਰਹੇਗੀ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਮੋਗਾ ਜ਼ਿਲ੍ਹੇ ਦੇ ਇਤਿਹਾਸਕ ਪਿੰਡ ਡਰੋਲੀ ਭਾਈ ਵਿੱਚ ਕਰਵਾਏ ਗਏ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਲਾਕਾ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਵਿੱਚ ਕੁੱਲ 12 ਕਰੋੜ 18 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ।ਇਨ੍ਹਾਂ ਵਿੱਚ ਪਿੰਡ ਦਾ ਆਧੁਨਿਕ ਜਿੰਮ, ਡਰੋਲੀ ਭਾਈ ਤੋਂ ਕੋਰੇਵਾਲਾ, ਮੁੱਦਕੀ ਹੁੰਦੇ ਹੋਏ ਬਾਘਾ ਪੁਰਾਣਾ ਰੋਡ ਤੱਕ 15.63 ਕਿਲੋਮੀਟਰ ਸੜਕ, ਡਰੋਲੀ ਭਾਈ ਫਿਰਨੀ ਤੋਂ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਤੱਕ 1 ਕਿਲੋਮੀਟਰ ਸੜਕ ਤੇ ਡਰੋਲੀ ਭਾਈ ਤੋਂ ਸੋਸਨ, ਬਘੇਲੇਵਾਲਾ, ਮੰਗੇਵਾਲਾ, ਝੰਡੇਆਣਾ ਗਰਬੀ ਹੁੰਦੇ ਹੋਏ ਕੋਟ ਕਰੋੜ ਤੱਕ 16 ਕਿਲੋਮੀਟਰ ਸੜਕ ਦਾ ਨਿਰਮਾਣ ਸ਼ਾਮਲ ਹੈ।ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਤੇ ਸ਼ਹਿਰਾਂ ਦੇ ਬਰਾਬਰ ਵਿਕਾਸ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸੜਕਾਂ, ਸਿੱਖਿਆ, ਸਿਹਤ ਤੇ ਖੇਡਾਂ ਦੇ ਖੇਤਰ ਵਿੱਚ ਇਤਿਹਾਸਕ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਵਿਕਾਸ ਦੀ ਇਹ ਰਫ਼ਤਾਰ ਅੱਗੇ ਵੀ ਜਾਰੀ ਰਹੇਗੀ ਤੇ ਇਲਾਕੇ ਦੀ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਇਸ ਮੌਕੇ ਸਰਪੰਚ ਕੁਲਦੀਪ ਸਿੰਘ, ਯੂਥ ਪ੍ਰਧਾਨ ਵਿੱਕੀ ਦੋਧੜੀਆ, ਚੇਅਰਮੈਨ ਜਗਦੀਪ ਸਿੰਘ ਚੁਪਕੀਤੀ, ਯੂਥ ਸਕੱਤਰ ਆਕਾਸ਼ਦੀਪ ਸਿੰਘ, ਬਲਾਕ ਪ੍ਰਧਾਨ (ਯੂਥ ਵਿੰਗ) ਹਰਵਿੰਦਰ ਸਿੰਘ ਬੱਬੂ, ਸੁਖਮੰਦਰ ਸਿੰਘ ਟੌਮ, ਗੁਰਵਿੰਦਰ ਸਿੰਘ ਗੈਰੀ, ਐੱਸ.ਸੀ. ਵਿੰਗ ਦੇ ਬਲਾਕ ਪ੍ਰਧਾਨ ਤੀਰਥ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਵਾਰਡ ਨੰ. 5 'ਚ ਅਕਾਲੀ ਦਲ ਦਾ ਸ਼ਕਤੀ ਪ੍ਰਦਰਸ਼ਨ

### ਅਕਾਲੀ ਦਲ ਦੀ ਕਮੇਟੀ ਬਣਨ ਦੇ ਤਿੰਨ ਮਹੀਨਿਆਂ ਅੰਦਰ ਸੜਕੀ ਕੰਮ ਮੁੜ ਸ਼ੁਰੂ ਕੀਤੇ ਜਾਣਗੇ : ਅਨੇਜਾ

**ਜਲਾਲਾਬਾਦ (ਜੀਤ ਕੁਮਾਰ)**-ਨਗਰ ਕੌਂਸਲ ਚੋਣਾਂ ਨੂੰ ਲੈ ਕੇ ਰਾਜਨੀਤਕ ਮਾਹੌਲ ਗਰਮਾ ਰਿਹਾ ਹੈ। ਇਸੇ ਕੜੀ ਤਹਿਤ ਸਮਾਜ ਸੇਵਕ ਅਸ਼ੋਕ ਅਨੇਜਾ ਦੀ ਪਤਨੀ ਤੇ ਵਾਰਡ ਨੰ. 5 ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸ਼੍ਰੀਮਤੀ ਸ਼ਸ਼ੀ ਅਨੇਜਾ ਨੇ ਬਾਹਮਣੀ ਵਾਲਾ ਰੋਡ 'ਤੇ ਆਪਣੇ ਚੋਣ ਦਫ਼ਤਰ ਦਾ ਸ਼ਾਨਦਾਰ ਉਦਘਾਟਨ ਕੀਤਾ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ, ਧਾਰਮਿਕ ਸ਼ਖ਼ਸੀਅਤਾਂ, ਸਮਾਜਿਕ ਕਾਰਕੁੰਨ ਤੇ ਸ਼ਹਿਰ ਵਾਸੀ ਆਪਣਾ ਸਮਰਥਨ ਦੇਣ ਲਈ ਸ਼ਾਮਲ ਹੋਏ।



ਉਦਘਾਟਨ ਸਮਾਰੋਹ ਵਿੱਚ ਮੌਜੂਦ ਪ੍ਰਮੁੱਖ ਆਗੂਆਂ ਵਿੱਚ ਹਲਕਾ ਇੰਚਾਰਜ ਸਤਿੰਦਰਜੀਤ ਸਿੰਘ ਮੰਟਾ, ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਪ੍ਰੇਮ ਵਲੇਚਾ, ਸੀਨੀਅਰ ਅਕਾਲੀ ਆਗੂ ਲਖਵਿੰਦਰ ਸਿੰਘ ਰੋਹੀ ਵਾਲਾ, ਸਾਬਕਾ ਕੌਂਸਲਰ ਸੁਭਾਸ਼ ਅਨੇਜਾ, ਪੰਜਾਬ ਪ੍ਰਦੇਸ਼ ਵਪਾਰ ਮੰਡਲ ਜ਼ਿਲ੍ਹਾ ਫ਼ਾਜ਼ਿਲਕਾ ਦੇ ਪ੍ਰਧਾਨ ਜਤਿੰਦਰ ਇੱਛਾਪੂਜਾਨੀ, ਕਾਮਰੇਡ ਸੁਰਿੰਦਰ ਢੰਡੀਆਂ, ਰਾਕੇਸ਼ ਨਾਗਪਾਲ ਕੈਂਡੀ, ਗੌਰਵ ਅਨੇਜਾ, ਸ਼੍ਰੀਮਤੀ ਖੁਸ਼ਬੂ ਅਨੇਜਾ, ਧੀਰਜ ਅਨੇਜਾ ਤੇ ਮਿੰਟੂ ਗੁੰਬਰ ਸ਼ਾਮਲ ਸਨ।

ਹਲਕਾ ਇੰਚਾਰਜ ਸਤਿੰਦਰਜੀਤ ਸਿੰਘ ਮੰਟਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਗਏ। ਉਨ੍ਹਾਂ ਕਿਹਾ ਕਿ ਜਲਾਲਾਬਾਦ ਹਲਕੇ ਵਿੱਚ ਸੜਕਾਂ, ਪੁਲਾਂ, ਸੀਵਰੇਜ ਪ੍ਰਣਾਲੀ, ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵੀ ਮਹੱਤਵਪੂਰਨ ਕੰਮ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਲੋਕ ਅਜੇ ਵੀ ਅਕਾਲੀ ਦਲ ਦੇ ਵਿਕਾਸ ਮਾਡਲ ਨੂੰ ਯਾਦ ਰੱਖਦੇ ਹਨ ਤੇ ਇੱਕ ਵਾਰ ਫਿਰ ਉਸੇ ਭਰੋਸੇ ਨਾਲ ਪਾਰਟੀ ਦਾ ਸਮਰਥਨ ਕਰ ਰਹੇ ਹਨ।

ਸਾਬਕਾ ਚੇਅਰਮੈਨ ਪ੍ਰੇਮ ਵਲੇਚਾ ਨੇ ਟਿੱਪਣੀ ਕੀਤੀ ਕਿ ਜਲਾਲਾਬਾਦ ਦੇ ਲੋਕਾਂ ਨੇ ਹਮੇਸ਼ਾ ਵਿਕਾਸ, ਇਮਾਨਦਾਰੀ ਅਤੇ ਸੇਵਾ 'ਤੇ ਆਧਾਰਿਤ ਰਾਜਨੀਤੀ ਨੂੰ ਤਰਜ਼ੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਲੋਕ ਭਲਾਈ ਅਤੇ ਲੋਕਾਂ ਦੇ ਅਧਿਕਾਰਾਂ ਦੀ ਰਾਖੀ ਵਿੱਚ ਡੂੰਘਾਈ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ਼ਸ਼ੀ ਅਨੇਜਾ ਇੱਕ ਮਜ਼ਬੂਤ, ਇਮਾਨਦਾਰ ਤੇ ਸਮਰਪਤ ਉਮੀਦਵਾਰ ਹੈ, ਜੋ ਲੋਕਾਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰਾ ਉਤਰੇਗੀ। ਉਮੀਦਵਾਰ ਸ਼੍ਰੀਮਤੀ ਸ਼ਸ਼ੀ ਅਨੇਜਾ ਨੇ ਕਿਹਾ ਕਿ ਵਾਰਡ ਦੇ ਵਸਨੀਕਾਂ ਦੀ ਸੇਵਾ ਕਰਨਾ ਉਨ੍ਹਾਂ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਟਿੱਪਣੀ ਕੀਤੀ ਕਿ ਲੋਕਾਂ ਤੋਂ ਮਿਲੇ ਪਿਆਰ ਅਤੇ ਸਮਰਥਨ ਨੇ ਉਨ੍ਹਾਂ ਦੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਵਧਾ ਦਿੱਤਾ ਹੈ। ਜੇਕਰ ਸੇਵਾ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ ਤਾਂ ਉਨ੍ਹਾਂ ਵਾਰਡ ਦੇ ਹਰ ਘਰ ਨੂੰ ਦਰਪੇਸ਼ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਵਾਅਦਾ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੜਕਾਂ, ਸੈਨੀਟੇਸ਼ਨ, ਪੀਣ ਵਾਲੇ ਪਾਣੀ ਦੀ ਸਪਲਾਈ, ਸੀਵਰੇਜ ਅਤੇ ਸਟਰੀਟ ਲਾਈਟਿੰਗ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪ੍ਰਮੁੱਖ ਤਰਜ਼ੀਹ ਹੋਵੇਗੀ।

ਸਾਬਕਾ ਨਗਰ ਕੌਂਸਲ ਪ੍ਰਧਾਨ ਅਸ਼ੋਕ ਅਨੇਜਾ ਨੇ ਕਿਹਾ ਕਿ ਇੱਕ ਵਾਰ ਨਗਰ ਕੌਂਸਲ ਦੇ ਅੰਦਰ ਅਕਾਲੀ ਦਲ ਕਮੇਟੀ ਬਣ ਜਾਣ ਤੋਂ ਬਾਅਦ, ਸ਼ਹਿਰ 'ਚ ਲੰਮੇ ਸਮੇਂ ਤੋਂ ਲਟਕ ਰਹੇ ਸੜਕ ਵਿਕਾਸ ਪ੍ਰੋਜੈਕਟ ਪਹਿਲੇ ਤਿੰਨ ਮਹੀਨਿਆਂ ਦੇ ਅੰਦਰ ਸ਼ੁਰੂ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਜਨਤਾ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਉਨ੍ਹਾਂ ਦੀ ਪਹਿਲੀ ਜ਼ਿੰਮੇਵਾਰੀ ਹੈ ਤੇ ਪੂਰੀ ਟੀਮ ਜਲਾਲਾਬਾਦ ਨੂੰ ਵਿਕਾਸ ਦੇ ਨਵੇਂ ਰਾਹ ਵੱਲ ਲੈ ਜਾਣ ਲਈ ਵਚਨਬੱਧ ਹੈ।

# ਪੰਜਾਬ 'ਚ ਸੁੱਕਾ ਲੰਘਿਆ ਜੂਨ ਮਹੀਨਾ, 146 ਸਾਲਾਂ ਦਾ ਟੁੱਟਿਆ ਰਿਕਾਰਡ

### ■ ਬਿਜਲੀ ਤੇ ਮੀਂਹ ਦੀ ਕਮੀ ਕਾਰਨ ਕਿਸਾਨ ਚਿੰਤਤ, ਜੁਲਾਈ ਦੇ ਪਹਿਲੇ ਹਫ਼ਤੇ ਭਰਵੇਂ ਮੀਂਹ ਦੀ ਉਮੀਦ

**ਰਾਏਕੋਟ (ਸੰਤੋਖ ਗਿੱਲ)**-ਪੰਜਾਬ ਲਈ ਇਸ ਸਾਲ ਦਾ ਜੂਨ ਮਹੀਨਾ ਇਤਿਹਾਸ ਦੇ ਸਭ ਤੋਂ ਸੁੱਕੇ ਜੂਨ ਮਹੀਨਿਆਂ ਵਿੱਚ ਸ਼ੁਮਾਰ ਹੋਗਿਆ ਹੈ।ਭਾਰਤੀ ਮੌਸਮ ਵਿਭਾਗ ਦੇ ਅੰਕੜਿਆਂ ਮੁਤਾਬਕ ਉੱਤਰ-ਪੱਛਮੀ ਭਾਰਤ ਵਿੱਚ 22 ਫ਼ੀਸਦੀ ਤੋਂ ਵਧੇਰੇ ਵਰਖਾ ਦੀ ਘਾਟ ਦਰਜ ਕੀਤੀ ਗਈ ਹੈ, ਜਿਸ ਦਾ ਸਭ ਤੋਂ ਵੱਧ ਅਸਰ ਪੰਜਾਬ ਵਰਗੇ ਖੇਤੀ ਪ੍ਰਧਾਨ ਸੂਬੇ 'ਤੇ ਪਿਆ ਹੈ।ਝੋਨੇ ਦੀ ਬਿਜਾਈ, ਧਰਤੀ ਹੇਠਲੇ ਪਾਣੀ ਤੇ ਬਿਜਲੀ ਦੀ ਮੰਗ 'ਤੇ ਇਸ ਦਾ ਸਿੱਧਾ ਪ੍ਰਭਾਵ ਦੇਖਣ ਨੂੰ ਮਿਲਿਆ ਹੈ।ਹਾਲਾਂਕਿ ਮੌਸਮ ਵਿਭਾਗ ਨੇ ਜੁਲਾਈ ਦੇ ਪਹਿਲੇ ਹਫ਼ਤੇ ਤੋਂ ਮਾਨਸੂਨ ਸਰਗਰਮ ਹੋਣ ਅਤੇ ਚੰਗੀ ਵਰਖਾ ਦੀ ਸੰਭਾਵਨਾ ਪ੍ਰਗਟਾਈ ਹੈ, ਜਿਸ ਨਾਲ ਕਿਸਾਨਾਂ ਨੂੰ ਕੁਝ ਰਾਹਤ ਮਿਲਣ ਦੀ ਉਮੀਦ ਹੈ।ਆਮ ਤੌਰ 'ਤੇ ਜੂਨ ਵਿੱਚ ਮਾਨਸੂਨ ਦੀ ਸ਼ੁਰੂਆਤ ਨਾਲ ਸਾਉਣੀ ਦੀਆਂ ਫ਼ਸਲਾਂ, ਖ਼ਾਸ ਕਰਕੇ ਝੋਨੇ ਲਈ ਲੋੜੀਂਦੀ ਬਾਰਸ਼ ਮਿਲ ਜਾਂਦੀ ਹੈ, ਪਰ ਇਸ ਵਾਰ ਮਾਨਸੂਨ ਦੇਰੀ ਨਾਲ ਪਹੁੰਚਿਆ ਤੇ ਅੱਗੇ ਵਧਣ ਵਿੱਚ ਰੁਕਾਵਟ ਆਉਣ ਕਾਰਨ ਸੂਬੇ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਮੀਂਹ ਨਾ ਦੇ ਬਰਾਬਰ ਰਿਹਾ।ਦੇਸ਼ ਭਰ ਦੇ ਮੌਸਮੀ ਅੰਕੜਿਆਂ ਅਨੁਸਾਰ ਜੂਨ 2026 ਪਿਛਲੇ 146 ਸਾਲਾਂ ਦੇ ਰਿਕਾਰਡ ਵਿੱਚ ਸਭ ਤੋਂ ਸੁੱਕੇ ਜੂਨ ਮਹੀਨਿਆਂ ਵਿੱਚੋਂ ਇੱਕ ਰਿਹਾ ਹੈ। 1901 ਤੋਂ ਰੱਖੇ ਜਾ ਰਹੇ ਰਿਕਾਰਡਾਂ ਵਿੱਚ ਇਸ ਤਰ੍ਹਾਂ ਦੀ ਸਥਿਤੀ ਬਹੁਤ ਘੱਟ ਵਾਰ ਦੇਖਣ ਨੂੰ ਮਿਲੀ ਹੈ। ਇਸ ਤੋਂ ਪਹਿਲਾਂ 1905, 1926, 2009 ਤੇ 2014 ਵਿੱਚ ਵੀ ਅਜਿਹੀ ਹੀ ਸਥਿਤੀ ਦਰਜ ਕੀਤੀ ਗਈ ਸੀ।ਪੰਜਾਬ ਵਿੱਚ ਲਗਾਤਾਰ ਪੈਰ ਹੀ ਗਰਮੀ ਤੇ ਮੀਂਹ ਦੀ ਘਾਟ ਕਾਰਨ ਝੋਨੇ ਦੀ ਬਿਜਾਈ ਪ੍ਰਭਾਵਿਤ ਹੋਈ ਹੈ।ਕਿਸਾਨਾਂ ਨੂੰ ਸਿੰਚਾਈ ਲਈ ਟਿਊਬਵੈੱਲਾਂ 'ਤੇ ਵਧੇਰੇ ਨਿਰਭਰ ਹੋਣਾ ਪਿਆ, ਜਿਸ ਨਾਲ ਬਿਜਲੀ ਦੀ ਮੰਗ ਵਿੱਚ ਵਾਧਾ ਹੋਇਆ ਤੇ ਕਈ ਇਲਾਕਿਆਂ ਵਿੱਚ ਬਿਜਲੀ ਸਪਲਾਈ ਨੂੰ ਲੈ ਕੇ ਕਿਸਾਨਾਂ ਦੇ ਰੋਸ ਪ੍ਰਦਰਸ਼ਨ ਵੀ ਸਾਹਮਣੇ ਆਏ।ਇਸ ਦੇ ਨਾਲ ਹੀ ਧਰਤੀ ਹੇਠਲੇ ਪਾਣੀ ਦੇ ਪੱਧਰ 'ਤੇ ਵੀ ਦਬਾਅ ਵਧਿਆ ਹੈ।ਮੌਸਮ ਵਿਭਾਗ ਦੀ ਤਾਜ਼ਾ ਭਵਿੱਖ ਬਾਣੀ ਮੁਤਾਬਕ ਜੁਲਾਈ ਦੇ ਪਹਿਲੇ ਹਫ਼ਤੇ ਮਾਨਸੂਨ ਦੇ ਉੱਤਰੀ ਭਾਰਤ ਵੱਲ ਤੇਜ਼ੀ ਨਾਲ ਅੱਗੇ ਵਧਣ ਦੀ ਸੰਭਾਵਨਾ ਹੈ।ਇਸ ਦੇ ਪ੍ਰਭਾਵ ਹੇਠ ਪੰਜਾਬ, ਹਰਿਆਣਾ ਤੇ ਰਾਜਸਥਾਨ ਦੇ ਕਈ ਹਿੱਸਿਆਂ ਵਿੱਚ ਚੰਗੀ ਵਰਖਾ ਹੋ ਸਕਦੀ ਹੈ।ਅਗਲੇ ਦੋ ਹਫ਼ਤਿਆਂ ਦੌਰਾਨ ਉੱਤਰ-ਪੱਛਮੀ ਭਾਰਤ ਵਿੱਚ ਆਮ ਜਾਂ ਆਮ ਤੋਂ ਵੱਧ ਵਰਖਾ ਹੋਣ ਦੀ ਵੀ ਸੰਭਾਵਨਾ ਪ੍ਰਗਟਾਈ ਗਈ ਹੈ। ਹਾਲਾਂਕਿ, ਪੂਰੇ ਮਾਨਸੂਨ ਸੀਜ਼ਨ (ਜੂਨ ਤੋਂ ਸਤੰਬਰ) ਲਈ ਭਾਰਤੀ ਮੌਸਮ ਵਿਭਾਗ ਨੇ ਲੰਬੇ ਸਮੇਂ ਦੀ ਔਸਤ ਦੇ ਲਗਭਗ 90 ਫ਼ੀਸਦੀ ਵਰਖਾ ਦਾ ਅਨੁਮਾਨ ਜਤਾਇਆ ਹੈ, ਜੋ ਆਮ ਨਾਲੋਂ ਘੱਟ ਹੈ।ਇਸ ਲਈ ਮਾਹਰਾਂ ਨੇ ਕਿਸਾਨਾਂ ਨੂੰ ਪਾਣੀ ਦੀ ਸੰਭਾਲ, ਸੂਝ-ਬੂਝ ਨਾਲ ਸਿੰਚਾਈ ਕਰਨ ਤੇ ਮੌਸਮ ਵਿਭਾਗ ਦੀਆਂ ਤਾਜ਼ਾ ਸਲਾਹਾਂ 'ਤੇ ਨਜ਼ਰ ਰੱਖਣ ਦੀ ਅਪੀਲ ਕੀਤੀ ਹੈ।ਮਾਹਰਾਂ ਦਾ ਕਹਿਣਾ ਹੈ ਕਿ ਜੇਕਰ ਜੁਲਾਈ ਦੇ ਸ਼ੁਰੂ ਵਿੱਚ ਚੰਗੀ ਵਰਖਾ ਹੋ ਜਾਂਦੀ ਹੈ ਤਾਂ ਝੋਨੇ ਸਮੇਤ ਸਾਉਣੀ ਦੀਆਂ ਹੋਰ ਫ਼ਸਲਾਂ ਨੂੰ ਹੋ ਰਹੇ ਨੁਕਸਾਨ ਨੂੰ ਕੁਝ ਹੱਦ ਤੱਕ ਰੋਕਿਆ ਜਾ ਸਕੇਗਾ।ਫਿਰ ਵੀ, ਜੂਨ ਦਾ ਇਹ ਅਸਧਾਰਨ ਸੁੱਕਾ ਮਹੀਨਾ ਪੰਜਾਬ ਦੀ ਖੇਤੀ, ਪਾਣੀ ਦੇ ਸਰੋਤਾਂ ਤੇ ਪੇਂਡੂ ਅਰਥਚਾਰੇ ਲਈ ਇੱਕ ਗੰਭੀਰ ਚੇਤਾਵਨੀ ਵਜੋਂ ਦੇਖਿਆ ਜਾ ਰਿਹਾ ਹੈ।

## ਹਿਸਟਰੀ-ਸ਼ੀਟਰ ਪਿਸਤੌਲ ਤੇ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ



**ਫਰੀਦਕੋਟ (ਅਲੈਗਜ਼ੈਂਡਰ ਡਿਸੂਜ਼ਾ)**-ਜ਼ਿਲ੍ਹੇ ਨੂੰ ਸੁਰੱਖਿਅਤ ਤੇ ਨਸ਼ਾ ਮੁਕਤ ਬਣਾਉਣ ਦੇ ਆਪਣੇ ਵਾਅਦੇ ਨੂੰ ਪੂਰਾ ਕਰਦੇ ਹੋਏ ਫਰੀਦਕੋਟ ਪੁਲਸ ਨੇ ਨਸ਼ਾ ਤਸਕਰਾਂ ਵਿਰੁੱਧ ਆਪਣੀ ਮੁਹਿੰਮ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ।ਬਾਜਾਖਾਨਾ ਪੁਲਸ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਤੋਂ ਵੱਡੀ ਮਾਤਰਾ ਵਿੱਚ ਨਸ਼ੀਲੀਆਂ ਗੋਲੀਆਂ ਤੇ ਗੈਰ-ਕਾਨੂੰਨੀ ਹਥਿਆਰ ਬਰਾਮਦ ਕੀਤੇ ਗਏ ਹਨ।ਪੁਲਸ ਜਾਣਕਾਰੀ ਅਨੁਸਾਰ, ਗ੍ਰਿਫ਼ਤਾਰ ਮੁਲਜ਼ਮ ਤੋਂ 28 ਨਸ਼ੀਲੀਆਂ ਗੋਲੀਆਂ ਤੇ ਇੱਕ 30 ਬੋਰ ਦਾ ਪਿਸਤੌਲ ਬਰਾਮਦ ਕੀਤਾ ਗਿਆ ਹੈ।ਪੁਲਸ ਦੀ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਇੱਕ ਆਦਤਨ ਅਪਰਾਧੀ ਹੈ।ਉਸ ਵਿਰੁੱਧ ਪਹਿਲਾਂ ਹੀ ਐੱਨਡੀਪੀਐੱਸ ਐਕਟ ਤੇ ਹੋਰ ਗੰਭੀਰ ਅਪਰਾਧਾਂ ਤਹਿਤ ਪੰਜ ਮਾਮਲੇ ਦਰਜ ਹਨ।ਪੁਲਸ ਅਧਿਕਾਰੀਆਂ ਨੇ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੂਰੀ ਜਾਂਚ ਕੀਤੀ ਜਾ ਰਹੀ ਹੈ।ਦੋਸ਼ੀ ਦੇ ਪੁਰਾਣੇ ਕੇਸਾਂ ਤੇ ਸਬੰਧਾਂ ਦੀ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਸ ਨੇ ਨਸ਼ੀਲੇ ਪਦਾਰਥ ਤੇ ਹਥਿਆਰ ਕਿੱਥੋਂ ਪ੍ਰਾਪਤ ਕੀਤੇ ਅਤੇ ਉਹ ਕਿਸ ਨੂੰ ਸਪਲਾਈ ਕਰਨ ਦਾ ਇਰਾਦਾ ਰੱਖਦਾ ਸੀ।ਪੁਲਸ ਨੂੰ ਉਮੀਦ ਹੈ ਕਿ ਪੁੱਛਗਿੱਛ ਤੋਂ ਹੋਰ ਮਹੱਤਵਪੂਰਨ ਖੁਲਾਸੇ ਹੋਣਗੇ।

## ਨਵ-ਨਿਯੁਕਤ ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ ਦਾ ਦੁਕਾਨਦਾਰਾਂ ਵੱਲੋਂ ਭਰਵਾਂ ਸਨਮਾਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਥਾਨਕ ਨਗਰ ਕੌਂਸਲ ਸਮਾਣਾ ਦੇ ਨਵੇਂ ਪ੍ਰਧਾਨ ਚੁਣੇ ਜਾਣ 'ਤੇ ਕਪੂਰ ਚੰਦ ਬਾਂਸਲ ਦਾ ਇਲਾਕਾ ਨਿਵਾਸੀਆਂ ਤੇ ਵਪਾਰੀ ਵਰਗ ਵੱਲੋਂ ਲਗਾਤਾਰ ਸਵਾਗਤ ਤੇ ਸਨਮਾਨ ਕੀਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਅੱਜ ਪੁਲਸ ਚੌਕੀ ਰੋਡ ਦੇ ਸਮੂਹ ਦੁਕਾਨਦਾਰਾਂ ਵੱਲੋਂ ਇੱਕ ਵਿਸ਼ੇਸ਼ ਸਮਾਰੋਹ ਉਲੀਕ ਕੇ ਪ੍ਰਧਾਨ ਕਪੂਰ ਚੰਦ ਬਾਂਸਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਦੀ ਅਗਵਾਈ ਵਿੱਚ ਸ਼ਹਿਰ ਦੇ ਵਿਕਾਸ ਦੀ ਉਮੀਦ ਜਤਾਈ ਗਈ।ਸਮਾਗਮ ਦੌਰਾਨ ਪੁਲਸ ਚੌਕੀ ਰੋਡ ਦੇ ਦੁਕਾਨਦਾਰਾਂ ਤੇ ਇਲਾਕੇ ਦੇ ਪਤਵੰਤੇ ਸੱਜਣਾਂ ਨੇ ਪ੍ਰਧਾਨ ਕਪੂਰ ਚੰਦ ਬਾਂਸਲ ਦੇ ਪਹੁੰਚਣ 'ਤੇ ਉਨ੍ਹਾਂ ਦਾ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ।ਇਸ ਮੌਕੇ ਦੁਕਾਨਦਾਰਾਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਿਰੋਪਾਓ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ।ਬੁਲਾਰਿਆਂ ਨੇ ਕਿਹਾ ਕਿ ਕਪੂਰ ਚੰਦ ਬਾਂਸਲ ਇੱਕ ਮਿਹਨਤੀ ਤੇ ਹਰਮਨਪਿਆਰੇ ਆਗੂ ਹਨ, ਜਿਨ੍ਹਾਂ ਦੇ ਪ੍ਰਧਾਨ ਬਣਨ ਨਾਲ ਸਮਾਣਾ ਸ਼ਹਿਰ ਦੇ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਤੇਜ਼ੀ ਮਿਲੇਗੀ ਤੇ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਹੋਵੇਗਾ। ? ?ਇਸ ਮੌਕੇ ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਸਮੂਹ ਦੁਕਾਨਦਾਰਾਂ ਤੇ ਇਲਾਕਾ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਸ਼ਹਿਰ ਵਾਸੀਆਂ ਤੇ ਵਪਾਰੀ ਵਰਗ ਵੱਲੋਂ ਦਿੱਤੇ ਗਏ ਇਸ ਮਾਣ-ਸਤਿਕਾਰ 'ਤੇ ਹਮੇਸ਼ਾ ਖਰੇ ਉਤਰਨਗੇ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਾਫ਼-ਸਫਾਈ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ ਤੇ ਸੜਕਾਂ ਦੀ ਹਾਲਤ ਨੂੰ ਸੁਧਾਰਨਾ ਉਨ੍ਹਾਂ ਦੀ ਮੁੱਖ ਪ੍ਰਾਥਮਿਕਤਾ ਹੋਵੇਗੀ ਤੇ ਬਿਨਾਂ ਕਿਸੇ ਪੱਖਪਾਤ ਦੇ ਸਮੁੱਚੇ ਸਮਾਣਾ ਸ਼ਹਿਰ ਦਾ ਸਰਵਪੱਖੀ ਵਿਕਾਸ ਕਰਵਾਇਆ ਜਾਵੇਗਾ।ਇਸ ਸਨਮਾਨ ਸਮਾਰੋਹ ਦੌਰਾਨ ਐੱਮ.ਸੀ. ਸੋਨੀ ਕਿੰਗ, ਅਵਿਨਾਸ਼ ਡਾਂਗ, ਕੁਲਵੰਤ ਸਿੰਘ, ਡਾਕਟਰ ਰਕੇਸ਼ ਕੁਮਾਰ, ਪ੍ਰੀਤਮ ਸਿੰਘ ਨਾਗੀ, ਸਤੀਸ਼ ਕੁਮਾਰ, ਸ਼ੇਰਾ, ਮੋਤੀ ਲਾਲ, ਰਮੇਸ਼ ਅਗਰਵਾਲ, ਜਨਕ ਰਾਜ ਅਤੇ ਗੁਲਸ਼ਨ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਦੁਕਾਨਦਾਰ, ਪਤਵੰਤੇ ਸੱਜਣ ਤੇ ਮੁਹੱਲਾ ਨਿਵਾਸੀ ਹਾਜ਼ਰ ਸਨ।

## ਹੈਰੋਇਨ ਦਾ ਨਸ਼ਾ ਕਰਨ 'ਤੇ ਇਕ ਗ੍ਰਿਫ਼ਤਾਰ, ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਪੁਲਸ ਵੱਲੋਂ ਇਕ ਵਿਅਕਤੀ ਨੂੰ ਹੈਰੋਇਨ ਦਾ ਨਸ਼ਾ ਕਰਨ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐਚ.ਸੀ. ਸਤਪਾਲ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਦੇ ਨਾਲ ਗਸ਼ਤ ਦੌਰਾਨ ਨੇੜੇ ਰੇਲਵੇ ਲਾਇਨ ਦੇ ਨਾਲ ਖਾਲੀ ਪਈ ਖੰਡਰ ਇਮਾਰਤ ਕੋਲ ਪੁੱਜੀ ਤਾਂ ਸੁਖਜਿੰਦਰ ਸਿੰਘ ਪੁਤਰ ਤੇਜਾ ਸਿੰਘ ਵਾਸੀ ਪਿੰਡ ਚੱਕ ਸੁੱਕੜ ਜਲਾਲਾਬਾਦ ਹੈਰੋਇਨ ਦਾ ਨਸ਼ਾ ਕਰ ਰਿਹਾ ਸੀ, ਜਿਸ ਨੂੰ ਮੌਕੇ 'ਤੇ ਪੁਲਸ ਪਾਰਟੀ ਨੇ ਕਾਬੂ ਕੀਤਾ ਅਤੇ ਉਸ ਪਾਸੋਂ ਇੱਕ ਸਿਲਵਰ ਪੰਨੀ, ਇਕ ਲਾਇਟਰ ਸਮੇਤ ਇਕ 10 ਰੁਪਏ ਦਾ ਭਾਰਤੀ ਕਰੰਸੀ ਨੋਟ ਬਰਾਮਦ ਕੀਤਾ ਗਿਆ। ਪੁਲਸ ਨੇ ਥਾਣਾ ਸਿਟੀ ਜਲਾਲਾਬਾਦ ਵਿਖੇ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

## ਫ਼ਿਰੋਜ਼ਪੁਰ ਸੀਨੀਅਰ ਸਿਟੀਜ਼ਨ ਫੋਰਮ ਦੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਸੀਨੀਅਰ ਸਿਟੀਜ਼ਨ ਫੋਰਮ ਫ਼ਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਪ੍ਰਦੀਪ ਧਵਨ ਪ੍ਰਧਾਨ ਦੀ ਅਗਵਾਈ ਹੇਠ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਹੋਈ। ਇਸ ਮੀਟਿੰਗ ਵਿੱਚ ਸੱਭ ਤੋਂ ਸੀਨੀਅਰ ਮੈਂਬਰ ਕਿਸ਼ਨ ਕੁਮਾਰ ਜੈਦਕਾ ਤੇ ਉਨ੍ਹਾਂ ਦੀ ਧਰਮਪਤਨੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੇ ਆਰੰਭ ਵਿੱਚ ਫੋਰਮ ਦੇ ਮੈਂਬਰ ਪ੍ਰਦੀਪ ਬਿੰਦਰਾ ਦੀ ਮਾਤਾ ਦੀ ਮੌਤ 'ਤੇ ਅਫਸੋਸ ਜ਼ਾਹਰ ਕੀਤਾ ਗਿਆ ਤੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਮੇਂ ਸਟੇਜ ਸੈਕਟਰੀ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਦੱਸਿਆ ਕਿ ਭੁਪਿੰਦਰ ਸਿੰਘ ਆਈ ਪੀ ਐੱਸ ਜ਼ਿਲ੍ਹਾ ਪੁਲਸ ਮੁਖੀ ਫ਼ਿਰੋਜ਼ਪੁਰ ਦੀ ਅਗਵਾਈ ਵਿੱਚ ਗੁਰਦਵਾਰਾ ਸਾਹਿਬ ਸਾਰਾਗੜ੍ਹੀ ਤੋਂ ਅੰਗਦਾਨ ਤੇ ਕੈਂਸਰ ਬਾਰੇ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਗਈ, ਜਿਸ ਵਿੱਚ ਡਾਕਟਰ ਬਲਦੇਵ ਸਿੰਘ ਔਲਖ ਵੱਲੋਂ ਅੰਗਦਾਨ ਦੀ ਮਹੱਤਤਾ ਤੇ ਕੈਂਸਰ ਤੋਂ ਬਚਾਅ ਲਈ ਸਮੇਂ ਸਿਰ ਇਲਾਜ 'ਤੇ ਜ਼ੋਰ ਦਿੱਤਾ ਗਿਆ। ਇਸ ਸਮੇਂ ਸੀਨੀਅਰ ਸਿਟੀਜਨ ਦਾ ਮਨੋਰੰਜਨ ਕਰਨ ਲਈ ਸ਼ਿਵ ਦਰਸ਼ਨ ਕੁਮਾਰ, ਪਰੇਮ ਨਾਥ ਰੱਸੀਆ, ਪਰਵੇਸ਼ ਕੁਮਾਰ, ਡੀ ਆਰ ਗੋਇਲ, ਸੁਭਾਸ਼ ਦੋਦਾ, ਕਿਸ਼ਨ ਕੁਮਾਰ ਜੈਦਕਾ, ਰਾਕੇਸ਼ ਕੁਮਾਰ ਸ਼ਰਮਾ ਨੇ ਵਿਚਾਰ ਪ੍ਰਗਟ ਕੀਤੇ ਤੇ ਗੀਤ ਸੰਗੀਤ ਦਾ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਮਹੀਨਾ ਜੂਨ ਦੇ ਜਨਮ ਦਿਵਸ ਵਾਲੇ ਮੈਂਬਰਾਂ ਨੂੰ ਗਿਫਟਾਂ ਨਾਲ ਸਨਮਾਨਤ ਕੀਤਾ ਗਿਆ।

## ਖੇਤੀ ਮੋਟਰਾਂ ਲਈ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਨਾ ਕੀਤੀ ਗਈ ਤਾਂ ਵਿੱਢਿਆ ਜਾਵੇਗਾ ਤਿੱਖਾ ਸੰਘਰਸ਼ : ਮਨਾਵਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਅਨੁਸ਼ਾਸਨੀ ਕਮੇਟੀ ਮੈਂਬਰ ਹਰਜੀਤ ਸਿੰਘ ਮਨਾਵਾਂ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਦਫਤਰ ਇੰਚਾਰਜ ਹਰਮਨਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਿਜਲੀ ਸਰਪਲਸ ਹੋਣ ਦੇ ਦਮਗਜ਼ੇ ਮਾਰਨ ਵਾਲੀ ਪੰਜਾਬ ਸਰਕਾਰ ਝੋਨੇ ਦੀ ਲਵਾਈ ਪਹਿਲਾਂ ਹੀ ਕਿਸਾਨਾਂ ਨੂੰ ਬਿਜਲੀ ਦੇ ਵੱਡੇ ਕੱਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਆਪਣੇ ਕੀਤੇ ਵਾਅਦੇ ਮੁਤਾਬਕ ਕਿਸਾਨਾਂ ਨੂੰ ਰੋਜ਼ਾਨਾ ਖੇਤੀ ਮੋਟਰਾਂ ਲਈ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਤੁਰੰਤ ਯਕੀਨੀ ਬਣਾਵੇ।ਆਗੂਆਂ ਨੇ ਕਿਹਾ ਕਿ ਇਸ ਵੇਲੇ ਸੂਬੇ ਭਰ ਵਿੱਚ ਝੋਨੇ ਦੀ ਲਵਾਈ ਪੂਰੇ ਜ਼ੋਰਾਂ 'ਤੇ ਚੱਲ ਰਹੀ ਹੈ, ਪਰ ਖੇਤੀਬਾੜੀ ਲਈ ਦਿੱਤੀ ਜਾ ਰਹੀ ਬਿਜਲੀ ਵਿੱਚ ਲਗਾਤਾਰ ਲੰਬੇ ਤੇ ਵਾਰ-ਵਾਰ ਕੱਟ ਲੱਗ ਰਹੇ ਹਨ।ਇਸ ਕਾਰਨ ਕਿਸਾਨਾਂ ਨੂੰ ਆਪਣੇ ਖੇਤਾਂ ਦੀ ਸਿੰਚਾਈ ਕਰਨ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਬਿਜਲੀ ਦੇ ਅਣਐਲਾਨੇ ਕੱਟਾਂ ਕਾਰਨ ਨਾ ਸਿਰਫ਼ ਖੇਤੀਬਾੜੀ ਦੇ ਕੰਮ ਪ੍ਰਭਾਵਿਤ ਹੋ ਰਹੇ ਹਨ, ਸਗੋਂ ਕਿਸਾਨਾਂ ਦਾ ਸਮਾਂ, ਮਿਹਨਤ ਤੇ ਆਰਥਿਕ ਨੁਕਸਾਨ ਵੀ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਨਾਲ ਖੇਤੀ ਲਈ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਦਾ ਵਾਅਦਾ ਕੀਤਾ ਸੀ, ਪਰ ਮੌਜੂਦਾ ਹਾਲਾਤ ਇਸ ਦੇ ਬਿਲਕੁਲ ਉਲਟ ਹਨ।ਜੇਕਰ ਝੋਨੇ ਦੀ ਲਵਾਈ ਦੇ ਇਸ ਅਹਿਮ ਸਮੇਂ ਦੌਰਾਨ ਲੋੜੀਂਦੀ ਬਿਜਲੀ ਨਾ ਮਿਲੀ ਤਾਂ ਫ਼ਸਲ ਦੀ ਪੈਦਾਵਾਰ 'ਤੇ ਵੀ ਮਾੜਾ ਅਸਰ ਪੈ ਸਕਦਾ ਹੈ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਬਿਜਲੀ ਵਿਭਾਗ ਦੀ ਹੋਵੇਗੀ। ਯੂਨੀਅਨ ਨੇ ਸਰਕਾਰ ਤੇ ਪਾਵਰਕਾਮ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਕਿਸਾਨਾਂ ਦੀਆਂ ਜਾਇਜ਼ ਮੰਗਾਂ ਨੂੰ ਅਣਗੌਲਿਆ ਕੀਤਾ ਗਿਆ ਅਤੇ ਤੁਰੰਤ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਨਾ ਯਕੀਨੀ ਬਣਾਈ ਗਈ, ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਤਾਂ ਕਿਸਾਨਾਂ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

# ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਪੰਜਾਬ ਦੀ ਮੀਟਿੰਗ

**ਜਲੰਧਰ (ਕੇਸਰ)**- ਅਧਿਆਪਕ ਜਥੇਬੰਦੀ ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਕੀਤੇ ਗਏ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਦੱਸਿਆ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਫ਼ਰੰਟ, ਸਾਂਝਾ ਮੁਲਜ਼ਮ ਮੰਚ ਅਤੇ ਆਜ਼ਾਦ ਜਥੇਬੰਦੀਆਂ ਦੀ ਲੁਧਿਆਣਾ ਵਿਖੇ 20 ਜੂਨ ਨੂੰ ਹੋਈ ਮੀਟਿੰਗ ਵਿੱਚ ਕੀਤੀ ਗਈ ਏਕਤਾ ਦੇ ਅਧਾਰ ਤੇ ਲਏ ਫੈਸਲਿਆਂ ਅਨੁਸਾਰ 1 ਜੁਲਾਈ ਤੋ 10 ਜੁਲਾਈ ਵਿਚਕਾਰ ਮੰਤਰੀਆਂ ਦੇ ਘਰਾਂ ਅੱਗੇ ਦਿੱਤੇ ਜਾ ਰਹੇ ਰੋਸ ਧਰਨਿਆਂ ਅਤੇ 17 ਜੁਲਾਈ ਨੂੰ ਮੋਹਾਲੀ ਵਿਖੇ ਹੋਣ ਵਾਲੀ ਸੂਬਾ ਪੱਧਰੀ ਮਹਾਂ ਰੈਲੀ ਵਿੱਚ ਵਧ ਚੜ੍ਹ ਕੇ ਸ਼ਮੂਲੀਅਤ ਕਰਨ ਦਾ ਫ਼ੈਸਲਾ ਲਿਆ ਗਿਆ। ਉਨ੍ਹਾਂ ਇਹ ਵੀ ਦੱਸਿਆ ਕਿ ਅਗਸਤ



ਮਹੀਨੇ ਦੌਰਾਨ ਅਧਿਆਪਕਾਂ ਦੀਆਂ ਵਿਭਾਗੀ ਮੰਗਾਂ ਨੂੰ ਲੈ ਕੇ ਭਰਾਤਰੀ ਅਧਿਆਪਕ ਜਥੇਬੰਦੀਆਂ ਨਾਲ ਮਿਲ ਕੇ ਸੰਗਰੂਰ ਵਿਖੇ ਸੂਬਾ ਪੱਧਰੀ ਪ੍ਰੋਗਰਾਮ ਕਰਨ ਦਾ ਫ਼ੈਸਲਾ ਵੀ ਮੀਟਿੰਗ ਵਿੱਚ ਹੋਇਆ। ਉਨ੍ਹਾਂ ਜ਼ਿਲਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਜਾਨ ਗਵਾਉਣ ਵਾਲੇ ਮੋਗਾ ਦੇ ਅਧਿਆਪਕ ਜੋੜੇ ਜਸਕਰਨ ਅਤੇ ਕਮਲਜੀਤ ਕੌਰ ਦੀਆਂ ਮੌਤਾਂ ਨੂੰ ਲੱਗਭੱਗ 10 ਮਹੀਨੇ ਬੀਤ ਜਾਣ ਅਤੇ ਲਗਾਤਾਰ ਸੰਘਰਸ਼ ਕਰਨ ਤੋਂ ਬਾਅਦ ਵੀ ਸਰਕਾਰ ਵੱਲੋਂ ਪੀੜ੍ਹਤ ਪਰਵਾਰ ਨੂੰ ਕੋਈ ਮੁਆਵਜ਼ਾ ਰਾਸ਼ੀ ਨਾ ਦੇਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਜੱਥੇਬੰਦੀ ਭਰਾਤਰੀ ਅਧਿਆਪਕ ਜਥੇਬੰਦੀਆਂ ਨਾਲ ਸਲਾਹ ਕਰਕੇ ਸੂਬੇ ਦੇ ਅਧਿਆਪਕਾਂ ਦੇ ਸਹਿਯੋਗ ਨਾਲ ਜਸਕਰਨ ਤੇ ਕਮਲਜੀਤ ਦੇ ਪਰਵਾਰ ਦੀ ਆਰਥਿਕ ਸਹਾਇਤਾ ਕਰੇਗੀ। ਜੱਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸ਼ਰਵਣ ਸਿੰਘ ਔਜਲਾ, ਪ੍ਰੈੱਸ ਸਕੱਤਰ ਲਖਵੀਰ ਸਿੰਘ ਹਰੀਕੇ ਤੇ ਸਹਾਇਕ ਪ੍ਰੈੱਸ ਸਕੱਤਰ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਦੋਸ਼ ਲਾਇਆ ਕਿ ਲੈਕਚਰਾਰ ਕਾਡਰ ਦੀ ਨਵੀਂ ਭਰਤੀ ਦੀਆਂ ਪੋਸਟਾਂ ਵਿਚ ਰੀਜ਼ਰਵੇਸ਼ਨ ਨੂੰ ਬਿਲਕੁੱਲ ਅੱਖੋਂ ਪਰੋਖੇ ਕੀਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਸਬੰਧੀ ਵਿਭਾਗ ਆਪਣੀ ਸਥਿੱਤੀ ਸਪਸ਼ਟ ਕਰੇ। ਮੀਟਿੰਗ ਦੌਰਾਨ ਬਲਜਿੰਦਰ ਸਿੰਘ ਬਠਿੰਡਾ, ਦਾਤਾ ਸਿੰਘ ਨਮੋਲ, ਹਰਭਗਵਾਨ ਗੁਰਨੇ, ਬਲਰਾਮ ਜੀਰਾ, ਚਰਨਜੀਤ ਕਪੂਰਥਲਾ, ਸੁਖਵਿੰਦਰ ਪ੍ਰੀਤ ਜਲੰਧਰ, ਜੀਵਨ ਸਿੰਘ ਬਧਾਈ, ਸੁਖਵਿੰਦਰ ਘੋਲੀਆ, ਗਗਨ ਬਰਾੜ, ਗਰਮੀਤ ਝੋਰੜਾਂ ਅਤੇ ਗੁਰਪ੍ਰੀਤ ਮੱਦੋਕੇ ਆਦਿ ਆਗੂ ਹਾਜ਼ਰ ਸਨ।

# ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ 'ਚ ਬਿਲਗਾ ਬਿਜਲੀ ਦਫ਼ਤਰ 'ਚ ਧਰਨਾ

**ਨੂਰਮਹਿਲ-ਬਿਲਗਾ (ਬਾਲੀ, ਵਿਜੇ ਕੁਮਾਰ)**- ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਵਿੱਚ 66 ਕੇ ਵੀ ਬਿਲਗਾ ਬਿਜਲੀ ਦਫਤਰ ਵਿੱਚ ਧਰਨਾ ਦਿੱਤਾ ਗਿਆ ਜਿਸ ਦੀ ਅਗਵਾਈ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ, ਗੁਰਨਾਮ ਸਿੰਘ ਤੱਗੜ, ਅਵਤਾਰ ਸਿੰਘ ਸੰਧੂ, ਹਰਦੀਪ ਸਿੰਘ ਉੱਪਲ ਨੇ ਕੀਤੀ। ਜਿਸ ਵਿੱਚ ਲਗਭਗ 15 ਪਿੰਡਾਂ ਤੋਂ ਵੱਧ ਸਾਥੀ ਹਾਜ਼ਰ ਹੋਏ। ਕਿਉਂਕਿ ਇਹ ਅੱਜ ਦਾ ਧਰਨਾ ਫਿਲੌਰ ਦਿੱਤਾ ਜਾਣਾ ਸੀ, ਅੱਜ ਤੜਕੇ ਤੋਂ ਕਿਸਾਨ ਲੀਡਰਾਂ ਦੇ ਘਰਾਂ ਵਿੱਚ ਪੁਲਸ ਨੇ ਰੇਡ ਕੀਤੀ। ਕਿਰਤੀ ਕਿਸਾਨ ਯੂਨੀਅਨ ਦੇ ਪ੍ਰਧਾਨ ਸੰਤੋਖ ਸਿੰਘ ਸੰਧੂ ਦੇ ਘਰ ਰੇਡ ਕੀਤੀ, ਜਥੇਦਾਰ ਤਰਸੇਮ ਸਿੰਘ ਕੜਿਆਣਾ ਨੂੰ ਪੁਲਸ ਨੇ ਗ੍ਰਿਫਤਾਰ ਕਰ ਲਿਆ, ਅਮਰੀਕ ਸਿੰਘ ਭਾ ਸਿੰਘਪੁਰ ਨੂੰ ਪੁਲਸ ਨੇ ਘਰੇ ਹੀ ਡਿਟੇਨ ਕਰ ਲੈ ਹੋਰ ਬਹੁਤ ਸਾਰੇ ਲੀਡਰਾਂ ਦੇ ਘਰਾਂ 'ਚ ਛਾਪੇਮਾਰੀ ਹੋਈ, ਜਿਸ ਤੋਂ ਲੋਕਾਂ ਨੇ ਇਕੱਠੇ ਹੋ ਕੇ ਬਿਜਲੀ ਦਫਤਰ ਮੂਹਰੇ ਧਰਨਾ ਦਿੱਤਾ ਅਤੇ ਛੁੱਟੀ ਵਾਲੇ ਦਿਨ ਐਸ ਟੀ ਓ ਨੇ ਆ ਕੇ ਜਥੇਬੰਦੀ ਦਾ ਮੰਗ ਪੱਤਰ ਲਿਆ ਅਤੇ ਜਥੇਬੰਦੀ ਨੇ ਪੁਲਸ ਦੇ ਉਚ ਅਧਿਕਾਰੀਆਂ ਨਾਲ ਗੱਲ ਕਰਕੇ ਆਪਣੇ ਸਾਰੇ ਸਾਥੀ ਰਿਹਾਅ ਕਰਾਏ। ਓਨੀ ਦੇਰ ਤੱਕ ਧਰਨਾ ਜਾਰੀ ਰਿਹਾ ਜਿੰਨਾ ਚਿਰ ਸਾਥੀ ਆਪਣੇ ਘਰਾਂ 'ਚ ਵਾਪਸ ਨਹੀਂ ਆਏ। ਮੰਗ ਪੱਤਰ ਵਿੱਚ ਮੰਗ ਕੀਤੀ ਗਈ ਪੰਜਾਬ ਸਰਕਾਰ ਵਾਅਦੇ ਮੁਤਾਬਕ ਮੋਟਰਾਂ ਨੂੰ ਅੱਠ ਘੰਟੇ ਨਿਰਵਿਘਨ ਬੱਤੀ, ਘਰਾਂ ਦੀ 24 ਘੰਟੇ ਤੇ ਜਿਹੜੇ ਟਰਾਂਸਫਰ ਸੜ ਜਾਂਦੇ ਹਨ ਉਨ੍ਹਾਂ ਨੂੰ 24 ਘੰਟੇ 'ਚ ਬਦਲਿਆ ਜਾਵੇ ਤੇ ਚਿੱਪ ਵਾਲੇ ਮੀਟਰ ਕਿਸੇ ਵੀ ਕੀਮਤ 'ਤੇ ਨਹੀਂ ਲੱਗਣ ਦਿੱਤੇ ਜਾਣਗੇ। ਇਸ ਧਰਨੇ ਵਿੱਚ ਮੇਜਰ ਸਿੰਘ ਔਜਲਾ, ਬੂਟਾ ਸਿੰਘ ਤੱਗੜ, ਬਹਾਦਰ ਸਿੰਘ ਪ੍ਰਧਾਨ ਚੀਮਾ ਕਲਾਂ, ਜੌਹਲ ਤਲਬਣ, ਹਰਪ੍ਰੀਤ ਸਿੰਘ ਹੈਪੀ ਸੰਧੂ ਲੱਦੜ, ਜਥੇਦਾਰ ਭੁਪਿੰਦਰ ਸਿੰਘ ਬਿਲਗਾ, ਲਖਬੀਰ ਸਿੰਘ ਨੀਨੂ ਬਿਲਗਾ, ਬੂਟਾ ਸਿੰਘ ਖੇਲਾ, ਅਮਰੀਕ ਸਿੰਘ ਬਹਾਦਰਪੁਰ, ਜੀਤਾ ਸਿੰਘ ਸੈਦੋਵਾਲ ਆਦਿ ਹਾਜ਼ਰ ਸਨ।



# ਸਰਬ ਧਰਮ ਸੰਮੇਲਨ ਤੇ ਮੈਡੀਕਲ ਕੈਂਪ ਸੰਪਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਲੋਕ ਸੇਵਾ ਵੈਲਫੇਅਰ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਅਤੇ ਮਾਂ ਮਾਤੇਸ਼ਵਰੀ ਚਿੰਤਪੁਰਨੀ ਮੰਦਰ ਢੋਲਵਾਹਾ ਜਨੋੜੀ ਦੇ ਸੰਸਥਾਪਕ ਠਾਕੁਰ ਰਵੀ ਗਾਂਧੀ ਦੀ ਅਗਵਾਈ ਵਿੱਚ ਗੁਰੂ ਨਾਨਕ ਦਰਬਾਰ ਬਾਬਾ ਸ੍ਰੀ ਚੰਦ ਜੀ ਮਿਆਨੀ ਰੋਡ ਟਾਂਡਾ ਵਿਖੇ ਸਰਬ ਧਰਮ ਸੰਮੇਲਨ ਅਤੇ ਵਰਲਡ ਕੈਂਸਰ ਕੇਅਰ ਮੈਡੀਕਲ ਚੈਕਅਪ ਕੈਂਪ ਬੜੀ ਸ਼ਾਨੋ ਸ਼ੌਕਤ ਨਾਲ ਸੰਪਨ ਹੋ ਨਿਬੜਿਆ।




ਸਰਬ ਧਰਮ ਸੰਮੇਲਨ ਅਤੇ ਵਰਲਡ ਕੈਂਸਰ ਕੇਅਰ, ਮੈਡੀਕਲ ਚੈਕਅਪ ਕੈਂਪ ਸ਼ੁਰੂ ਕਰਨ ਤੋਂ ਪਹਿਲਾਂ ਸੰਤ ਮਹਾਂਪੁਰਸ਼ਾਂ, ਪ੍ਰਿੰਸ ਜੌਲੀ ਤੇ ਰਿਟਾਇਰ ਡਿਪਟੀ ਡਾਇਰੈਕਟਰ ਹੈਲਥ ਪੰਜਾਬ ਡਾਕਟਰ ਕੇਵਲ ਸਿੰਘ ਕਾਜਲ ਨੇ ਸਤਿਗੁਰੂ ਅੱਗੇ ਸਰਬਤ ਦੇ ਭਲੇ ਲਈ ਅਰਦਾਸ ਕੀਤੀ। ਸੰਮੇਲਨ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ ਉਪਰੰਤ ਰਾਗੀ ਢਾਡੀ ਜਥਿਆਂ ਨੇ ਆਪਣੇ ਕੀਰਤਨਾਂ ਰਾਹੀਂ ਗੁਰਬਾਣੀ ਦਾ ਜਾਪ ਕਰਦੇ ਹੋਏ ਸੰਗਤ ਨੂੰ ਨਿਹਾਲ ਕੀਤਾ। ਸਰਬ ਧਰਮ ਸੰਮੇਲਨ ਵਿੱਚ ਸ਼ਾਮਿਲ ਬਾਬਾ ਸੁਖਦੇਵ ਸਿੰਘ ਬੇਦੀ ਟਾਂਡਾ ਵਾਲੇ, ਸੰਤ ਨਰੇਸ਼ ਗਿਰੀ ਮਹਾਰਾਜ ਨੰਗਲ ਖੂੰਘਾ ਵਾਲੇ, ਮਹੰਤ ਰਾਜ ਗੀਰੀ ਜੀ ਮਹਾਰਾਜ ਮਾਂ ਕਮਾਕਸ਼ੀ ਦੇਵੀ ਮੰਦਿਰ ਕਮਾਹੀ ਦੇਵੀ ਵਾਲੇ, ਸੰਤ ਜਸਪਾਲ ਸਿੰਘ ਡੇਰਾ ਬਾਬਾ ਬੰਨਾ ਰਾਮ ਉਡਰਾ ਵਾਲੇ, ਮਹੰਤ ਰਾਮ ਗਿਰੀ ਡੇਰਾ ਬਾਬਾ ਭੋਲਾ ਗਿਰੀ ਰਾਜਪੁਰ ਕੰਡੀ ਵਾਲੇ, ਸੰਤ ਤੇਜਾ ਸਿੰਘ ਖੁੱਡਾ ਵਾਲੇ, ਬਾਬਾ ਗੁਰਦੀਪ ਸਿੰਘ ਕੁਰਾਲੇ ਵਾਲੇ, ਮਹੰਤ ਨਰੇਸ਼ ਗਿਰੀ ਮਹਾਰਾਜ ਭਾਗੀਆਂ ਵਾਲੇ, ਬਾਬਾ ਸੱਜਣ ਸਿੰਘ ਮਹਾਰਾਜ ਬੇਰ ਸਾਹਿਬ ਵਾਲਿਆਂ ਤੋਂ ਇਲਾਵਾ ਹੋਰ ਵੱਖ-ਵੱਖ ਧਰਮਾਂ ਦੇ ਸੰਤ ਮਹਾਪੁਰਸ਼ਾਂ ਨੇ ਆਪਣੇ ਆਪਣੇ ਪ੍ਰਵਚਨਾਂ ਰਾਹੀਂ ਸੰਗਤ ਨੂੰ ਨਾਮ ਸਿਮਰਨ ਕਰਦੇ ਹੋਏ ਗੁਰੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਸਮਾਗਮ ਦੌਰਾਨ ਆਏ ਹੋਏ ਮਹਿਮਾਨਾਂ ਅਤੇ ਸੰਤ ਮਹਾਂਪੁਰਸ਼ਾਂ ਨੂੰ ਰਸ਼ਪਾਲ ਸਿੰਘ ਚਰੜ ਅਤੇ ਠਾਕੁਰ ਰਵੀ ਗਾਂਧੀ ਨੇ ਉਨ੍ਹਾਂ ਦਾ ਸਵਾਗਤ ਕਰਦੇ ਹੋਏ ਉਨਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ।

# ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਸੰਤ ਨਿਰੰਜਣ ਦਾਸ ਨੂੰ ਪਦਮ ਸ਼੍ਰੀ ਸਨਮਾਨ ਮਿਲਣ 'ਤੇ ਦਿੱਤੀ ਵਧਾਈ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਡੇਰਾ ਸੱਚਖੰਡ ਬੱਲਾਂ ਵਿਖੇ ਪਹੁੰਚ ਕੇ ਡੇਰਾ ਦੇ ਮੁਖੀ ਸੰਤ ਮਹਾਰਾਜ ਨਿਰੰਜਣ ਦਾਸ ਦੇ ਦਰਸ਼ਨ ਕੀਤੇ ਅਤੇ ਭਾਰਤ ਦੇ ਰਾਸ਼ਟਰਪਤੀ ਵੱਲੋਂ ਉਨ੍ਹਾਂ ਨੂੰ ਅਧਿਆਤਮਿਕਤਾ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਗਏ ਵਿਲੱਖਣ ਯੋਗਦਾਨ ਲਈ ਪਦਮ ਸ੍ਰੀ ਸਨਮਾਨ ਨਾਲ ਨਿਵਾਜੇ ਜਾਣ 'ਤੇ ਉਨ੍ਹਾਂ ਨੂੰ ਦਿਲੋਂ ਵਧਾਈ ਦਿੱਤੀ। ਇਸ ਮੌਕੇ ਡਾ. ਰਵਜੋਤ ਸਿੰਘ ਨੇ ਕਿਹਾ ਕਿ ਸੰਤ ਨਿਰੰਜਣ ਦਾਸ ਨੂੰ ਮਿਲਿਆ ਇਹ ਵੱਕਾਰੀ ਸਨਮਾਨ ਨਾ ਸਿਰਫ਼ ਡੇਰਾ ਸੱਚਖੰਡ ਬੱਲਾਂ ਲਈ, ਸਗੋਂ ਸਮੁੱਚੇ ਪੰਜਾਬ ਅਤੇ ਦੇਸ਼ ਵਾਸੀਆਂ ਲਈ ਮਾਣ ਅਤੇ ਖੁਸ਼ੀ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਸੰਤ ਮਹਾਰਾਜ ਨੇ ਆਪਣਾ ਸਮੁੱਚਾ ਜੀਵਨ ਮਾਨਵਤਾ ਦੀ ਸੇਵਾ, ਸਮਾਜਿਕ ਬਰਾਬਰੀ, ਆਪਸੀ ਭਾਈਚਾਰੇ, ਸਦਭਾਵਨਾ ਅਤੇ ਅਧਿਆਤਮਿਕ ਕਦਰਾਂ-ਕੀਮਤਾਂ ਦੇ ਪ੍ਰਚਾਰ ਲਈ ਸਮਰਪਿਤ ਕੀਤਾ ਹੈ। ਉਨ੍ਹਾਂ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜ ਸਮਾਜ ਨੂੰ ਇੱਕ ਨਵੀਂ ਦਿਸ਼ਾ ਅਤੇ ਪ੍ਰੇਰਨਾ ਪ੍ਰਦਾਨ ਕਰਦੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਡੇਰਾ ਸੱਚਖੰਡ ਬੱਲਾਂ ਹਮੇਸ਼ਾ ਹੀ ਸਮਾਜ ਵਿੱਚ ਏਕਤਾ, ਸਮਾਨਤਾ ਅਤੇ ਮਨੁੱਖਤਾ ਦਾ ਸੰਦੇਸ਼ ਦੇਣ ਲਈ ਜਾਣਿਆ ਜਾਂਦਾ ਰਿਹਾ ਹੈ। ਸੰਤ ਨਿਰੰਜਣ ਦਾਸ ਦੀ ਰਹਿਨੁਮਾਈ ਹੇਠ ਸਿੱਖਿਆ, ਸਿਹਤ, ਸਮਾਜਿਕ ਭਲਾਈ ਅਤੇ ਮਨੁੱਖੀ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਦੀ ਦੇਸ਼-ਵਿਦੇਸ਼ ਵਿੱਚ ਸ਼ਲਾਘਾ ਹੁੰਦੀ ਹੈ, ਅਜਿਹੀਆਂ ਮਹਾਨ ਸ਼ਖ਼ਸੀਅਤਾਂ ਦਾ ਸਨਮਾਨ ਹੋਣਾ ਸਮੁੱਚੇ ਸਮਾਜ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਡਾ. ਰਵਜੋਤ ਸਿੰਘ ਨੇ ਸੰਤ ਨਿਰੰਜਣ ਦਾਸ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ ਤੇ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਵੀ ਕੀਤੀ।



# ਫਰੀ ਮੈਡੀਕਲ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)** ਲੋਕ ਭਲਾਈ ਕਾਰਜ ਅਤੇ ਫਰੀ ਮੈਡੀਕਲ ਕੈਂਪ ਲਗਾਉਣੇ ਸੱਚੀ ਸੇਵਾ ਹੈ । ਇਹ ਸ਼ਬਦ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਪਿੰਡ ਸੂੰਢ ਵਿਖੇ ਸਵ: ਅਰਪਨਦੀਪ ਦੇ 21ਵੇਂ ਜਨਮ ਦਿਨ 'ਤੇ ਅਰਪਨਦੀਪ ਐਜੂਕੇਸ਼ਨ ਐਂਡ ਇਨਵਾਇਰਮੈਂਟ ਕੇਅਰ ਸੋਸਾਇਟੀ (ਰਜਿ:) ਵਲੋਂ ਲਗਾਏ ਕੈਂਪ ਮੌਕੇ ਆਖੇ। ਉਨ੍ਹਾ ਕਿਹਾ ਵਧੀਆ ਗੱਲ ਹੈ ਕਿ ਇੱਕ ਛੱਤ ਹੇਠ ਡਾਕਟਰਾਂ ਨੇ ਸੇਵਾਵਾਂ ਨਿਭਾਈਆ। ਉਪਰੰਤ ਉਕਤ ਸੁਸਾਇਟੀ ਵਲੋਂ ਵਿਧਾਇਕ ਡਾ. ਸੁੱਖੀ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਹਲਕਾ ਸੰਗਠਨ ਇੰਚਾਰਜ ਪਵਨਜੀਤ ਸਿੰਘ ਸਿੱਧੂ ਵੱਖ ਵੱਖ ਵਿਭਾਗਾ ਦੇ ਡਾਕਟਰਾਂ, ਪਿੰਡਾ ਦੇ ਸਰਪੰਚਾਂ ਤੇ ਪ੍ਰਮੁੱਖ ਸ਼ਖ਼ਸੀਅਤਾ ਦਾ ਸਨਮਾਨ ਕੀਤਾ। ਉਕਤ ਕੈਂਪ ਵਿਚ ਮੁਫ਼ਤ ਮੈਡੀਕਲ ਚੈਕਅੱਪ, ਖ਼ੂਨਦਾਨ ਕੈਂਪ, ਦਿਲ ਦੇ ਰੋਗਾਂ ਦੇ ਮਾਹਰ ਡਾ ਸੰਜੀਵ ਸਰੋਆ ਫਗਵਾੜਾ, ਔਰਤਾਂ ਦੇ ਰੋਗਾਂ ਦੇ ਮਾਹਰ ਡਾਕਟਰ ਚਾਂਦਨੀ ਬੱਗਾ ਫਗਵਾੜਾ, ਦੰਦਾਂ ਦੇ ਮਾਹਰ ਡਾ ਰੇਨੁਕਾ ਦੁੱਗਲ ਫਗਵਾੜਾ, ਅੱਖਾਂ ਦੇ ਮਾਹਰ ਡਾ ਮੁਕੇਸ਼ ਕੁਮਾਰ ਉਪਾਧਿਆਏ, ਸਕੈਨ ਦੇ ਮਾਹਰ ਡਾ ਜਗਜੀਤ ਸਿੰਘ ਫਗਵਾੜਾ, ਡਾ ਅਨਿਲ ਭਾਰਦਵਾਜ ਅਤੇ ਲੈਬ ਟੈਕਨੀਸ਼ੀਅਨ ਮਾਹਰ ਡਾ ਸੁਖਜਿੰਦਰ ਸਿੰਘ ਸੰਧੂ, ਸੰਧੂ ਕਲੀਨਿਕਲ ਲੈਬ ਸੰਧਵਾਂ ਆਦਿ ਨੇ ਚੈੱਕਅਪ ਕੀਤਾ ਤੇ ਜਰੂਰਤਮੰਦ ਮਰੀਜਾ ਨੂੰ ਫਰੀ ਦਵਾਈਆਂ ਦਿੱਤੀਆ। ਸੋਸਾਇਟੀ ਦੇ ਪ੍ਰਧਾਨ ਮਾਸਟਰ ਹੇਮ ਰਾਜ ਸੂੰਢ ਅਤੇ ਡਾ. ਸੁਖਜਿੰਦਰ ਸਿੰਘ ਸੰਧੂ ਨੇ ਜਿਥੇ ਸਾਰੇ ਡਾਕਟਰਾਂ ਦਾ ਧੰਨਵਾਦ ਕੀਤਾ ਉਥੇ ਕੈਂਪ ਵਿੱਚ ਆਏ ਸਾਰੇ ਲੋਕਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਨਰੇਸ਼ ਰਾਣੀ, ਡਾ. ਰਵਿੰਦਰ ਕੁਮਾਰ , ਸਤਪਾਲ ਸੂੰਢ, ਡਾ.ਜਗਨਨਾਥ ਸਰਪੰਚ ਸੰਧਵਾਂ, ਕੁਲਦੀਪ ਕੌਰ ਸਰਪੰਚ ਸੂੰਢ, ਕੁਲਵਿੰਦਰ ਕੌਰ ਸਰਪੰਚ ਮਕਸੂਦਪੁਰ, ਦਰਸ਼ਨ ਕਰ ਕੌਰ ਸਰਪੰਚ ਗਦਾਣੀ, ਰਿਟਾ: ਲੈਕ ਗੁਰਪ੍ਰੀਤ ਕੌਰ, ਆਸ਼ੀਸ਼ ਕੁਮਾਰ, ਗੁਰਸ਼ਾਨ ਸਿੰਘ, ਰਾਜ ਕੁਮਾਰ, ਰਿਟਾ. ਸੁਪਰਡੈਂਟ ਪ੍ਰੇਮ ਕੌਰ, ਡਾ.ਗੁਰਮੁੱਖ ਬਹਿਰਾਮ, ਵਿਜੇ ਨਾਗਪਾਲ, ਸਤਪਾਲ ਗਦਾਣੀ, ਸੁਰਿੰਦਰ ਪਾਲ ਆਦਿ ਵੀ ਹਾਜ਼ਰ ਸਨ।



# ਭੂੰਗਰਨੀ ਵਿਖੇ ਸ੍ਰੀ ਗੁਰੂ ਹਰਿ ਰਾਇ ਸਾਹਿਬ ਚੈਰੀਟੇਬਲ ਲੈਬਰਟਰੀ ਦਾ ਉਦਘਾਟਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਲਾਈਫ ਕੇਅਰ ਫਾਊਂਡੇਸ਼ਨ, ਡੇਰਾਬੱਸੀ (ਮੋਹਾਲੀ) ਵੱਲੋਂ 212ਵਾਂ ਕੁਲੈਕਸ਼ਨ ਸੈਂਟਰ- ਗੁਰੂ ਹਰਿ ਰਾਏ ਸਾਹਿਬ ਚੈਰੀਟੇਬਲ ਲੈਬੋਰੇਟਰੀ ਪਿੰਡ ਭੂੰਗਰਨੀ ਵਿਖੇ ਨੂੰ ਖੋਲ੍ਹਿਆ ਗਿਆ ਹੈ। ਜਿਸ ਦਾ ਉਦਘਾਟਨ ਲਾਈਫ ਕੇਅਰ ਫਾਊਂਡੇਸ਼ਨ ਦੇ ਫਾਊਂਡਰ ਸਤੀਸ਼ ਐਨ ਜੀ ਓ ਵਰਕਰ ਵੱਲੋਂ ਕੀਤਾ ਗਿਆ ।ਇਸ ਮੌਕੇ ਇਸ ਵਿੱਚ ਵਿਸ਼ੇਸ਼ ਸਹਿਯੋਗ ਅਮਰ ਕੌਰ ਚਰਨ ਕੌਰ ਵੈਲਫੇਅਰ ਸੋਸਾਇਟੀ ਭੂੰਗਰਨੀ (ਰਜਿ.) ਜਿਸ ਦੇ ਸਰਪ੍ਰਸਤ ਡਾਕਟਰ ਹਰਦੇਵ ਸਿੰਘ ਪਰਹਾਰ, ਜਸਵਿੰਦਰ ਕੌਰ ਪਰਹਾਰ ਹਨ। ਇਸ ਦੇ ਪ੍ਰਧਾਨ ਜਸਵੀਰ ਸਿੰਘ ਮਿਨਹਾਸ, ਸੀਨੀਅਰ ਵਾਈਸ ਜਗਤਾਰ ਸਿੰਘ ਭੂੰਗਰਨੀ, ਜਨਰਲ ਸਕੱਤਰ ਪਰਮਿੰਦਰ ਸਿੰਘ ਪੋਸੀ, ਕੈਸ਼ੀਅਰ ਸੁਰਜੀਤ ਸਿੰਘ ਮਸੂਤਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 28 ਤਰੀਕ ਨੂੰ ਸਵੇਰੇ 7 ਵਜੇ ਤੋਂ 12 ਵਜੇ ਤੱਕ ਬਲੱਡ ਚੈੱਕਅਪ ਫ੍ਰੀ ਕੈਂਪ ਵੀ ਲਗਾਇਆ ਗਿਆ ।ਇਸ ਕੈਂਪ ਵਿੱਚ ਗੁਰਦਿਆਂ ਦੇ 5 ਟੈਸਟ, ਯੂਰਿਕ ਐਸਿਡ ਦਾ ਟੈਸਟ ਅਤੇ ਸ਼ੂਗਰ ਦੇ ਟੈਸਟ, ਬਿਲਕੁਲ ਮੁਫ਼ਤ ਕੀਤੇ ਗਏ । ਫੁੱਲ ਬਾਡੀ ਦਾ ਚੈਕਅੱਪ 600 ਰੁਪਏ ਤੋਂ ਸ਼ੁਰੂ ਹੋਵੇਗਾ ।ਇਹ ਲੈਬੋਰੇਟਰੀ ਕਲੈਕਸ਼ਨ ਸੈਂਟਰ ਰੋਜ਼ਾਨਾ ਸਵੇਰੇ 7 ਵਜੇ ਤੋਂ 12 ਵਜੇ ਤੱਕ ਖੁੱਲ੍ਹੇਗਾ ਅਤੇ ਇਸ ਦੇ ਸਾਰੇ ਟੈਸਟ ਭਾਰਤ ਸਰਕਾਰ ਦੇ ਅਦਾਰੇ ਐਨ ਏ ਬੀ ਐਲ ਤੋਂ ਮਾਨਤਾ ਪ੍ਰਾਪਤ ਲਾਈਫ ਕੇਅਰ ਫਾਊਂਡੇਸ਼ਨ, ਡੇਰਾਬੱਸੀ (ਮੋਹਾਲੀ) ਦੇ ਪ੍ਰੋਸੈਸਿੰਗ ਕੇਂਦਰ ਵਿੱਚ ਕੀਤੇ ਜਾਣਗੇ।ਜਿਸ ਵਿੱਚ ਮਨੁੱਖਤਾ ਦੀ ਸੇਵਾ ਲਈ ਬਿਨਾਂ ਕਿਸੇ ਮੁਨਾਫੇ ਤੋਂ, ਬਜ਼ਾਰ ਨਾਲੋਂ ਤਿੰਨ ਗੁਣਾ ਘੱਟ ਰੇਟ 'ਤੇ ਵਿਸ਼ਵ ਪੱਧਰ ਦੀਆਂ ਮਸ਼ੀਨਾਂ ਨਾਲ ਡਾਕਟਰਾਂ ਦੀ ਦੇਖਰੇਖ ਵਿੱਚ ਟੈਸਟ ਕੀਤੇ ਜਾਂਦੇ ਹਨ। ਇਸ ਲੈਬ ਦੀਆਂ ਰਿਪੋਰਟਾਂ ਪੀ ਜੀ ਆਈ ਚੰਡੀਗੜ੍ਹ, ਡੀ ਐੱਮ ਸੀ ਲੁਧਿਆਣਾ, ਏਮਜ਼ ਬਠਿੰਡਾ ਅਤੇ ਹਰ ਵੱਡੇ ਵੱਡੇ ਅਦਾਰਿਆਂ ਵਿੱਚ ਪ੍ਰਵਾਨ ਕੀਤੀਆਂ ਜਾਂਦੀਆਂ ਹਨ।ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਸ਼ੂਗਰ ਦਾ ਟੈਸਟ ਸਿਰਫ਼ 10 ਰੁਪਏ, ਥਾਇਰਾਇਡ ਦੇ 3 ਟੈਸਟ ਸਿਰਫ਼ 120, ਜਿਗਰ ਦੇ 11 ਟੈਸਟ 100 ਰੁਪਏ ਵਿੱਚ, ਸ਼ੂਗਰ ਦੇ 3 ਮਹੀਨੇ ਵਾਲਾ ਟੈਸਟ 82113 ਸਿਰਫ਼ 150 ਵਿੱਚ ਅਤੇ ਵਿਟਾਮਿਨ 212 ਦਾ ਟੈਸਟ 180 ਵਿੱਚ ਅਤੇ ਵਿਟਾਮਿਨ 4 ਦਾ ਟੈਸਟ 270 ਰੁਪਏ ਵਿੱਚ ਕੀਤਾ ਜਾਂਦਾ ਹੈ। ਇਸ ਮੌਕੇ ਉਦਘਾਟਨ ਕਰਨ ਪਹੁੰਚੇ ਲਾਈਫ ਕੇਅਰ ਫਾਊਂਡੇਸ਼ਨ ਦੇ ਸਤੀਸ਼ ਐਨ ਜੀ ਓ ਵਰਕਰ ਦੇ ਭੂੰਗਰਨੀ ਪਹੁੰਚਣ 'ਤੇ ਅਮਰ ਕੌਰ ਚਰਨ ਵੈਲਫੇਅਰ ਸੁਸਾਇਟੀ ਭੂੰਗਰਨੀ, ਗੁਰਦੁਆਰਾ ਗੁਰੂ ਹਰਿ ਰਾਏ ਸਾਹਿਬ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਭੂੰਗਰਨੀ ਅਤੇ ਨਗਰ ਅਤੇ ਇਲਾਕੇ ਦੀਆਂ ਸੰਗਤਾਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ । ਉਪਰੰਤ ਗੁਰਦੁਆਰਾ ਸਾਹਿਬ ਵਿਖੇ ਅਰਦਾਸ ਕੀਤੀ ਗਈ ਅਤੇ ਆਏ ਮਹਿਮਾਨਾਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਹ ਲੈਬਾਰਟਰੀ ਨਜ਼ਦੀਕ ਗੁਰਦੁਆਰਾ ਸ੍ਰੀ ਗੁਰੂ ਹਰਿ ਰਾਇ ਸਾਹਿਬ ਭੂੰਗਰਨੀ ਡਿਸਪੈਂਸਰੀ ਵਿਖੇ ਖੋਲ੍ਹੀ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲਾਈਫ ਕੇਅਰ ਫਾਊਂਡੇਸ਼ਨ ਮੈਨੇਜਰ ਹਰਪ੍ਰੀਤ ਸਿੰਘ, ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਸਾਹਿਬ ਭਾਈ ਸੁਖਚੈਨ ਸਿੰਘ, ਸੁਸਾਇਟੀ ਦੇ ਸੀ ਏ ਪਰਵਿੰਦਰ ਰਾਣਾ, ਬਲਵੀਰ ਸਿੰਘ ਫੁਗਲਾਣਾ, ਬਲਵੀਰ ਸਿੰਘ ਤੰਬੜ, ਪਰਮਜੀਤ ਸਿੰਘ ਮਿਨਹਾਸ, ਧਰਮ ਸਿੰਘ ਜੰਜੂਆ, ਪਰਮਜੀਤ ਸਿੰਘ , ਹਰਵਿੰਦਰ ਸਿੰਘ ਪੰਚ ਇੰਦਰਜੀਤ ਕੌਰ ਪੰਚ, ਹਰਿੰਦਰ ਸਿੰਘ ਡਿਪਟੀ, ਗੁਰਪ੍ਰੀਤ ਸਿੰਘ ਗੋਪੀ , ਮਿੰਨੀ ਲੋਈ ਹਾਜ਼ਰ ਸਨ।



# 3 ਰੋਜ਼ਾ ਕ੍ਰਿਕਟ ਟੂਰਨਾਮੈਂਟ ਕਰਵਾਇਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਫਰੈਂਡਜ ਕਲੱਬ ਟਿਲੂਵਾਲ ਖੁਣ ਖੁਣ ਕਲਾਂ ਵੱਲੋਂ ਕਰਵਾਇਆ ਗਿਆ 3 ਰੋਜ਼ਾ ਕ੍ਰਿਕਟ ਟੂਰਨਾਮੈਂਟ ਹੁਸ਼ਿਆਰਪੁਰ ਦੀ ਟੀਮ ਦੇ ਨਾਂਅ ਰਿਹਾ।ਕਲੱਬ ਦੇ ਪ੍ਰਧਾਨ ਲਵਕੇਸ਼ ਸ਼ਰਮਾ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਟੂਰਨਾਮੈਂਟ ਦੌਰਾਨ ਇਲਾਕੇ ਭਰ ਚੋਂ 32 ਟੀਮਾਂ ਨੇ ਭਾਗ ਲੈਂਦੇ ਹੋਏ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਫਾਈਨਲ ਮੈਚ ਦੌਰਾਨ ਵਾਰਡ ਨੰਬਰ 3 ਹੁਸ਼ਿਆਰਪੁਰ ਦੀ ਟੀਮ ਨੇ ਪਹਿਲਾਂ ਖੇਡਦੇ ਹੋਏ 6 ਓਵਰਾਂ ਵਿੱਚ 1 ਵਿਕਟ ਤੇ ਨੁਕਸਾਨ ਤੇ 113 ਰਨ ਬਣਾਏ ਜਿਸ ਦੇ ਜਵਾਬ ਵਿੱਚ ਬੋਦਲਾਂ ਦੀ ਟੀਮ 6 ਓਵਰਾਂ ਵਿੱਚ 6 ਵਿਕਟਾਂ ਦੇ ਨੁਕਸਾਨ ਤੇ ਸਿਰਫ 56 ਰਨ ਹੀ ਬਣਾ ਸਕੀ ਜਿਸ ਕਾਰਨ ਹੁਸ਼ਿਆਰਪੁਰ ਦੀ ਟੀਮ ਨੇ ਫਾਈਨਲ ਮੈਚ 57 ਦੌੜਾ ਨਾਲ ਮੈਚ ਜਿੱਤ ਕੇ 31 ਹਜ਼ਾਰ ਰੁਪਏ ਦੇ ਪਹਿਲੇ ਨਗਦ ਇਨਾਮ ਅਤੇ ਜੇਤੂ ਟਰਾਫੀ ਤੇ ਕਬਜ਼ਾ ਕੀਤਾ ਜਦਕਿ ਦੂਸਰੇ ਸਥਾਨ ਤੇ ਰਹੀ ਟੀਮ ਨੂੰ ਪ੍ਰਬੰਧਕਾਂ ਵੱਲੋਂ 15 ਹਜ਼ਾਰ ਰੁਪਏ ਦਾ ਨਕਦ ਇਨਾਮ ਦਿੱਤਾ ਗਿਆ। ਟੂਰਨਾਮੈਂਟ ਸਮਾਪਤੀ ਤੇ ਇਨਾਮਾਂ ਦੀ ਵੰਡ ਕਰਨ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾਬਕਾ ਸੰਮਤੀ ਮੈਂਬਰ ਅਸ਼ੋਕ ਕੁਮਾਰ ਸੈਣੀ, ਐਡਵੋਕੇਟ ਗੁਰਪ੍ਰੀਤ ਸਿੰਘ ਝਿੰਗੜਾਂ ਤੇ ਸਰਪੰਚ ਵਿਜੇ ਕੁਮਾਰ ਨੇ ਕਰਦੇ ਹੋਏ ਜੇਤੂ ਰਹੀ ਟੀਮ ਨੂੰ ਮੁਬਾਰਕਬਾਦ ਦਿੱਤੀ ਤੇ ਤੇ ਭਾਗ ਲੈਣ ਵਾਲੀਆਂ ਹੋਰਨਾ ਟੀਮਾਂ ਦੀ ਸ਼ਲਾਘਾ ਕੀਤੀ ਤੇ ਨੌਜਵਾਨਾਂ ਨੂੰ ਨਸ਼ਿਆਂ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ।



ਟੂਰਨਾਮੈਂਟ ਦੌਰਾਨ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਨ ਤੇ ਮਿਰਜਾ ਹੁਸ਼ਿਆਰਪੁਰ ਨੂੰ ਮੈਨ ਆਫ ਦਾ ਸੀਰੀਜ਼ ਅਤੇ ਸੇਰੂ ਢਾਹਾਂ ਹੁਸ਼ਿਆਰਪੁਰ ਨੂੰ ਮੈਨ ਆਫ ਦਾ ਮੈਚ ਐਲਾਨਿਆ ਗਿਆ। ਇਸ ਮੌਕੇ ਪੰਚ ਸੁਖਵਿੰਦਰ ਸਿੰਘ, ਪੰਚ ਦਲਜੀਤ ਸਿੰਘ, ਸੁਖਵਿੰਦਰ ਸਿੰਘ ਬੰਟੀ, ਮਨਜੀਤ ਸਿੰਘ ਪਟਵਾਰੀ,ਰਾਜ ਕੁਮਾਰ ਬੀਰਬਲ ਸਿੰਘ, ਸਰਪੰਚ ਬਲਕਾਰ ਸਿੰਘ, ਸੁਖਵਿੰਦਰ ਸਿੰਘ ਬਾਬਾ, ਪੰਚ ਦਲਜੀਤ ਸਿੰਘ, ਪੰਚ ਪਰਮਜੀਤ ਸਿੰਘ, ਪੰਚ ਸੁਖਵਿੰਦਰ ਸਿੰਘ ਗਿਰਦਾਵਰ ਮਨਜੀਤ ਸਿੰਘ, ਰਾਜ ਕੁਮਾਰ ਚਾਚਾ ਹਰਦੀਪ ਸਿੰਘ, ਲਵਕੇਸ਼ ਸ਼ਰਮਾ, ਵਾਈਸ ਪ੍ਰਧਾਨ ਲਖਬੀਰ ਸਿੰਘ, ਸਕੱਤਰ ਦੀਪਕ ਕੁਮਾਰ, ਖਜਾਨਚੀ ਨਵਦੀਪ ਸ਼ਰਮਾ, ਦੀਪਕ ਬੁਨਿਆਲ, ਰਿਕੀ ਸੈਣੀ ਵੀ ਹਾਜ਼ਰ ਸਨ।

# ਬਾਬਾ ਬੰਦਾ ਸਿੰਘ ਬਹਾਦਰ ਦਾ ਸ਼ਹੀਦੀ ਦਿਹਾੜਾ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸਿੱਖ ਕੌਮ ਦੇ ਮਹਾਨ ਜਰਨੈਲ ਅਮਰ ਸ਼ਹੀਦ ਜੱਥੇਦਾਰ ਬਾਬਾ ਬੰਦਾ ਸਿੰਘ ਜੀ ਬਹਾਦਰ ਦਾ 310ਵਾਂ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਇਸ ਦਿਹਾੜੇ ਦੇ ਸਬੰਧ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਬੀਬੀ ਦਲੇਰ ਕੌਰ ਖਾਲਸਾ ਅਤੇ ਨਕੋਦਰ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਬਾਬਾ ਬੰਦਾ ਸਿੰਘ ਜੀ ਬਹਾਦਰ ਦੁਆਰਾ ਸਰਹੰਦ ਦੀ ਇੱਟ ਨਾਲ ਇੱਟ ਖੜਕਾ ਕੇ ਸੂਬਾ ਸਰਹੰਦ ਵਜੀਰ ਖਾਨ ਨੂੰ ਮੌਤ ਦੇ ਘਾਟ ਉਤਾਰ ਕੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਅਤੇ ਮਾਤਾ ਗੁਜਰ ਕੌਰ ਦੀ ਸ਼ਹਾਦਤ ਦਾ ਬਦਲਾ ਲੈਣ ਅਤੇ ਮੁਗਲ ਰਾਜ ਨੂੰ ਮਾਤ ਦੇਣ ਦਾ ਪ੍ਰਸੰਗ ਸੰਗਤਾਂ ਨੂੰ ਵਿਸਥਾਰ ਵਿੱਚ ਸਰਵਣ ਕਰਾਇਆ। ਬੀਬੀ ਜਸਪ੍ਰੀਤ ਕੌਰ ਪਟਿਆਲੇ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਇਸ ਤੋਂ ਇਲਾਵਾ ਭਾਈ ਸਿਮਰਨਜੀਤ ਸਿੰਘ ਜੀ ਗੁਰਦੁਆਰਾ ਪੰਜੋਖਰਾਠ ਸਾਹਿਬ ਵਾਲੇ, ਭਾਈ ਹਰਸ਼ਰਨ ਸਿੰਘ ਪਟਿਆਲੇ ਵਾਲੇ, ਬੀਬੀ ਅਮਨਦੀਪ ਕੌਰ ਫਗਵਾੜੇ ਵਾਲੀਆਂ ਬੀਬੀਆਂ ਦਾ ਢਾਡੀ ਜੱਥਾ, ਭਾਈ ਕਰਨੈਲ ਸਿੰਘ ਜਵੱਦੀ ਟਕਸਾਲ ਵਾਲੇ, ਭਾਈ ਅੰਮ੍ਰਿਤਪਾਲ ਸਿੰਘ ਮੋਗੇ ਵਾਲੇ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਾਈ ਸੁਖਵਿੰਦਰ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਨਿਤਿੰਨ ਸਿੰਘ, ਭਾਈ ਸੰਦੀਪ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ।



ਇਸ ਮੌਕੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ । ਇਸ ਮੌਕੇ ਗੁਰੂ ਕਾ ਲੰਗਰ ਸੰਗਤਾਂ ਨੂੰ ਸਾਰਾ ਦਿਨ ਅਟੁੱਟ ਵਰਤਾਇਆ ਗਿਆ ।

# ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਤੇ ਲੋੜਵੰਦ ਨਾਗਰਿਕਾਂ ਦੀ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ 1,583 ਕਰੋੜ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਭਰ ਦੇ ਹਜ਼ਾਰਾਂ ਬਜ਼ੁਰਗ ਨਾਗਰਿਕਾਂ ਅਤੇ ਲੋੜਵੰਦ ਪਰਵਾਰਾਂ ਲਈ ਸਮੇਂ ਸਿਰ ਮਿਲਣ ਵਾਲੀ ਸਮਾਜਿਕ ਸੁਰੱਖਿਆ ਸਹਾਇਤਾ ਸਿਰਫ਼ ਇੱਕ ਵਿੱਤੀ ਮਦਦ ਹੀ ਨਹੀਂ, ਸਗੋਂ ਉਨ੍ਹਾਂ ਦੇ ਮਾਣ-ਸਤਿਕਾਰ ਅਤੇ ਸੁਰੱਖਿਆ ਦਾ ਇੱਕ ਵੱਡਾ ਜ਼ਰੀਆ ਹੈ। ਇਸ ਵਚਨਬੱਧਤਾ ਤਹਿਤ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ 1583 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ।ਸਰਕਾਰ ਦੇ ਇਸ ਕਦਮ ਨਾਲ ਲੱਖਾਂ ਬਜ਼ੁਰਗਾਂ, ਵਿਧਵਾਵਾਂ, ਨਿਆਸਰਿਤ ਔਰਤਾਂ, ਅਨਾਥ ਬੱਚਿਆਂ ਅਤੇ ਦਿਵਿਆਂਗ ਵਿਅਕਤੀਆਂ ਨੂੰ ਵਿੱਤੀ ਸਹਾਇਤਾ ਵਜੋਂ ਸਿੱਧਾ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਇਹ ਯਕੀਨੀ ਬਣਾ ਕੇ ਸਮਾਜਿਕ ਸੁਰੱਖਿਆ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਹੈ ਕਿ ਸਭ ਤੋਂ ਵੱਧ ਲੋੜਵੰਦ ਲੋਕਾਂ ਤੱਕ ਸਮੇਂ ਸਿਰ ਅਤੇ ਪੂਰੇ ਮਾਣ-ਸਤਿਕਾਰ ਨਾਲ ਮਦਦ ਪਹੁੰਚੇ।ਕੈਬਨਿਟ ਮੰਤਰੀ ਨੇ ਅੱਗੇ ਦੱਸਿਆ, 'ਸਾਡੀ ਸਰਕਾਰ ਲਈ ਸਮਾਜਿਕ ਸੁਰੱਖਿਆ ਸਿਰਫ਼ ਇੱਕ ਬਜਟ ਦੀ ਵਿਵਸਥਾ ਨਹੀਂ, ਬਲਕਿ ਲੋੜਵੰਦ ਵਰਗਾਂ ਪ੍ਰਤੀ ਇੱਕ ਪਵਿੱਤਰ ਵਚਨਬੱਧਤਾ ਹੈ।' ਉਨ੍ਹਾਂ ਖੁਲਾਸਾ ਕੀਤਾ ਕਿ ਪੰਜਾਬ ਸਰਕਾਰ ਨੇ ਚਾਲੂ ਮਾਲੀ ਸਾਲ ਦੌਰਾਨ ਸਮਾਜਿਕ ਸੁਰੱਖਿਆ ਅਤੇ ਭਲਾਈ ਸਕੀਮਾਂ ਲਈ 6,131.91 ਕਰੋੜ ਰੁਪਏ ਦਾ ਵੱਡਾ ਬਜਟ ਰੱਖਿਆ ਹੈ। ਇਹ ਇਤਿਹਾਸਕ ਬਜਟ ਵਿਵਸਥਾ ਸੂਬੇ ਦੇ ਲਗਭਗ 36 ਲੱਖ ਲਾਭਪਾਤਰੀਆਂ ਨੂੰ ਨਿਯਮਤ ਵਿੱਤੀ ਸਹਾਇਤਾ ਯਕੀਨੀ ਬਣਾ ਰਹੀ ਹੈ।ਜਾਰੀ ਕੀਤੇ ਫੰਡਾਂ ਦਾ ਵੇਰਵਾ ਦਿੰਦਿਆਂ ਮੰਤਰੀ ਨੇ ਦੱਸਿਆ ਕਿ ਕੁੱਲ ਰਾਸ਼ੀ ਵਿੱਚੋਂ ਬੁਢਾਪਾ ਪੈਨਸ਼ਨ ਲਈ 1,048 ਕਰੋੜ ਰੁਪਏ ਤੋਂ ਵੱਧ ਦੀ ਰਕਮ ਸਿੱਧੇ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕੀਤੀ ਗਈ ਹੈ। ਇਸੇ ਤਰ੍ਹਾਂ ਵਿਧਵਾਵਾਂ, ਬੇਸਹਾਰਾ ਔਰਤਾਂ, ਅਨਾਥ ਤੇ ਆਸ਼ਰਿਤ ਬੱਚਿਆਂ ਅਤੇ ਦਿਵਿਆਂਗ ਵਿਅਕਤੀਆਂ ਦੇ ਫਾਇਦੇ ਲਈ ਚੱਲ ਰਹੀਆਂ ਹੋਰ ਸਮਾਜਿਕ ਸੁਰੱਖਿਆ ਸਕੀਮਾਂ ਤਹਿਤ 535 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਹੈ।



# ਵੱਖ-ਵੱਖ ਮਾਮਲਿਆਂ 'ਚ 5 ਨਾਮਜ਼ਦ ਮੁਲਜ਼ਮ ਗ੍ਰਿਫ਼ਤਾਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਟਾਂਡਾ ਪੁਲਸ ਨੇ ਵੱਖ-ਵੱਖ ਮਾਮਲਿਆਂ ਵਿੱਚ ਨਾਮਜ਼ਦ ਕੀਤੇ ਗਏ 5 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ । ਇਸ ਬਾਰੇ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਸ.ਪੀ ਡਾ. ਮਨਪ੍ਰੀਤ ਕੌਰ ਸੀਮਾਰ ਤੇ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਟਾਂਡਾ ਪੁਲਸ ਵੱਲੋਂ ਐਨ.ਡੀ.ਪੀ.ਐਸ ਦੀ ਧਾਰਾ ਅਧੀਨ ਦੇ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਹਿਚਾਣ ਹਰਦੀਪ ਸਿੰਘ ਪੁੱਤਰ ਪਿੰਡ ਦਾਤਾ ਤੇ ਅਭਿਜੀਤ ਹੰਸ ਪੁੱਤਰ ਧੀਰੂ ਰਾਮ ਵਾਸੀ ਪਿੰਡ ਘੋੜਾਵਾਹਾ ਵਜੋਂ ਹੋਈ ਹੈ। ਇਸੇ ਤਰ੍ਹਾਂ ਹੀ ਐਕਸਾਈਜ਼ ਐਕਟ ਅਧੀਨ ਗ੍ਰਿਫਤਾਰ ਕੀਤੇ ਗਏ ਦੋਸ਼ੀ ਦੀ ਪਹਿਚਾਣ ਬੁੱਧ ਸਿੰਘ ਪੁੱਤਰ ਸਵਰਨ ਸਿੰਘ ਬਾਸੀ ਪਿੰਡ ਕਠਾਣਾ (ਸ੍ਰੀ ਹਰਗੋਬਿੰਦਪੁਰ) ਜ਼ਿਲ੍ਹਾ ਬਟਾਲਾ, ਅਮਨਦੀਪ ਨਾਹਰ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਮੂਨਕ ਕਲਾਂ ਵਜੋਂ ਹੋਈ ਹੈ। ਇਸ ਤੋਂ ਇਲਾਵਾ ਆਰਮਸ ਐਕਟ ਅਧੀਨ ਤੇ ਹੋਰ ਮਾਮਲਿਆਂ ਵਿੱਚ ਲੋੜੀਂਦੇ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਹਿਚਾਣ ਤਜਿੰਦਰ ਸਿੰਘ ਉਰਫ ਚੰਨੀ ਪੁੱਤਰ ਪ੍ਰਗਟ ਸਿੰਘ ਵਾਸੀ ਪੰਜ ਗਰਾਈਆਂ ਜ਼ਿਲ੍ਹਾ ਗੁਰਦਾਸਪੁਰ ਹੋਈ ਹੈ।ਉਹਨਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਤੋਂ ਹੋਰ ਲੋੜੀਂਦੀ ਪੁੱਛਗਿੱਛ ਕੀਤੀ ਜਾ ਰਹੀ ਹੈ।

# ਅਜਾਇਬ ਸਿੰਘ ਨਮਿਤ ਸ਼ਰਧਾਂਜਲੀ ਸਮਾਗਮ 19 ਨੂੰ

**ਜਲੰਧਰ**- ਕਮਿਊਨਿਸਟ ਇਨਕਲਾਬੀ ਲਹਿਰ ਦੀਆਂ ਆਗੂ ਸਫ਼ਾਂ ਚ ਸ਼ੁਮਾਰ ਰਹੇ ਸਾਥੀ ਅਜਾਇਬ ਸਿੰਘ ਦੀ ਸੂਹੀ ਘਾਲਣਾ ਨੂੰ ਸਲਾਮ ਕਰਨ ਲਈ 19 ਜੁਲਾਈ ਨੂੰ ਸਵੇਰੇ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸ਼ਰਧਾਂਜਲੀ ਸਮਾਗਮ ਕੀਤਾ ਜਾਵੇਗਾ।ਇਹ ਇਕੱਤਰਤਾ ਦੇਸ਼ ਭਗਤ ਯਾਦਗਾਰ ਹਾਲ 'ਚ ਬਣੇ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ ਹਾਲ 'ਚ ਹੋਵੇਗੀ। ਇਹ ਸਮਾਗਮ ਪੰਜਾਬ ਦੀ ਇਨਕਲਾਬੀ ਜਮਹੂਰੀ ਲਹਿਰ 'ਚ ਸਰਗਰਮ ਸਾਥੀਆਂ 'ਤੇ ਅਧਾਰਿਤ ਅਜਾਇਬ ਸਿੰਘ ਸ਼ਰਧਾਂਜਲੀ ਸਮਾਗਮ ਕਮੇਟੀ ਵੱਲੋਂ ਜਥੇਬੰਦ ਕੀਤਾ ਜਾ ਰਿਹਾ ਹੈ। ਕਮੇਟੀ ਦੀ ਕਨਵੀਨਰ ਸੁਰਿੰਦਰ ਕੁਮਾਰੀ ਕੋਛੜ ਤੇ ਕਮੇਟੀ ਮੈਂਬਰਾਂ ਅਮੋਲਕ ਸਿੰਘ ਤੇ ਪਾਵੇਲ ਕੁੱਸਾ ਨੇ ਦੱਸਿਆ ਕਿ ਪਿਛਲੇ ਦਿਨੀ ਵਿਛੜੇ ਸਾਥੀ ਅਜਾਇਬ ਸਿੰਘ ਨੇ ਆਪਣੀ ਜ਼ਿੰਦਗੀ ਦੇ 56-57 ਵਰ੍ਹੇ ਇੱਕ ਪੇਸ਼ਾਵਰ ਇਨਕਲਾਬੀ ਵਜੋਂ ਲੋਕ ਇਨਕਲਾਬ ਦੇ ਲੇਖੇ ਲਾਏ। ਉਹ ਨਕਸਲਵਾੜੀ ਲਹਿਰ ਦੇ ਸ਼ੁਰੂਆਤੀ ਵਰ੍ਹਿਆਂ 'ਚ ਹੀ ਇੱਕ ਸਮਰਪਿਤ ਕਾਰਕੁੰਨ ਵਜੋਂ ਇਸ ਲਹਿਰ ਵਿੱਚ ਸ਼ਾਮਿਲ ਹੋਏ ਸਨ। ਇਸ ਲੰਮੇ ਸਫ਼ਰ ਦੌਰਾਨ ਉਨ੍ਹਾਂ ਨੇ ਵੱਖ-ਵੱਖ ਕਮਿਊਨਿਸਟ ਇਨਕਲਾਬੀ ਜਥੇਬੰਦੀਆਂ ਵਿੱਚ ਪੇਸ਼ਾਵਰ ਇਨਕਲਾਬੀ ਵਜੋਂ ਜ਼ਿੰਮੇਵਾਰੀਆਂ ਓਟੀਆਂ ਤੇ ਤਨਦੇਹੀ ਨਾਲ ਨਿਭਾਈਆਂ। ਉਹਨਾਂ ਨੇ ਆਪਣੀ ਸਮੁੱਚੀ ਜ਼ਿੰਦਗੀ ਮਨੁੱਖਤਾ ਦੀ ਮੁਕਤੀ ਦੇ ਮਹਾਨ ਕਾਜ ਦੇ ਲੇਖੇ ਲਗਾ ਦਿੱਤੀ। ਇਸ ਲੰਮੇ ਸਫ਼ਰ ਦੌਰਾਨ ਇਨਕਲਾਬੀ ਲਹਿਰ ਦੇ ਉਤਰਾਅ ਚੜ੍ਹਾਅ ਤੇ ਸੰਕਟਾਂ ਦੇ ਕਈ ਅਜ਼ਮਾਇਸ਼ੀ ਦੌਰ ਉਹਨਾਂ ਦੀ ਲੋਕ ਇਨਕਲਾਬ ਦੇ ਆਦਰਸ਼ ਵਿੱਚ ਨਿਹਚਾ ਨੂੰ ਕਦੇ ਵੀ ਡਾਵਾਂਡੋਲ ਨਹੀਂ ਕਰ ਸਕੇ। ਸਾਥੀ ਅਜਾਇਬ ਸਿੰਘ ਲੋਕਾਂ ਨੂੰ ਇਨਕਲਾਬ ਲਈ ਤਿਆਰ ਕਰਨ ਤੇ ਕਮਿ. ਇਨਕਲਾਬੀ ਘੁਲਾਟੀਆਂ ਵਜੋਂ ਕਾਰਕੁੰਨਾਂ ਦੀ ਉਸਾਰੀ ਕਰਨ ਦੇ ਕਾਰਜ ਵਿੱਚ ਸਦਾ ਡੂੰਘੀ ਤਰ੍ਹਾਂ ਜੁਟੇ ਰਹੇ। ਪੰਜਾਬ ਦੀ ਇਨਕਲਾਬੀ ਲਹਿਰ, ਸਾਥੀ ਦੇ ਅਡੋਲ ਤੇ ਨਿਹਚਾਵਾਨ ਸਫ਼ਰ 'ਤੇ ਡੂੰਘਾ ਮਾਣ ਮਹਿਸੂਸ ਕਰਦੀ ਹੈ ਤੇ ਇਸ ਸੰਗਰਾਮੀ ਜੀਵਨ ਦੇ ਇਨਕਲਾਬੀ ਸੁਨੇਹੇ ਨੂੰ ਬੁਲੰਦ ਕਰਦੀ ਹੈ। ਉਹਨਾਂ ਕਿਹਾ ਕਿ ਸਾਥੀ ਅਜਾਇਬ ਸਿੰਘ ਦੀ ਸਮਰਪਿਤ ਇਨਕਲਾਬੀ ਜ਼ਿੰਦਗੀ ਇਨਕਲਾਬੀ ਲਹਿਰ ਦੇ ਘੁਲਾਟੀਆਂ ਲਈ ਪ੍ਰੇਰਨਾਮਈ ਮਿਸਾਲ ਹੈ। ਉਹਨਾਂ ਨੂੰ ਸ਼ਰਧਾਂਜਲੀ ਦਿੰਦਿਆਂ ਉਹਨਾਂ ਦੀ ਇਸ ਸ਼ਾਨਾਂਮੱਤੀ ਘਾਲਣਾ ਨੂੰ ਉਭਾਰਿਆ ਜਾਵੇਗਾ। ਕਮੇਟੀ ਮੈਂਬਰਾਂ ਨੇ ਕਿਹਾ ਕਿ ਕਿਰਤੀ ਲੋਕਾਂ ਦੀਆਂ ਜ਼ਿੰਦਗੀਆਂ 'ਚ ਅਥਾਹ ਸੰਕਟਾਂ ਦੇ ਨਿਵਾਰਨ ਦਾ ਰਾਹ ਲੋਕ ਇਨਕਲਾਬ ਦਾ ਰਾਹ ਹੈ, ਸਾਥੀ ਅਜੈਬ ਸਿੰਘ ਦੇ ਨਿਸ਼ਾਨਿਆਂ ਵਾਲਾ ਰਾਹ ਹੈ। ਲੋਕਾਂ ਨੂੰ ਅੱਜ ਇਸ ਰਾਹ ਤੇ ਨਿਸ਼ਾਨੇ ਦਾ ਮਹੱਤਵ ਪਛਾਨਣ ਦੀ ਲੋੜ ਹੈ।ਸ਼ਰਧਾਂਜਲੀ ਸਮਾਗਮ ਕਮੇਟੀ ਵਿੱਚ ਸੁਰਿੰਦਰ ਕੁਮਾਰੀ ਕੋਛੜ (ਕਨਵੀਨਰ), ਅਮੋਲਕ ਸਿੰਘ, ਪਾਵੇਲ ਕੁੱਸਾ, ਬੂਟਾ ਸਿੰਘ ਮਹਿਮੂਦਪੁਰ, ਸੁਰਿੰਦਰ ਸਿੰਘ, ਦੀਪ ਕਲੇਰ, ਡਾ. ਸਾਹਿਬ ਸਿੰਘ ਸ਼ਾਮਿਲ ਹਨ।



# ਸਾਲਾਨਾ ਸੱਭਿਆਚਾਰਕ ਮੇਲਾ ਮਨਾਇਆ

**ਕਪੂਰਥਲਾ (ਮਨਜੀਤ ਮਾਨ)**- ਐਨ ਆਰ ਆਈ ਵੀਰ ਸੋਢੀ ਨਾਗਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 26 ਵਾਂ ਸਾਲਾਨਾ ਸੱਭਿਆਚਾਰਕ ਮੇਲਾ ਦਰਬਾਰ ਪੀਰ ਬਾਬਾ ਸੁਧਾਰ ਗਾਜੀ ਪਿੰਡ ਨਾਰਾਂਵਾਲੀ ਕੋਹਾਲਾ ਜਲੰਧਰ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਦਰਬਾਰ 'ਤੇ ਪਹੁੰਚ ਕੇ ਮਸ਼ਹੂਰ ਪੰਜਾਬੀ ਗਾਇਕ ਬਾਗੀ, ਪੰਜਾਬੀ ਦੋਗਾਣਾ ਗਾਇਕ ਜੋੜੀ ਅਮਰੀਕ ਮਾਈਕਲ ਅਤੇ ਨੂਰ ਸਿੱਧੂ , ਪੰਜਾਬੀ ਦੋਗਾਣਾ ਗਾਇਕ ਜੋੜੀ ਗੁਰਵੀਰ ਸਿੱਧੂ ਅਤੇ ਅਮਨ ਵਿਰਕ, ਗਾਇਕਾ ਕਿਰਨ ਸ਼ਰਮਾ ਅਤੇ ਹੋਰ ਕਲਾਕਾਰਾਂ ਵੱਲੋਂ ਹਾਜ਼ਰੀ ਲਗਵਾਈ ਗਈ । ਸਟੇਜ ਸਕੱਤਰ ਦੀ ਭੂਮਿਕਾ ਸਾਬੀ ਬਰਾੜ ਵੱਲੋਂ ਨਿਭਾਈ ਗਈ।ਮੇਲੇ ਦੇ ਆਯੋਜਨ ਲਈ ਐਨ ਆਰ ਆਈ ਵੀਰ ਅਵਤਾਰ ਨਾਗਰਾ ਕੈਨੇਡਾ, ਬੰਟੀ ਨਾਗਰਾ ਕੈਨੇਡਾ, ਗੈਰੀ ਨਾਗਰਾ ਅਮਰੀਕਾ, ਲੱਕੀ ਨਾਗਰਾ ਇਟਲੀ, ਮੰਨਾ ਨਗਰਾ ਕੈਨੇਡਾ, ਤੇਜ ਨਾਗਰਾ ਕੈਨੇਡਾ ਅਤੇ ਦਰਬਾਰ ਦੀ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਵਿਸ਼ੇਸ਼ ਤੌਰ ਤੇ ਸਹਿਯੋਗ ਕੀਤਾ ਗਿਆ।ਮੇਲੇ ਦੌਰਾਨ ਖਾਸ ਮਹਿਮਾਨ ਵਜੋਂ ਸੰਗੀਤਕਾਰ ਕੁਲਜੀਤ ਸਿੰਘ ਪਹੁੰਚੇ । ਮੇਲੇ ਵਿੱਚ ਬਾਬਾ ਜੀ ਦਾ ਅਟੁੱਟ ਲੰਗਰ ਵਰਤਾਇਆ ਗਿਆ ਤੇ ਠੰਡੇ ਮਿੱਠੇ ਜਲ ਦੀਆ ਛਬੀਲਾਂ ਲਗਾਈਆਂ ਗਈਆਂ । ਮੇਲੇ ਵਿੱਚ ਮਾਹਿਰ ਡਾਕਟਰਾਂ ਵੱਲੋਂ ਫ੍ਰੀ ਖੂਨਦਾਨ ਕੈਂਪ ਵੀ ਲਗਾਇਆ ਗਿਆ । ਮੇਲੇ ਦਾ ਸਿੱਧਾ ਪ੍ਰਸਾਰਣ ਕੀਤਾ ਗਿਆ ਆਰ ਪੀ ਡੀ ਲਾਈਵ ਚੈਨਲ ਵਲੋਂ।



## ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਦਿਨ ਰਾਤ ਇੱਕ ਕੀਤਾ ਜਾਵੇਗਾ : ਮਿਆਣੀ, ਮੁਲਤਾਨੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਦਿਨ ਰਾਤ ਇੱਕ ਕੀਤਾ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੋਂ ਜਾਣੂ ਕਰਵਾਇਆ ਜਾਵੇਗਾ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸਾਬਕਾ ਮੰਤਰੀ ਪੰਜਾਬ ਚੌਧਰੀ ਬਲਵੀਰ ਸਿੰਘ ਮਿਆਣੀ ਸੀਨੀਅਰ ਅਕਾਲੀ ਆਗੂ ਸਤਪਾਲ ਸਿੰਘ ਮੁਲਤਾਨੀ ਤੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਐਸ ਐਸ ਸੀ ਵਿੰਗ, ਸਰਬਜੀਤ ਸਿੰਘ ਮੋਮੀ ਨੇ ਗੱਲਬਾਤ ਦੌਰਾਨ ਕੀਤਾ। ਉਕਤ ਅਕਾਲੀ ਆਗੂਆਂ ਨੇ ਕਿਹਾ ਕਿ ਪਾਰਟੀ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦਿਨੋ ਦਿਨ ਮਜਬੂਤੀ ਵੱਲ ਵੱਧ ਰਿਹਾ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਿੰਡ ਪਿੰਡ ਜਾ ਕੇ ਸ਼੍ਰੋਮਣੀ ਅਕਾਲੀ ਦਲ ਦੀ ਮਜਬੂਤੀ ਲਈ ਨੁਕੜ ਮੀਟਿੰਗਾਂ ਕੀਤੀਆਂ ਜਾਣਗੀਆਂ। ਇਸ ਮੌਕੇ ਤੇ ਉਹਨਾਂ ਨਾਲ ਜ਼ਿਲਾ ਸਕੱਤਰ ਜਨਰਲ ਇਕਬਾਲ ਸਿੰਘ ਜੌਹਲ, ਸੁਖਵਿੰਦਰ ਸਿੰਘ ਜੋਨੀ ਮੁਲਤਾਨੀ, ਮਨਜੋਤ ਸਿੰਘ ਰਿਆੜ, ਕੁਲਦੀਪ ਸਿੰਘ ਲਾਡੀ, ਬੁੱਟਰ ਗੜ੍ਹਦੀਵਾਲਾ, ਸਰਪੰਚ ਨਿਸ਼ਾਨ ਸਿੰਘ ਦਬੁਰਜੀ ਸੁਰਿੰਦਰ ਕੁਮਾਰ ਗੜਦੀਵਾਲਾ,ਅਜੀਤ ਸਿੰਘ ਮੂਨਕਾਂ, ਕਮਲਜੀਤ ਸਿੰਘ ਮੂਨਕਾਂ, ਅਮਰਜੀਤ ਕਲਸੀਆ, ਨਿਰਵੈਰ ਸਿੰਘ ਖੁਡਾ, ਰਤਨ ਸਿੰਘ ਖੁੱਡਾ ਤੋਂ ਇਲਾਵਾ ਅਕਾਲੀ ਦਲ ਦੇ ਹੋਰ ਆਗੂ ਅਤੇ ਵਰਕਰ ਵੀ ਹਾਜ਼ਰ ਸੀ।



# ਕਿਸ਼ਨਗੜ੍ਹ 'ਚ ਬੱਚਿਆਂ ਨੂੰ ਖੇਡ ਕਿੱਟਾਂ ਵੰਡੀਆਂ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਪਿੰਡ ਕਿਸ਼ਨਗੜ੍ਹ ਦੇ ਖੇਡ ਮੈਦਾਨ 'ਚ ਸਮਾਜ ਸੇਵੀ ਅਤੇ ਖੇਡ ਪ੍ਰੇਮੀ ਹੇਰੀ ਸਿੰਘ ਸਾਬਕਾ ਇੰਸਪੈਕਟਰ ਸੀ ਆਈ ਐੱਸ ਐੱਫ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਲਈ ਵਿਸ਼ੇਸ਼ ਸਮਾਗਮ ਕੀਤਾ ਗਿਆ। ਇਸ ਮੌਕੇ ਉਨ੍ਹਾਂ ਖੇਡ ਕਿੱਟਾਂ ਵੰਡੀਆਂ ਅਤੇ ਉਨ੍ਹਾਂ ਨੂੰ ਫੁੱਟਬਾਲ ਦੀ ਵਿਸ਼ੇਸ਼ ਸਿਖਲਾਈ ਦਿੱਤੀ। ਹੀਰਾ ਸਿੰਘ ਪਿਛਲੇ 4 ਸਾਲਾਂ ਤੋਂ ਇਲਾਕੇ ਦੇ ਬੱਚਿਆਂ ਨੂੰ ਖੇਡ ਕਿੱਟਾਂ ਵੰਡ ਰਹੇ ਹਨ। ਇਸ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਏ ਐੱਸ ਆਈ ਜੋਗਾ ਸਿੰਘ, ਗੁਰਦੀਪ ਸਿੰਘ ਗਿੱਲਾ ਕੈਨੇਡਾ, ਬਲਦੇਵ ਸਿੰਘ, ਮਲਕੀਤ ਸਿੰਘ, ਸਤਵਿੰਦਰ ਸਿੰਘ, ਹਨੀ ਪੰਚ ਕਿਸ਼ਨਗੜ੍ਹ, ਮਾਸਟਰ ਭਾਗ ਰਾਮ ਸਰਪੰਚ ਸੰਘਵਾਲ, ਸੁਰਿੰਦਰ ਬੰਗੜ ਸਾਬਕਾ ਸਰਪੰਚ ਕਰਾੜੀ, ਅੰਮ੍ਰਿਤਪਾਲ ਸਿੰਘ ਸਰਨਾ ਕੰਪਿਊਟਰ, ਹਰਦੀਪ ਸਿੰਘ ਕਾਹਲਵਾਂ, ਰਵੀ ਕੁਮਾਰ ਦਿੱਲੀ, ਮਿਥੁਨ, ਜਸਬੀਰ ਸਿੰਘ ਅਲਾਵਲਪੁਰ ਅਤੇ ਸੰਜੀਵ ਕੁਮਾਰ ਸ਼ਾਮਲ ਸਨ।

# ਲੋੜਵੰਦ ਬਜ਼ੁਰਗ ਮਾਤਾ ਦੀ ਅਖਾਂ ਦਾ ਫਰੀ ਆਪ੍ਰੇਸ਼ਨ ਕਰਵਾਇਆ

**ਫਗਵਾੜਾ (ਜਸਵਿੰਦਰ ਢੱਡਾ)**- ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵੱਲੋਂ ਚਲਾਈ ਜਾ ਰਹੀ ਸਮਾਜ ਸੇਵਾ ਮੁਹਿੰਮ 'ਆਓ ਪੁੰਨ ਕਮਾਈਏ' ਤਹਿਤ ਇੱਕ ਹੋਰ ਲੋੜਵੰਦ ਬਜ਼ੁਰਗ ਮਾਤਾ ਦੀ ਅੱਖ ਨੂੰ ਨਵੀਂ ਰੌਸ਼ਨੀ ਪ੍ਰਦਾਨ ਕੀਤੀ ਗਈ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਚਿੱਟੇ ਮੋਤੀਏ ਨਾਲ ਪੀੜਤ ਬਜ਼ੁਰਗ ਮਾਤਾ ਮਹਿੰਦਰ ਕੌਰ ਦੀ ਅੱਖਾਂ ਦਾ ਸਫ਼ਲ ਆਪ੍ਰੇਸ਼ਨ ਡਾ. ਆਈਜ਼ ਸਪੈਸ਼ਲਿਸਟ ਡਾ. ਤੁਸ਼ਾਰ ਅੱਗਰਵਾਲ ਦੀ ਟੀਮ ਵਲੋਂ ਕੀਤਾ ਗਿਆ। ਆਪ੍ਰੇਸ਼ਨ ਲਈ ਆਰਥਕ ਸਹਿਯੋਗ ਸਵ. ਪ੍ਰਭਦੀਪ ਸਿੰਘ ਸਾਹਿਲ ਦੀ ਨਿੱਘੀ ਯਾਦ 'ਚ ਉਨ੍ਹਾਂ ਦੇ ਪਰਵਾਰ ਵਲੋਂ ਪ੍ਰਾਪਤ ਹੋਇਆ। ਇਸ ਮੌਕੇ ਕਰਵਾਏ ਗਏ ਸੰਖੇਪ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਗੁਰਬਚਨ ਸਿੰਘ (ਇੰਚਾਰਜ ਆਰ ਪੀ ਐੱਫ) ਤੇ ਵਿਸ਼ੇਸ਼ ਮਹਿਮਾਨ ਵਜੋਂ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਤੇ ਕੌਂਸਲਰ ਅਨੁਰਾਗ ਮਨਖੰਡ ਸ਼ਾਮਲ ਹੋਏ। ਆਰ ਪੀ ਐੱਫ ਇੰਚਾਰਜ ਗੁਰਬਚਨ ਸਿੰਘ ਨੇ ਕਿਹਾ ਕਿ ਸਮਾਜ ਤਾਂ ਹੀ ਖ਼ੁਸ਼ਹਾਲ ਹੁੰਦਾ ਹੈ, ਜਦੋਂ ਸਮਰੱਥ ਲੋਕ ਲੋੜਵੰਦਾਂ ਦਾ ਸਹਾਰਾ ਬਣਦੇ ਹਨ। ਕਿਸੇ ਦੀ ਨਜ਼ਰ ਵਾਪਸ ਲਿਆਉਣਾ ਸਿਰਫ਼ ਇਲਾਜ ਨਹੀਂ, ਸਗੋਂ ਉਸ ਦੀ ਜ਼ਿੰਦਗੀ ਵਿੱਚ ਉਮੀਦ, ਆਤਮ-ਵਿਸ਼ਵਾਸ ਅਤੇ ਖ਼ੁਸ਼ੀਆਂ ਵਾਪਸ ਲਿਆਉਣ ਦੇ ਬਰਾਬਰ ਹੈ। ਉਨ੍ਹਾਂ ਸਰਬ ਨੌਜਵਾਨ ਸਭਾ ਦੇ ਸੇਵਾ ਕਾਰਜਾਂ ਨੂੰ ਮਿਸਾਲੀ ਦੱਸਦਿਆਂ ਭਰਪੂਰ ਸ਼ਲਾਘਾ ਕੀਤੀ। ਵਿਸ਼ੇਸ਼ ਮਹਿਮਾਨ ਅਨੁਰਾਗ ਮਨਖੰਡ ਨੇ ਕਿਹਾ ਕਿ ਅਸਲ ਸਮਾਜ ਸੇਵਾ ਉਹ ਹੈ ਜੋ ਹਕੀਕਤ ਵਿੱਚ ਲੋੜਵੰਦ ਲੋਕਾਂ ਤੱਕ ਪਹੁੰਚੇ। ਇਸ ਮੌਕੇ ਏ ਐੱਸ ਆਈ ਮਲਕੀਤ ਸਿੰਘ (ਆਰ ਪੀ ਐੱਫ), ਸਵਰਨ ਸਿੰਘ ਪ੍ਰਧਾਨ ਹਲਵਾਈ ਯੂਨੀਅਨ, ਡਾ. ਵਿਜੇ ਕੁਮਾਰ, ਗੁਰਦੀਪ ਸਿੰਘ ਤੁਲੀ, ਰਵੀ ਸਿੱਧੂ, ਪਰਮਜੀਤ ਰਾਏ, ਆਰ.ਪੀ. ਸ਼ਰਮਾ, ਰਾਕੇਸ਼ ਕੋਛੜ, ਜਗਜੀਤ ਸੇਠ, ਰਣਜੀਤ ਸਿੰਘ ਬੇਦੀ, ਅਨੂਪ ਦੁੱਗਲ, ਗੁਲਸ਼ਨ ਕਪੂਰ, ਰਮਨ ਨੇਹਰਾ, ਕਮਲਜੀਤ ਸੈਣੀ, ਸੁੱਖਪ੍ਰੀਤ ਕੌਰ, ਖ਼ੁਸ਼ੀ ਰਾਣਾ, ਨਵਜੋਤ ਕੌਰ, ਗੁਰਜੀਤ ਕੌਰ ਅਤੇ ਆਸ਼ੂ ਬੱਗਾ ਸਮੇਤ ਹੋਰ ਪਤਵੰਤੇ ਮੌਜੂਦ ਰਹੇ।



# ਭ੍ਰਿਸ਼ਟ ਸਿਸਟਮ ਨੂੰ ਬਦਲਣ ਲਈ ਵਾਈਸ ਪ੍ਰਿੰਸੀਪਲ ਸਰਬਜੀਤ ਕੌਰ ਮਹਿਮੀ ਚੋਣ ਮੈਦਾਨ 'ਚ ਨਿਤਰੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਨਗਰ ਨਿਗਮ ਹੁਸ਼ਿਆਰਪੁਰ ਲਈ ਜਿਥੇ 5 ਜੁਲਾਈ ਨੂੰ ਵੋਟਾਂ ਪੈਣੀਆਂ ਹਨ। ਜਿਵੇਂ ਜਿਵੇਂ ਚੋਣਾਂ ਦੀ ਤਰੀਕ ਨੇੜੇ ਆ ਰਹੀ ਹੈ ਚੋਣ ਮੈਦਾਨ ਭਖਦਾ ਜਾ ਰਿਹਾ। ਡੋਰ ਟੂ ਡੋਰ ਪ੍ਰਚਾਰ ਮੁਹਿੰਮ ਨਾਲ ਉਮੀਦਵਾਰ ਵੋਟਰਾਂ ਨਾਲ ਸਿੱਧਾ ਰਾਬਤਾ ਬਣਾਕੇ ਵੋਟ ਪਾਉਣ ਲਈ ਅਪੀਲ ਕਰ ਰਹੇ ਹਨ। ਹੁਸ਼ਿਆਰਪੁਰ ਦੇ ਬਹੁਤੇ ਵਾਰਡਾਂ ਅੰਦਰ ਆਮ ਆਦਮੀ ਪਾਰਟੀ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਉਮੀਦਵਾਰਾਂ ਦਰਮਿਆਨ ਸਿੱਧੀ ਟੱਕਰ ਦੀਆਂ ਸੰਭਾਵਨਾਵਾਂ ਹਨ। ਬਹੁਜਨ ਸਮਾਜ ਪਾਰਟੀ ਵਲੋਂ ਵੀ ਆਪਣੇ ਉਮੀਦਵਾਰ ਮੈਦਾਨ ਵਿੱਚ ਉਤਾਰੇ ਹਨ ਜਿਨਾਂ ਕਰਕੇ ਸ਼ਹਿਰ ਦੇ ਕਈ ਵਾਰਡਾਂ ਵਿੱਚ ਇਹ ਮੁਕਾਬਲੇ ਹੋਰ ਵੀ ਰੌਚਕ ਤੇ ਫਸਵੇਂ ਹੋ ਗਏ ਹਨ। ਬਹੁਤੇ ਉਮੀਦਵਾਰ ਰਾਜਨੀਤੀ ਵਿੱਚ ਪੁਰਾਣਾ ਦਬਦਬਾ ਅਤੇ ਤਜਰਬੇ ਦੇ ਅਧਾਰ ਤੇ ਅਤੇ ਕੁੱਝ ਪੈਸੇ ਦੇ ਬਲਬੂਤੇ ਤੇ ਚੋਣ ਜਿੱਤਣ ਲਈ ਵੋਟਰਾਂ ਨੂੰ ਤਰਾਂ ਤਰਾਂ ਦੇ ਲਾਲਚ ਦੇ ਕੇ ਭਰਮਾਉਣ ਦੀ ਕੋਸ਼ਿਸ਼ ਕਰ ਰਹੇ ਹਨ।ਪਰ ਕੁਝ ਉਮੀਦਵਾਰ ਆਪਣੀ ਯੋਗਤਾ, ਇਮਾਨਦਾਰੀ ਅਤੇ ਕਾਬਲੀਅਤ ਨਾਲ ਭ੍ਰਿਸ਼ਟ ਸਿਸਟਮ ਨੂੰ ਬਦਲਣ ਲਈ ਚੋਣ ਮੈਦਾਨ ਵਿੱਚ ਕਿਸਮਤ ਅਜਮਾ ਰਹੇ ਹਨ, ਜਿਨਾਂ ਵਿਚੋਂ ਵਾਰਡ ਨੰਬਰ 23 ਤੋਂ ਬਹੁਜਨ ਸਮਾਜ ਪਾਰਟੀ ਵਲੋਂ ਸਰਬਜੀਤ ਕੌਰ ਮਹਿਮੀ ਐਮ ਏ , ਬੀ ਐਡ, ਪੀ ਜੀ ਡੀ ਸੀ ਏ ਵਾਈਸ ਪ੍ਰਿੰਸੀਪਲ ਸੀ ਬੀ ਐੱਸ ਈ ਸਕੂਲ ਵੀ ਚੋਣ ਮੁਹਿੰਮ ਵਿੱਚ ਵਾਰਡ ਨੂੰ ਸੁੰਦਰ ਬਣਾਉਣ ਤੇ ਵਾਰਡ ਵਾਸੀਆਂ ਨੂੰ ਚੰਗੀਆਂ ਸਿਹਤ, ਸੁਵਿਧਾਵਾਂ, ਸਿੱਖਿਆ ਤੇ ਹੋਰ ਸੁੱਖ ਸਹੂਲਤਾਂ ਪ੍ਰਦਾਨ ਕਰਾਉਣ ਦੇ ਵਾਅਦਿਆਂ ਨਾਲ ਵੋਟਾਂ ਮੰਗ ਰਹੀ ਹੈ। ਇਸ ਸਮੇਂ ਬਸਪਾ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ, ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ,ਸੁਖਦੇਵ ਬਿੱਟਾ ਸਕੱਤਰ ਪੰਜਾਬ, ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ, ਮਦਨ ਸਿੰਘ ਬੈਂਸ ਇੰਚਾਰਜ ਵਿਧਾਨ ਸਭਾ ਅਤੇ ਸੁਰਜੀਤ ਮਹਿਮੀ ਪ੍ਰਧਾਨ ਵਿਧਾਨ ਸਭਾ ਹੁਸ਼ਿਆਰਪੁਰ,ਵਿਜੇ ਖਾਨਪੁਰੀ ਚੋਣ ਪ੍ਰਚਾਰ ਲਈ ਹਿਮਾਇਤ ਵਿੱਚ ਡਟੇ ਹੋਏ ਹਨ। ਚੋਣ ਪ੍ਰਚਾਰ ਦੌਰਾਨ ਸਰਬਜੀਤ ਕੌਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਰਾਜਨੀਤੀ ਉਸਦਾ ਸ਼ੌਂਕ ਨਹੀਂ ਹੈ ਬਲਕਿ ਗੁਰੂਆਂ, ਰਹਿਬਰਾਂ, ਵਿਦਵਾਨਾਂ ਵਲੋਂ ਚਲਾਏ ਆਰਥਿਕ, ਸਮਾਜਿਕ ਤੇ ਰਾਜਨੀਤਕ ਪਰਿਵਰਤਨ ਦੇ ਸੰਘਰਸ਼ ਨੂੰ ਅੱਗੇ ਲੈ ਕੇ ਜਾਣ ਲਈ ਅਤੇ ਨਗਰ ਨਿਗਮ ਵਿਚ ਫੈਲੇ ਭ੍ਰਿਸ਼ਟ ਸਿਸਟਮ ਨੂੰ ਖਤਮ ਕਰਕੇ ਸ਼ਹਿਰ ਵਾਸੀਆਂ ਨੂੰ ਭ੍ਰਿਸ਼ਟਾਚਾਰ ਮੁਕਤ ਤੇ ਸਹੀ ਲੋਕਤੰਤਰ ਸਿਸਟਮ ਪ੍ਰਦਾਨ ਕਰਾਉਣ ਲਈ ਉਹ ਚੋਣ ਲੜ ਰਹੀ ਹੈ। ਸਰਬਜੀਤ ਕੌਰ ਨੇ ਕਿਹਾ ਕਿ ਜੇਕਰ ਵਾਰਡ ਵਾਸੀਆਂ ਨੇ ਉਸ ਨੂੰ ਸੇਵਾ ਦਾ ਮੌਕਾ ਦਿੱਤਾ ਤਾਂ ਉਹ ਸੇਵਾ ਕੇਂਦਰਾਂ, ਤਹਿਸੀਲ ਦਫਤਰਾਂ ਵਿੱਚ ਜਾਤੀ, ਜਨਮ, ਰਿਹਾਇਸ਼ ਅਤੇ ਹੋਰ ਸਰਟੀਫਿਕੇਟ ਬਣਾਉਣ ਲਈ ਹੁੰਦੀ ਖੱਜਲ ਖੁਆਰੀ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਾਉਣਗੇ।



# ਐੱਸ ਸੀ/ਬੀ ਸੀ ਅਧਿਆਪਕ ਯੂਨੀਅਨ ਦੀ ਮੀਟਿੰਗ

**ਸ਼ਾਹਕੋਟ, ਧਾਰੀਵਾਲ (ਗਿਆਨ ਸੈਦਪੁਰੀ, ਮਨਦੀਪ ਵਿੱਕੀ)** ਐੱਸ ਸੀ/ਬੀ ਸੀ ਅਧਿਆਪਕ ਯੂਨੀਅਨ ਪੰਜਾਬ ਦੀ ਹੰਗਾਮੀ ਮੀਟਿੰਗ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾਂ ਦੀ ਅਗਵਾਈ ਵਿੱਚ ਪੰਜਾਬੀ ਭਵਨ ਲੁਧਿਆਣਾ ਵਿਖੇ ਹੋਈ ਜਿਸ ਵਿੱਚ ਮੁਲਾਜ਼ਮਾਂ ਅਤੇ ਵਿਦਿਆਰਥੀਆਂ ਦੇ ਮਸਲਿਆਂ ਦੇ ਨਾਲ-ਨਾਲ ਪੰਜਾਬ



ਸਰਕਾਰ ਵੱਲੋਂ ਸਿੱਧੀ ਭਰਤੀ ਅਤੇ ਤਰੱਕੀਆਂ ਵਿੱਚ ਰਾਖਵਾਂਕਰਨ ਨੀਤੀ ਦੀ ਉਲੰਘਣਾ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਦੇ ਨਾਲ ਹੀ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਅਤੇ ਭਲਾਈ ਮੰਤਰੀ ਦੇ ਢਿੱਲਮੱਠ ਵਾਲੇ ਵਤੀਰੇ ਦੀ ਸਖ਼ਤ ਸ਼ਬਦਾ ਵਿੱਚ ਨਿਖੇਧੀ ਕੀਤੀ ਗਈ।10 ਜੁਲਾਈ ਨੂੰ ਰੋਸ ਧਰਨਾ ਦਿੰਦੇ ਹੋਏ ਭਲਾਈ ਮੰਤਰੀ, ਸਕੱਤਰ ਭਲਾਈ ਵਿਭਾਗ ਅਤੇ ਡਾਇਰੈਕਟਰ ਭਲਾਈ ਵਿਭਾਗ ਪੰਜਾਬ ਦੇ ਪੁਤਲੇ ਫੂਕੇ ਜਾਣਗੇ। ਮੀਟਿੰਗ 'ਚ ਸੂਬਾ ਸਕੱਤਰ ਜਨਰਲ ਬਲਵਿੰਦਰ ਲਤਾਲਾ, ਲਛਮਣ ਸਿੰਘ ਨਬੀਪੁਰ ਜਨਰਲ ਸਕੱਤਰ ਪੰਜਾਬ, ਪਰਵਿੰਦਰ ਭਾਰਤੀ ਸੀਨੀ. ਮੀਤ ਪ੍ਰਧਾਨ, ਵੀਰ ਸਿੰਘ ਸੀਨੀ.ਮੀਤ ਪ੍ਰਧਾਨ, ਹਰਦੀਪ ਸਿੰਘ ਤੂਰ ਮੀਤ ਪ੍ਰਧਾਨ, ਸੁਪਿੰਦਰ ਸਿੰਘ ਸਕੱਤਰ, ਹਰਪਾਲ ਸਿੰਘ ਮੀਤ ਪ੍ਰਧਾਨ, ਬਲਬੀਰ ਸਿੰਘ ਜ਼ਿਲ੍ਹਾ ਪ੍ਰਧਾਨ , ਕੁਲਬੀਰ ਸਿੰਘ ਫਾਜ਼ਿਲਕਾ, ਗੁਰਟੇਕ ਸਿੰਘ ਜਿਲ੍ਹਾ ਪ੍ਰਧਾਨ ਫਰੀਦਕੋਟ, ਲਛਮਣ ਸਿੰਘ ਨਬੀਪੁਰ ਜਿਲ੍ਹਾ ਪ੍ਰਧਾਨ ਪਟਿਆਲਾ, ਸੁਪਿੰਦਰ ਸਿੰਘ ਜਿਲ੍ਹਾ ਪ੍ਰਧਾਨ ਫਤਹਿਗੜ੍ਹ ਸਾਹਿਬ, ਪਰਵਿੰਦਰ ਭਾਰਤੀ ਰੂਪ ਨਗਰ, ਹਰਬੰਸ ਲਾਲ ਪਰਜੀਆਂ, ਦੇਸ ਰਾਜ ਜਲੰਧਰ, ਬਲਜੀਤ ਸਿੰਘ ਸਲਾਨਾ, ਸ਼ਮਸ਼ੇਰ ਸਿੰਘ,ਸੁੱਖਵਿੰਦਰ ਸਿੰਘ ਨਾਰੀਕੇ, ਪਰਮਜੀਤ ਸਿੰਘ ਤਰਨਤਾਰਨ, ਗੁਰਮੀਤ ਸਿੰਘ ਫਰੀਦਕੋਟ, ਦਰਸ਼ਨ ਸਿੰਘ ਸੁਹਾਗਹੇੜੀ, ਤਰਸੇਮ ਫਰੀਦਕੋਟ, ਕਰਮਜੀਤ ਸਿੰਘ ਇੱਕਲਾਹੀ, ਗੁਰਮੇਜ ਹੀਰ,ਸੁਖਪਾਲ ਬਕਰਾਹਾ,ਜਗਤਾਰ ਜੱਗੀ, ਪ੍ਰੇਮ ਸਿੰਘ ਮੌਲਵੀਵਾਲਾ, ਰਛਪਾਲ ਸਿੰਘ ਭੁਮਬਲੀ , ਸਵਿੰਦਰ ਸਿੰਘ ਜੈਤੋ ਸਰਜਾ, ਰਣਜੀਤ ਸਿੰਘ, ਬਿਆਸ ਲਾਲ, ਇੰਦਰਜੀਤ ਸਿੰਘ ਰੋਪੜ, ਹਰਜਿੰਦਰ ਸਿੰਘ, ਦਲਬਾਰਾ ਸਿੰਘ, ਰਾਜਵਿੰਦਰ ਸਿੰਘ, ਜਗਜੀਤ ਸਿੰਘ ਲੱਡਾ, ਪਲਮਿੰਦਰ ਸਿੰਘ, ਹਰੀਕ੍ਰਿਸ਼ਨ, ਅਮ੍ਰਿਤਪਾਲ ਸਿੰਘ, ਭਰਤ ਪ੍ਰਤਾਪ,. ਤੇ ਹੋਰ ਸਾਥੀ ਸਾਮਿਲ ਹੋਏ।

# ਸੜਕ ਹਾਦਸੇ 'ਚ ਪਰਵਾਰ ਦੇ ਚਾਰ ਮੈਂਬਰਾਂ ਦੀ ਮੌਤ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)-** ਜਲੰਧਰ ਪਠਾਨਕੋਟ ਹਾਈਵੇ ਤੇ ਸਥਿਤ ਅੱਡਾ ਕਿਸ਼ਨਗੜ੍ਹ ਕੋਲ ਸੋਮਵਾਰ ਸਵੇਰੇ ਪੰਜ ਕੁ ਵਜੇ ਦੋ ਕਾਰਾਂ ਦੀ ਟੱਕਰ ਚ ਇਕ ਪਰਵਾਰ ਦੇ ਚਾਰ ਜੀਆਂ ਦੀ ਮੌਤ ਤੇ ਇੱਕ ਹੋਰ ਪਰਵਾਰ ਦੇ ਪੰਜ ਜੀਅ ਜਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜਿਲ੍ਹਾ ਹੁਸ਼ਿਆਰਪੁਰ ਤੇ ਕਸਬਾ ਦਸੂਹਾ ਦੇ ਪਿੰਡ ਹਿੰਮਤਪੁਰ ਦੇ ਵ ਸਨੀਕ ਫੌਜੀ ਰੁਪਿੰਦਰ ਸਿੰਘ ਪੁੱਤਰ ਸੁਰਿੰਦਰ ਸਿੰਘ ਆਪਣੀ ਪਤਨੀ ਹਰਪ੍ਰੀਤ ਕੌਰ (ਡੇਢ ਸਾਲ) ਦੇ ਬੇਟੇ ਅਰਸ਼ਦੀਪ ਸਿੰਘ ਅਤੇ ਆਪਣੀ ਮਾਤਾ ਸੰਤੋਸ਼ ਕੌਰ ਨਾਲ ਹੁਸ਼ਿਆਰਪੁਰ ਗੱਡੀ ਬੇ ਲੋਨੋ ਵਿੱਚ ਸਵਾਰ ਹੋ ਕੇ ਆਪਣੇ ਘਰ ਤੋਂ ਹਜੂਰ ਸਾਹਿਬ ਦੇ ਦਰਸ਼ਨਾਂ ਲਈ ਜਾ ਰਹੇ ਸਨ ਜਦ ਉਹ ਪੰਜ ਕੁ ਵਜੇ ਕਿਸ਼ਨਗੜ੍ਹ ਚੌਂਕ ਪਾਰ ਕਰਕੇ ਹਾਈਵੇ ਤੇ ਸਥਿਤ ਜੋਹਲ ਢਾਬਾ ਦੇ ਕੋਲ ਪਹੁੰਚੇ ਤਾਂ ਕਾਰ ਚਲਾ ਰਹੇ ਰੁਪਿੰਦਰ ਸਿੰਘ ਨੂੰ ਨੀਂਦ ਦੀ ਝੱਪਟੀ ਆਉਣ ਤੇ ਕਾਰ ਡਿਵਾਈਡਰ ਪਾਰ ਕਰਕੇ ਜਲੰਧਰ ਵਾਲੀ ਸਾਈਡ ਤੋਂ ਆ ਰਹੀ ਯੂ ਪੀ ਨੰਬਰ ਕਰੇਟਾ ਕਾਰ ਦੇ ਵਿੱਚ ਆਹਮਣੇ ਸਾਹਮਣੇ ਟੱਕਰ ਹੋ ਗਈ। ਹਾਦਸਾ ਐਨਾ ਭਿਆਨਕ ਸੀ ਕਿ ਕਾਰ ਵਿੱਚ ਸਵਾਰ ਇਕੋ ਪਰਵਾਰ ਦੇ ਰੁਪਿੰਦਰ ਸਿੰਘ ਪੁੱਤਰ ਸੁਰਿੰਦਰ ਸਿੰਘ, ਹਰਪ੍ਰੀਤ ਕੌਰ ਪਤਨੀ ਰੁਪਿੰਦਰ ਸਿੰਘ ਅਰਸ਼ਦੀਪ ਸਿੰਘ ਡੇਢ ਸਾਲ ਪੁੱਤਰ ਰੁਪਿੰਦਰ ਸਿੰਘ ਅਤੇ ਰੁਪਿੰਦਰ ਸਿੰਘ ਦੀ ਮਾਤਾ ਸੰਤੋਸ਼ ਕੌਰ ਪਤਨੀ ਸੁਰਿੰਦਰ ਸਿੰਘ ਦੀ ਮੌਕੇ ਤੇ ਹੀ ਮੌਤ ਹੋ ਗਈ ਅਤੇ ਜਲੰਧਰ ਵੱਲੋਂ ਯੂਪੀ ਤੋਂ ਕਰੇਟਾ ਕਾਰ ਵਿੱਚ ਸਵਾਰ ਇੱਕ ਪਰਿਵਾਰ ਦੇ ਪੰਜ ਜਣੇ ਸਵਾਰ ਸਨ ਜਿਨਾਂ ਵਿੱਚ ਅਬਦੁੱਲ ਸਾਈਦ ਖਾਨ, ਅਲੀਨਾ ਖਾਨ ਪੁੱਤਰੀ ਅਬਦੁੱਲ ਸਈਦ ਖਾਨ, ਫੈਜ਼ਲ ਖਾਨ ਪੁੱਤਰੀ ਅਬਦੁੱਲ ਸਈਦ ਖਾਨ, ਪ੍ਰਵੀਨ ਖਾਨ ਪੁੱਤਰੀ ਅਬਦੁੱਲ ਸਈਦ ਖਾਨ, ਮੈਨਾਨ ਖਾਨ ਪੁੱਤਰੀ ਅਬਦੁੱਲ ਸਈਦ ਖਾਨ ਸਵਾਰ ਸਨ। ਇੱਕੋ ਪਰਿਵਾਰ ਦੇ ਪੰਜ ਗੰਭੀਰ ਰੂਪ ਜ਼ਖਮੀ ਹੋ ਗਿਆ। ਮੌਕੇ ਤੇ ਰਾਹਗੀਰਾਂ ਨੇ ਪ੍ਰਾਈਵੇਟ ਗੱਡੀ ਰਾਹੀਂ ਜ਼ਖਮੀ ਹੋਏ ਵਿਅਕਤੀਆਂ ਨੂੰ ਜਲੰਧਰ ਦੇ ਫੋਰਟਿਸ ਹਸਪਤਾਲ ਵਿੱਚ ਦਾਖਲ ਕਰਾਇਆ ਗਿਆ ਜਿੱਥੇ ਉਹਨਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਮੌਕੇ 'ਤੇ ਮੌਜੂਦ ਲੋਕਾਂ ਨੇ ਇਸ ਦੀ ਸੂਚਨਾ ਪੁਲਿਸ ਚੌਂਕੀ ਅਲਾਵਾਲਪੁਰ ਵਿਖੇ ਕੀਤੀ ਅਤੇ ਮੌਕੇ ਤੇ ਡੀ ਐੱਸ ਪੀ ਆਦਮਪੁਰ ਰਾਜੀਵ ਕੁਮਾਰ, ਚੌਂਕੀ ਇੰਚਾਰਜ ਰੁਪਿੰਦਰ ਪਾਲ ਸਿੰਘ ਅਲਾਵਾਲਪੁਰ ਪੁਲਿਸ ਪਾਰਟੀ ਸਮੇਤ ਪਹੁੰਚੇ ਜਿਨਾਂ ਨੇ ਮ੍ਰਿਤਕ ਵਿਅਕਤੀਆਂ ਦੇ ਲਾਸ਼ਾਂ ਨੂੰ ਕਬਜਾ 'ਚ ਲੈ ਕੇ ਜਲੰਧਰ ਦੇ ਸਿਵਲ ਹਸਪਤਾਲ ਵਿਖੇ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ। ਪੁਲਿਸ ਹਾਦਸੇ ਦੀ ਜਾਂਚ ਕਰ ਰਹੀ ਹੈ।



# ਸ੍ਰੀ ਗੁਰੂ ਰਵਿਦਾਸ ਦੀ ਬਾਣੀ ਤੇ ਜੀਵਨ 'ਤੇ ਸੈਮੀਨਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਬਾਣੀ ਵਿਚਾਰ ਚੇਤਨਾ ਮੰਚ ਰਜਿ. ਪੰਜਾਬ ਵੱਲੋਂ ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕਰਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਪੰਜਵਾਂ ਸੈਮੀਨਾਰ



ਚੰਡੀਗੜ੍ਹ ਵਿਖੇ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਇਆ ਗਿਆ।ਸੈਮੀਨਾਰ ਦੇ ਮੁੱਖ ਮਹਿਮਾਨ ਸਾਬਕਾ ਆਈ ਪੀ ਐਸ ਤੇ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਚੇਅਰਮੈਨ ਡਾ. ਮਨਮੋਹਨ ਨੇ ਕਿਹਾ ਕਿ ਜਦੋਂ ਇਨਸਾਨ ਨੂੰ ਇਨਸਾਨ ਨਾਲ ਨਫ਼ਰਤ ਸੀ, ਉਸ ਵੇਲੇ ਗੁਰੂ ਰਵਿਦਾਸ ਜੀ ਦੀ ਬਾਣੀ ਦੇ ਉਸ ਵੱਲੋਂ ਪੇਸ਼ ਕੀਤੀਆਂ ਸ਼ਹਾਦਤਾਂ ਨੇ ਸਮਾਜ ਨੂੰ ਇਕਸਾਰਤਾ ਬਖ਼ਸ਼ੀ, ਰਵਿਦਾਸ ਵੱਲੋਂ ਸ਼ੁਰੂ ਕੀਤਾ ਮਿਸ਼ਨ ਨੇ ਅਜਿਹਾ ਪ੍ਰਚੰਡ ਰੂਪ ਧਾਰਿਆ ਕਿ ਇਸ ਮਿਸ਼ਨ ਤੇ ਸਿੱਖਾਂ ਦੇ ਦਸਵੇਂ ਗੁਰੂ ਗੋਬਿੰਦ ਸਿੰਘ ਨੇ ਆਪਣਾ ਸਰਬੰਸ ਤੱਕ ਵਾਰ ਦਿੱਤਾ ਤੇ ਉਨ੍ਹਾਂ ਜਾਤਾਂ ਦਾ ਨਾਸ ਕਰਕੇ ਸਮਾਜ ਨੂੰ ਇੱਕਜੁੱਟਤਾ ਬਖ਼ਸ਼ੀ। ਦਲਿਤ ਚਿੰਤਕ ਡਾ. ਰੌਣਕੀ ਰਾਮ ਨੇ ਕਿਹਾ ਕਿ ਕਈ ਤਰ੍ਹਾਂ ਦੀਆਂ ਪ੍ਰੇਸ਼ਾਨੀਆਂ ਚੱਲ ਰਹੀ ਭਾਰਤੀ ਸੰਸਕ੍ਰਿਤੀ ਨੂੰ ਗੁਰੂ ਰਵਿਦਾਸ ਦੀ ਬਾਣੀ ਦਰੁਸਤ ਕਰ ਸਕਦੀ ਹੈ।

ਇਸ ਵੇਲੇ ਮੰਚ ਦੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਅਕੀਦਾ ਨੇ ਕਿਹਾ ਕੌਮੀ ਤੇ ਕੌਮਾਂਤਰੀ ਪੱਤਰ ਤੇ ਸਾਡਾ 24 ਸੈਮੀਨਾਰ ਕਰਾਉਣ ਦਾ ਟੀਚਾ ਹੈ, ਇਕ ਤਿੰਨ ਦਿਨਾਂ ਦੀ ਕਾਨਫ਼ਰੰਸ ਪਟਿਆਲਾ ਵਿਚ ਕਰਾਈ ਜਾਵੇਗੀ। ਇਸ ਵੇਲੇ ਡੀ ਪੀ ਆਰ ਪੰਜਾਬ ਦੇ ਜੁਆਇੰਟ ਡਾਇਰੈਕਟਰ ਪ੍ਰੀਤ ਕੰਵਲ ਸਿੰਘ, ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾ ਪ੍ਰਧਾਨ ਜੈ ਸਿੰਘ ਛਿੱਬਰ, ਜਗਦੀਸ਼ ਲਾਲ ਬੱਧਣ ਹੁਸ਼ਿਆਰਪੁਰ, ਪ੍ਰੋ. ਲਾਲ ਬਹਾਦਰ ਭਾਟੀਆ ਜਲੰਧਰ, ਡਾ. ਸੰਤੋਖ ਸੁੱਖੀ ਪਟਿਆਲਾ, ਬਲਵਿੰਦਰ ਸਿਪਰੇ, ਪਰਮਿੰਦਰ ਸਿੰਘ ਰਾਏਪੁਰ, ਹਰਨੇਕ ਸਿੰਘ ਚੁੰਨੀ, ਹਰਨਾਮ ਸਿੰਘ ਡੱਲਾ ਰੋਪੜ ਆਦਿ ਬੁਲਾਰਿਆਂ ਨੇ ਵੀ ਸੰਬੋਧਨ ਕੀਤਾ।

# ਸੜਕ ਬਣੀ ਲੁਟੇਰਿਆਂ ਦਾ ਠਿਕਾਣਾ, ਰੋਜ਼ਾਨਾ ਲੁੱਟਾਂ ਤੋਂ ਲੋਕ ਅੱਕੇ

**ਅੱਪਰਾ (ਨਿਰਮਲ ਗੁੜਾ)-** ਹਲਕਾ ਫਿਲੌਰ ਅੰਦਰ ਲੁਟੇਰਿਆਂ ਵਲੋਂ ਦਿਨ ਦਿਹਾੜੇ ਬੇਖੌਫ ਹਥਿਆਰਾਂ ਦੀ ਨੋਕ ਤੇ ਲੁੱਟਾਂ-ਖੋਹਾਂ ਕਰਨ ਲਈ ਹੌਸਲੇ ਇਨੇ ਬੁਲੰਦ ਹੋ ਚੁੱਕੇ ਹਨ ਕਿ ਲੁਟੇਰਿਆਂ ਨੂੰ ਨਾ ਤਾਂ ਲੋਕਾਂ ਦਾ ਡਰ ਹੈ ਤੇ ਨਾ ਹੀ ਪੁਲਸ ਦਾ ਡਰ ਹੈ। ਇਹਨਾਂ ਘਟਨਾਵਾਂ ਵਿੱਚ ਉਦੋਂ ਹੋਰ ਵੀ ਵਾਧਾ ਹੋ ਗਿਆ ਜਦੋਂ ਪਿੰਡ ਵਿਰਕ ਵਿਖੇ ਇਕ ਆਟੋ ਵਿੱਚ ਸਵਾਰ ਔਰਤ ਦੀਆਂ ਸੋਨੇ ਦੀਆਂ ਵਾਲੀਆਂ ਕੰਨਾਂ ਵਿਚੋਂ ਧੂਹ ਕੇ ਲੁਟੇਰੇ ਸ਼ਰੇਆਮ ਦਾਤਰਾਂ ਦੀ ਦਹਿਸ਼ਤ ਨਾਲ ਮੌਕੇ ਤੋਂ ਫਰਾਰ ਹੋ ਗਏ। ਘਟਨਾ ਦੀ ਜਾਣਕਾਰੀ ਦਿੰਦਿਆਂ ਪੀੜਤ ਸੱਤਿਆ ਪਤਨੀ ਚਰਨਜੀਤ ਸਿੰਘ ਵਾਸੀ ਪਿੰਡ ਵਿਰਕ ਨੇ ਦੱਸਿਆ ਕਿ ਉਹ ਫਗਵਾੜਾ ਤੋਂ ਆਟੋ ਵਿੱਚ ਸਵਾਰ ਹੋ ਕੇ ਪਿੰਡ ਵਿਰਕ ਨੂੰ ਆ ਰਹੀ ਸੀ, ਜਦਕਿ ਆਟੋ ਵਿਚ ਪੰਜ ਹੋਰ ਵੀ ਸਵਾਰੀਆਂ ਸਨ। ਜਦੋਂ ਪਿੰਡ ਵਿਰਕ ਦੇ ਨੇੜੇ ਆਟੋ ਪੁੱਜਾ ਤਾਂ ਪਿਛਿਓਂ ਸਕੂਟਰੀ ਤੇ ਸਵਾਰ ਤਿਨ ਲੁਟੇਰੇ ਆਏ ਦਾਤਰਾਂ ਦੀ ਨੋਕ ਤੇ ਆਓਟੋ ਰੁਕਵਾ ਕੇ ਕੰਨਾਂ ਵਿਚੋਂ ਸੋਨੇ ਦੀਆਂ ਵਾਲੀਆਂ ਧੂਹ ਕੇ ਫਰਾਰ ਹੋ ਗਏ। ਘਟਨਾ ਦੀ ਜਾਣਕਾਰੀ ਪੁਲਸ ਨੂੰ ਦੇ ਦਿੱਤੀ ਹੈ। ਇਸੇ ਤਰ੍ਹਾਂ ਲੁੱਟ-ਖੋਹ ਦਾ ਸ਼ਿਕਾਰ ਪੀੜਤ ਪ੍ਰਭਜੋਤ ਕੌਰ ਨੇ ਦੱਸਿਆ ਕਿ ਬੀਤੇ ਦਿਨੀ ਉਹ ਆਪਣੀ ਸੱਸ ਸੁਰਿੰਦਰ ਕੌਰ ਉਰਫ ਰਾਣੋ ਪਤਨੀ ਪ੍ਰੇਮ ਚੰਦ ਨਾਲ ਸਕੂਟਰੀ ਤੇ ਸਵਾਰ ਹੋ ਕੇ ਫਗਵਾੜਾ ਤੋਂ ਪਿੰਡ ਵਿਰਕ ਨੂੰ ਆ ਰਹੀਆਂ ਸਨ ਤਾਂ ਜਦੋਂ ਨਹਿਰ ਤੋਂ ਪਿੰਡ ਵਿਰਕ ਦੇ ਵਿਚਕਾਰ ਪੁਜੀਆਂ ਤਾਂ ਇਕ ਮੋਟਰਸਾਇਕਲ ਤੇ ਸਵਾਰ ਤਿਨ ਲੁਟੇਰੇ ਪਿਛਿਓਂ ਆਏ ਅਤੇ ਕੰਨ ਵਿਚੋਂ ਇਕ ਸੋਨੇ ਦੀ ਵਾਲੀ ਧੂਹ ਕੇ ਫਰਾਰ ਹੋ ਗਏ। ਘਟਨਾ ਦੀ ਜਾਣਕਾਰੀ ਦੁਸਾਂਝ ਕਲਾਂ ਦੀ ਪੁਲਸ ਨੂੰ ਦੇ ਦਿੱਤੀ ਗਈ ਹੈ। ਇਲਾਕਾ ਵਾਸੀਆਂ ਨੇ ਇਲਾਕੇ ਵਿੱਚ ਪੁਲਸ ਦੀ ਗਸ਼ਤ ਵਧਾਉਣ ਦੀ ਮੰਗ ਕੀਤੀ।



# ਕਾਂਗਰਸ ਤੇ 'ਆਪ' ਦੇ ਸੈਂਕੜੇ ਆਗੂ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ

**ਆਦਮਪੁਰ (ਪਰਮਜੀਤ ਸਿੰਘ)-** ਸ਼੍ਰੋਮਣੀ ਅਕਾਲੀ ਦਲ ਆਦਮਪੁਰ ਵੱਲੋਂ ਇੱਕ ਵਿਸ਼ਾਲ ਮਾਰਚ ਧਰਮਪਾਲ ਲੇਸੜੀਵਾਲ ਸੀਨੀਅਰ ਅਕਾਲੀ ਆਗੂ, ਪ੍ਰਭਜੋਤ ਸਿੰਘ, ਸਤਨਾਮ ਬਿੱਲਾ, ਤਰਨਵੀਰ ਸਿੰਘ ਆਦਿ ਦੀ ਅਗਵਾਈ ਹੇਠ ਪਾਰਟੀ ਦੀ ਚੜ੍ਹਦੀ ਕਲ੍ਹਾ ਲਈ ਅਤੇ ਲੋਕਾਂ ਨੂੰ ਪਾਰਟੀ ਪ੍ਰਤੀ ਲਾਮਬੰਦ ਕਰਨ ਲਈ ਵਿਸ਼ਾਲ ਮਾਰਚ ਕੱਢਿਆ ਗਿਆ। ਇਹ ਮਾਰਚ ਪ੍ਰਿੰਸ ਪੈਲਸ ਆਦਮਪੁਰ ਤੋਂ ਸ਼ੁਰੂ ਹੋ ਕੇ ਮੇਨ ਰੋਡ, ਰੇਲਵੇ ਰੋਡ ਤੋਂ ਹੁੰਦਿਆਂ ਹੋਇਆਂ ਖੁਰਦਪੁਰ ਵਿਖੇ ਸਮਾਪਤੀ ਕੀਤੀ। ਜਿੱਥੇ ਇੱਕ ਭਰਵਾਂ ਇਕੱਠ ਕਰਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿਚ ਯੂਥ ਵਰਕਰਾਂ ਅਤੇ ਸਮਰਥਕਾਂ ਨੇ ਹਾਜ਼ਰੀ ਲਗਵਾਈ। ਸਮਾਗਮ ਦੌਰਾਨ ਨਵੇਂ ਸ਼ਾਮਲ ਹੋਏ ਆਗੂਆਂ ਨੂੰ ਗੁਰਮੀਤ ਸਿੰਘ ਦਾਦੂਵਾਲ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਤੇ ਪਾਰਟੀ ਦੀ ਚੜ੍ਹਦੀ ਕਲਾ ਅਤੇ ਪੰਜਾਬ ਦੀ ਬਿਹਤਰੀ ਲਈ ਮਿਲਕੇ ਕੰਮ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਨੌਜਵਾਨਾਂ ਦਾ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨਾ ਪਾਰਟੀ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗਾ।ਆਉਣ ਵਾਲੇ ਸਮੇਂ ਵਿੱਚ ਹਲਕਾ ਆਦਮਪੁਰ ਵਿੱਚ ਪਾਰਟੀ ਦਾ ਅਧਾਰ ਹੋਰ ਮਜ਼ਬੂਤ ਹੋਵੇਗਾ। ਇਸ ਸਮੇਂ ਪਾਰਟੀ ਵਿਚ ਸ਼ਾਮਿਲ ਹੋਣ ਵਾਲੇ ਆਗੂਆਂ ਵਿੱਚ ਪ੍ਰਭਜੋਤ ਸਿੰਘ, ਸਤਨਾਮ ਬਿੱਲਾ,ਪ੍ਰੀਤ ਸੇਠੀ, ਪ੍ਰਿੰਸ ਸ਼ਰਮਾ, ਪ੍ਰੀਤਮ ਸਿੰਘ, ਸੁੱਖਾ ਡਮੁੰਡਾ, ਸਨੀ, ਸੌਰਵ ਆਦਮਪੁਰ, ਮਨਦੀਪ ਸਿੰਘ, ਅਭੀ, ਸੁਮੀਤ ਆਦਮਪੁਰ, ਐਵੀਂ ਕਾਲਰਾ, ਮਨੀ, ਤਨਵੀਰ ਸਿੰਘ, ਹਰਜੋਤ ਸਿੰਘ ਅਤੇ ਹੋਰ ਕਈ ਸਾਥੀ ਸ਼ਾਮਲ ਹੋਏ ਜਿਨ੍ਹਾਂ ਦਾ ਗੁਰਮੀਤ ਸਿੰਘ ਦਾਦੂਵਾਲ, ਧਰਮਪਾਲ ਲੇਸੜੀਵਾਲ ਸਮੇਤ ਸਾਰੇ ਅਕਾਲੀ ਆਗੂਆਂ ਨੇ ਇਨ੍ਹਾਂ ਦਾ ਪਾਰਟੀ ਵਿਚ ਸ਼ਾਮਿਲ ਹੋਣ ਤੇ ਨਿੱਘਾ ਸਵਾਗਤ ਕੀਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ, ਦਲਜੀਤ ਸਿੰਘ ਭੱਟੀ ਸਰਕਲ ਪ੍ਰਧਾਨ ਆਦਮਪੁਰ, ਦਲਵੀਰ ਸਿੰਘ ਖੋਜਕੀਪੁਰ, ਗੁਰਦਿਆਲ ਸਿੰਘ ਨਿੱਝਰ ਸੀਨੀਅਰ ਅਕਾਲੀ ਆਗੂ, ਕੁਲਵਿੰਦਰ ਸਿੰਘ ਟੋਨੀ ਪ੍ਰਧਾਨ ਬੀ.ਸੀ ਵਿੰਗ ਜਲੰਧਰ ਦਿਹਾਤੀ, ਕੁਲਦੀਪ ਸਿੰਘ ਖੁਰਦਪੁਰ, ਬਲਵਿੰਦਰ ਕੁਮਾਰ ਗਾਜੀਪੁਰ, ਦੀਪਾ ਆਦਮਪੁਰ ਮੌਜੂਦ ਸਨ।



# ਬਿਜਲੀ ਸਪਲਾਈ ਦੇ ਦਾਅਵੇ ਖੋਖਲੇ : ਸ਼ੇਰੋਵਾਲੀਆ

**ਸ਼ਾਹਕੋਟ (ਗਿਆਨ ਸੈਦਪੁਰੀ)-** ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਵਿਧਾਇਕ ਅਤੇ ਕਾਂਗਰਸ ਜ਼ਿਲ੍ਹਾ ਜਲੰਧਰ(ਦਿਹਾਤੀ) ਦੇ ਪ੍ਰਧਾਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਕਿਹਾ ਕਿ ਹੈ ਕਿ ਝੋਨੇ ਦੇ ਸੀਜ਼ਨ ਵਿੱਚ ਸਰਕਾਰ ਵੱਲੋਂ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਨਹੀਂ ਦਿੱਤੀ ਜਾ ਰਹੀ। ਝੋਨੇ ਦੇ ਪੀਕ ਸੀਜ਼ਨ ਵਿੱਚ ਕਿਸਾਨਾਂ ਨੂੰ ਨਿਰਾਸ਼ ਹੋਣਾ ਪੈ ਰਿਹਾ ਹੈ। ਬਿਜਲੀ ਦੀ ਲੋੜ ਅਨੁਸਾਰ ਸਪਲਾਈ ਨਾ ਹੋਣ ਕਾਰਨ ਝੋਨੇ ਦੇ ਖੇਤ ਸੁੱਕਣੇ ਸ਼ੁਰੂ ਹੋ ਗਏ ਹਨ। ਅਜਿਹੇ ਕਾਰਨ ਹੀ ਕਿਸਾਨ ਆਰਥਿਕ ਮੰਦਹਾਲੀ ਦਾ ਸ਼ਿਕਾਰ ਹੁੰਦੇ ਹਨ। ਝੋਨੇ ਦੇ ਸੀਜ਼ਨ ਵਿੱਚ ਬਿਜਲੀ ਦੀ ਸਪਲਾਈ ਠੀਕ ਢੰਗ ਨਾਲ ਨਾ ਹੋਣ ਕਾਰਨ ਕਿਸਾਨ ਮਾਯੂਸੀ ਦੇ ਆਲਮ ਵਿੱਚ ਹਨ। ਝੋਨੇ ਦਾ ਠੀਕ ਪਾਲਣ ਪੋਸ਼ਣ ਕਿਸਾਨਾਂ ਦੀਆਂ ਆਸਾਂ ਦੀ ਤੰਦ ਮਜ਼ਬੂਤ ਕਰਦਾ ਹੈ। ਬਿਜਲੀ ਦੀ ਠੀਕ ਤਰਾਂ ਸਪਲਾਈ ਨਾ ਹੋਈ ਤਾਂ ਆਸਾਂ ਦੀਆਂ ਤੰਦਾਂ ਟੁੱਟ ਜਾਣਗੀਆਂ। ਸ਼ੇਰੋਵਾਲੀਆ ਨੇ ਕਿਹਾ ਕਿ ਝੋਨੇ ਦੇ ਸੀਜ਼ਨ ਵਿੱਚ ਬਿਜਲੀ ਦੀ ਸਪਲਾਈ 'ਚ ਵਿਘਨ ਦਾ ਮਤਲਬ ਹੈ, ਮਜ਼ਦੂਰਾਂ ਦੀ ਰੋਟੀ ਰੋਜ਼ੀ 'ਚ ਵਿਘਨ। ਮਜ਼ਦੂਰ ਵਰਗ ਪਹਿਲਾਂ ਹੀ ਆਰਥਿਕ ਤੌਰ 'ਤੇ ਝੰਬਿਆ ਪਿਆ ਹੈ।





ਰੋਜ਼ਾਨਾ ਨਵਾਂ ਜ਼ਮਾਨਾ 'ਚ ਰੌਜਾ ਸ਼ਰੀਫ਼ ਮੰਢਾਲੀ ਮੇਲੇ 'ਤੇ ਪੱਤਰਕਾਰ ਅਵਤਾਰ ਕਲੇਰ ਵੱਲੋਂ ਕੱਢੇ ਗਏ ਵਿਸ਼ੇਸ਼ ਸਪਲੀਮੈਂਟ ਨੂੰ ਰਿਲੀਜ਼ ਕਰਦੇ ਹੋਏ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਤੇ ਸੰਗਤਾਂ। (ਫੋਟੋ ਅਤੇ ਵੇਰਵਾ : ਅਵਤਾਰ ਕਲੇਰ, ਬੰਗਾ)

# ਬਰਸੀ ਸਮਾਗਮ ਸ਼ਰਧਾ ਪੂਰਵਕ ਸੰਪੰਨ

**ਅੱਡਾ ਸਰਾਂ (ਜਸਵੀਰ ਕਾਜਲ)-** ਧੰਨ ਧੰਨ ਬ੍ਰਹਮ ਗਿਆਨੀ ਸੰਤ ਬਾਬਾ ਨਰਾਇਣ ਦਾਸ ਜੀ ਦੀ ਨਿੱਘੀ ਯਾਦ ਵਿੱਚ ਪਿੰਡ ਕੰਧਾਲਾ ਜੱਟਾਂ ਵਿਖੇ ਗੱਦੀ ਨਸ਼ੀਨ ਬਾਬਾ ਹਰਭਜਨ ਦਾਸ ਦੀ ਦੇਖਰੇਖ ਹੇਠ ਨਗਰ ਨਿਵਾਸੀ ਸਾਧ ਸੰਗਤ ਐਨ ਆਰ ਆਈ ਸੰਗਤ ਤੇ ਸੇਵਕਾਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ ਕਰਵਾਇਆ ਗਿਆ। ਬਰਸੀ ਸਮਾਗਮ ਦੀ ਆਰੰਭਤਾ ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਕੇ ਹੋਈ ਤੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ, ਭੋਗ ਉਪਰੰਤ ਭਾਈ ਤੇਜਪਾਲ ਸਿੰਘ ਅਤੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਵਿਖੇ ਰੋਜ਼ਾਨਾ ਕੀਰਤਨ ਕਰਨ ਵਾਲੇ ਬੱਚਿਆਂ ਨੇ ਕੀਰਤਨ ਰਾਹੀਂ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਕਥਾਵਾਚਕ ਅਤੇ ਹੋਰ ਕੀਰਤਨੀ ਜੱਥਿਆਂ ਨੇ ਵੀ ਹਾਜ਼ਰੀ ਲਗਵਾਈ । ਇਸ ਮੌਕੇ ਸੇਵਕਾਂ ਵੱਲੋਂ ਸੰਗਤਾਂ ਲਈ ਚਾਹ ਪਕੌੜਿਆਂ, ਮਠਿਆਈਆਂ, ਠੰਡੇ ਮਿੱਠੇ ਜਲ ਦੀ ਛਬੀਲ, ਕੋਲਡ ਡਰਿੰਕ, ਆਈਸਕ੍ਰੀਮ ਦਾ ਲੰਗਰ, ਛੋਲੇ ਪੂੜੀਆਂ ਦਾ ਲੰਗਰ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪਿੰਡ ਕੰਧਾਲਾ ਜੱਟਾਂ ਦੀ ਸਮੂਹ ਗ੍ਰਾਮ ਪੰਚਾਇਤ, ਸੁਖਵਿੰਦਰ ਸਿੰਘ ਮੂਨਕ, ਸਾਬਕ ਸਰਪੰਚ ਜੋਗਿੰਦਰ ਸਿੰਘ ਹੀਰ, ਗੁਰਮੇਲ ਸਿੰਘ ਸੈਕਟਰੀ, ਦੀਪਾ ਕਰਤਾਰਪੁਰ, ਪੰਚ ਤਰਸੇਮ ਸਿਘ, ਜਸਵਿੰਦਰ ਸਿੰਘ, ਲਾਡੀ ਸਿੰਘ, ਅਮਰਜੀਤ ਸਿੰਘ, ਚਮਨਪ੍ਰੀਤ ਸਿੰਘ, ਜਸਵੀਰ ਨਿੱਕਾ, ਬਾਬਾ ਨਰੈਣ ਦਾਸ ਜੀ ਵੈਲਫੇਅਰ ਕਮੇਟੀ ਅਤੇ ਨਗਰ ਨਿਵਾਸੀ ਹਾਜ਼ਰ ਸਨ।

# ਆਰ ਬੀ ਯੂ ਨੇ ਭਾਰਤ ਦੀਆਂ ਸਰਵੋਤਮ ਯੰਗ 'ਵਰਸਿਟੀਆਂ 'ਚ ਬਣਾਈ ਵਿਸ਼ੇਸ਼ ਥਾਂ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਰਿਆਤ ਬਾਹਰਾ ਯੂਨੀਵਰਸਿਟੀ (ਆਰ ਬੀ ਯੂ) ਨੇ ਕਰੀਅਰ360 ਇੰਡੀਆਜ਼ ਬੈਸਟ ਯੰਗ ਯੂਨੀਵਰਸਿਟੀਜ਼ 2026 ਅਤੇ ਇੰਡੀਆਜ਼ ਬੈਸਟ ਇੰਜੀਨੀਅਰਿੰਗ ਇੰਸਟੀਚਿਊਟਸ 2026 ਰੈਂਕਿੰਗ ਵਿੱਚ ਵੱਕਾਰੀ ਸਨਮਾਨ ਹਾਸਲ ਕਰਕੇ ਇੱਕ ਹੋਰ ਮਹੱਤਵਪੂਰਨ ਉਪਲਬਧੀ ਆਪਣੇ ਨਾਮ ਕੀਤੀ ਹੈ। ਇਸ ਸ਼ਾਨਦਾਰ ਪ੍ਰਾਪਤੀ ਨਾਲ ਯੂਨੀਵਰਸਿਟੀ ਨੇ ਦੇਸ਼ ਦੀਆਂ ਪ੍ਰਮੁੱਖ ਉੱਚ ਸਿੱਖਿਆ ਸੰਸਥਾਵਾਂ ਵਿੱਚ ਆਪਣੀ ਮਜ਼ਬੂਤ ਪਛਾਣ ਅਤੇ ਅਕਾਦਮਿਕ ਸਾਖ ਨੂੰ ਹੋਰ ਮਜ਼ਬੂਤ ਕੀਤਾ ਹੈ।ਕਰੀਅਰ360 ਵੱਲੋਂ ਜਾਰੀ ਕੀਤੀ ਗਈ ਰੈਂਕਿੰਗ ਅਨੁਸਾਰ ਰਿਆਤ ਬਾਹਰਾ ਯੂਨੀਵਰਸਿਟੀ ਨੂੰ ਭਾਰਤ ਦੀਆਂ ਸਰਵੋਤਮ ਯੰਗ ਯੂਨੀਵਰਸਿਟੀਆਂ 2026 ਵਿੱਚ ਏਏਏ+ (111+) ਰੇਟਿੰਗ ਨਾਲ ਸਨਮਾਨਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਯੂਨੀਵਰਸਿਟੀ ਦੇ ਸਕੂਲ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੂੰ ਭਾਰਤ ਦੇ ਸਰਵੋਤਮ ਇੰਜੀਨੀਅਰਿੰਗ ਸੰਸਥਾਨ 2026 ਦੀ ਰੈਂਕਿੰਗ ਵਿੱਚ ਏਏਏ (111) ਰੇਟਿੰਗ ਪ੍ਰਾਪਤ ਹੋਈ ਹੈ।ਇਹ ਮਾਨਤਾ ਯੂਨੀਵਰਸਿਟੀ ਦੀ ਅਕਾਦਮਿਕ ਉੱਤਮਤਾ, ਨਵੀਨਤਾਕਾਰੀ ਸੋਚ, ਗੁਣਵੱਤਾ ਭਰਪੂਰ ਸਿੱਖਿਆ, ਆਧੁਨਿਕ ਖੋਜ ਅਤੇ ਉਦਯੋਗ-ਮੁਖੀ ਸਿੱਖਣ ਪ੍ਰਣਾਲੀ ਪ੍ਰਤੀ ਉਸਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਹੈ।ਕਰੀਅਰ360 ਵੱਲੋਂ ਸੰਸਥਾਵਾਂ ਦਾ ਮੁਲਾਂਕਣ ਵਿਦਿਆਰਥੀਆਂ ਤੇ ਫੈਕਲਟੀ ਦੀ ਗੁਣਵੱਤਾ, ਸਿੱਖਣ ਦੀ ਪ੍ਰਭਾਵਸ਼ੀਲਤਾ, ਬੁਨਿਆਦੀ ਢਾਂਚਾ, ਖੋਜ ਕਾਰਜ, ਗ੍ਰੈਜੂਏਟ ਨਤੀਜੇ, ਪਲੇਸਮੈਂਟ ਅਤੇ ਵਿਭਿੰਨਤਾ ਵਰਗੇ ਮਹੱਤਵਪੂਰਨ ਮਾਪਦੰਡਾਂ ਦੇ ਆਧਾਰ 'ਤੇ ਕੀਤਾ ਗਿਆ। ਇਹ ਤਾਜ਼ਾ ਉਪਲਬਧੀਆਂ ਇੱਕ ਵਾਰ ਫਿਰ ਸਾਬਤ ਕਰਦੀਆਂ ਹਨ ਕਿ ਰਿਆਤ ਬਾਹਰਾ ਯੂਨੀਵਰਸਿਟੀ ਭਾਰਤ ਦੀਆਂ ਪ੍ਰਮੁੱਖ ਉੱਚ ਸਿੱਖਿਆ ਸੰਸਥਾਵਾਂ ਵਿੱਚ ਲਗਾਤਾਰ ਆਪਣਾ ਮਕਾਮ ਹੋਰ ਮਜ਼ਬੂਤ ਕਰ ਰਹੀ ਹੈ।ਇਸ ਮੌਕੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਇਹ ਸਨਮਾਨ ਯੂਨੀਵਰਸਿਟੀ ਦੇ ਫੈਕਲਟੀ ਮੈਂਬਰਾਂ, ਵਿਦਿਆਰਥੀਆਂ, ਖੋਜਕਰਤਾਵਾਂ ਅਤੇ ਪ੍ਰਸ਼ਾਸਨਿਕ ਸਟਾਫ਼ ਦੀ ਸਾਂਝੀ ਮਿਹਨਤ, ਸਮਰਪਣ ਅਤੇ ਉੱਤਮਤਾ ਪ੍ਰਤੀ ਵਚਨਬੱਧਤਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸੰਸਥਾ ਗੁਣਵੱਤਾ ਭਰਪੂਰ ਸਿੱਖਿਆ ਅਤੇ ਵਿਸ਼ਵ ਪੱਧਰੀ ਅਕਾਦਮਿਕ ਮਾਪਦੰਡਾਂ ਨੂੰ ਕਾਇਮ ਰੱਖਣ ਲਈ ਲਗਾਤਾਰ ਯਤਨਸ਼ੀਲ ਹੈ।




# ਗੁਰੂ ਨਾਨਕ ਆਈਸ ਫੈਕਟਰੀ ਦੇ ਬਾਹਰ ਛਬੀਲ ਤੇ ਲੰਗਰ ਲਗਾਇਆ

**ਕਰਤਾਰਪੁਰ (ਹਰਮੇਸ਼ ਦੱਤ)-** ਧੰਨ ਧੰਨ ਸਾਹਿਬ ਸੀ ਗੁਰੂ ਅਰਜਨ ਦੇਵ ਸਾਹਿਬ ਤੇ ਸਮੂਹ ਸ਼ਹੀਦਾਂ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਤ 28 ਜੂਨ ਨੂੰ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ (ਰਜਿ:) ਕਰਤਾਰਪੁਰ ਸਾਹਿਬ, ਸਮੂਹ ਸੰਗਤਾਂ ਤੇ ਐਨ ਆਰ ਆਈਜ਼ ਦੇ ਸਹਿਜਯੋਗ ਨਾਲ ਗੁਰੂ ਨਾਨਕ ਆਈਸ ਫੈਕਟਰੀ ਦੇ ਬਾਹਰ 23 ਵੀਂ ਵਿਸ਼ਾਲ ਛਬੀਲ ਤੇ ਲੰਗਰ ਲਗਾਇਆ ਗਿਆ।ਜਿੱਥੇ ਸੁਸਾਇਟੀ ਦੇ ਸਮੂਹ ਨੌਜਵਾਨਾਂ, ਬੀਬੀਆ ਤੇ ਬਜ਼ੁਰਗਾਂ ਵਲੋਂ ਰਾਹਗੀਰਾਂ ਨੂੰ ਠੰਢੇ ਮਿੱਠੇ ਜਾਲ ਦੀ ਛਬੀਲ ਤੇ ਗੁਰੂ ਕਾ ਲੰਗਰ ਛਕਾਇਆ ਗਿਆ । ਇਸ ਮੌਕੇ ਸੁਸਾਇਟੀ ਦੇ ਸਰਪ੍ਰਸਤ ਮਨਜੀਤ ਸਿੰਘ, ਚੇਅਰਮੈਨ ਓਂਕਾਰ ਸਿੰਘ, ਪ੍ਰਧਾਨ ਗੁਰਦਿੱਤ ਸਿੰਘ, ਖ਼ਜ਼ਾਨਚੀ ਐਡਵੋਕੇਟ ਮਨਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ, ਮੀਤ ਪ੍ਰਧਾਨ ਪ੍ਰਭਜੋਤ ਸਿੰਘ, ਸਕੱਤਰ ਸਾਬ ਸਿੰਘ, ਮੁੱਖ ਸਲਾਹਕਾਰ ਨਿਰਵੈਰ ਸਿੰਘ, ਸਲਾਹਕਾਰ ਹਰਜੀਤ ਸਿੰਘ, ਸਟੋਰ ਕੀਪਰ ਗੁਰਬੀਰ ਸਿੰਘ, ਬਾਬਾ ਅਮਰੀਕ ਸਿੰਘ ( ਕਾਰ ਸੇਵਾ ਖਡੂਰ ਸਾਹਿਬ), ਵਰੁਣ ਬਾਵਾ ( ਪ੍ਰਧਾਨ ਨਗਰ ਕੌਂਸਲਰ ਕਰਤਾਰਪੁਰ), ਜਤਿਨ ਸ਼ਰਮਾ ( ਮੀਤ ਪ੍ਰਧਾਨ ਨਗਰ ਕੌਂਸਲਰ ਕਰਤਾਰਪੁਰ), ਸ਼ਾਮ ਸੁੰਦਰ (ਕੌਂਸਲ), ਸੇਵਾ ਸਿੰਘ, ਜਸਵਿੰਦਰ ਸਿੰਘ ਬਬਲਾ, ਹਰਜੋਧ ਸਿੰਘ ਜੋਧਾ, ਕੁਲਦੀਪ ਸਿੰਘ, ਸੁਖਬੀਰ ਸਿੰਘ, ਦਵਿੰਦਰ ਸਿੰਘ, ਮਾਸਟਰ ਅਮਰੀਕ ਸਿੰਘ, ਲੈਂਬਰ ਸਿੰਘ, ਜਤਿੰਦਰ ਸਿੰਘ ਨੂਰ, ਇੰਦਰਜੀਤ ਸਿੰਘ, ਰਵਿੰਦਰ ਸਿੰਘ, ਪ੍ਰਭਜੀਤ ਸਿੰਘ, ਅਜੈਪਾਲ ਸਿੰਘ, ਗੁਰਕੀਰਤ ਸਿੰਘ, ਹਰਮਨ ਸਿੰਘ ਰੰਧਾਵਾ, ਇੰਦਰਪਾਲ ਸਿੰਘ, ਗੁਰਪ੍ਰੀਤ ਸਿੰਘ ਖ਼ਾਲਸਾ, ਮਨਮੀਤ ਸਿੰਘ, ਹਰਮਨਪ੍ਰੀਤ ਸਿੰਘ, ਜਸਕੀਰਤ ਸਿੰਘ, ਰਾਜਜੀਤ ਸਿੰਘ ਰਾਜੀ, ਇੰਦਰਜੀਤ ਸਿੰਘ, ਸ਼ੈਲੀ ਪਾਜੀ, ਹੈਰੀ, ਪ੍ਰਭਜੋਤ ਸਿੰਘ, ਸ਼ਰਨਜੋਤ ਸਿੰਘ, ਚਰਨਜੀਤ ਸਿੰਘ, ਅਕਜੋਤ ਸਿੰਘ, ਰਣਦੀਪ ਸਿੰਘ, ਸੁਖਪ੍ਰੀਤ ਸਿੰਘ ਪ੍ਰਭਪ੍ਰੀਤ ਸਿੰਘ, ਗੁਰਤੇਜ ਸਿੰਘ, ਦਵਿੰਦਰ ਸਿੰਘ, ਪ੍ਰਮੋਧ ਮਲਹੋਤਰਾ, ਹਰਦੀਪ ਸਿੰਘ, ਤਜਿੰਦਰ ਸਿੰਘ ਨਿੱਕਾ, ਦੀਪਕ ਸ਼ਰਮਾ, ਮਨਜੀਤ ਸਿੰਘ, ਗਗਨਦੀਪ ਸਿੰਘ, ਗੁਰਵਿੰਦਰ ਸਿੰਘ, ਹਰਮਨ ਸਿੰਘ , ਸੁਖਰਾਜ ਸਿੰਘ , ਮਨਕੀਰਤ ਸਿੰਘ, ਸਹਿਜਦੀਪ ਸਿੰਘ , ਦਮਨਜੀਤ ਸਿੰਘ , ਇੰਦਰ, ਫ਼ਤਿਹ ਸਿੰਘ, ਗੁਰਤੇਜ ਸਿੰਘ, ਰਾਜਵਿੰਦਰ ਕੌਰ (ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲਰ ਕਰਤਾਰਪੁਰ), ਕੁਲਵਿੰਦਰ ਕੌਰ (ਕੌਂਸਲਰ) ਰਜਿੰਦਰ ਕੌਰ, ਸੁਨੀਤਾ ਰਾਣੀ, ਸਤਵਿੰਦਰ ਕੌਰ, ਬੀਬੀ ਹਰਬੰਸ ਕੌਰ, ਬੀਬੀ ਕੁਲਵਿੰਦਰ ਕੌਰ, ਅੰਮ੍ਰਿਤ ਕੌਰ, ਵਿਪਨਦੀਪ ਕੌਰ, ਨਵਪ੍ਰੀਤ ਕੌਰ, ਅਮਰਜੀਤ ਕੌਰ, ਪਰਨੀਤ ਕੌਰ, ਅਰਸ਼ਦੀਪ ਕੌਰ, ਕਮਲਪ੍ਰੀਤ ਕੌਰ, ਮਨਦੀਪ ਕੌਰ, ਗਗਨਦੀਪ ਕੌਰ, ਗਗਨਦੀਪ ਕੌਰ, ਇਕਜੋਤ ਕੌਰ, ਮਨਪ੍ਰੀਤ ਕੌਰ , ਸੁਮਨਜੀਤ ਕੌਰ, ਸਿਮਰਨ ਕੌਰ, ਮਨਦੀਪ ਕੌਰ, ਹਰਸਿਮਰਤ ਕੌਰ, ਬਲਜੀਤ ਕੌਰ, ਜਸਵਿੰਦਰ ਕੌਰ, ਅਮਨਦੀਪ ਕੌਰ, ਜਤਿੰਦਰ ਕੌਰ, ਖੁਸ਼ਬੂ ਆਦਿ ਸੈਂਕੜੇ ਗਿਣਤੀ ਵਿੱਚ ਹਾਜ਼ਰ ਸਨ ।



## ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ 'ਵਰਸਿਟੀ ਪ੍ਰੀਖਿਆ 'ਚ ਮਾਰੀਆਂ ਮੱਲਾਂ

**ਜਲੰਧਰ (ਸ਼ੈਲੀ ਐਲਬਰਟ)-** ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐਮ.ਏ. (ਮਿਊਜ਼ਿਕ ਵੋਕਲ) ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਕੋਮਲਪ੍ਰੀਤ ਕੌਰ ਨੇ 10 ਐਸ ਜੀ ਪੀ ਏ ਵਿਚੋਂ 9.75 ਐਸ ਜੀ ਪੀ ਏ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਪਹਿਲਾ ਸਥਾਨ, ਇੰਦਰਪ੍ਰੀਤ ਕੌਰ ਅਤੇ ਬਬੀਤਾ ਨੇ 9.50 ਐਸ ਜੀ ਪੀ ਏ ਅੰਕ ਪ੍ਰਾਪਤ ਕਰਕੇ ਸਾਂਝੇ ਰੂਪ ਵਿਚ ਦੂਜਾ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਸ਼ੇਸ਼ ਤੌਰ ਤੇ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਉਨ੍ਹਾਂ ਇਹ ਵੀ ਕਿਹਾ ਕਿ ਕਾਲਜ ਇਨ੍ਹਾਂ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰੇਗਾ ਤੇ ਆਉਣ ਵਾਲਿਆਂ ਨਤੀਜਿਆਂ ਵਿਚੋਂ ਵੀ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਣਗੇ, ਉਨ੍ਹਾਂ ਨੂੰ ਵੀ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾਣਗੀਆਂ। ਇਸ ਮੌਕੇ ਪ੍ਰੋ. ਸੁਖਦੇਵ ਸਿੰਘ ਮੁਖੀ ਸੰਗੀਤ ਵਿਭਾਗ ਵੀ ਹਾਜ਼ਰ ਸਨ।



## ਚੱਕ ਸਾਬੂ 'ਚ ਜਿੰਮ ਦਾ ਉਦਘਾਟਨ

**ਫਿਲੌਰ (ਨਿਰਮਲ)-** ਪਿੰਡ ਚੱਕ ਸਾਬੂ ਵਿਖੇ ਆਮ ਆਦਮੀ ਪਾਰਟੀ ਦੀ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆਂ ਵੱਲੋਂ ਵਿਸ਼ਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਪਿੰਡ ਵਿੱਚ ਨਵੇਂ ਬਣੇ ਜਿੰਮ ਦਾ ਉਦਘਾਟਨ ਕੀਤਾ ਅਤੇ ਛੱਪੜ ਥਾਪਰ ਮਾਡਲ ਦਾ ਮੁਆਇਨਾ ਕੀਤਾ।ਇਸ ਮੌਕੇ ਹਰਜੋਤ ਕੌਰ ਲੋਹਟੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਉਦੇਸ਼ ਹਰ ਪਿੰਡ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਉਣਾ ਹੈ।ਇਸ ਮੌਕੇ ਸਰਪੰਚ ਬਲਕਾਰ ਸਿੰਘ, ਬਲਾਕ ਪ੍ਰਧਾਨ ਪਰਮੇਸ਼ਰ ਪੰਡਿਤ, ਹਲਕਾ ਮੀਡੀਆ ਇੰਚਾਰਜ ਮਨਦੀਪ ਸਿੰਘ ਸ਼ਾਹਪੁਰ, ਵਰਿੰਦਰ ਸੈਣੀ, ਡਾ. ਪ੍ਰਿੰਸ, ਸਰਪੰਚ ਰਸੂਲਪੁਰ, ਸੰਗਠਨ ਇੰਚਾਰਜ ਸੁਖਦੀਪ ਅਪਰਾ, ਸੰਜੇ ਅਟਵਾਲ, ਪਰਵਿੰਦਰ ਸਿੰਘ ਮਾਹਲ, ਵਾਇਸ ਮੀਡੀਆ ਇੰਚਾਰਜ ਗੌਰਵ ਬਾਵਾ, ਰਣਜੀਤ ਸਿੰਘ, ਮਾਰਕੀਟ ਕਮੇਟੀ ਦੇ ਚੇਅਰਮੈਨ ਰੋਸ਼ਨ ਲਾਲ ਰੋਸ਼ੀ ਸਮੇਤ ਸਮੂਹ ਪੰਚਾਇਤ ਮੈਂਬਰ ਅਤੇ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।



# ਰੋਜ਼ਾ ਸ਼ਰੀਫ਼ ਮੰਢਾਲੀ ਮੇਲਾ ਝੰਡੇ ਤੇ ਚਿਰਾਗਾਂ ਦੀ ਰਸਮ ਨਾਲ ਸ਼ੁਰੂ

**ਬੰਗਾ (ਅਵਤਾਰ ਕਲੇਰ)-** ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਰੌਜ਼ਾ ਸ਼ਰੀਫ਼ ਮੰਢਾਲੀ ਵਿਖੇ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਦੀ ਰਹਿਨੁਮਾਈ ਹੇਠ 29 ਜੂਨ ਤੋਂ 3 ਜੁਲਾਈ ਤੱਕ ਮਨਾਇਆ ਜਾ ਰਿਹਾ ਹੈ।

ਪੰਜ ਦਿਨਾਂ ਦਿਨ-ਰਾਤ ਚੱਲਣ ਵਾਲਾ ਮੇਲਾ ਝੰਡੇ ਦੀ ਰਸਮ ਅਤੇ ਚਿਰਾਗਾਂ ਦੀ ਰਸਮ ਨਾਲ ਸ਼ੁਰੂ ਹੋਇਆ। ਕੁਲ ਲੋਕਾਈ ਦੇ ਭਲੇ ਲਈ ਦੁਆ ਕੀਤੀ ਗਈ।ਵੱਖ-ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ ਜੀ, ਬੀਬੀ ਸੀਤਾ ਦੇਵੀ, ਮੁਹੰਮਦ ਆਸ਼ਿਕ ਨੀਲਾ, ਮੀਰਾ ਸ਼ਰਮਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਕਮਲਜੀਤ ਕੌਰ ਸਾਬਕਾ ਸਰਪੰਚ, ਰੋਸ਼ਨ ਲਾਲ ਸਰਪੰਚ ਕੁਲਥਮ, ਬਲਜੀਤ ਸਿੰਘ ਸਾਬਕਾ ਸਰਪੰਚ ਕੁਲਥਮ, ਡਾ. ਸਤਨਾਮ ਸਿੰਘ ਪਰਸੋਵਾਲ, ਹੁਸਨ ਲਾਲ ਨੰਬਰਦਾਰ ਜੱਬੋਵਾਲ, ਜਗਜੀਤ ਪੀਟਾ, ਮਲਕੀਤ ਮੰਢਾਲੀ, ਚਰਨਜੀਤ ਰਾਏ, ਸੋਨੂੰ ਜੱਸੋਮਜਾਰਾ, ਡਾ ਜਗਦੀਸ਼ ਮੁਹੰਮਦ, ਗੋਰਾ ਚੱਕ ਪ੍ਰੇਮਾ, ਪੱਪੀ ਅਨੀਹਰ, ਸਨੀ, ਮਨੀ, ਗੱਗੀ, ਹਨੀ, ਬੰਟੀ, ਨੂਰ ਮੁਹੰਮਦ, ਸੋਨੀ ਮੰਢਾਲੀ, ਚੰਨੀ ਖੋਥੜਾਂ ਆਦਿ ਹਾਜ਼ਰ ਸਨ।



# ਹਲਕੇ 'ਚ ਸੜਕਾਂ ਦੇ ਨਵੀਨੀਕਰਨ ਨਾਲ ਵਿਕਾਸ ਨੂੰ ਮਿਲੀ ਨਵੀਂ ਰਫ਼ਤਾਰ : ਹਰਜੋਤ ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-** ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਵਿਕਾਸ ਦੇ ਨਵੇਂ ਮਿਆਰ ਸਥਾਪਿਤ ਕਰਦੇ ਹੋਏ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸੜਕਾਂ ਦੇ ਨਵੀਨੀਕਰਨ ਦਾ ਕੰਮ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਲੰਮਲੈਹੜੀ-ਨਾਨੋਵਾਲ ਪਿੰਡ ਤੋਂ ਜੱਜਰ ਰਾਮਪੁਰ (ਗੁਰਦੁਆਰਾ ਘੋੜਿਆਂ ਦਾ ਘਾਹ) ਵੱਲ ਜਾਣ ਵਾਲੀ ਸੜਕ ਇਸ ਵਿਕਾਸ ਦੀ ਤਾਜ਼ਾ ਮਿਸਾਲ ਬਣ ਕੇ ਸਾਹਮਣੇ ਆਈ ਹੈ। ਇੱਕ ਪਾਸੇ ਹਰਿਆ-ਭਰਿਆ ਕੁਦਰਤੀ ਵਾਤਾਵਰਨ ਅਤੇ ਦੂਜੇ ਪਾਸੇ ਉੱਚ ਮਿਆਰੀ ਤਰੀਕੇ ਨਾਲ ਤਿਆਰ ਕੀਤੀਆਂ ਸੜਕਾਂ ਇਲਾਕੇ ਦੀ ਸੁੰਦਰਤਾ ਨੂੰ ਚਾਰ ਚੰਦ ਲਗਾ ਰਹੀਆਂ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਉਹੀ ਸੜਕਾਂ ਹਨ ਜੋ ਪਿਛਲੇ ਕਈ ਸਾਲਾਂ ਤੋਂ ਖਸਤਾਹਾਲ ਹੋਣ ਕਾਰਨ ਲੋਕਾਂ ਲਈ ਵੱਡੀ ਸਮੱਸਿਆ ਬਣੀਆਂ ਹੋਈਆਂ ਸਨ। ਇਨ੍ਹਾਂ ਦੀ ਨਾ ਤਾਂ ਢੰਗ ਨਾਲ ਮੁਰੰਮਤ ਹੋ ਸਕੀ ਸੀ ਅਤੇ ਨਾ ਹੀ ਨਵੀਆਂ ਸੜਕਾਂ ਬਣਾਉਣ ਵੱਲ ਕੋਈ ਵੱਡਾ ਕਦਮ ਚੁੱਕਿਆ ਗਿਆ ਸੀ। ਸਥਾਨਕ ਵਸਨੀਕਾਂ ਨੂੰ ਆਵਾਜਾਈ ਦੌਰਾਨ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਜਿਸ ਕਾਰਨ ਰੋਜ਼ਾਨਾ ਦੇ ਕੰਮ ਵੀ ਪ੍ਰਭਾਵਿਤ ਹੁੰਦੇ ਸਨ। ਹੁਣ ਜਦੋਂ ਇਹ ਸੜਕਾਂ ਮੁੜ ਨਵੇਂ ਰੂਪ ਵਿੱਚ ਤਿਆਰ ਹੋ ਕੇ ਲੋਕਾਂ ਦੇ ਸਾਹਮਣੇ ਆਈਆਂ ਹਨ, ਤਾਂ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਦਿਖਾਈ ਦੇ ਰਹੀ ਹੈ।ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਕਸਰ ਕਹਿੰਦੇ ਹਨ ਕਿ ਹਲਕੇ ਵਿੱਚ ਲਗਭਗ 200 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਇਹ ਸਿਰਫ ਇੱਕ ਬਿਆਨ ਨਹੀਂ ਰਹਿ ਗਿਆ, ਸਗੋਂ ਜ਼ਮੀਨੀ ਪੱਧਰ 'ਤੇ ਹੋ ਰਿਹਾ ਕੰਮ ਇਸ ਗੱਲ ਨੂੰ ਸਾਬਤ ਕਰ ਰਿਹਾ ਹੈ।



# ਮੁਹਾਲੀ 'ਚ 54 ਹਜ਼ਾਰ ਬੱਚਿਆਂ ਨੂੰ ਪੋਲੀਉ ਰੋਕੂ ਬੂੰਦਾਂ ਪਿਲਾਈਆਂ

**ਮੋਹਾਲੀ (ਗੁਰਜੀਤ ਬਿੱਲਾ)-** ਜ਼ਿਲ੍ਹਾ ਐਸ ਏ ਐਸ ਨਗਰ ਵਿਚ 'ਨੈਸ਼ਨਲ ਇਮੀਊਨਾਈਜ਼ੇਸ਼ਨ ਡੇਅ (ਐਨ.ਆਈ.ਡੀ)' ਮੁਹਿੰਮ ਦੇ ਪਹਿਲੇ ਦਿਨ 5 ਸਾਲ ਤੋਂ ਘੱਟ ਉਮਰ ਦੇ 54, 739 ਬੱਚਿਆਂ ਨੂੰ ਪੋਲੀਉ ਰੋਕੂ ਬੂੰਦਾਂ ਪਿਲਾਈਆਂ ਗਈਆਂ। ਇਹ ਮੁਹਿੰਮ 30 ਜੂਨ ਤਕ ਚੱਲ ਰਹੀ ਹੈ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ.ਗਿਰੀਸ਼ ਡੋਗਰਾ ਨੇ ਦਸਿਆ ਕਿ ਇਸ ਮੁਹਿੰਮ ਤਹਿਤ ਘਰਾਂ ਤੋਂ ਇਲਾਵਾ ਉਚ-ਜੋਖਮ ਵਾਲੇ ਖੇਤਰ, ਭੱਠੇ, ਨਿਰਮਾਣ ਸਥਾਨ, ਬਸਤੀਆਂ, ਝੁੱਗੀਆਂ,ਡੇਰੇ ਆਦਿ ਸਮੇਤ ਸਾਰੀਆਂ ਥਾਵਾਂ ਕਵਰ ਕੀਤੀਆਂ ਜਾ ਰਹੀਆਂ ਹਨ। ਜ਼ਿਲ੍ਹੇ ਦੇ ਸਾਰੇ ਸਿਹਤ ਪ੍ਰੋਗਰਾਮ ਅਫ਼ਸਰਾਂ ਅਤੇ ਸੀਨੀਅਰ ਮੈਡੀਕਲ ਅਫ਼ਸਰਾਂ ਨੇ ਆਪੋ-ਅਪਣੇ ਖੇਤਰ ਵਿਚ ਜਾ ਕੇ ਜਿਥੇ ਮੁਹਿੰਮ ਦੀ ਨਿਗਰਾਨੀ ਕੀਤੀ, ਉਥੇ ਮੁਹਿੰਮ ਦੀ ਸਫ਼ਲਤਾ ਲਈ ਸਿਹਤ ਕਾਮਿਆਂ ਅਤੇ ਲੋਕਾਂ ਨੂੰ ਉਤਸ਼ਾਹਤ ਕੀਤਾ। ਡਾ. ਜੈਨ ਨੇ ਦਸਿਆ ਕਿ ਜ਼ਿਲ੍ਹੇ ਵਿਚ 1,68,876 ਬੱਚਿਆਂ ਨੂੰ ਪੋਲੀਓ-ਰੋਕੂ ਬੂੰਦਾਂ ਪਿਲਾਉਣ ਦਾ ਟੀਚਾ ਹੈ। ਦਵਾਈ ਪਿਲਾਉਣ ਲਈ ਕਈ ਟੀਮਾਂ ਬਣਾਈਆਂ ਗਈਆਂ ਹਨ ਜਿਨ੍ਹਾਂ ਵਿਚ ਡਾਕਟਰ, ਐੱਲ ਐੱਚ ਵੀ, ਏ ਐੱਨ ਐਮਜ਼, ਹੈਲਥ ਇੰਸਪੈਕਟਰ, ਸਿਹਤ ਵਰਕਰ, ਆਸ਼ਾ ਵਰਕਰ ਅਤੇ ਨਰਸਿੰਗ ਕਾਲਜਾਂ ਦੇ ਵਿਦਿਆਰਥੀ ਆਦਿ ਸ਼ਾਮਲ ਹਨ। ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜ ਸਾਲ ਤੋਂ ਘੱਟ ਉਮਰ ਵਾਲੇ ਅਪਣੇ ਹਰ ਬੱਚੇ ਨੂੰ ਪੋਲੀਓ ਰੋਕੂ ਦਵਾਈ ਪਿਲਾਉਣ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਨੂੰ ਪਹਿਲਾਂ ਹੀ ਪੋਲੀਓ-ਮੁਕਤ ਐਲਾਨਿਆ ਹੋਇਆ ਹੈ ਪਰ ਪੋਲੀਓ-ਮੁਕਤੀ ਨੂੰ ਕਾਇਮ ਰੱਖਣ ਲਈ ਬੱਚਿਆਂ ਨੂੰ ਲਗਾਤਾਰ ਦਵਾਈ ਪਿਲਾਉਣਾ ਬਹੁਤ ਜ਼ਰੂਰੀ ਹੈ। ਮਾਪੇ ਅਪਣੇ ਬੱਚਿਆਂ ਨੂੰ ਦਵਾਈ ਜ਼ਰੂਰ ਪਿਲਾਉਣ ਚਾਹੇ ਬੱਚੇ ਦਾ ਕੁਝ ਘੰਟੇ ਪਹਿਲਾਂ ਹੀ ਜਨਮ ਕਿਉਂ ਨਾ ਹੋਇਆ ਹੋਵੇ ਜਾਂ ਬੇਸ਼ੱਕ ਬੱਚੇ ਨੂੰ ਖੰਘ, ਜ਼ੁਕਾਮ, ਬੁਖ਼ਾਰ, ਦਸਤ ਜਾਂ ਹੋਰ ਕੋਈ ਬੀਮਾਰੀ ਹੋਵੇ ਕਿਉਂਕਿ ਇਹ ਦਵਾਈ ਪੀਣ ਨਾਲ ਕੋਈ ਮਾੜਾ ਅਸਰ ਨਹੀਂ ਹੁੰਦਾ।



## ਸੰਤ ਬਾਬਾ ਰਣਜੀਤ ਸਿੰਘ ਦਾ ਜਨਮ ਦਿਹਾੜਾ 5 ਨੂੰ

**ਆਦਮਪੁਰ (ਪਰਮਜੀਤ ਸਿੰਘ)-** ਪੂਜਨੀਕ ਬ੍ਰਹਮ ਗਿਆਨੀ ਮਹਾਨ ਤਪੱਸਵੀ ਸ੍ਰੀਮਾਨ ਸੰਤ ਬਾਬਾ ਰਣਜੀਤ ਸਿੰਘ ਸ੍ਰੀ ਹਰਿਗੋਬਿੰਦਪੁਰ (ਭੋਗਪੁਰ) ਦਾ ਪਾਵਨ ਜਨਮ ਦਿਹਾੜਾ 5 ਜੁਲਾਈ ਨੂੰ ਫਗਵਾੜਾ ਤੋਂ ਹੁਸ਼ਿਆਰਪੁਰ ਰੋਡ ਤੇ ਸਥਿਤ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦਗੜ੍ਹ, ਭੋਗਪੁਰ ਵਿਖੇ ਬੜੀ ਸ਼ਰਧਾ, ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਜਥੇਦਾਰ ਤਲਵਿੰਦਰ ਸਿੰਘ (ਬਾਬਾ ਪਰਮੇਸ਼ਰ ਸਿੰਘ) ਨੇ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਉਪਰੰਤ ਰਾਗੀ, ਢਾਡੀ ਅਤੇ ਕਥਾਵਾਚਕ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕਰਨਗੇ। ਇਸ ਮੌਕੇ ਸੰਤ ਬਾਬਾ ਰਣਜੀਤ ਸਿੰਘ ਦੇ ਉੱਚ ਆਦਰਸ਼ਾਂ, ਨਾਮ ਸਿਮਰਨ, ਸੇਵਾ ਅਤੇ ਮਨੁੱਖਤਾ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸੰਤ ਮਹਾਪੁਰਖਾਂ ਨੇ ਆਪਣਾ ਸਾਰਾ ਜੀਵਨ ਗੁਰਮਤਿ ਦੇ ਪ੍ਰਚਾਰ-ਪ੍ਰਸਾਰ ਅਤੇ ਲੋਕ ਭਲਾਈ ਲਈ ਸਮਰਪਿਤ ਕੀਤਾ, ਜਿਸ ਕਰਕੇ ਅੱਜ ਵੀ ਸੰਗਤਾਂ ਉਨ੍ਹਾਂ ਦੇ ਦਰਸਾਏ ਹੋਏ ਮਾਰਗ 'ਤੇ ਚੱਲ ਕੇ ਆਤਮਿਕ ਲਾਭ ਪ੍ਰਾਪਤ ਕਰ ਰਹੀਆਂ ਹਨ।



# ਸਤਿਗੁਰੂ ਕਬੀਰ ਦਾ ਪ੍ਰਕਾਸ਼ ਉਤਸਵ ਮਨਾਇਆ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)-** ਸਤਿਗੁਰੂ ਕਬੀਰ ਮਹਾਰਾਜ ਜੀ ਦਾ 629ਵਾਂ ਪ੍ਰਕਾਸ਼ ਉਤਸਵ ਸਥਾਨਕ ਸ੍ਰੀ ਗੁਰੂ ਰਵਿਦਾਸ ਮੰਦਿਰ, ਵਾਰਡ ਨੰਬਰ 8, ਬਲਾਚੌਰ ਵਿਖੇ ਸੰਗਤਾਂ ਵੱਲੋਂ ਬੜੀ ਧੂਮਧਾਮ ਅਤੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ, ਸਤਨਾਮ ਸਿੰਘ ਜਲਾਲਪੁਰ, ਗੁਰੂ ਕਿਰਪਾ ਦਾਸ (ਰਾਮ ਮੰਦਿਰ), ਦਿਲਬਰ ਕੋਲਗੜ੍ਹ, ਕੇ ਸੀ ਫਰਨੀਚਰ ਹਾਊਸ ਅਤੇ ਪੰਮਾ ਭਾਟੀਆ ਨੇ ਮੁੱਖ ਮਹਿਮਾਨਾਂ ਵਜੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਗੁਰੂ ਚਰਨਾਂ ਵਿੱਚ ਸੀਸ ਨਿਵਾਇਆ।ਸਮਾਗਮ ਦੀ ਰੂਪ-ਰੇਖਾ ਤਹਿਤ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਇਸ ਤੋਂ ਬਾਅਦ ਵਿਸ਼ੇਸ਼ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਵਿੱਚ ਪ੍ਰਸਿੱਧ ਕੀਰਤਨੀਏ ਭਾਈ ਤਰਸੇਮ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਰਸਭਿੰਨੇ ਕੀਰਤਨ ਦੁਆਰਾ ਨਿਹਾਲ ਕੀਤਾ। ਸਮਾਗਮ ਦੌਰਾਨ ਸੰਗਤਾਂ ਲਈ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਸਮਾਗਮ ਨੂੰ ਸਫਲ ਬਣਾਉਣ ਵਿੱਚ ਸ੍ਰੀ ਗੁਰੂ ਰਵਿਦਾਸ ਮੰਦਿਰ ਪ੍ਰਬੰਧਕ ਕਮੇਟੀ ਦੇ ਸੈਕਟਰੀ ਸੰਜੀਵ ਕੁਮਾਰ ਮਿੰਟੂ, ਪ੍ਰਧਾਨ ਸੋਮਨਾਥ ਆਰੇ ਵਾਲੇ, ਵਾਈਸ ਪ੍ਰਧਾਨ ਪਰਵਿੰਦਰ ਮੈਨਕਾ, ਸੁਖਵੰਤ ਰਾਏ ਪੱਪੂ, ਖਜਾਨਚੀ ਮਲਕੀਤ ਕੁਮਾਰ, ਰੂਪ ਲਾਲ, ਪਰਵਿੰਦਰ ਸਿੰਘ ਲਾਲੀ, ਹੇਮਰਾਜ, ਰਮੇਸ਼ ਜਨਾਗਲ, ਸ਼ਸ਼ੀ ਮੈਨਕਾ, ਨਿਰਮਲਾ ਰਾਣੀ, ਕੁਲਦੀਪ ਸਿੰਘ, ਕੇਵਲ ਕ੍ਰਿਸ਼ਨ, ਸੋਮਨਾਥ ਮੈਨਕਾ,ਵਿਸ਼ਾਲ ਜਨਗਲ,ਜੋਵਨ ਗੰਗੜ, ਖੁਸ਼ਵੰਤ ਸਿੰਘ ਤੇ ਵਿਵੇਕ ਮੇਨਕਾ ਸਮੇਤ ਸਮੂਹ ਮੈਂਬਰਾਂ ਨੇ ਅਹਿਮ ਯੋਗਦਾਨ ਪਾਇਆ।



# ਸ਼ਾਹਕੋਟ ਦੇ ਸਿਆਸੀ ਸੰਸਾਰ 'ਚ ਹਲਚਲ ਤੇਜ਼

**ਸ਼ਾਹਕੋਟ (ਗਿਆਨ ਸੈਦਪੁਰੀ)-** ਵਿਧਾਨ ਸਭਾ ਦੀਆਂ ਚੋਣਾਂ ਨਿਰਧਾਰਤ ਸਮੇਂ ਤੋਂ ਪਹਿਲਾਂ ਹੋਣ ਦੇ ਚਰਚਿਆਂ ਦਰਮਿਆਨ ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਸਰਗਰਮ ਵੱਖ ਵੱਖ ਸਿਆਸੀ ਆਗੂਆਂ ਨੇ ਸਿਆਸੀ ਪਰਵਾਜ਼ ਭਰਨ ਲਈ 'ਪਰ ਤੋਲਣੇ' ਸ਼ੁਰੂ ਕਰ ਦਿੱਤੇ ਹਨ। ਇਸ ਹਲਕੇ ਦਾ ਵਿਧਾਇਕ ਕਿਉਂ ਕਿ ਵਿਰੋਧੀ ਧਿਰ ਵੱਲੋਂ ਹੈ, ਇਸ ਲਈ ਸੱਤਾਧਾਰੀ ਧਿਰ ਵੱਲੋਂ ਕੋਸ਼ਿਸ਼ ਹੋ ਰਹੀ ਹੈ ਕਿ ਆਪ ਦੇ ਹਲਕਾ ਇੰਚਾਰਜ ਦੀ ਸਿਆਸੀ ਦਿੱਖ 'ਵਿਧਾਇਕ' ਵਰਗੀ ਨਜ਼ਰ ਆਵੇ। ਇਸ ਦੌਰਾਨ 'ਆਪ' ਦੇ ਸਿਆਸੀ ਗਲਿਆਰਿਆਂ ਵਿੱਚ ਕਈ ਵਾਰ ਸਵਾਲ ਉੱਠ ਆਉਂਦਾ ਹੈ ਕਿ ਸ਼ਾਹਕੋਟ ਹਲਕੇ ਤੋਂ 'ਆਪ' ਦੇ ਕਿਹੜੇ ਆਗੂ ਦਾ ਟਿਕਟ ਲਈ ਗੁਣਾ ਪੈਂਦਾ ਹੈ। ਇਹ ਚਰਚਾ ਓਦੋਂ ਵੀ ਸਿਆਸੀ ਖੂੰਢਾਂ 'ਤੇ ਸੁਣੀ ਗਈ ਸੀ, ਜਦੋਂ ਬੀਬੀ ਰਣਜੀਤ ਕੌਰ ਕਾਕੜ ਕਲਾਂ ਨੇ ਸਿਆਸੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਸਨ। ਬੀਬੀ ਰਣਜੀਤ ਕੌਰ ਕਾਕੜ ਕਲਾਂ ਇੱਥੋਂ 'ਆਪ' ਦੇ ਹਲਕਾ ਇੰਚਾਰਜ ਰਹੇ ਰਤਨ ਸਿੰਘ ਕਾਕੜ ਕਲਾਂ ਦੀ ਵਿਧਵਾ ਹਨ। ਰਤਨ ਸਿੰਘ ਦੀ ਇੱਕ ਭਲੇ ਆਗੂ ਵਜੋਂ ਪਛਾਣ ਬਣੀ ਹੋਈ ਸੀ, ਪਰ ਉਹ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ। ਬੀਬੀ ਰਣਜੀਤ ਕੌਰ ਪੜ੍ਹੇ ਲਿਖੇ ਹਨ ਤੇ ਗੁਫਤਾਰ ਦੇ ਵੀ ਗਾਜ਼ੀ ਹਨ। ਇਹ ਚਰਚਾ ਉਸ ਵੇਲੇ ਫਿਰ ਉੱਭਰੀ ਜਦੋਂ ਹਲਕੇ ਦੇ ਇੱਕ ਵੱਡੇ ਕਬੱਡੀ ਦੇ ਸਟਾਰ ਪਾਲਾ ਜਲਾਲਪੁਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਹਾਜ਼ਰੀ ਵਿੱਚ 'ਆਪ' ਵਿੱਚ ਸ਼ਾਮਲ ਹੋਏ। ਕਈ ਲੋਕਾਂ ਦਾ ਵਿਚਾਰ ਸੀ ਕਿ ਉਹ ਟਿਕਟ ਦਾ ਇਕਰਾਰ ਕਰਕੇ ਹੀ 'ਆਪ' ਦਾ ਹਿੱਸਾ ਬਣੇ ਹਨ। ਇਨ੍ਹਾਂ ਚਰਚਾਵਾਂ ਦੇ ਬਾਵਜੂਦ 'ਆਪ' ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਨੇ ਇਨ੍ਹੀਂ ਦਿਨੀਂ ਸਿਆਸੀ ਸਰਗਰਮੀ ਹੋਰ ਤੇਜ਼ ਕਰ ਦਿੱਤੀ ਹੈ।ਜਿੱਥੋਂ ਤੱਕ ਕਾਂਗਰਸ ਪਾਰਟੀ ਦਾ ਸਵਾਲ ਹੈ, ਉਸ ਦੀ ਟਿਕਟ ਦੇ ਦਾਅਵੇਦਾਰ ਇਕਲੌਤੇ ਆਗੂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਹਨ। ਉਨ੍ਹਾਂ ਨੇ ਜਿੱਤਣ ਵਾਲੇ ਦਿਨ ਤੋਂ ਲੈ ਕੇ ਅੱਜ ਤੱਕ ਸਿਆਸੀ ਸਰਗਰਮੀ ਵਿੱਚ ਲਗਾਤਾਰਤਾ ਕਾਇਮ ਰੱਖੀ ਹੋਈ ਹੈ।ਭਾਜਪਾ ਵੱਲੋਂ ਵਿਧਾਨ ਸਭਾ ਹਲਕੇ ਲਈ ਤਿੰਨ ਵਾਰ ਆਗੂਆਂ ਨੂੰ ਮੈਦਾਨ ਵਿੱਚ ਉਤਾਰਿਆ ਗਿਆ ਹੈ ਪਰ ਨਜ਼ਰ ਆਮ ਤੌਰ 'ਤੇ ਰਾਣਾ ਹਰਦੀਪ ਸਿੰਘ ਹੀ ਆਉਂਦੇ ਹਨ। ਹਲਕੇ ਵਿੱਚ ਵਿਚਰਦੇ ਰਹੇ ਇੱਕ ਸੀਨੀਅਰ ਆਗੂ ਅੱਜ ਕੱਲ੍ਹ ਚੰਡੀਗੜ੍ਹ ਰਹਿ ਰਹੇ ਹਨ। ਅੱਜ ਕੱਲ੍ਹ ਉਨ੍ਹਾਂ ਨੇ ਤਿਰਛੀ ਨਜ਼ਰ ਸ਼ਾਹਕੋਟ ਦੀ ਸਿਆਸਤ ਦੇ ਬਦਲਦੇ ਸਮੀਕਰਨਾਂ ਵੱਲ ਟਿਕਾਈ ਹੋਈ ਹੈ।ਸ਼੍ਰੋਮਣੀ ਅਕਾਲੀ ਦਲ(ਬਾਦਲ) ਵਿੱਚ ਟਿਕਟਾਂ ਦੇ ਦਾਅਵੇਦਾਰਾਂ ਦਾ 'ਘੜਮੱਸ' ਨਹੀਂ ਹੈ। ਇਸ ਦੇ ਮੁੱਖ ਆਗੂ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਦੀ ਸਿਆਸੀ ਸਰਗਰਮੀ ਦੀ ਤੇਜ਼ੀ ਨੂੰ ਲੋਕ ਉਡੀਕ ਰਹੇ ਹਨ। ਉਂਜ ਇੱਥੋਂ ਦੇ ਅਕਾਲੀ ਵਰਕਰਾਂ ਦੀ ਸਿਆਸੀ 'ਹਲਚਲ' ਧਿਆਨ ਖਿੱਚ ਰਹੀ ਹੈ।



# ਵਿਧਾਇਕ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਦੋ ਬੱਸਾਂ ਨੂੰ ਕੀਤਾ ਰਵਾਨਾ

**ਮੋਹਾਲੀ (ਗੁਰਜੀਤ ਬਿੱਲਾ)-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਅੰਮ੍ਰਿਤਸਰ ਦੇ ਲਈ ਵਿਧਾਨ ਸਭਾ ਹਲਕਾ ਮੋਹਾਲੀ ਤੋਂ 2 ਬੱਸਾਂ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਰਵਾਨਾ ਹੋਈਆਂ। ਇੱਕ ਬੱਸ ਪਿੰਡ ਦੁਰਾਲੀ ਸੈਕਟਰ- 101 ਸੰਗਤਾਂ ਦੀ ਜਦਕਿ ਦੂਸਰੀ ਬੱਸ ਨੂੰ ਮੋਟੇਮਾਜਰਾ ਪਿੰਡ ਤੋਂ ਹਰੀ ਝੰਡੀ ਦੇ ਕੇ ਹਲਕਾ ਕੁਆਰਡੀਨੇਟਰ- ਫੂਲਰਾਜ ਸਿੰਘ ਨੇ ਰਵਾਨਾ ਕੀਤੀਆਂ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਲਕਾ ਕੋਆਰਡੀਨੇਟਰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਫੂਲਰਾਜ ਸਿੰਘ ਨੇ ਦੱਸਿਆ ਕਿ ਪਿੰਡ ਦੁਰਾਲੀ ਤੋਂ ਕਰਮਜੀਤ ਸਿੰਘ ਜਦਕਿ ਪਿੰਡ ਮੋਟੇਮਾਜਰਾ ਤੋਂ ਸਰਪੰਚ ਪਰਮਿੰਦਰ ਸਿੰਘ ਦੀ ਅਗਵਾਈ ਹੇਠ ਸ਼ਰਧਾਲੂਆਂ ਨਾਲ ਭਰੀ ਹੋਈ ਬੱਸ ਨੂੰ ਰਵਾਨਾ ਕੀਤਾ ਗਿਆ, ਉਹਨਾਂ ਕਿਹਾ ਕਿ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਸ੍ਰੀ, ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਵਾਹਗਾ ਬਾਰਡਰ ਅਤੇ ਜਲਿਆਂਵਾਲਾ ਬਾਗ ਦੇ ਦਰਸ਼ਨ ਕਰਨ ਦੇ ਲਈ ਸੰਗਤ ਦੇ ਰੂਪ ਵਿੱਚ ਜਾ ਰਹੇ ਸ਼ਰਧਾਲੂਆਂ ਦੇ ਵਿੱਚ ਬਸ ਰਵਾਨਾ ਹੋਣ ਦੇ ਦੌਰਾਨ ਪਾਇਆ ਜਾ ਰਿਹਾ ਉਤਸ਼ਾਹ ਵੇਖਿਆ ਹੀ ਬਣਦਾ। ਫੂਲਰਾਜ ਸਿੰਘ ਨੇ ਦੱਸਿਆ ਕਿ ਜੁਲਾਈ ਮਹੀਨੇ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਤੀਸਰੀ ਬੱਸ ਵੀ ਰਵਾਨਾ ਹੋਇਆ ਕਰੇਗੀ।

ਇਸ ਮੌਕੇ ਤੇ ਕਰਮਜੀਤ ਸਿੰਘ ਤੋਂ ਇਲਾਵਾ ਹਰਜਿੰਦਰ ਸਿੰਘ, ਸਰਦਾਰਾ ਸਿੰਘ, ਸੋਹਣ ਸਿੰਘ, ਧੰਨਾ ਸਿੰਘ, ਚੇਤਨ ਸਿੰਘ, ਭੁਪਿੰਦਰ ਸਿੰਘ, ਸੁਰਜੀਤ ਸਿੰਘ ਮੇਵਾ ਸਿੰਘ, ਪਿਆਰਾ ਸਿੰਘ , ਹਰੀ ਸਿੰਘ, ਜੱਗਾ ਸਿੰਘ, ਕਰਮਜੀਤ ਸਿੰਘ, ਸਰਦਾਰਾਂ ਸਿੰਘ, ਹਰਜਿੰਦਰ ਸਿੰਘ- ਲੰਬੜਦਾਰ, ਸੋਮ ਸੋਮ ਸਿੰਘ ਵੀ ਹਾਜ਼ਰ ਸਨ।



## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬਿਗੜਵਾਲ ਤੋਂ ਦਰਬਾਰ ਸਾਹਿਬ ਲਈ ਬੱਸ ਰਵਾਨਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਐਤਵਾਰ ਨੂੰ ਇੱਕ ਬੱਸ ਸਰਪੰਚ ਸਰਦਾਰ ਗੁਰਜੰਟ ਸਿੰਘ ਦੀ ਹਾਜ਼ਰੀ ਵਿੱਚ ਬਿਗੜਵਾਲ ਤੋਂ ਸ੍ਰੀ ਦਰਬਾਰ ਸਾਹਿਬ ਲਈ ਰਵਾਨਾ ਹੋਈ।ਬੱਸ ਨੂੰ ਰਵਾਨਾ ਕਰਨ ਲਈ ਬਲਾਕ ਸਮਿਤੀ ਚੇਅਰਪਰਸਨ ਮੈਡਮ ਪ੍ਰਦੀਪ ਕੌਰ ਅਤੇ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਡਾ. ਗੁਰਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਅਜਿਹੀਆਂ ਯਾਤਰਾਵਾਂ ਕਰਵਾਉਣਾ ਬਹੁਤ ਹੀ ਵਧੀਆ ਉਪਰਾਲਾ ਹੈ।ਇਸ ਨਾਲ ਲੋਕਾਂ ਵਿੱਚ ਆਪਸੀ ਭਾਈਚਾਰਾ ਅਤੇ ਪ੍ਰਮਾਤਮਾ ਪ੍ਰਤੀ ਸ਼ਰਧਾ ਤੇ ਵਿਸ਼ਵਾਸ਼ ਪੈਦਾ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਇਹ ਬੱਸ ਪਿੰਡ ਬਿਗੜਵਾਲ ਤੋਂ ਚੱਲ ਕੇ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ ਅਤੇ ਵਾਹਗਾ ਬਾਰਡਰ ਤੋਂ ਹੁੰਦੀ ਹੋਈ ਮੰਗਲਵਾਰ ਨੂੰ ਵਾਪਸ ਆਵੇਗੀ।ਇਸ ਮੌਕੇ ਕੁਲਦੀਪ ਸਿੰਘ, ਹਰਜਿੰਦਰ ਸਿੰਘ, ਮਘਰ ਸਿੰਘ, ਕਰਮਜੀਤ ਸਿੰਘ, ਰਾਜੂ, ਬਖਸ਼ੀਸ਼ ਸਿੰਘ ਆਦਿ ਹਾਜ਼ਰ ਸਨ।

## ਮਨੁੱਖਤਾ ਦੀ ਭਲਾਈ ਲਈ ਵਿਸ਼ੇਸ਼ ਅੰਗਦਾਨ ਮੁਹਿੰਮ ਦੀ ਸ਼ੁਰੂਆਤ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਵਿਖੇ ਐਤਵਾਰ ਸਵੇਰੇ 7 ਵਜੇ ਸੀਨੀਅਰ ਪੁਲਿਸ ਕਪਤਾਨ ਭੁਪਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਇਕ ਵਿਸ਼ੇਸ਼ ਅੰਗਦਾਨ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਇਤਿਹਾਸਕ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਤੋਂ ਇੱਕ ਵਿਸ਼ਾਲ ਮੈਰਾਥਨ ਦੌੜ ਸ਼ੁਰੂ ਕੀਤੀ ਗਈ, ਜਿਸ ਵਿਚ ਜ਼ਿਲ੍ਹੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਹਿੱਸਾ ਲਿਆ। ਇਸ ਪ੍ਰਭਾਵਸ਼ਾਲੀ ਸਮਾਗਮ ਅਤੇ ਮੈਰਾਥਨ ਦੌੜ ਦੌਰਾਨ ਮੈਡੀਕਲ ਮਾਹਰ ਡਾਕਟਰ ਬਲਦੇਵ ਸਿੰਘ ਔਲਖ, ਡਾਕਟਰ ਕਮਲ ਬਾਗ਼ੀ, ਅਨੁਰਿਧ ਗੁਪਤਾ, ਡਾਕਟਰ ਨਿਖਿਲ ਗੁਪਤਾ ਅਤੇ ਜੇਨੇਸਿਸ ਡੈਂਟਲ ਹਸਪਤਾਲ ਫ਼ਿਰੋਜ਼ਪੁਰ ਦੀ ਟੀਮ ਵਿਸ਼ੇਸ਼ ਤੌਰ 'ਤੇ ਪਹੁੰਚੀ। ਇਸ ਤੋਂ ਇਲਾਵਾ ਪੁਲਿਸ ਵਿਭਾਗ ਦੇ ਉੱਚ ਅਧਿਕਾਰੀ, ਮੁਲਾਜ਼ਮ, ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਅਤੇ ਸੀਨੀਅਰ ਸਿਟੀਜ਼ਨ ਫੋਰਮ ਫ਼ਿਰੋਜ਼ਪੁਰ ਦੇ ਮੈਂਬਰ ਸਾਹਿਬਾਨ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਕੇ ਇਸ ਮੁਹਿੰਮ ਨੂੰ ਸਫ਼ਲ ਬਣਾਇਆ। ਸਮਾਗਮ ਦੌਰਾਨ ਡਾਕਟਰ ਬਲਦੇਵ ਸਿੰਘ ਔਲਖ ਅਤੇ ਜ਼ਿਲ੍ਹਾ ਪੁਲਿਸ ਮੁਖੀ ਭੁਪਿੰਦਰ ਸਿੰਘ ਨੇ ਹਾਜ਼ਰੀਨ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਮਨੁੱਖਤਾ ਦੀ ਭਲਾਈ ਲਈ ਅੰਗਦਾਨ ਦੇ ਮਹੱਤਵ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਇਸ ਮੌਕੇ ਸੀਨੀਅਰ ਸਿਟੀਜ਼ਨ ਫੋਰਮ ਦੇ ਪ੍ਰਧਾਨ ਪ੍ਰਦੀਪ ਧਵਨ ਦੀ ਅਗਵਾਈ ਹੇਠ ਫੋਰਮ ਦੀ ਸਮੁੱਚੀ ਲੀਡਰਸ਼ਿਪ ਨੇ ਹਾਜ਼ਰੀ ਲਗਵਾਈ, ਜਿਨ੍ਹਾਂ ਵਿਚ ਪੈਟਰਨ ਦੇਸ਼ ਬੰਧੂ ਤੁਲੀ, ਮੀਤ ਪ੍ਰਧਾਨ ਅਵਤਾਰ ਸਿੰਘ ਭੋਲਾ, ਜਨਰਲ ਸਕੱਤਰ ਮੁਹਿੰਦਰ ਸਿੰਘ ਧਾਲੀਵਾਲ, ਚੀਫ਼ ਅਡਵਾਈਜ਼ਰ ਹਰੀਸ਼ ਮੋਂਗਾ, ਡਾਕਟਰ ਸੁਰਿੰਦਰ ਸਿੰਘ, ਯੋਗਿੰਦਰ ਨਾਥ ਯੋਗੀ ਤੇ ਸ਼ਾਮ ਲਾਲ ਗੱਖੜ ਸ਼ਾਮਲ ਸਨ।

## ਡੀ ਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ 'ਚ ਭਾਰਤੀ ਭਾਸ਼ਾ ਸਮਰ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਦਿਆਰਥੀਆਂ ਦੇ ਭਾਸ਼ਾਈ ਹੁਨਰ ਨੂੰ ਵਿਕਸਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਭਾਰਤੀ ਸੰਸਕ੍ਰਿਤੀ, ਪਰੰਪਰਾਵਾਂ, ਇਤਿਹਾਸ ਅਤੇ ਵਿਰਾਸਤ ਤੋਂ ਜਾਣੂ ਕਰਵਾਉਣ ਦੇ ਉਦੇਸ਼ ਨਾਲ ਡੀ ਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਚ ਛੇ ਰੋਜ਼ਾ 'ਭਾਰਤੀ ਭਾਸ਼ਾ ਸਮਰ ਕੈਂਪ-2026' ਦਾ ਸਫਲ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਯਾਚਨਾ ਚਾਵਲਾ ਨੇ ਦੱਸਿਆ ਕਿ ਇਹ ਕੈਂਪ ਸੀ ਬੀ ਐੱਸ ਈ ਦੇ ਨਿਰਦੇਸ਼ਾਂ ਅਤੇ ਨਵੀਂ ਸਿੱਖਿਆ ਨੀਤੀ 2020 ਦੇ ਤਹਿਤ ਬਹੁ-ਭਾਸ਼ਾਵਾਦ ਅਤੇ ਭਾਰਤ ਦੀ ਅਮੀਰ ਭਾਸ਼ਾਈ ਵਿਰਾਸਤ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਲਗਾਇਆ ਗਿਆ। ਉਨ੍ਹਾਂ ਦੱਸਿਆ ਕਿ ਛੇ ਦਿਨਾਂ ਤੱਕ ਚੱਲੇ ਇਸ ਸਮਰ ਕੈਂਪ ਵਿਚ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਕੈਂਪ ਦੌਰਾਨ ਭਾਸ਼ਾ ਸਿੱਖਣ ਨੂੰ ਰੋਚਕ ਅਤੇ ਵਿਹਾਰਕ ਬਣਾਉਣ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਸਮਾਪਤੀ ਮੌਕੇ ਵਿਦਿਆਰਥੀਆਂ ਨੇ ਭਾਰਤ ਦੇ ਇਤਿਹਾਸਕ ਸਮਾਰਕਾਂ 'ਤੇ ਪੇਸ਼ਕਾਰੀਆਂ ਦੇ ਕੇ ਦੇਸ਼ ਦੇ ਇਤਿਹਾਸ, ਭੂਗੋਲ ਅਤੇ ਸੱਭਿਆਚਾਰਕ ਵਿਰਾਸਤ ਬਾਰੇ ਆਪਣੇ ਗਿਆਨ ਦਾ ਪ੍ਰਦਰਸ਼ਨ ਕੀਤਾ। ਪ੍ਰਿੰਸੀਪਲ ਯਾਚਨਾ ਚਾਵਲਾ ਨੇ ਵਿਦਿਆਰਥੀਆਂ ਦੀ ਉਤਸ਼ਾਹਜਨਕ ਭਾਗੀਦਾਰੀ ਅਤੇ ਅਧਿਆਪਕਾਂ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੀ ਭਾਸ਼ਾਈ ਕੁਸ਼ਲਤਾ ਨੂੰ ਵਧਾਉਣ ਦੇ ਨਾਲ-ਨਾਲ ਭਾਰਤ ਦੀਆਂ ਵਿਭਿੰਨ ਭਾਸ਼ਾਵਾਂ ਅਤੇ ਸੱਭਿਆਚਾਰਾਂ ਪ੍ਰਤੀ ਸਤਿਕਾਰ ਅਤੇ ਆਪਣੇਪਨ ਦੀ ਭਾਵਨਾ ਪੈਦਾ ਕਰਦੀਆਂ ਹਨ।

## ਨਵਗੀਤ ਸਿੰਘ ਧਨੋਆ ਨੇ ਤਲਵੰਡੀ ਕਲਾਂ ਦਾ ਨਾਂਅ ਰੋਸ਼ਨ ਕੀਤਾ



**ਹਠੂਰ (ਲਵਲੀ ਮਾਛੀਕੇ)**-ਅੰਤਰ ਰਾਸ਼ਟਰੀ ਪੱਧਰ 'ਤੇ ਪ੍ਰਸਿੱਧੀ ਪ੍ਰਾਪਤ ਕਰਨ ਵਾਲੇ ਪ੍ਰਸਿੱਧ ਪੱਤਰਕਾਰ, ਗੀਤਕਾਰ, ਲੇਖਕ ਸ੍ਰੀ ਐੱਸ. ਅਸ਼ੋਕ ਭੌਰਾ ਨੇ ਬੜੀ ਮਿਹਨਤ ਨਾਲ ਅਮਰੀਕਾ ਦੇ ਪੰਜਾਹ ਸਫਲ ਕਾਰੋਬਾਰੀਆਂ ਬਾਰੇ ਬਹੁਤ ਹੀ ਸੁੰਦਰ ਤੇ ਵੱਡੇ ਅਕਾਰ ਦੀ ਪੁਸਤਕ 'ਅਮਰੀਕਾ ਵਿੱਚ ਪੰਜਾਬੀ ਵਿਰਾਸਤ' ਛਪਵਾਈ ਹੈ, ਜੋ ਅਮਰੀਕਾ ਦੇ ਸ਼ਹਿਰ ਇੰਡਿਆਨਾ ਵਿੱਚ ਰਿਲੀਜ਼ ਕੀਤੀ ਗਈ। ਸਫਲ ਕਾਰੋਬਾਰੀਆਂ ਦੇ ਨਾਲ-ਨਾਲ ਉਨ੍ਹਾਂ ਦੇ ਬਾਕੀ ਪਰਿਵਾਰਕ ਮੈਂਬਰਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਹੈ।ਇਸ ਪੁਸਤਕ ਵਿੱਚ ਅਮਰੀਕਾ ਦੇ ਪੰਜਾਹ ਸਫਲ ਕਾਰੋਬਾਰੀਆਂ ਵਿੱਚ ਬਹੁਤ ਹੀ ਛੋਟੀ ਉਮਰ ਦਾ ਸਫਲ਼ ਕਾਰੋਬਾਰੀ ਨਵਗੀਤ ਸਿੰਘ ਧਨੋਆ ਪਿੰਡ ਤਲਵੰਡੀ ਕਲਾਂ ਦੇ ਪ੍ਰਸਿੱਧ ਲੇਖਕ ਤੇ ਨੈਸ਼ਨਲ ਐਵਾਰਡੀ ਅਧਿਆਪਕ ਅਮਰੀਕ ਸਿੰਘ ਤਲਵੰਡੀ ਦਾ ਸਪੁੱਤਰ ਹੈ।ਇਸ ਸਬੰਧੀ ਗੀਤਕਾਰ ਅਮਰੀਕ ਸਿੰਘ ਤਲਵੰਡੀ ਨੇ ਦੱਸਿਆ ਕਿ ਬੇਟੇ ਨੇ ਜਦੋਂ ਅਮਰੀਕਾ ਵਿੱਚ ਜਾ ਕੇ ਬਹੁਤ ਜਲਦੀ ਕਿਸੇ ਤੋਂ ਵੀ ਕੋਈ ਮਦਦ ਲਏ ਬਿਨਾਂ ਆਪਣਾ ਪਹਿਲਾ ਟਰਾਲਾ ਪਾਇਆ ਤਾਂ ਉਨ੍ਹਾ ਖੁਸ਼ ਹੋ ਕੇ 'ਆਪਣਾ ਟਰਾਲਾ' ਗੀਤ ਲਿਖਿਆ ਜੋ ਕਿ ਪੰਜਾਬ ਦੇ ਪ੍ਰਸਿੱਧ ਲੋਕ ਗਾਇਕ ਸੁਰਿੰਦਰ ਛਿੰਦੇ ਨੇ ਬਹੁਤ ਹੀ ਵੱਖਰੇ ਅੰਦਾਜ਼ ਵਿੱਚ ਗਾਇਆ ਤੇ ਅਮਰੀਕਾ ਅਤੇ ਹੋਰ ਵਿਦੇਸ਼ੀ ਟਰਾਲਿਆਂ ਵਿੱਚ ਖੂਬ ਸੁਣਿਆ ਜਾਂਦਾ ਹੈ।ਇਸ ਪ੍ਰਾਪਤੀ ਤੋਂ ਖੁਸ਼ ਹੋ ਕੇ ਬੇਟੇ ਨੇ ਦਿਨ ਰਾਤ ਹੋਰ ਮਿਹਨਤ ਕੀਤੀ, ਜਿੱਥੇ ਆਪਣਾ ਕਰੋਬਾਰ ਹੋਰ ਵਧਾਇਆ, ਉੱਥੇ ਸਮਾਜ ਸੇਵੀ ਕੰਮਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਪਾਉਂਦਾ ਹੈ।ਉਨ੍ਹਾ ਕਿਹਾ ਕਿ ਮੈਂ ਆਪਣੇ ਸਪੁੱਤਰ ਨੂੰ ਉੱਚ ਵਿੱਦਿਆ ਪ੍ਰਾਪਤ ਕਰਵਾ ਕੇ ਆਪਣੇ ਦੇਸ਼ ਵਿੱਚ ਹੀ ਰੱਖਣਾ ਚਾਹੁੰਦਾ ਸੀ, ਪਰ ਉਸ ਤੋਂ ਪਹਿਲਾਂ ਮੈਂ ਅਮਰੀਕਾ ਦਾ ਗਰੀਨ ਕਾਰਡ ਛੱਡ ਆਇਆ ਸੀ।ਉਨ੍ਹਾ ਕਿਹਾ ਕਿ ਮੇਰੇ ਪਰਮ ਮਿੱਤਰ ਸਰਪੰਚ ਮੰਗਲ ਸਿੰਘ ਢਿੱਲੋਂ ਅਮਰੀਕਾ ਵਾਲੇ ਨੇ ਅਮਰੀਕਾ ਦੇ ਬਹੁਤ ਹੀ ਖਾਨਦਾਨੀ ਪਰਿਵਾਰ ਦੀ ਲੜਕੀ ਨਾਲ ਬੇਟੇ ਦੀ ਸ਼ਾਦੀ ਕਰਵਾ ਦਿੱਤੀ ਸੀ।ਬੇਟੇ ਦੀ ਸਫਲਤਾ ਪਿੱਛੇ ਸੁਝਵਾਨ ਪਤਨੀ, ਚੰਗੀ ਪੜ੍ਹਾਈ ਤੇ ਉਸ ਦੀ ਆਪਣੀ ਮਿਹਨਤ ਰੰਗ ਲਿਆਈ ਹੈ।

## ਬੱਚਿਆਂ ਨੂੰ ਪਿਲਾਈਆਂ ਗਈਆਂ ਪੋਲੀਓ ਬੂੰਦਾਂ



**ਕੋਟਕਪੂਰਾ (ਰਛਪਾਲ ਭੁੱਲਰ)**-ਰਾਮਗੜ੍ਹੀਆ ਮੁਹੱਲੇ ਵਿੱਚ 'ਯੂਨਾਈਟਿਡ ਇੰਟਰਨੈਸ਼ਨਲ ਕਲੱਬ' ਯੂਨਿਟ ਕੋਟਕਪੂਰਾ ਤੇ 'ਕਰ ਭਲਾ ਹੋ ਭਲਾ' ਪ੍ਰੈਸ ਕਲੱਬ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਇੱਕ ਪਲਸ ਪੋਲੀਓ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਵਿੱਚ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਪਿਲਾਈ ਗਈ।'ਕਰ ਭਲਾ ਹੋ ਭਲਾ' ਪ੍ਰੈਸ ਕਲੱਬ ਦੇ ਪ੍ਰਧਾਨ ਚਰਨ ਦਾਸ ਗਰਗ ਤੇ 'ਯੂਨਾਈਟਿਡ ਇੰਟਰਨੈਸ਼ਨਲ ਕਲੱਬ' ਦੇ ਪ੍ਰਧਾਨ ਡਾ. ਸਤੀਸ਼ ਸ਼ਰਮਾ ਨੇ ਦੱਸਿਆ ਕਿ ਇਸ ਵਿਸ਼ੇਸ਼ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਨਾਇਬ ਤਹਿਸੀਲਦਾਰ ਗੁਰਚਰਨ ਸਿੰਘ ਨੇ ਸ਼ਿਰਕਤ ਕੀਤੀ, ਉੱਥੇ ਹੀ ਵਿਸ਼ੇਸ਼ ਮਹਿਮਾਨਾਂ ਵਜੋਂ ਸਿਵਲ ਹਸਪਤਾਲ ਕੋਟਕਪੂਰਾ ਦੇ ਐਸ.ਐਮ.ਓ. ਡਾ. ਹਰਿੰਦਰ ਗਾਂਧੀ, ਨੋਡਲ ਅਫ਼ਸਰ ਡਾ. ਦਿਨੇਸ਼ ਸੇਠੀ, ਸੀਨੀਅਰ ਫਾਰਮੇਸੀ ਅਫ਼ਸਰ ਸੰਜੀਵ ਸਿੰਗਲਾ ਅਤੇ ਵਾਰਡ ਨੰਬਰ 13 ਤੋਂ ਕੌਂਸਲਰ ਹਰਬੰਸ ਕੌਰ ਹਾਜ਼ਰ ਸਨ।ਮਹਿਮਾਨਾਂ ਨੇ ਆਪਣੇ ਸੰਬੋਧਨ ਵਿੱਚ ਪੋਲੀਓ ਖਾਤਮੇ ਲਈ ਚਲਾਈ ਜਾ ਰਹੀ ਇਸ ਮੁਹਿੰਮ ਦੀ ਸ਼ਲਾਘਾ ਕੀਤੀ ਤੇ ਬੱਚਿਆਂ ਦੀ ਬਿਹਤਰ ਸਿਹਤ ਲਈ ਅਜਿਹੇ ਉਪਰਾਲਿਆਂ ਨੂੰ ਜ਼ਰੂਰੀ ਦੱਸਿਆ।ਉਨ੍ਹਾਂ ਦੱਸਿਆ ਕਿ ਇਹ ਕੈਂਪ ਸਵੇਰੇ 8 ਵਜੇ ਤੋਂ ਸ਼ੁਰੂ ਹੋ ਕੇ ਦੁਪਹਿਰ 2 ਵਜੇ ਤੱਕ ਚੱਲਿਆ।ਇਸ ਦੌਰਾਨ ਸਿਹਤ ਵਿਭਾਗ ਦੀ ਟੀਮ ਦੀ ਦੇਖ-ਰੇਖ ਹੇਠ ਇਲਾਕੇ ਦੇ 51 ਬੱਚਿਆਂ ਨੂੰ ਪੋਲੀਓ ਤੋਂ ਬਚਾਅ ਲਈ ਦਵਾਈ ਦੀ ਖੁਰਾਕ ਪਿਲਾਈ ਗਈ।ਕਲੱਬ ਦੇ ਚਰਨਜੀਤ ਸਿੰਘ ਮੀਤ ਪ੍ਰਧਾਨ, ਪਵਨ ਭਾਰਤੀ ਮੀਤ ਪ੍ਰਧਾਨ, ਚੰਦਰ ਗਰਗ ਜਨਰਲ ਸਕੱਤਰ, ਬਲਜੀਤ ਸਿੰਘ ਖੀਵਾ ਇੰਟਰਨੈਸ਼ਨਲ ਮੀਤ ਪ੍ਰਧਾਨ, ਸਾਬਕਾ ਯੂਨਿਟ ਪ੍ਰਧਾਨ ਸਤਨਾਮ ਸਿੰਘ ਖੁੱਬੂ, ਦਰਸ਼ਨ ਸਿੰਘ ਆਹੂਜਾ ਤੇ ਪੱਤਰਕਾਰ ਰਾਜੂ ਕੰਡਾ ਤੋਂ ਇਲਾਵਾ ਹੋਰ ਵੀ ਪਤਵੰਤੇ ਸੱਜਣ ਮੌਜੂਦ ਸਨ।

# ਬਿਜਲੀ ਸਪਲਾਈ ਨਾ ਮਿਲਣ 'ਤੇ ਕਿਸਾਨਾਂ ਵੱਲੋਂ ਖਨੌਰੀ-ਕੈਥਲ ਰੋਡ ਜਾਮ

■ **ਕਿਸਾਨਾਂ ਵੱਲੋਂ ਸ਼ੇਰਗੜ੍ਹ ਬਿਜਲੀ ਗਰਿੱਡ ਅੱਗੇ ਧਰਨਾ**



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਦੇ ਦਾਅਵਿਆਂ ਦੇ ਚਲਦਿਆਂ ਕਿਸਾਨਾਂ ਨੂੰ ਪੂਰੀ ਬਿਜਲੀ ਸਪਲਾਈ ਨਾ ਮਿਲਣ ਤੋਂ ਭੜਕੇ ਕਿਸਾਨਾਂ ਨੇ ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਸ਼ੇਰਗੜ੍ਹ ਬਿਜਲੀ ਗਰਿੱਡ ਸਾਹਮਣੇ ਵਿਸ਼ਾਲ ਰੋਹ ਭਰਪੂਰ ਧਰਨਾ ਦੇ ਕੇ ਖਨੌਰੀ-ਕੈਥਲ ਰੋਡ ਉੱਤੇ ਆਵਾਜਾਈ ਠੱਪ ਕੀਤੀ।ਇਸ ਦੌਰਾਨ ਇਕੱਤਰ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।

ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਸ਼ੇਰਗੜ੍ਹ ਨੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਦੇਣ ਦੇ ਵੱਡੇ ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਬਦਕਿਸਮਤੀ ਦੀ ਗੱਲ ਹੈ ਕਿ ਸ਼ੇਰਗੜ੍ਹ ਗਰਿੱਡ ਤੋਂ ਚੱਲਣ ਵਾਲੇ ਫੀਡਰਾਂ ਉੱਤੇ ਕਿਸਾਨਾਂ ਨੂੰ ਦਿਨ ਵੇਲੇ ਤਾਂ ਕੀ ਰਾਤ ਵੇਲੇ ਵੀ ਕੋਈ ਬਿਜਲੀ ਸਪਲਾਈ ਪੂਰੀ ਨਹੀਂ ਮਿਲ ਰਹੀ ਤੇ ਲਗਾਤਾਰ ਚਾਰ ਚਾਰ, ਪੰਜ ਪੰਜ ਘੰਟਿਆਂ ਦੇ ਕੱਟ ਲਗਾਏ ਜਾ ਰਹੇ ਹਨ।ਉਨ੍ਹਾਂ ਮੰਗ ਕੀਤੀ ਕਿ ਸਾਉਣੀ ਦੇ ਸੀਜ਼ਨ ਦੌਰਾਨ ਲੱਗੀ ਔੜ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਸਰਕਾਰ ਆਪਣੇ ਵਾਅਦਿਆਂ ਮੁਤਾਬਿਕ ਕਿਸਾਨਾਂ ਨੂੰ ਬਿਜਲੀ ਸਪਲਾਈ ਮੁਹੱਈਆ ਕਰਵਾਏ।ਉਨ੍ਹਾਂ ਚਿਤਾਵਨੀ ਦਿੱਤੀ ਕਿ ਐਕਸੀਅਨ ਪਾਵਰਕਾਮ ਪਾਤੜਾਂ ਵੱਲੋਂ ਦਿੱਤੇ ਗਏ ਭਰੋਸੇ ਮਗਰੋਂ ਬੇਸ਼ੱਕ ਜਾਮ ਖੋਲ੍ਹ ਦਿੱਤਾ ਗਿਆ ਹੈ, ਪਰ ਜੇਕਰ ਪਾਵਰਕਾਮ ਨੇ ਕਿਸਾਨਾਂ ਨੂੰ ਪੂਰੀ ਬਿਜਲੀ ਸਪਲਾਈ ਨਾ ਦਿੱਤੀ ਤਾਂ ਉਹ ਸਖਤ ਐਕਸ਼ਨ ਲੈਣ ਲਈ ਮਜਬੂਰ ਹੋਣਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ ਤੇਈਪੁਰ ਪਲਵਿੰਦਰ ਸਿੰਘ ਜੈਲਾ ਸਿੰਘ, ਪ੍ਰਤਾਪ ਸਿੰਘ ਸੰਧੂ ਗੁਰਵਿੰਦਰ ਸਿੰਘ, ਜਤਿੰਦਰ ਸਿੰਘ ਮਤੌਲੀ, ਹਰਪਾਲ ਸਿੰਘ ਲਹੌਰੀਆ ਨਿਸ਼ਾਨ ਸਿੰਘ ਗੁਰੂ ਨਾਨਕਪੁਰਾ ਸੁਰਿੰਦਰ ਸਿੰਘ, ਗੁਰਬਖਸ਼ ਸਿੰਘ ਸੁਰਜੀਤ ਸਿੰਘ, ਸ਼ਰਨਜੀਤ ਸਿੰਘ ਚਹਿਲ ਅਵਤਾਰ ਸਿੰਘ ਕੰਬੋਜ ਤੇ ਜੀਤਾ ਸਿੰਘ ਸੰਧੂ ਆਦਿ ਹਾਜ਼ਰ ਸਨ।

## ਸੜਕ ਹਾਦਸੇ 'ਚ ਦੋ ਜ਼ਖਮੀ, ਇੱਕ ਦੀ ਇਲਾਜ ਦੌਰਾਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਦਿਨੀਂ ਉਦਯੋਗਿਕ ਖੇਤਰ ਮੰਡੀ ਗੋਬਿੰਦਗੜ੍ਹ ਵਿਖੇ ਵਾਪਰੇ ਸੜਕ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਏ ਦੋ ਦੋਸਤਾਂ ਵਿਚੋਂ ਇੱਕ ਦੀ ਇਲਾਜ ਦੌਰਾਨ ਮੌਤ ਹੋ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮਨਜੀਤ ਰਾਏ ਵਾਸੀ ਭਈਆ ਕਲੌਨੀ ਮੰਡੀ ਗੋਬਿੰਦਗੜ੍ਹ ਨੇ ਦੱਸਿਆ ਕਿ ਦੁਪਹਿਰ ਕਰੀਬ ਡੇਢ ਵਜੇ ਉਹ ਤੇ ਉਸ ਦਾ ਦੋਸਤ ਵਿਸ਼ਾਲ ਸਿੰਘ ਉਰਫ ਭੋਲਾ ਮੰਡੀ ਗੋਬਿੰਦਗੜ੍ਹ ਦੇ ਲਾਈਟਾਂ ਵਾਲੇ ਚੌਕ ਨਜ਼ਦੀਕ ਆਪਣੀ ਸਾਈਡ ਜਾ ਰਹੇ ਸੀ ਤਾਂ ਇੱਕ ਤੇਜ਼ ਰਫ਼ਤਾਰ ਮੋਟਰਸਾਈਕਲ ਚਾਲਕ ਨੇ ਉਨ੍ਹਾਂ ਦੋਵਾਂ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ।ਇਸ ਹਾਦਸੇ ਦੌਰਾਨ ਉਸ ਦੇ ਤੇ ਵਿਸ਼ਾਲ ਸਿੰਘ ਉਰਫ ਭੋਲਾ ਦੇ ਕਾਫੀ ਸੱਟਾਂ ਲੱਗੀਆਂ।ਮੰਡੀ ਗੋਬਿੰਦਗੜ੍ਹ ਹਸਪਤਾਲ ਦੇ ਡਾਕਟਰਾਂ ਨੇ ਵਿਸ਼ਾਲ ਸਿੰਘ ਉਰਫ਼ ਭੋਲਾ ਦੀ ਹਾਲਤ ਨਾਜ਼ੁਕ ਦੇਖਦੇ ਉਸ ਨੂੰ ਸੈਕਟਰ 32 ਹਸਪਤਾਲ ਚੰਡੀਗੜ੍ਹ ਵਿਖੇ ਰੈਫਰ ਕਰ ਦਿੱਤਾ, ਜਿੱਥੇ ਇਲਾਜ ਦੌਰਾਨ ਉਸ ਦੇ ਦੋਸਤ ਵਿਸ਼ਾਲ ਸਿੰਘ ਉਰਫ ਭੋਲਾ ਦੀ ਮੌਤ ਹੋ ਗਈ।ਮੋਟਰਸਾਈਕਲ ਦੇ ਨਾਮਾਲੂਮ ਚਾਲਕ ਵਿਰੁੱਧ ਕੇਸ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਸੱਭਿਆਚਾਰ ਤੇ ਸਰਬ ਧਰਮ ਸਤਿਕਾਰ ਨੂੰ ਮਜ਼ਬੂਤ ਕਰਨ ਵਾਲੇ ਇਤਿਹਾਸਕ ਫ਼ੈਸਲਿਆਂ ਦਾ ਦਿਲੋਂ ਸਵਾਗਤ : ਅਰਸ਼ ਸੱਚਰ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਅੰਮ੍ਰਿਤਸਰ ਵਿਖੇ ਆਯੋਜਿਤ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਪ੍ਰਭਾਰੀ ਸ੍ਰੀ ਮਨੀਸ਼ ਸਿਸੋਦੀਆ ਵੱਲੋਂ ਪੰਜਾਬ ਵਾਸੀਆਂ ਲਈ ਕੀਤੇ ਗਏ ਧਾਰਮਿਕ, ਸੱਭਿਆਚਾਰਕ ਤੇ ਆਧਿਆਤਮਕ ਮਹੱਤਵ ਵਾਲੇ ਐਲਾਨਾਂ ਦਾ ਦਿਲੋਂ ਸਵਾਗਤ ਕੀਤਾ ਹੈ।ਅਰਸ਼ ਸੱਚਰ ਨੇ ਕਿਹਾ ਕਿ ਇਹ ਐਲਾਨ ਪੰਜਾਬ ਦੀ ਅਮੀਰ ਧਾਰਮਿਕ ਵਿਰਾਸਤ, ਸੱਭਿਆਚਾਰਕ ਪਛਾਣ ਤੇ ਸਰਬ ਧਰਮ ਸਤਿਕਾਰ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਵਾਲੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਹਮੇਸ਼ਾ ਹੀ ਗੁਰੂ ਸਾਹਿਬਾਨ, ਸੰਤ-ਮਹਾਂਪੁਰਖਾਂ ਤੇ ਆਪਸੀ ਭਾਈਚਾਰੇ ਦੀ ਧਰਤੀ ਰਿਹਾ ਹੈ ਤੇ ਇਹ ਉਪਰਾਲੇ ਸਮਾਜ ਵਿੱਚ ਏਕਤਾ, ਆਧਿਆਤਮਿਕਤਾ ਤੇ ਸਾਂਝੀਵਾਲਤਾ ਨੂੰ ਹੋਰ ਮਜ਼ਬੂਤ ਕਰਨਗੇ।ਉਨ੍ਹਾਂ ਕਿਹਾ ਕਿ ਲੀਡਰਸ਼ਿਪ ਵੱਲੋਂ ਕੀਤੇ ਗਏ ਮਹੱਤਵਪੂਰਨ ਐਲਾਨਾਂ ਤਹਿਤ ਪੰਜਾਬ ਦੇ 22 ਸ਼ਹਿਰਾਂ ਵਿੱਚ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਵਰਗੇ ਵਿਸ਼ਾਲ ਭਗਤੀ ਸਮਾਗਮ ਕਰਵਾਏ ਜਾਣਗੇ, ਤਾਂ ਜੋ ਭਗਵਾਨ ਸ਼ਿਵ ਜੀ ਦੀ ਭਗਤੀ ਤੇ ਆਧਿਆਤਮਕ ਸੰਦੇਸ਼ ਨੂੰ ਹਰ ਸ਼ਹਿਰ ਤੱਕ ਪਹੁੰਚਾਇਆ ਜਾ ਸਕੇ।ਉਨ੍ਹਾਂ ਕਿਹਾ ਕਿ 1 ਅਗਸਤ ਤੋਂ ਪੰਜਾਬ ਭਰ ਵਿੱਚ 'ਹਮਾਰੇ ਰਾਮ' ਨਾਟਕ ਦਾ ਮੰਚਨ ਸ਼ੁਰੂ ਕੀਤਾ ਜਾਵੇਗਾ, ਜਿਸ ਰਾਹੀਂ ਭਗਵਾਨ ਸ੍ਰੀ ਰਾਮ ਜੀ ਦੇ ਜੀਵਨ, ਆਦਰਸ਼ਾਂ, ਮਰਿਆਦਾ ਤੇ ਸੱਚ, ਧਰਮ ਤੇ ਕਰਤੱਵ ਦੇ ਸੰਦੇਸ਼ ਨੂੰ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾਵੇਗਾ।

## ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਵੱਲੋਂ ਦੰਦਾਂ ਦਾ ਜਾਂਚ ਕੈਂਪ



**ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)**-ਸਥਾਨਕ ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਰੇਲਵੇ ਰੋਡ ਸਥਿਤ ਸ੍ਰੀ ਜੀ ਡੈਂਟਲ ਐਂਡ ਇੰਪਲਾਂਟ ਸੈਂਟਰ ਵਿਖੇ ਮੈਂਬਰਾਂ ਦੇ ਦੰਦਾਂ ਦੀ ਜਾਂਚ ਕਰਾਉਣ ਲਈ ਕੈਂਪ ਲਾਇਆ ਗਿਆ। ਇਸ ਵਿੱਚ ਦੰਦਾਂ ਦੇ ਸਰਜਨ ਡਾ. ਇਸ਼ੂ ਸਿੰਗਲਾ ਬੀ ਡੀ ਐੱਸ, ਐੱਮ ਡੀ ਐੱਸ ਤੇ ਡਾ. ਗੀਤੂ ਅਗਰਵਾਲ ਬੀ ਡੀ ਐੱਸ, ਐੱਮ ਡੀ ਐੱਸ ਨੇ ਦੰਦਾਂ ਦੀ ਜਾਂਚ ਕੀਤੀ ਤੇ ਲੋੜਵੰਦਾਂ ਨੂੰ ਫਰੀ ਦਵਾਈਆਂ ਦਿੱਤੀਆਂ।ਇਸ ਮੌਕੇ ਪ੍ਰਧਾਨ ਰੁਪਿੰਦਰ ਭਾਰਦਵਾਜ ਨੇ ਡਾਕਟਰ ਸਾਹਿਬਾਨਾਂ ਦਾ ਫ੍ਰੀ ਕੈਂਪ ਲਾਉਣ 'ਤੇ ਧੰਨਵਾਦ ਕੀਤਾ ਤੇ ਡਾਕਟਰ ਸਾਹਿਬਾਨਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਡਾਕਟਰ ਸਾਹਿਬ ਵੱਲੋਂ ਮੈਂਬਰਾਂ ਲਈ ਠੰਢੇ ਤੇ ਚਾਹ ਦਾ ਵੀ ਇੰਤਜ਼ਾਮ ਕੀਤਾ ਗਿਆ।ਉਨ੍ਹਾਂ ਸਾਰੇ ਮੈਂਬਰਾਂ ਨੂੰ ਕਾਰਡ ਵੀ ਬਣਾ ਕੇ ਦਿੱਤੇ ਤਾਂ ਕਿ ਉਹ ਕਿਸੇ ਵੇਲੇ ਵੀ ਆ ਕੇ ਦੰਦ ਚੈੱਕ ਕਰਵਾ ਸਕਦੇ ਹਨ।ਇਸ ਕੈਂਪ ਵਿੱਚ ਸ੍ਰੀ ਕਾਲਾ ਰਾਮ ਕਾਂਸਲ ਐੱਸ ਡੀ ਐੱਮ ਪਾਤੜਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਵੀ ਡਾਕਟਰ ਸਾਹਿਬਾਨਾਂ ਵੱਲੋਂ ਬਜ਼ੁਰਗਾਂ ਲਈ ਮੁਫਤ ਕੈਂਪ ਲਾਉਣ ਦੀ ਸ਼ਲਾਘਾ ਕੀਤੀ ਤੇ ਧੰਨਵਾਦ ਕੀਤਾ।ਐਸੋਸੀਏਸ਼ਨ ਵੱਲੋਂ ਉਨ੍ਹਾਂ ਦਾ ਵੀ ਸਵਾਗਤ ਕੀਤਾ ਗਿਆ ਤੇ ਸਮਾਂ ਕੱਢ ਕੇ ਕੈਂਪ ਵਿੱਚ ਆਉਣ 'ਤੇ ਧੰਨਵਾਦ ਕੀਤਾ ਗਿਆ।ਕੈਂਪ ਵਿੱਚ ਲੱਗਭੱਗ 50 ਮੈਂਬਰਾਂ ਦੇ ਦੰਦਾਂ ਦੀ ਜਾਂਚ ਕੀਤੀ ਗਈ।

## ਝੋਨੇ ਦੇ ਸੀਜ਼ਨ ਦੌਰਾਨ ਟਿਊਬਵੈੱਲ ਬਿਜਲੀ ਸਪਲਾਈ ਦੇ ਮਾੜੇ ਹਾਲਾਤ : ਧੰਜੂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਕਿਸਾਨ ਕਾਂਗਰਸ ਪੰਜਾਬ ਦੇ ਮੀਤ ਪ੍ਰਧਾਨ ਦਲਵਿੰਦਰ ਸਿੰਘ ਧੰਜੂ (ਐਡਵੋਕੇਟ) ਨੇ ਮੌਜੂਦਾ ਝੋਨੇ ਦੇ ਸੀਜ਼ਨ ਦੌਰਾਨ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਰੋਜ਼ਾਨਾ ਨਿਰਵਿਘਨ 8 ਘੰਟੇ ਬਿਜਲੀ ਸਪਲਾਈ ਦਾ ਵਾਅਦਾ ਕੀਤਾ ਸੀ, ਪਰ ਇਸ ਦੇ ਉਲਟ ਮੌਜੂਦਾ ਹਾਲਤਾਂ ਵਿੱਚ ਸਾਰੇ ਪੰਜਾਬ ਵਿੱਚ ਹੀ ਕਿਸਾਨਾਂ ਨੂੰ ਮੋਟਰਾਂ ਲਈ ਮਹਿਜ਼ 3 ਤੋਂ 4 ਘੰਟੇ ਬਿਜਲੀ ਸਪਲਾਈ ਦਿੱਤੀ ਜਾ ਰਹੀ, ਜਿਸ ਕਾਰਨ ਕਿਸਾਨਾਂ ਨੂੰ ਆਪਣੀ ਫਸਲ ਨੂੰ ਬਚਾਉਣ ਲਈ ਮਜਬੂਰੀ ਵੱਸ ਡੀਜ਼ਲ ਜੈਨਰੇਟਰਾਂ ਦਾ ਆਸਰਾ ਲੈਣਾ ਪੈ ਰਿਹਾ ਹੈ, ਜੋ ਕਿ ਕਿਸਾਨਾਂ ਦੀ ਮੌਜੂਦਾ ਵਿੱਤੀ ਹਾਲਤ ਵਿੱਚ ਕਿਸਾਨੀ ਦਾ ਲੱਕ ਤੋੜ ਰਿਹਾ ਹੈ। ਉਨ੍ਹਾ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਮੌਜੂਦਾ ਹਾਲਤਾਂ ਵਿੱਚ ਜੇਕਰ ਪੰਜਾਬ ਸਰਕਾਰ ਕੋਲ ਬਿਜਲੀ ਦੀ ਕਮੀਂ ਹੈ ਤਾਂ ਬਿਨਾਂ ਸਮਾਂ ਗਵਾਏ ਕੇਂਦਰੀ ਪੂਲ ਵਿੱਚੋਂ ਪੰਜਾਬ ਸਰਕਾਰ ਨੂੰ ਬਿਜਲੀ ਲੈ ਕੇ ਇਸ ਔਖੀ ਘੜੀ ਵਿੱਚ ਕਿਸਾਨਾਂ ਦੀ ਬਾਂਹ ਫੜਨੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਮੌਜੂਦਾ ਸਮੇਂ ਵਿੱਚ ਜਦੋਂਕਿ ਮਾਨਸੂਨ ਦੀ ਢਿੱਲੀ ਰਫ਼ਤਾਰ ਕਾਰਨ ਪੰਜਾਬ ਦੇ ਵੱਖ ਵੱਖ ਇਲਾਕਿਆਂ ਤੋਂ ਕਿਸਾਨਾਂ ਵੱਲੋਂ ਬੀਜੀ ਹੋਈ ਝੋਨੇ ਦੀ ਫਸਲ ਵਾਹੁਣ ਦੀਆਂ ਖਬਰਾਂ ਆ ਰਹੀਆਂ ਹਨ, ਇਸ ਐਮਰਜੰਸੀ ਦੇ ਹਾਲਾਤਾਂ ਨੂੰ ਨਜਿੱਠਣ ਲਈ ਪੰਜਾਬ ਸਰਕਾਰ ਨੂੰ ਹੋਰ ਵੀ ਸੰਜੀਦਗੀ ਨਾਲ ਸੋਚ ਵਿਚਾਰ ਕਰਕੇ ਨਿਰਵਿਘਨ ਟਿਊਬਵੈੱਲ ਬਿਜਲੀ ਸਪਲਾਈ ਵੱਲ ਧਿਆਨ ਕੇਂਦ੍ਰਿਤ ਕਰ ਢੁੱਕਵੇਂ ਫੈਸਲੇ ਲੈਣੇ ਚਾਹੀਦੇ ਹਨ।

# ਯੂਰੀਆ ਘੁਟਾਲਾ ਕਿਸਾਨਾਂ ਦੇ ਹੱਕਾਂ 'ਤੇ ਵੱਡਾ ਡਾਕਾ : ਡਾ. ਅਮਰ ਸਿੰਘ

**ਰਾਏਕੋਟ (ਇਕਬਾਲ ਸਿੰਘ, ਸੰਤੋਖ ਗਿੱਲ)**

ਫਤਿਹਗੜ੍ਹ ਸਾਹਿਬ ਤੋਂ ਸੰਸਦ ਮੈਂਬਰ ਡਾ. ਅਮਰ ਸਿੰਘ ਨੇ ਪੰਜਾਬ ਵਿੱਚ ਸਾਹਮਣੇ ਆਏ ਕਥਿਤ ਯੂਰੀਆ ਘੁਟਾਲੇ ਨੂੰ ਪੰਜਾਬ ਦੇ ਕਿਸਾਨਾਂ ਨਾਲ ਹੋਇਆ ਸਭ ਤੋਂ ਵੱਡਾ ਵਿਸ਼ਵਾਸਘਾਤ ਕਰਾਰ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਵਿੱਚ ਕਿਸਾਨਾਂ ਲਈ ਕੇਂਦਰ ਸਰਕਾਰ ਵੱਲੋਂ ਸਬਸਿਡੀ 'ਤੇ ਭੇਜੀ ਜਾਣ ਵਾਲੀ ਯੂਰੀਆ ਖਾਦ ਵੀ ਸੁਰੱਖਿਅਤ ਨਹੀਂ ਰਹੀ।ਜਿਨ੍ਹਾਂ ਕਿਸਾਨਾਂ ਨੂੰ ਖੇਤੀ ਦੇ ਸੀਜ਼ਨ ਦੌਰਾਨ ਯੂਰੀਆ ਦੀ ਘਾਟ, ਲੰਬੀਆਂ ਕਤਾਰਾਂ ਤੇ ਕਾਲਾਬਾਜ਼ਾਰੀ ਦਾ ਸਾਹਮਣਾ ਕਰਨਾ ਪਿਆ, ਅੱਜ ਉਨ੍ਹਾਂ ਨੂੰ ਸਮਝ ਆ ਰਹੀ ਹੈ ਕਿ ਇਸ ਦੀ ਅਸਲ ਵਜ੍ਹਾ ਇਹ ਘੋਟਾਲਾ ਸੀ।ਡਾ. ਅਮਰ ਸਿੰਘ ਨੇ ਕਿਹਾ ਕਿ ਮੀਡੀਆ ਰਿਪੋਰਟਾਂ ਤੇ ਕਿਸਾਨ ਜਥੇਬੰਦੀਆਂ ਵੱਲੋਂ ਸਾਹਮਣੇ ਲਿਆਂਦੇ ਗਏ ਤੱਥ ਬੇਹੱਦ ਚਿੰਤਾਜਨਕ ਹਨ।ਕਿਸਾਨਾਂ ਲਈ ਕਰੀਬ 266 ਰੁਪਏ ਪ੍ਰਤੀ ਬੈਗ ਦੀ ਦਰ ਨਾਲ ਦਿੱਤੀ ਜਾਣ ਵਾਲੀ ਸਬਸਿਡੀ ਵਾਲੇ ਨੀਮ-ਕੋਟਿਡ ਯੂਰੀਆ ਨੂੰ ਕਥਿਤ ਤੌਰ 'ਤੇ ਨਿੱਜੀ ਕੰਪਨੀਆਂ ਰਾਹੀਂ ਕੈਟਲ ਫੀਡ ਪਲਾਂਟਾਂ ਤੱਕ ਪਹੁੰਚਾਇਆ ਗਿਆ, ਜਦਕਿ ਉੱਥੇ ਗੈਰ-ਸਬਸਿਡੀ ਵਾਲੇ ਟੈਕਨੀਕਲ ਗਰੇਡ ਯੂਰੀਆ ਦੀ ਵਰਤੋਂ ਹੋਣੀ ਚਾਹੀਦੀ ਸੀ।ਇਹ ਸਿਰਫ਼ ਸਰਕਾਰੀ ਸਬਸਿਡੀ ਦੀ ਲੁੱਟ ਨਹੀਂ, ਸਗੋਂ ਪੰਜਾਬ ਦੇ ਲੱਖਾਂ ਕਿਸਾਨਾਂ ਦੇ ਹੱਕਾਂ 'ਤੇ ਸਿੱਧਾ ਡਾਕਾ ਹੈ।ਉਨ੍ਹਾਂ ਦੋਸ਼ ਲਗਾਉਂਦੇ ਹੋਏ ਕਿਹਾ ਕਿ ਪੰਜਾਬ ਵਿੱਚ ਯੂਰੀਆ ਦੀ ਫਰਜ਼ੀ ਘਾਟ ਪੈਦਾ ਕਰਕੇ ਕਿਸਾਨਾਂ ਨੂੰ ਖੱਜਲ-ਖੁਆਰ ਕੀਤਾ ਗਿਆ।ਇੱਕ ਪਾਸੇ ਕਿਸਾਨਾਂ ਨੂੰ ਯੂਰੀਆ ਲਈ ਸਾਰਾ ਦਿਨ ਲਾਈਨਾਂ ਵਿੱਚ ਖੜ੍ਹਨਾ ਪਿਆ, ਦੂਜੇ ਪਾਸੇ ਜੇਕਰ ਸਬਸਿਡੀ ਵਾਲੀ ਖਾਦ ਉਦਯੋਗਾਂ ਤੱਕ ਪਹੁੰਚਦੀ ਰਹੀ ਤਾਂ ਇਹ ਬਹੁਤ ਹੀ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦਾ ਇਕ ਹੋਰ ਚਿੰਤਾਜਨਕ ਪੱਖ ਇਹ ਵੀ ਹੈ ਕਿ ਨੀਮ-ਕੋਟਿਡ ਯੂਰੀਆ ਨੂੰ ਪਸ਼ੂਆਂ ਦੀ ਫੀਡ ਵਿੱਚ ਵਰਤੇ ਜਾਣਾ ਬੇਹੱਦ ਚਿੰਤਾਜਨਕ ਹੈ, ਕਿਉਂਕਿ ਇਹ ਯੂਰੀਆ ਪਸ਼ੂਆਂ ਲਈ ਜ਼ਹਿਰ ਦਾ ਕੰਮ ਕਰਦਾ ਹੈ ਤੇ ਉਨ੍ਹਾਂ ਪਸ਼ੂਆਂ ਦਾ ਦੁੱਧ ਹੀ ਸਾਨੂੰ ਘਰਾਂ ਤੱਕ ਪੀਣ ਲਈ ਪਹੁੰਚਦਾ ਹੈ।ਇਸ ਦੀ ਵਿਗਿਆਨਕ ਤੇ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਲੋਕਾਂ ਦੀ ਸਿਹਤ ਤੇ ਪਸ਼ੂ ਪਾਲਣ ਨਾਲ ਜੁੜੇ ਹਰ ਸ਼ੱਕ ਨੂੰ ਦੂਰ ਕੀਤਾ ਜਾ ਸਕੇ।ਸੰਸਦ ਮੈਂਬਰ ਨੇ ਕਿਹਾ ਕਿ ਜੇਕਰ ਇਸ ਪੂਰੇ ਮਾਮਲੇ ਵਿੱਚ ਕਿਸੇ ਸਰਕਾਰੀ ਅਧਿਕਾਰੀ, ਕੋਆਪ੍ਰੇਟਿਵ ਅਦਾਰੇ ਦੇ ਅਧਿਕਾਰੀ, ਸਪਲਾਇਰ ਕੰਪਨੀ ਜਾਂ ਕਿਸੇ ਰਾਜਨੀਤਕ ਸਰਪ੍ਰਸਤੀ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਸ ਨੂੰ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ।ਸਿਰਫ਼ ਛੋਟੇ ਕਰਮਚਾਰੀਆਂ 'ਤੇ ਕਾਰਵਾਈ ਕਰਕੇ ਵੱਡੇ ਦੋਸ਼ੀਆਂ ਨੂੰ ਬਚਾਉਣ ਦੀ ਕੋਸ਼ਿਸ਼ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਮਾਨ ਸਰਕਾਰ ਦੇਵੇਗੀ ਹੁਣ ਔਰਤਾਂ ਨੂੰ ਹਜ਼ਾਰ ਰੁਪਏ ਮਹੀਨਾ ਭੱਤਾ : ਚੇਅਰਮੈਨ ਹਰਸ਼ ਜੈਨ



**ਜਗਰਾਉਂ/ਰਾਏਕੋਟ (ਨਛੱਤਰ ਸੰਧੂ)**-ਪੰਜਾਬ ਸਰਕਾਰ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਅਧੀਨ ਪਿੰਡ ਸੁਧਾਰ ਵਿਖੇ ਆਂਗਣਵਾੜੀ ਵਰਕਰਾਂ ਵੱਲੋਂ ਔਰਤਾਂ ਦੇ ਹਜ਼ਾਰ ਰੁਪਏ ਪ੍ਰਤੀ ਮਹੀਨੇ ਵਾਲੇ ਫਾਰਮ ਭਰੇ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਆਪ ਆਗੂ ਚੇਅਰਮੈਨ ਹਰਸ਼ ਜੈਨ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਔਰਤਾਂ ਦੀ ਇਸ ਮੰਗ ਨੂੰ ਸਰਕਾਰ ਨੇ ਪੂਰਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣੇ ਕੀਤੇ ਹੋਏ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ।ਉਨ੍ਹਾਂ ਕਿਹਾ ਕਿ ਹਲਕਾ ਰਾਏਕੋਟ ਅੰਦਰ ਵਿਧਾਇਕ ਠੇਕੇਦਾਰ ਹਾਕਮ ਸਿੰਘ ਦੀ ਅਗਵਾਈ ਹੇਠ ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਚੱਲ ਰਹੇ ਹਨ।ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਠੇਕੇਦਾਰ ਹਾਕਮ ਸਿੰਘ ਵੱਡੀ ਲੀਡ ਨਾਲ ਜਿੱਤ ਕੇ ਵਿਧਾਇਕ ਬਣਨਗੇ।ਅਖੀਰ ਉਨ੍ਹਾਂ ਕਿਹਾ ਕਿ ਹੁਣ ਸਮੁੱਚੇ ਪੰਜਾਬ ਦੇ ਲੋਕਾਂ ਨੇ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਦਾ ਤਹੱਈਆ ਕਰ ਲਿਆ ਹੈ।

# ਜਾਲ੍ਹੀ ਐੱਨ ਓ ਸੀਜ਼ ਲਗਾ ਕੇ 35 ਵਸੀਕੇ ਤਸਦੀਕ ਕਰਵਾਏ : ਐੱਸ ਡੀ ਐੱਮ

**ਪੜਤਾਲ ਦੌਰਾਨ ਹੋਇਆ ਖੁਲਾਸਾ, ਗਰੋਹ ਖਿਲਾਫ ਕਾਨੂੰਨੀ ਕਾਰਵਾਈ ਲਈ ਡੀ ਐੱਸ ਪੀ ਨੂੰ ਲਿਖਿਆ ਪੱਤਰ**



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਉਪ ਮੰਡਲ ਮੈਜਿਸਟਰੇਟ ਖੰਨਾ ਸਵਾਤੀ ਟਿਵਾਣਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਰਬਜੀਤ ਸਿੰਘ ਵਾਸੀ ਪਿੰਡ ਬਾਹੋਮਾਜਰਾ, ਤਹਿਸੀਲ ਖੰਨਾ ਨੇ ਉਨ੍ਹਾਂ ਨੂੰ ਇੱਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਸੀ ਕਿ ਦਫਤਰ ਸਬ ਰਜਿਸਟਰਾਰ ਖੰਨਾ ਵਿੱਚ ਕੁਝ ਵਿਅਕਤੀਆਂ ਦੇ ਗਰੋਹ ਨੇ ਜਾਲ੍ਹੀ ਐੱਨ.ਓ.ਸੀਜ਼ ਲਗਾ ਕੇ ਵਸੀਕੇ ਤਸਦੀਕ ਕਰਵਾਏ ਹਨ।ਉਨ੍ਹਾਂ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਤਹਿਸੀਲਦਾਰ ਖੰਨਾ ਪਾਸੋਂ ਕਰਵਾਈ ਗਈ।ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ 35 ਵਸੀਕੇ ਜਾਲ੍ਹੀ ਐੱਨ. ਓ. ਸੀਜ਼ ਲਗਾ ਕੇ ਤਸਦੀਕ ਕਰਵਾਏ ਗਏ ਹਨ।ਇਹ ਜਾਲ੍ਹੀ ਐੱਨ.ਓ.ਸੀਜ਼ ਤੋਂ ਰਜਿਸਟਰੀਆਂ ਕਰਵਾਉਣ ਵਾਲੇ ਵਿਅਕਤੀਆਂ ਖਿਲਾਫ ਕਾਨੂੰਨ ਅਨੁਸਾਰ ਕਾਰਵਾਈ ਕਰਨ ਲਈ ਉਪ ਪੁਲਸ ਕਪਤਾਨ ਖੰਨਾ ਨੂੰ ਇਸ ਦਫਤਰ ਵਲੋਂ ਪੱਤਰ ਭੇਜਿਆ ਜਾ ਚੁੱਕਾ ਹੈ ਤੇ 18 ਵਸੀਕੇ ਮੈਨੂਅਲ ਐੱਨ. ਓ. ਸੀਜ਼ ਦੇ ਆਧਾਰ 'ਤੇ ਕੀਤੇ ਗਏ ਹਨ, ਜਿਨ੍ਹਾਂ ਦੀ ਪੜਤਾਲ ਕਾਰਜ ਸਾਧਕ ਅਫਸਰ ਨਗਰ ਕੌਂਸਲ ਖੰਨਾ ਪਾਸੋਂ ਕਰਵਾਈ ਜਾ ਰਹੀ ਹੈ।ਸ੍ਰੀਮਤੀ ਸਵਾਤੀ ਟਿਵਾਣਾ ਨੇ ਦੱਸਿਆ ਕਿ ਇਨ੍ਹਾਂ ਵਸੀਕਿਆਂ ਦੀ ਪੜਤਾਲ ਰਿਪੋਰਟ ਪ੍ਰਾਪਤ ਹੋਣ 'ਤੇ ਕਾਨੂੰਨ ਅਨੁਸਾਰ ਕਾਰਵਾਈ ਕਰਨ ਲਈ ਉਪ ਪੁਲਸ ਕਪਤਾਨ ਖੰਨਾ ਨੂੰ ਭੇਜ ਦਿੱਤੇ ਜਾਣਗੇ।ਇਨ੍ਹਾਂ ਤੋਂ ਇਲਾਵਾ ਹੋਰ ਵਸੀਕਿਆਂ ਸਬੰਧੀ ਵੀ ਪੜਤਾਲ ਕੀਤੀ ਜਾ ਰਹੀ ਹੈ, ਜਿਨ੍ਹਾਂ ਦੇ ਖੁਲਾਸੇ ਆਉਣ ਵਾਲੇ ਦਿਨਾਂ ਵਿੱਚ ਕੀਤੇ ਜਾਣਗੇ।ਉਪ ਮੰਡਲ ਮੈਜਿਸਟਰੇਟ ਖੰਨਾ ਨੇ ਆਮ ਪਬਲਿਕ ਨੂੰ ਅਪੀਲ ਕੀਤੀ ਹੈ ਕਿ ਜਦੋਂ ਵੀ ਕੋਈ ਪ੍ਰਾਪਰਟੀ ਖ੍ਰੀਦਣੀ ਹੋਵੇ ਤਾਂ ਪ੍ਰਾਪਰਟੀ ਸਬੰਧੀ ਕਾਗਜ਼ਾਤ ਚੰਗੀ ਤਰ੍ਹਾਂ ਚੈੱਕ ਕਰਕੇ ਹੀ ਖਰੀਦ ਕੀਤੀ ਜਾਵੇ ਤਾਂ ਜੋ ਬਾਅਦ ਵਿੱਚ ਅਜਿਹੀ ਸਥਿਤੀ ਪੈਦਾ ਨਾ ਹੋਵੇ।ਉਨ੍ਹਾਂ ਕਿਹਾ ਕਿ ਗਲਤ ਕੰਮ ਕਰਨ ਵਾਲੇ ਕਿਸੇ ਵੀ ਵਿਅਕਤੀ ਜਾਂ ਕਰਮਚਾਰੀ ਨੂੰ ਬਖਸ਼ਿਆ ਨਹੀਂ ਜਾਵੇਗਾ।ਇਸ ਸਮੇਂ ਤਹਿਸੀਲਦਾਰ ਖੰਨਾ ਸ੍ਰੀ ਗੁਰਚਰਨ ਸਿੰਘ ਤੇ ਹੋਰ ਕਰਮਚਾਰੀ ਹਾਜ਼ਰ ਸਨ।

## ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਬੌਧਿਕ ਸੰਪਤੀ ਅਧਿਕਾਰਾਂ ਬਾਰੇ ਲੈਕਚਰ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ (ਡੀ ਬੀ ਯੂ) ਨੇ ਆਪਣੀ ਵਿਗਿਆਨਕ ਤੇ ਉਦਯੋਗਿਕ ਖੋਜ ਸੰਸਥਾ (ਐੱਸ ਆਈ ਆਰ ਓ) ਤੇ ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ (ਆਈ ਆਈ ਸੀ) ਦੇ ਸਾਂਝੇ ਉਪਰਾਲੇ ਤਹਿਤ ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਦੇ ਸਹਿਯੋਗ ਨਾਲ 'ਬੌਧਿਕ ਸੰਪਤੀ ਤੇ ਤੁਸੀਂ : ਹੁਣ ਸਮਾਂ ਆ ਗਿਆ ਹੈ' ਵਿਸ਼ੇ 'ਤੇ ਇੱਕ ਮਾਹਰ ਲੈਕਚਰ ਕਰਵਾਇਆ।ਇਸ ਦਾ ਮਕਸਦ ਬੌਧਿਕ ਸੰਪਤੀ ਅਧਿਕਾਰਾਂ (ਆਈ ਪੀ ਆਰ) ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਇਹ ਲੈਕਚਰ ਪ੍ਰੋ. (ਡਾ.) ਹਰਪ੍ਰੀਤ ਸਿੰਘ ਡਾਇਰੈਕਟਰ ਖੋਜ ਤੇ ਵਿਕਾਸ ਡੀਬੀਯੂ-ਸਾਇਰੋ ਵੱਲੋਂ ਦਿੱਤਾ ਗਿਆ।ਉਨ੍ਹਾਂ ਨਵੀਨਤਾ ਤੇ ਖੋਜ ਦੀ ਸੁਰੱਖਿਆ ਲਈ ਪੇਟੈਂਟ, ਕਾਪੀਰਾਈਟ, ਟ੍ਰੇਡਮਾਰਕ ਤੇ ਡਿਜ਼ਾਈਨ ਅਧਿਕਾਰਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਪੇਟੈਂਟ ਤੇ ਕਾਪੀਰਾਈਟ ਹਾਸਲ ਕਰਨ ਦੇ ਆਪਣੇ ਤਜਰਬੇ ਵੀ ਸਾਂਝੇ ਕੀਤੇ ਤੇ ਹਾਜ਼ਰ ਵਿਦਿਆਰਥੀਆਂ ਤੇ ਖੋਜਕਰਤਾਵਾਂ ਨੂੰ ਬੌਧਿਕ ਸੰਪਤੀ ਦੀ ਸਿਰਜਣਾ ਤੇ ਇਸ ਦੇ ਵਪਾਰਕ ਉਪਯੋਗ ਵੱਲ ਪ੍ਰੇਰਿਤ ਕੀਤਾ।ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਵਿਸ਼ੇਸ਼ ਹਾਜ਼ਰੀ ਲਗਵਾਈ।ਉਨ੍ਹਾਂ ਖੋਜ, ਨਵੀਨਤਾ ਤੇ ਉਦਯਮਤਾ ਨੂੰ ਉਤਸ਼ਾਹਤ ਕਰਨ ਵਿੱਚ ਬੌਧਿਕ ਸੰਪਤੀ ਅਧਿਕਾਰਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ।ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ, ਖੋਜਕਰਤਾਵਾਂ ਤੇ ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਭਾਗ ਲਿਆ।

## ਨਵੀਂ ਸਵੇਰ ਪਾਠਸ਼ਾਲਾ ਦਾ 'ਬਾਲ ਸਿਰਜਣਾਤਮਕਤਾ ਕੈਂਪ' ਦਾ ਸਮਾਪਤੀ ਪ੍ਰੋਗਰਾਮ



**ਲੁਧਿਆਣਾ (ਰੈਕਟਰ ਕਥੂਰੀਆ)**-ਨਵੀਂ ਸਵੇਰ ਪਾਠਸ਼ਾਲਾ ਵੱਲੋਂ ਮਜ਼ਦੂਰ ਕਲੋਨੀ ਈ.ਡਬਲਯੂ.ਐੱਸ. ਕਲੋਨੀ ਵਿੱਚ ਅੱਠਵੇਂ 'ਬਾਲ ਸਿਰਣਾਤਮਕਤਾ ਕੈਂਪ' ਦਾ ਸਮਾਪਤੀ ਪ੍ਰੋਗਰਾਮ ਕੀਤਾ ਗਿਆ।ਪ੍ਰੋਗਰਾਮ 'ਚ ਬੱਚੇ ਤੇ ਉਨ੍ਹਾਂ ਦੇ ਮਾਤਾ-ਪਿਤਾ, ਕਲੋਨੀ ਨਿਵਾਸੀ ਹਾਜ਼ਰ ਹੋਏ।ਛੋਟੇ ਬੱਚਿਆਂ ਨੇ 'ਛੋਟੇ ਛੋਟੇ ਤਮਾਸ਼ੇ' ਗਾਣੇ 'ਤੇ ਅਤੇ ਵੱਡੇ ਬੱਚਿਆਂ ਨੇ 'ਇੱਕ ਜ਼ਿੰਦਗੀ' ਗਾਣੇ ਉੱਤੇ ਡਾਂਸ ਕੀਤਾ।15 ਬੱਚਿਆਂ ਦੀ ਟੀਮ ਨੇ ਮੁਨਸ਼ੀ ਪ੍ਰੇਮ ਚੰਦ ਦੀ ਕਹਾਣੀ 'ਈਦਗਾਹ' ਉੱਤੇ ਨਾਟਕ ਖੇਡਿਆ, ਜਿਸ ਨੂੰ ਦਰਸ਼ਕਾਂ ਨੇ ਬਹੁਤ ਧਿਆਨ ਨਾਲ਼ ਦੇਖਿਆ।ਬੱਚਿਆਂ ਨੇ ਕਵਿਤਾਵਾਂ ਦਾ ਪਾਠ ਵੀ ਕੀਤਾ ਤੇ ਰਾਵੀ, ਅੰਸ਼ੂ, ਸਾਹਿਲ, ਸਿਲਪੀ ਤੇ ਇਸ਼ਿਤਾ ਨੇ ਕੈਂਪ ਵਿੱਚ ਨਵੀਆਂ ਨਵੀਆਂ ਗੱਲਾਂ ਸਿੱਖਣ ਤੇ ਡਰਾਇੰਗ ਕਰਨ, ਮਿੱਟੀ ਦੇ ਖਿਡੌਣੇ ਬਣਾਉਣ, ਕਬਾੜ ਦਾ ਜੁਗਾੜ, ਵਿਗਿਆਨਕ ਪ੍ਰਯੋਗ ਕਰਨ ਆਦਿ ਦਾ ਤਜਰਬਾ ਵੀ ਹਾਜ਼ਰ ਲੋਕਾਂ ਨਾਲ਼ ਸਾਂਝਾ ਕੀਤਾ।ਸਟੇਜ ਸੰਚਾਲਨ ਨਵੀਂ ਸਵੇਰ ਪਾਠਸ਼ਾਲਾ ਦੀਆਂ ਵਲੰਟੀਅਰ ਮੌਸਮ ਤੇ ਟੀਨਾ ਨੇ ਕੀਤਾ।ਰਵਿੰਦਰ ਕੌਰ ਨੇ 'ਸ਼ਹੀਦ ਭਗਤ ਸਿੰਘ ਸਮਾਜ ਵਿਗਿਆਨ ਸੁਸਾਇਟੀ (ਰਜਿ)' ਨਾਲ਼ ਸਬੰਧਤ 'ਨਵੀਂ ਸਵੇਰ ਪਾਠਸ਼ਾਲਾ' ਦੇ ਮਕਸਦ ਬਾਰੇ ਹਾਜ਼ਰ ਲੋਕਾਂ ਨਾਲ਼ ਗੱਲ ਕੀਤੀ ਤੇ ਇਸ ਕੈਂਪ ਨੂੰ ਕਰਾਉਣ ਦੇ ਮਕਸਦ ਬਾਰੇ ਦੱਸਿਆ।ਅੱਜ ਦੇ ਸਮੇਂ ਬੱਚਿਆਂ ਨੂੰ ਗੰਦਲੇ ਸੱਭਿਆਚਾਰ ਤੋਂ ਬਚਾਉਣ ਤੇ ਉਨ੍ਹਾਂ ਨੂੰ ਚੰਗੇ ਵਿਗਿਆਨਕ ਸੋਚ ਵਾਲੇ ਇਨਸਾਨ ਬਣਾਉਣ ਲਈ ਨਵੀਂ ਸਵੇਰ ਪਾਠਸ਼ਾਲਾ ਹਰ ਸਮੇਂ ਕਾਰਜਸ਼ੀਲ ਹੈ।ਪ੍ਰੋਗਰਾਮ ਦੇ ਅੰਤ ਵਿੱਚ ਇਸ ਕੈਂਪ 'ਚ ਸ਼ਾਮਲ 60 ਬੱਚਿਆਂ ਨੂੰ ਕਹਾਣੀ ਵਾਲੀਆਂ ਕਿਤਾਬਾਂ ਦੇ ਕੇ ਸਨਮਾਨਤ ਕੀਤਾ ਗਿਆ ਤੇ ਵਲੰਟੀਅਰ ਪੂਜਾ ਨੇ ਸਭ ਦਾ ਧੰਨਵਾਦ ਕੀਤਾ।ਪ੍ਰੋਗਰਾਮ ਨੂੰ ਸਭ ਨੇ ਬਹੁਤ ਉਤਸ਼ਾਹ ਨਾਲ਼ ਦੇਖਿਆ ਤੇ ਅਨੰਦ ਮਾਣਿਆ।

# ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀ ਸ੍ਰੀ ਦਰਬਾਰ ਸਾਹਿਬ ਵਿਖੇ ਹੋਏ ਨਤਮਸਤਕ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਗਰਮੀਆਂ ਦੀਆਂ ਛੁੱਟੀਆਂ ਦੌਰਾਨ ਨੌਜਵਾਨ ਪੀੜ੍ਹੀ ਨੂੰ ਸਿੱਖ ਧਰਮ, ਇਤਿਹਾਸ ਤੇ ਸੇਵਾ ਭਾਵਨਾ ਨਾਲ ਜੋੜਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ ਬੇਹੱਦ ਸ਼ਲਾਘਾਯੋਗ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀਆਂ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਤੇ ਸਟਾਫ਼ ਮੈਂਬਰਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਇੱਕ-ਇੱਕ ਦਿਨ ਦੀ ਸੇਵਾ ਲਈ ਬੁਲਾਇਆ ਜਾ ਰਿਹਾ ਹੈ।ਇਸੇ ਲੜੀ ਤਹਿਤ ਮਾਤਾ ਗੁਜਰੀ ਕਾਲਜ ਦੇ ਸਟਾਫ਼ ਮੈਂਬਰ ਤੇ ਵਿਦਿਆਰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਨਤਮਸਤਕ ਹੋਏ, ਜਿੱਥੇ ਉਨ੍ਹਾਂ ਵੱਲੋਂ ਦੇਸ਼-ਵਿਦੇਸ਼ ਤੋਂ ਰੋਜ਼ਾਨਾ ਆਉਣ ਵਾਲੀਆਂ ਸੰਗਤਾਂ ਨੂੰ ਸੌਖੇ ਢੰਗ ਨਾਲ ਮੱਥਾ ਟੇਕਣ ਲਈ ਪ੍ਰਬੰਧਾਂ ਵਿੱਚ ਸਹਿਯੋਗ ਦਿੱਤਾ ਗਿਆ ਤੇ ਠੰਢਾ ਜਲ ਛਕਾਉਣ ਦੀ ਸੇਵਾ ਵੀ ਕੀਤੀ ਗਈ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਬਜ਼ੁਰਗਾਂ ਨੂੰ ਆਰਾਮ ਨਾਲ ਬਿਠਾਉਣ, ਸੰਗਤਾਂ ਨੂੰ ਗੁਰੂ ਘਰ ਦੀ ਮਰਿਆਦਾ ਅਨੁਸਾਰ ਅਨੁਸ਼ਾਸਨ ਬਣਾਈ ਰੱਖਣ ਤੇ ਇਲਾਹੀ ਕੀਰਤਨ ਸਰਵਣ ਕਰਨ ਲਈ ਪ੍ਰੇਰਿਤ ਕਰਨ ਦੀ ਸੇਵਾ ਵੀ ਨਿਭਾਈ ਗਈ। ਵਰਣਨਯੋਗ ਹੈ ਕਿ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ, ਐਨ.ਸੀ.ਸੀ. ਯੂਨਿਟ ਤੇ ਮਾਤਾ ਗੁਜਰੀ ਸਟੱਡੀ ਸਰਕਲ ਦੇ ਲਗਭਗ 100 ਵਿਦਿਆਰਥੀਆਂ ਤੇ 10 ਸਟਾਫ਼ ਮੈਂਬਰਾਂ ਨੇ ਨਿਮਰਤਾ ਤੇ ਸੇਵਾ-ਭਾਵਨਾ ਸਹਿਤ ਇਨ੍ਹਾਂ ਸੇਵਾ ਕਾਰਜਾਂ ਵਿੱਚ ਭਾਗ ਲੈ ਕੇ ਆਪਣੇ ਆਪ ਨੂੰ ਸੁਭਾਗਾ ਮਹਿਸੂਸ ਕੀਤਾ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਕਾਰਜ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਉਪਰਾਲਾ ਵਿਦਿਆਰਥੀਆਂ ਦੇ ਸਮੇਂ ਨੂੰ ਸਾਰਥਕ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੀਆਂ ਧਾਰਮਿਕ ਜੜ੍ਹਾਂ, ਸਿੱਖੀ ਤੇ ਗੁਰਮਤਿ ਮੁੱਲਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ।ਕਾਲਜ ਪ੍ਰਿੰਸੀਪਲ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੇ ਸਕੱਤਰ ਇੰਜੀ. ਸੁਖਮਿੰਦਰ ਸਿੰਘ ਦੀ ਅਗਵਾਈ ਹੇਠ ਚੱਲ ਰਹੀ ਇਸ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸੇਵਾ-ਆਧਾਰਤ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ, ਕਿਉਂਕਿ ਅਜੋਕੇ ਸਮੇਂ ਵਿੱਚ ਜਦੋਂ ਛੁੱਟੀਆਂ ਦੌਰਾਨ ਬਹੁਤ ਸਾਰੇ ਵਿਦਿਆਰਥੀ ਸੈਰ-ਸਪਾਟੇ ਜਾਂ ਮਨੋਰੰਜਨ ਵੱਲ ਰੁਝਾਨ ਰੱਖਦੇ ਹਨ, ਉਸ ਵੇਲੇ ਗੁਰੂ ਘਰ ਨਾਲ ਜੋੜਨ ਵਾਲੀ ਇਹ ਵਿਲੱਖਣ ਪਹਿਲ ਉਨ੍ਹਾਂ ਅੰਦਰ ਸੇਵਾ, ਸਿਮਰਨ ਤੇ ਗੁਰਸਿੱਖੀ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕਰਦੀ ਹੈ। ਵਿਦਿਆਰਥੀਆਂ ਤੇ ਕਾਲਜ ਦੇ ਸਟਾਫ਼ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਮੁੱਚੇ ਪ੍ਰਬੰਧਨ ਤੇ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੇ ਅਧਿਕਾਰੀਆਂ ਦਾ ਇਸ ਧਾਰਮਿਕ ਸੇਵਾ ਦੌਰਾਨ ਸਹਿਯੋਗ ਤੇ ਅਗਵਾਈ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

## ਢੰਡੀ ਕਦੀਮ 'ਚ ਲੜਾਈ ਦੇ ਸੰਬੰਧ 'ਚ 5 ਲੋਕਾਂ ਵਿਰੁੱਧ ਮੁਕੱਦਮਾ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਪੁਲਸ ਵੱਲੋਂ ਪਿੰਡ ਢੰਡੀ ਕਦੀਮ ਵਿਖੇ ਹੋਈ ਲੜਾਈ ਦੇ ਸਬੰਧ ਵਿਚ 5 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ ਹਰਵਿੰਦਰ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਢੰਡੀ ਕਦੀਮ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਕਿ 18 ਜੂਨ ਨੂੰ ਦੇਰ ਰਾਤ ਕਰੀਬ 9.35 ਵਜੇ ਉਹ ਆਪਣੇ ਘਰ ਪਿੰਡ ਢੰਡੀ ਕਦੀਮ ਨੂੰ ਜਾ ਰਿਹਾ ਸੀ ਤਾਂ ਰਸਤੇ ਵਿਚ ਬਖਸ਼ੀਸ਼ ਸਿੰਘ ਵਗੈਰਾ ਨੇ ਇਕੱਠੇ ਹੋ ਕੇ ਉਸਨੂੰ ਰਸਤੇ ਵਿਚ ਰੋਕ ਕੇ ਉਸਦੀ ਕੁੱਟਮਾਰ ਕੀਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਗਈਆਂ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਤਨਾਮ ਦਾਸ ਨੇ ਦੱਸਿਆ ਕਿ ਮੁੱਦਈ ਹਰਵਿੰਦਰ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਬਖਸ਼ੀਸ਼ ਸਿੰਘ, ਗੁਰਪ੍ਰੀਤ ਸਿੰਘ ਅਤੇ 2-3 ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਨੰਬਰ 137 ਮਿਤੀ 28 ਜੂਨ 2026 ਨੂੰ ਧਾਰਾ 126 (2) 115(2), 351(2), 3(5) ਬੀ.ਐਨ.ਐਸ. ਅਧੀਨ ਦਰਜ ਕੀਤਾ ਗਿਆ ਹੈ।

# ਸੁਖਬੀਰ ਬਾਦਲ ਨਾਲ ਮਾਹਲਾ ਤੇ ਬਰਾੜ ਨੇ ਕੀਤੀ ਮੁਲਾਕਾਤ

■ **ਅਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਚਾਰ-ਚਰਚਾ**



**ਬਾਘਾ ਪੁਰਾਣਾ (ਮਨੀ ਸਿੰਗਲਾ)**

ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਪਾਰਟੀ ਦੀ ਮਜ਼ਬੂਤੀ ਲਈ ਲਗਾਤਾਰ ਸਰਗਰਮ ਨਜ਼ਰ ਆ ਰਹੇ ਹਨ।ਇਸੇ ਕੜੀ ਤਹਿਤ ਉਨ੍ਹਾਂ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਅਹਿਮ ਮੁਲਾਕਾਤ ਕੀਤੀ ਗਈ।ਇਸ ਮੌਕੇ ਉਨ੍ਹਾਂ ਨਾਲ ਯੂਥ ਆਗੂ ਸੁਖਵੀਰ ਸਿੰਘ ਬਰਾੜ ਬਾਘਾ ਪੁਰਾਣਾ ਵੀ ਹਾਜ਼ਰ ਸਨ। ਇਸ ਮੌਕੇ ਜਥੇਦਾਰ ਤੀਰਥ ਸਿੰਘ ਮਾਹਲਾ ਸਮੇਤ ਸੁਖਵੀਰ ਸਿੰਘ ਬਰਾੜ ਨੇ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤ ਤੇ ਸੰਗਠਨਾਤਮਕ ਗਤੀਵਿਧੀਆਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ।ਮੁਲਾਕਾਤ ਦੌਰਾਨ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਮੋਗਾ ਜ਼ਿਲ੍ਹੇ ਦੇ ਚਾਰਾਂ ਵਿਧਾਨ ਸਭਾ ਹਲਕਿਆਂ ਦੀ ਮੌਜੂਦਾ ਰਾਜਨੀਤਕ ਸਥਿਤੀ, ਪਾਰਟੀ ਦੀਆਂ ਗਤੀਵਿਧੀਆਂ ਤੇ ਲੋਕਾਂ ਦੇ ਰੁਝਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਦੇ ਨਾਲ ਹੀ ਉਨ੍ਹਾਂ ਨੇ ਸੱਤਾਧਾਰੀ ਧਿਰ ਦੀਆਂ ਨਾਕਾਮੀਆਂ ਤੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਵੀ ਪਾਰਟੀ ਪ੍ਰਧਾਨ ਨੂੰ ਜਾਣੂ ਕਰਵਾਇਆ।ਸੂਤਰਾਂ ਅਨੁਸਾਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਕਾਰਗੁਜ਼ਾਰੀ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਉਨ੍ਹਾਂ ਦੇ ਸੰਗਠਨਾਤਮਕ ਯਤਨਾਂ ਦੀ ਸ਼ਲਾਘਾ ਕੀਤੀ।ਯੂਥ ਆਗੂ ਸੁਖਵੀਰ ਸਿੰਘ ਬਰਾੜ ਨੇ ਆਖਿਆ ਕਿ ਜਥੇਦਾਰ ਮਾਹਲਾ ਉਨ੍ਹਾਂ ਆਗੂਆਂ ਵਿੱਚੋਂ ਹਨ, ਜੋ ਪਾਰਟੀ ਦੇ ਆਗੂਆਂ, ਵਰਕਰਾਂ ਤੇ ਹਲਕੇ ਦੇ ਲੋਕਾਂ ਨਾਲ ਹੋਣ ਵਾਲੀ ਕਿਸੇ ਵੀ ਧੱਕੇਸ਼ਾਹੀ ਖ਼ਿਲਾਫ਼ ਡੱਟ ਕੇ ਆਵਾਜ਼ ਉਠਾਉਂਦੇ ਹਨ ਤੇ ਹਮੇਸ਼ਾ ਲੋਕਾਂ ਦੇ ਹੱਕ ਵਿੱਚ ਖੜ੍ਹਦੇ ਹਨ।

ਇਸ ਮੌਕੇ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹਨ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਬਦਲਾਅ ਲਈ ਮਨ ਬਣਾ ਚੁੱਕੇ ਹਨ।ਜਥੇਦਾਰ ਮਾਹਲਾ ਨੇ ਕਿਹਾ ਕਿ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈਅਤੇ ਉਹ ਪਿੰਡਾਂ ਤੇ ਸ਼ਹਿਰਾਂ 'ਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰ ਰਹੇ ਹਨ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਮਜ਼ਬੂਤੀ ਨਾਲ ਵਾਪਸੀ ਕਰੇਗਾ।

# ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਵੱਲੋਂ ਨਾਟਕ 'ਜੇ ਅਸੀਂ ਚੁੱਪ ਹੀ ਰਹੇ' ਪੇਸ਼



**ਲੁਧਿਆਣਾ (ਸਤੀਸ਼ ਸਚਦੇਵਾ)**-ਇੱਥੋਂ 15 ਕਿਲੋਮੀਟਰ ਦੂਰ ਮੁੱਲਾਂਪੁਰ ਗੁਰਸ਼ਰਨ ਭਵਨ ਵਿਖੇ ਮਹੀਨੇ ਦੇ ਅਖੀਰਲੇ ਸ਼ਨੀਵਾਰ ਦੇ ਸਮਾਗਮ ਵਿੱਚ ਇਸ ਵਾਰ ਲੋਕ ਕਲਾ ਮੰਚ (ਰਜਿ:) ਮੰਡੀ ਮੁੱਲਾਂਪੁਰ ਦਾ ਨਾਟਕ 'ਜੇ ਅਸੀਂ ਚੁੱਪ ਹੀ ਰਹੇ' ਪੇਸ਼ ਹੋਇਆ।ਸਟੇਜ ਸਕੱਤਰ ਦੀ ਅਹਿਮ ਭੂਮਿਕਾ ਲੈਕਚਰਾਰ ਪ੍ਰਗਟ ਸਿੰਘ ਨੇ ਬਾਖੂਬੀ ਨਿਭਾਈ।ਸਮਾਗਮ ਦੇ ਆਗਾਜ਼ ਦੀ ਜ਼ਿੰਮੇਵਾਰੀ ਸਰਵ ਸਾਂਝੇ ਰੂਪ ਵਿੱਚ ਡਾਕਟਰ ਨਿਰਮਲ ਜੌੜਾ, ਬੈਂਕ ਮੈਨੇਜਰ ਜਸਰਮਨ ਸਿੰਘ ਬੇਦੀ, ਮਾਸਟਰ ਉਜਾਗਰ ਸਿੰਘ, ਉੱਘੇ ਲੇਖਕ ਅਮਰੀਕ ਸਿੰਘ ਤਲਵੰਡੀ, ਜਸਮੇਰ ਸਿੰਘ ਢੱਟ, ਵਿਜੈ ਮੋਗਾ, ਹਰਕੇਸ਼ ਚੌਧਰੀ, ਜੱਸ ਚੁਟਾਨੀ ਆਦਿ ਨੇ ਸਾਂਝੇ ਰੂਪ ਵਿੱਚ ਨਿਭਾਈ।ਇਸ ਮੌਕੇ ਬੋਲਦਿਆਂ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਦੇ ਪ੍ਰਧਾਨ ਹਰਕੇਸ਼ ਚੌਧਰੀ ਨੇ ਦਰਸ਼ਕਾਂ ਨੂੰ ਜੀ ਆਇਆਂ ਨੂੰ ਆਖਿਆ ਤੇ ਆਪਣੀ ਕੈਨੇਡਾ ਫੇਰੀ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾ ਆਖਿਆ ਕਿ ਜੇਕਰ ਸਾਡੇ ਮੁਲਕ ਦੇ ਹਾਕਮ ਇਮਾਨਦਾਰ ਹੋਣ ਤਾਂ ਸਾਡਾ ਵਤਨ ਕਿਸੇ ਕੈਨੇਡਾ, ਅਮਰੀਕਾ ਤੋਂ ਘੱਟ ਨਹੀਂ ਹੈ।ਅਮਰੀਕ ਤਲਵੰਡੀ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਜਗਦੀਆਂ ਮੋਮਬੱਤੀਆਂ ਦੀ ਲੋਅ ਵਿੱਚ ਸਮਾਗਮ ਦਾ ਉਦਘਾਟਨ ਕੀਤਾ ਗਿਆ।

ਇਸ ਤੋਂ ਤਰੁੰਤ ਬਾਅਦ ਨਾਟਕ 'ਜੇ ਅਸੀਂ ਚੁੱਪ ਹੀ ਰਹੇ' ਲੇਖਕ ਤੇ ਨਿਰਦੇਸ਼ਕ ਹਰਕੇਸ਼ ਚੌਧਰੀ ਦੀ ਨਿਰਦੇਸ਼ਨਾਂ ਹੇਠ ਪੇਸ਼ ਹੋਇਆ।ਨਾਟਕ ਆਪਣੀ ਗੱਲ ਕਹਿਣ ਵਿੱਚ ਕਾਮਯਾਬ ਰਿਹਾ।ਦਲਿਤ ਭਾਈਚਾਰੇ ਦੀ ਸਦੀਆਂ ਤੋਂ ਹੋ ਰਹੀ ਲੁੱਟ ਤੇ ਜਬਰ ਦੀ ਕਹਾਣੀ ਨਾਟਕ ਜ਼ਬਰਦਸਤ ਤਰੀਕੇ ਨਾਲ਼ ਕਹਿ ਗਿਆ।ਨਾਟਕ ਸੁਨੇਹਾ ਦੇਣ ਵਿੱਚ ਕਾਮਯਾਬ ਰਿਹਾ ਕਿ ਹੁਣ ਇਕਲਵਿਆ ਵੀ ਆਪਣੇ ਅੰਗੂਠਿਆਂ ਦੀ ਰਾਖੀ ਕਰਨ ਦੀ ਜਾਚ ਸਿਖ ਰਹੇ ਹਨ।ਦਰਸ਼ਕਾਂ ਨੇ ਨਾਟਕ ਦਾ ਖੂਬ ਆਨੰਦ ਮਾਣਿਆ।ਡਾਕਟਰ ਨਿਰਮਲ ਜੌੜਾ ਨੇ ਅਦਾਕਾਰਾਂ ਦੀ ਤਾਰੀਫ਼ ਕੀਤੀ ਕਿ ਸਾਰੇ ਕਲਾਕਾਰਾਂ ਨੇ ਆਪੋ ਆਪਣੇ ਕਿਰਦਾਰਾਂ ਵਿੱਚ ਜਾਨ ਪਾਈ ਰੱਖੀ।ਪ੍ਰਧਾਨ ਠਾਕੁਰ ਸਿੰਘ ਦੇ ਰੋਲ ਵਿੱਚ ਕਮਲਜੀਤ ਮੋਹੀ ਤੇ ਵੀ ਸੀ ਦੇ ਰੋਲ ਵਿੱਚ ਦੀਪਕ ਰਾਏ ਖ਼ੂਬ ਨਿਭੇ।

ਇਸੇ ਤਰ੍ਹਾਂ ਰਣਵੀਰ ਸਿੰਘ, ਨੈਨਾ ਸ਼ਰਮਾ, ਲਖਵੀਰ ਸਿੰਘ, ਕਿਰਨਦੀਪ ਕੌਰ, ਜਸਮੀਨ ਕੌਰ, ਏਕਮ ਸਿੰਘ ਨੇ ਵੀ ਆਪਣੀ ਅਦਾਕਾਰੀ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਮੌਕੇ ਦਰਸ਼ਕਾਂ ਅੰਜੂ ਚੌਧਰੀ, ਸੁਖਦੀਪ ਸਿੰਘ, ਅਜਮੇਰ ਸਿੰਘ ਮੁੱਲਾਂਪੁਰ, ਨਿਰਜਾ ਬਾਂਸਲ, ਅਜਮੇਰ ਸਿੰਘ ਦਾਖਾ, ਜਗਸੀਰ ਖ਼ਾਲਸਾ, ਨਰਿੰਦਰ ਪਾਲ ਸਿੰਘ ਆਦਿ ਹਾਜ਼ਰ ਸਨ।

# ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ 187ਵੀਂ ਬਰਸੀ ਮਨਾਈ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ 187ਵੀਂ ਬਰਸੀ ਦੀਨਾਨਗਰ ਸਥਿਤ ਇਤਿਹਾਸਕ ਬਾਰਾਂਦਰੀ ਵਿਖੇ ਪੂਰੀ ਸ਼ਰਧਾ ਭਾਵਨਾ ਨਾਲ ਮਨਾਈ ਗਈ।ਵਿਰਾਸਤੀ ਮੰਚ ਬਟਾਲਾ ਅਤੇ ਬਾਬਾ ਸ੍ਰੀ ਚੰਦ ਸੇਵਾ ਸੁਸਾਇਟੀ ਵੱਲੋਂ ਦੀਨਾਨਗਰ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਮਹਾਰਾਜਾ ਰਣਜੀਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਭੇਜੇ ਗਏ ਪੰਥ ਪ੍ਰਸਿੱਧ ਢਾਡੀ ਜਥੇ ਭਾਈ ਗੁਰਸੇਵਕਜੀਤ ਸਿੰਘ ਵੱਲੋਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਜੀਵਨ ਪ੍ਰਸੰਗ ਨੂੰ ਸੰਗਤਾਂ ਨਾਲ ਸਾਂਝਾ ਕੀਤਾ ਗਿਆ।ਸ਼ਰਧਾਂਜਲੀ ਭੇਟ ਕਰਦਿਆਂ ਵਿਰਾਸਤੀ ਮੰਚ, ਬਟਾਲਾ ਦੇ ਸਰਪ੍ਰਸਤ ਐਡਵੋਕੇਟ ਐੱਚ. ਐੱਸ. ਮਾਂਗਟ ਨੇ ਕਿਹਾ ਕਿ ਵਿਰਾਸਤੀ ਮੰਚ ਬਟਾਲਾ ਦਾ ਟੀਚਾ ਇਸ ਇਤਿਹਾਸਕ ਇਮਾਰਤ ਨੂੰ ਮੁੜ ਸੁਰਜੀਤ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਆਪਣੇ ਕੌਮੀ ਨਾਇਕਾਂ ਨੂੰ ਯਾਦ ਰੱਖਣਾ ਅਤੇ ਉਨ੍ਹਾਂ ਦੀ ਵਿਰਾਸਤ ਨੂੰ ਸੰਭਾਲਣਾ ਸਾਡਾ ਨੈਤਿਕ ਫ਼ਰਜ਼ ਹੈ।ਉਨ੍ਹਾਂ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਦੀਨਾਨਗਰ ਦੀ ਇਸ ਇਤਿਹਾਸਕ ਬਾਰਾਂਦਰੀ ਦੀ ਤੁਰੰਤ ਸੰਭਾਲ ਕਰਕੇ ਇਸ ਦੀ ਸ਼ਾਨ ਨੂੰ ਮੁੜ ਬਹਾਲ ਕੀਤਾ ਜਾਵੇ।ਇਸ ਮੌਕੇ ਵਿਰਾਸਤੀ ਮੰਚ ਬਟਾਲਾ ਦੇ ਪ੍ਰਧਾਨ ਬਲਦੇਵ ਸਿੰਘ ਰੰਧਾਵਾ ਨੇ ਕਿਹਾ ਕਿ ਮਹਾਰਾਜਾ



ਰਣਜੀਤ ਸਿੰਘ ਦੀ ਇਤਿਹਾਸ ਨੂੰ ਬਹੁਤ ਵੱਡੀ ਦੇਣ ਹੈ ਅਤੇ ਇੱਕ ਵਿਸ਼ਾਲ ਖਿੱਤੇ ਉੱਪਰ ਉਨ੍ਹਾਂ ਨੇ ਆਪਣੀ ਕਾਬਲੀਅਤ ਨਾਲ ਰਾਜ ਕੀਤਾ।ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦਾ ਰਾਜ ਸਭ ਦਾ ਸਾਂਝਾ ਰਾਜ ਸੀ ਅਤੇ ਏਹੀ ਕਾਰਨ ਹੈ ਕਿ ਉਸਦੇ ਹਲੀਮੀ ਰਾਜ ਦੀਆਂ ਅੱਜ ਵੀ ਉਦਾਹਰਨਾਂ ਦਿੱਤੀਆਂ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਵਿਰਾਸਤੀ ਮੰਚ ਬਟਾਲਾ ਆਪਣੇ ਇਤਿਹਾਸ ਦੀਆਂ ਵਿਰਾਸਤਾਂ ਨੂੰ ਬਚਾਉਣ ਲਈ ਯਤਨ ਕਰਦਾ ਰਹੇਗਾ।ਬਾਬਾ ਸ੍ਰੀ ਚੰਦ ਸੇਵਾ ਸੁਸਾਇਟੀ ਦੇ ਪ੍ਰਧਾਨ ਜਥੇਦਾਰ ਨਰਿੰਦਰ ਸਿੰਘ ਬਾੜਾ ਨੇ ਕਿਹਾ ਕਿ ਵਿਰਾਸਤੀ ਇਮਾਰਤਾਂ ਦੀ ਸੰਭਾਲ ਕਰਨਾ ਸਾਡਾ ਸਾਰਿਆਂ ਦਾ ਫਰਜ਼ ਹੈ।ਉੱਘੇ ਵਿਦਵਾਨ ਅਤੇ ਗੁਰੂ ਕੀ ਕਾਸ਼ੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਸਵਿੰਦਰ ਸਿੰਘ ਢਿੱਲੋਂ ਅਤੇ ਬ੍ਰਿਗੇਡੀਅਰ ਉਲੰਪੀਅਨ ਹਰਚਰਨ ਸਿੰਘ ਨੇ ਵੀ ਬੜੇ ਹੀ ਵਧੀਆ ਢੰਗ ਨਾਲ ਸ਼ੇਰੇ ਪੰਜਾਬ ਦੇ ਜੀਵਨ ਦੇ ਅਹਿਮ ਪਹਿਲੂਆਂ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ।ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਸੰਗਤ ਲਈ ਠੰਡੇ-ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੁੱਚਾ ਸਿੰਘ ਲੰਗਾਹ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਗੁਰਿੰਦਰ ਸਿੰਘ ਸ਼ਾਮਪੁਰਾ, ਪਾਲ ਸਿੰਘ ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਜਸਪਾਲ ਸਿੰਘ, ਅਮਰੀਕ ਸਿੰਘ ਆਲੀਚੱਕ, ਰਜਿੰਦਰ ਸਿੰਘ ਬਹਿਰਾਮਪੁਰ, ਨਿਰਮਲ ਖਲੀਲਪੁਰ, ਦਰਬਾਰਾ ਸਿੰਘ ਜ਼ਕਰੀਆ, ਵਿਰਾਸਤੀ ਮੰਚ ਬਟਾਲਾ ਦੇ ਸੀਨੀਅਰ ਵਾਈਸ ਪ੍ਰਧਾਨ ਸ਼ਮਸ਼ੇਰ ਸਿੰਘ ਮੱਲ੍ਹੀ, ਠੇਕੇਦਾਰ ਕੁਲਵਿੰਦਰ ਸਿੰਘ ਲਾਡੀ, ਪ੍ਰਿੰਸਪਾਲ ਸਿੰਘ ਚੱਠਾ, ਸ਼ੇਰੇ ਪੰਜਾਬ ਸਿੰਘ ਕਾਹਲੋਂ, ਬਲਕਾਰ ਸਿੰਘ, ਹਰਬਖ਼ਸ਼ ਸਿੰਘ, ਲੈਕਚਰਾਰ ਜਸਬੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਵੀ ਹਾਜ਼ਰ ਸੀ।

# ਮੋਦੀ ਸਰਕਾਰ ਦੀਆਂ ਲੋਕ ਮਾਰੂ ਤੇ ਕਾਰਪੋਰੇਟ ਪੱਖੀ ਨੀਤੀਆਂ ਦੇ ਵਿਰੋਧ 'ਚ ਸੰਘਰਸ਼ ਜਾਰੀ ਰਹੇਗਾ: ਕਾਮਰੇਡ ਸੇਖੋਂ

ਪਠਾਨਕੋਟ (ਦਵਿੰਦਰ ਸਿੰਘ)-ਸੀ ਪੀ ਆਈ ਐੱਮ ਦੀ ਜ਼ਿਲ੍ਹਾ ਪੱਧਰੀ ਜਨਰਲ ਬਾਡੀ ਮੀਟਿੰਗ ਕਾ. ਰਾਜੇਸ਼ ਜਸਰੋਟੀਆ ਦੀ ਪ੍ਰਧਾਨਗੀ ਹੇਠ ਪਾਰਟੀ ਦਫਤਰ ਗਾਂਧੀ ਚੌਕ ਪਠਾਨਕੋਟ ਵਿਖੇ ਹੋਈ।

ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਕਾ ਸੁਰਿੰਦਰ ਸਹਿਗਲ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਜ਼ਿਲ੍ਹਾ ਕਮੇਟੀ ਮੈਂਬਰ ਅਤੇ ਤਹਿਸੀਲ ਕਮੇਟੀਆਂ ਦੇ ਮੈਂਬਰ ਹਾਜ਼ਰ ਹੋਏ।ਸੂਬਾ ਸਕੱਤਰ ਕਾ ਸੇਖੋਂ ਅਤੇ ਜ਼ਿਲ੍ਹਾ ਇੰਚਾਰਜ ਭਜਲ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਕਮੇਟੀ ਮੈਂਬਰ ਕੇਵਲ ਕਾਲੀਆ, ਪਰਸ਼ੋਤਮ ਕੁਮਾਰ, ਬਲਵੰਤ ਸਿੰਘ, ਦੇਵੀ ਸੈਣੀ, ਬਿਕਰਮਜੀਤ, ਵਿਜੈ ਕੁਮਾਰ, ਜਗਦੀਸ਼ ਰਾਜ, ਚਮਨ ਲਾਲ, ਅਵਿਨਾਸ਼ ਸੈਣੀ ਹਾਜਰ ਸਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾ ਸੇਖੋਂ ਨੇ ਕਿਹਾ ਕਿ ਮੋਦੀ ਸਰਕਾਰ ਦੀਆਂ ਨੀਤੀਆਂ ਲੋਕ ਵਿਰੋਧੀ ਹਨ ਅਤੇ ਇਹ ਨੀਤੀਆਂ ਕਾਰਪੋਰੇਟ ਪੱਖੀ ਹਨ।ਇਹ ਨੀਤੀਆਂ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਨੂੰ ਪੂਰਦੀਆ ਹਨ।ਉਨ੍ਹਾਂ ਕਿਹਾ ਕਿ ਮੋਦੀ ਦੀ ਭਾਜਪਾ ਸਰਕਾਰ ਨੇ 140 ਕਰੋੜ ਲੋਕਾਂ ਦੇ ਹਿੱਤ 100 ਵੱਡੇ ਕਾਰਪੋਰੇਟ ਘਰਾਣਿਆਂ ਕੋਲ ਗਹਿਣੇ ਰੱਖ ਦਿੱਤੇ ਹਨ।ਦੇਸ਼ ਦਾ ਹਰ ਖੇਤਰ ਤੇ ਕਾਰੋਬਾਰੀ ਅਦਾਰਾ ਅਡਾਨੀ, ਅਬਾਨੀ ਦੇ ਹਵਾਲੇ ਕਰ ਦਿੱਤਾ ਹੈ।ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਕਰਕੇ ਕਾਰਪੋਰੇਟ ਘਰਾਣਿਆਂ ਕਰਕੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕੀਤਾ ਜਾ ਰਿਹਾ ਹੈ।ਜਦੋਂ ਕਿ ਆਮ ਆਦਮੀ ਮਹਿੰਗਾਈ ਬੇਰੁਜ਼ਗਾਰੀ,



ਭੁੱਖਮਰੀ ਦਾ ਸ਼ਿਕਾਰ ਹੋ ਰਿਹਾ ਹੈ ਜਦੋਂਕਿ ਮੁਕਤ ਵਪਾਰ ਸਮਝੌਤਾ ਕਿਸਾਨੀ ਮਜ਼ਦੂਰ ਅਤੇ ਵਪਾਰ ਨੂੰ ਤਬਾਹ ਕਰ ਦੇਵੇਗਾ।ਅਮਰੀਕਾ ਦੀਆ ਵੱਡੇ ਫਾਰਮਾਂ, ਵਿੱਚ ਸਬਸਿਡੀਆਂ ਲੈ ਕੇ ਆਈਆਂ ਵਸਤਾਂ 'ਤੇ ਕੋਈ ਟੈਕਸ ਨਹੀਂ ਲਵੇਗਾ।ਇਸ ਨਾਲ ਕਿਸਾਨੀ, ਮੱਛੀ ਪਾਲਕ, ਡੇਅਰੀ, ਮੁਰਗੀ ਖਾਨੇ ਤੇ ਹੋਰ ਵਪਾਰੀ ਉਨ੍ਹਾਂ ਦਾ ਮੁਕਾਬਲਾ ਨਹੀਂ ਕਰ ਸਕਣਗੇ ਤੇ ਤਬਾਹ ਹੋ ਜਾਣਗੇ।

ਦੇਸ਼ ਦੀ ਵਿਦੇਸ਼ ਨੀਤੀ ਸਾਮਰਾਜ ਦੇ ਦਬਾ ਹੇਠ ਕੰਮ ਕਰ ਰਹੀ ਹੈ।ਭਾਵੇਂ ਮੁੱਦਾ ਭਾਰਤੀ ਪਰਵਾਸੀਆਂ ਦਾ ਭਾਰਤ ਜ਼ਾਲਮਾਨਾ ਤਰੀਕੇ ਨਾਲ ਭੇਜਣ ਦਾ ਹੋਵੇ, ਤੇਲ ਕਿੱਥੋਂ ਖਰੀਦਣਾ ਅਤੇ ਕਿੱਥੋਂ ਨਹੀਂ ਖਰੀਦਣਾ ਹੋਵੇ, ਭਾਵੇਂ ਵੇਂਜੁਲਾ ਦੇ ਚੁਣੇ ਹੋਏ ਰਾਸ਼ਟਰਪਤੀ ਨੂੰ ਜਬਰੀ ਚੁੱਕਣ ਦਾ ਹੋਵੇ, ਭਾਵੇਂ ਈਰਾਨ ਤੇ ਹਮਲਾ ਕਰਨ ਦਾ ਹੋਵੇ, ਭਾਵੇਂ ਈਰਾਨ ਤੇ ਹਮਲਾ ਕਰਕੇ 150 ਬੱਚਿਆਂ ਨੂੰ ਮਾਰਨ ਦਾ ਹੋਵੇ, ਸਰਕਾਰ ਅਮਰੀਕਾ ਦਾ ਵਿਰੋਧ ਨਹੀਂ ਕਰ ਸਕੀ।ਇਹ ਅਧੀਨਗੀ ਵਾਲਾ ਵਰਤਾਰਾ ਹੈ।ਇਨ੍ਹਾਂ ਨੀਤੀਆਂ ਦਾ ਪਾਰਟੀ ਵਿਰੋਧ ਕਰਕੇ ਸੰਘਰਸ਼ ਕਰੇਗੀ ਅਤੇ ਪਾਰਟੀ ਸਦਾ ਦੇਸ਼ ਦੇ ਲੋਕ ਮੁੱਦਿਆਂ ਸਬੰਧੀ ਲੜਦੀ ਰਹੀ ਹੈ ਤੇ ਸਾਡਾ ਸੰਘਰਸ਼ ਜਾਰੀ ਰਹੇਗਾ।ਪੰਜਾਬ ਸਰਕਾਰ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਮਾਨ ਸਰਕਾਰ ਹਰ ਖੇਤਰ ਵਿਚ ਅਸਫਲ ਰਹੀ ਹੈ।

ਮਨਰੇਗਾ ਦਾ ਨਾਂ ਬਦਲ ਕੇ ਮੋਦੀ ਸਰਕਾਰ ਦੁਆਰਾ ਬਣਾਇਆ ਕਾਨੂੰਨ ਇਸ ਨੇ ਲਾਗੂ ਕਰ ਦਿੱਤਾ ਹੈ।8 ਘੰਟੇ ਦੀ ਥਾਂ 13 ਘੰਟੇ ਦੀ ਦਿਹਾੜੀ ਲਾਗੂ ਕਰ ਦਿੱਤੀ ਹੈ।ਲਾਅ ਐਂਡ ਆਰਡਰ ਦੀ ਹਾਲਤ ਬਹੁਤ ਮਾੜੀ ਹੋ ਗਈ ਹੈ।ਕਾ ਭਜਲ ਨੇ ਕਿਹਾ ਕਿ ਇਹਨਾ ਨੀਤੀਆਂ ਦੇ ਵਿਰੋਧ ਵਿੱਚ ਕਿਸਾਨ ਸਭਾ, ਅਤੇ ਖੇਤ ਮਜ਼ਦੂਰ ਸਭਾ ਵੱਲੋਂ ਸਾਰੇ ਜ਼ਿਲ੍ਹਿਆਂ ਦੀਆ ਤਹਿਸੀਲ ਅਤੇ ਸਬ ਤਹਿਸੀਲਾਂ ਵਿੱਚ ਧਰਨੇ ਦਿੱਤੇ ਜਾਣਗੇ।

ਜ਼ਿਲ੍ਹੇ ਪਠਾਨਕੋਟ ਵਿੱਚ ਵੀ ਇਹ ਧਰਨੇ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਸਫਲ ਕਰਨ ਲਈ ਪ੍ਰੇਰਨਾ ਦਿੱਤੀ। ਜ਼ਿਲ੍ਹਾ ਸਕੱਤਰ ਕਾ ਸਹਿਗਲ ਨੇ ਭਰੋਸਾ ਦਿੱਤਾ ਕਿ ਸਾਰੇ ਫੈਸਲੇ ਲਾਗੂ ਕੀਤੇ ਜਾਣਗੇ ਅਤੇ ਜਥੇਬੰਦੀਆਂ ਦੀ ਮੀਟਿੰਗਾ ਕਰਵਾਕੇ ਧਰਨੇ ਸਫਲ ਕੀਤੇ ਜਾਣਗੇ।10 ਅਗਸਤ ਦਾ ਐਕਸ਼ਨ ਸਫਲ ਹੋਵੇਗਾ। ਅੰਤ ਵਿੱਚ ਰਾਜੇਸ਼ ਜਸਰੋਟੀਆ ਨੇ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ।

## ਹਰਜਿੰਦਰ ਸਿੰਘ ਸ਼ਹਿਰੀ ਪ੍ਰਧਾਨ ਨਿਯੁਕਤ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਭਗਵਾਨ ਵਾਲਮੀਕੀ ਸੇਵਾ ਸੁਸਾਇਟੀ ਦੇ ਚੇਅਰਮੈਨ ਵਿਕਰਮਜੀਤ ਸਿੰਘ ਵਿੱਕੀ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ ਜਿਸ ਵਿੱਚ ਹਰਜਿੰਦਰ ਸਿੰਘ ਸਪੁੱਤਰ ਅਜੀਤ ਸਿੰਘ ਵਾਸੀ ਛੇਹਰਟਾ ਨੂੰ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਮੁਖੀ ਵਿਕਰਮਜੀਤ ਸਿੰਘ



ਵਿੱਕੀ ਚਵਿੰਡਾ ਦੇਵੀ, ਮਾਝਾ ਜ਼ੋਨ ਦੇ ਪ੍ਰਧਾਨ ਲਵਜੀਤ ਸਿੰਘ, ਪ੍ਰਧਾਨ ਸੁਲੱਖਣ ਸਿੰਘ, ਪ੍ਰਧਾਨ ਗੁਰਦੇਵ ਸਿੰਘ ਆਦਿ ਹਾਜ਼ਰ ਸਨ।

## ਸਰਪੰਚਾਂ ਲਈ ਦਸ ਹਜ਼ਾਰ ਮਾਸਿਕ ਮਾਣਭੱਤਾ ਸ਼ਲਾਘਾਯੋਗ ਫੈਸਲਾ: ਸਰਹਾਲਾ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਪੰਜਾਬ ਦੀ ਆਪ ਸਰਕਾਰ ਵੱਲੋਂ ਪੰਚਾਇਤਾਂ ਨੂੰ ਮਜ਼ਬੂਤ ਅਤੇ ਵਿਕਾਸ ਕਾਰਜਾਂ ਲਈ ਵੱਡਾ ਐਲਾਨ ਕੀਤਾ ਹੈ ਅਤੇ 15 ਅਗਸਤ ਤੋਂ ਪੰਜਾਬ ਦੇ ਸਾਰੇ ਸਰਪੰਚਾਂ ਨੂੰ ਦਸ ਹਜ਼ਾਰ ਰੁਪਏ ਪ੍ਰਤੀ ਮਹੀਨਾ ਮਾਣਭੱਤਾ ਦਿੱਤਾ ਜਾਵੇਗਾ ਜਿਸ ਦੀ ਸ਼ਲਾਘਾ ਕਰਦਿਆਂ ਸਰਹਾਲਾ ਪਿੰਡ ਦੇ ਸਰਪੰਚ ਹਰਭੇਜ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੌਜੂਦਾ ਸਮੇਂ 2000 ਰੁਪਏ ਮਾਣ ਭੱਤੇ ਨੂੰ ਵਧਾ ਕੇ 10,000 ਰੁਪਏ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਪੰਚ ਪਿੰਡ ਦਾ ਵਿਕਾਸ ਕਰਨ ਅਤੇ ਲੋਕਾਂ



ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਦਿਨ-ਰਾਤ ਕੰਮ ਕਰਦੇ ਹਨ। ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸਰਪੰਚਾਂ ਦਾ ਮਾਣਭੱਤਾ ਵਧਾਉਣ 'ਤੇ ਅਸੀਂ ਸਰਕਾਰ ਦੇ ਬਹੁਤ ਧੰਨਵਾਦੀ ਹਾਂ।

## ਸਿਹਤ ਤੇ ਸਮਾਜ ਸੇਵਾ ਦੇ ਖੇਤਰ 'ਚ ਡਾ. ਗੁਲਵਤਨ ਤੇ ਅਵਤਾਰ ਸਿੰਘ ਦੀ ਨਿਵੇਕਲੀ ਪਛਾਣ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਪਿਤਾ ਦਿਵਸ ਮੌਕੇ ਸਮਾਜ ਸੇਵਾ ਅਤੇ ਸਿੱਖਿਆ ਦੇ ਖੇਤਰ ਵਿੱਚ ਯੋਗਦਾਨ ਲਈ ਡਾ. ਗੁਲਵਤਨ ਸਿੰਘ ਅਤੇ ਅਵਤਾਰ ਸਿੰਘ ਕੰਗ ਦੀ ਵਿਸ਼ੇਸ਼ ਪਹਿਚਾਣ ਸਿੱਖਿਆ, ਸਿਹਤ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਉਣ ਵਾਲੇ ਡਾ. ਗੁਲਵਤਨ ਸਿੰਘ ਐੱਮ ਡੀ ਐਨੇਸਥੀਸੀਆ ਅਤੇ ਅਵਤਾਰ ਸਿੰਘ ਕੰਗ (ਸੇਵਾ ਮੁਕਤ ਪੁਲਸ ਅਫਸਰ) ਲਗਾਤਾਰ ਲੋਕ ਸੇਵਾ ਅਤੇ ਸੰਸਥਾਗਤ ਵਿਕਾਸ ਲਈ ਯੋਗਦਾਨ ਪਾ ਰਹੇ ਹਨ।ਡਾ. ਗੁਲਵਤਨ ਸਿੰਘ ਨੇ ਮੈਡੀਕਲ ਖੇਤਰ ਵਿੱਚ ਆਪਣੀ ਮਿਹਨਤ, ਤਜਰਬੇ ਅਤੇ ਸੇਵਾ ਭਾਵਨਾ ਨਾਲ ਇੱਕ ਵਿਲੱਖਣ ਸਥਾਨ ਬਣਾਇਆ ਹੈ।ਐਨੇਸਥੀਸੀਆ ਵਰਗੇ ਮਹੱਤਵਪੂਰਨ ਵਿਭਾਗ ਵਿੱਚ ਮਰੀਜ਼ਾਂ ਦੀ ਸੁਰੱਖਿਆ ਅਤੇ ਉੱਚ ਪੱਧਰੀ ਸਿਹਤ ਸੇਵਾਵਾਂ ਲਈ ਉਨ੍ਹਾਂ ਦੀ ਭੂਮਿਕਾ ਅਹਿਮ ਰਹੀ ਹੈ।ਦੂਜੇ ਪਾਸੇ ਅਵਤਾਰ ਸਿੰਘ ਕੰਗ (ਸੇਵਾ ਮੁਕਤ ਪੁਲਸ ਅਫਸਰ) ਨੇ ਪੁਲਸ ਸੇਵਾ ਦੌਰਾਨ ਆਪਣੀ ਇਮਾਨਦਾਰੀ, ਅਨੁਸ਼ਾਸਨ ਅਤੇ ਲੋਕਾਂ ਨਾਲ ਜੁੜੇ ਰਹਿਣ ਵਾਲੇ ਸੁਭਾਅ ਨਾਲ ਆਪਣੀ ਪਛਾਣ ਬਣਾਈ। ਰਿਟਾਇਰਮੈਂਟ ਤੋਂ ਬਾਅਦ ਵੀ ਉਹ ਸਿੱਖਿਆ ਅਤੇ ਸਮਾਜਿਕ ਖੇਤਰ ਨਾਲ ਜੁੜ ਕੇ ਨੌਜਵਾਨ ਪੀੜ੍ਹੀ ਨੂੰ ਅੱਗੇ ਵਧਾਉਣ ਲਈ ਕੰਮ ਕਰ ਰਹੇ ਹਨ।ਇਸੇ ਸੇਵਾ ਭਾਵਨਾ ਦੇ ਤਹਿਤ ਸ਼੍ਰੀ ਗੁਰੂ ਰਾਮਦਾਸ ਸੰਸਥਾਵਾਂ ਪੰਧੇਰ ਅੰਮ੍ਰਿਤਸਰ ਦੇ ਮੈਨੇਜਿੰਗ ਡਾਇਰੈਕਟਰ ਵਜੋਂ ਅਵਤਾਰ ਸਿੰਘ ਕੰਗ ਸੰਸਥਾ ਦੇ ਵਿਕਾਸ, ਵਿਦਿਆਰਥੀਆਂ ਦੇ ਭਵਿੱਖ ਅਤੇ ਗੁਣਵੱਤਾ ਭਰਪੂਰ ਸਿੱਖਿਆ ਨੂੰ ਅੱਗੇ ਵਧਾਉਣ ਲਈ ਯਤਨਸ਼ੀਲ ਹਨ।ਦੋਵੇਂ ਸ਼ਖ਼ਸੀਅਤਾਂ ਦੀ ਸੋਚ ਹੈ ਕਿ ਸਿੱਖਿਆ ਅਤੇ ਸਿਹਤ ਖੇਤਰ ਦੀ ਤਰੱਕੀ ਨਾਲ ਸਮਾਜ ਨੂੰ ਮਜ਼ਬੂਤ ਬਣਾਇਆ ਜਾ ਸਕਦਾ ਹੈ।ਉਨ੍ਹਾਂ ਦੀ ਮਿਹਨਤ, ਤਜਰਬਾ ਅਤੇ ਲੋਕ ਭਲਾਈ ਪ੍ਰਤੀ ਸਮਰਪਣ ਕਈ ਲੋਕਾਂ ਲਈ ਪ੍ਰੇਰਣਾ ਦਾ ਸਰੋਤ ਹੈ।ਸਮਾਜ ਸੇਵਾ, ਸਿੱਖਿਆ ਅਤੇ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਲਈ ਡਾ. ਗੁਲਵਤਨ ਸਿੰਘ ਅਤੇ ਅਵਤਾਰ ਸਿੰਘ ਕੰਗ ਦਾ ਯੋਗਦਾਨ ਹਮੇਸ਼ਾ ਸਤਿਕਾਰਯੋਗ ਰਹੇਗਾ।



## ਬੜੀ ਸ਼ਰਧਾ ਨਾਲ ਮਨਾਇਆ ਸਾਲਾਨਾ ਜੋੜ ਮੇਲਾ

ਚੋਹਲਾ ਸਾਹਿਬ (ਰਮਨ ਚੱਢਾ)-ਧੰਨ ਧੰਨ ਬਾਬੇ ਸ਼ਹੀਦ ਚੋਹਲਾ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਹ ਜੋੜ ਮੇਲਾ ਸਮੂਹ ਸੰਗਤ ਦੇ ਸਹਿਯੋਗ ਅਤੇ ਸੰਤ ਬਾਬਾ ਸੁੱਖਾ ਸਿੰਘ ਜੀ ਸੰਪਰਦਾਏ ਕਾਰ ਸੇਵਾ ਸਰਹਾਲੀ ਸਾਹਿਬ ਦੇ ਸਹਿਯੋਗ ਨਾਲ ਬੜੀ ਸ਼ਰਧਾ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਕਥਾ ਕੀਰਤਨ ਅਤੇ ਕਵੀਸ਼ਰ ਦੀਵਾਨ ਲਗਾਏ ਗਏ ਜੋ ਇਸ ਵਿੱਚ ਪੰਥ ਦੇ ਮਹਾਨ ਕਵੀਸ਼ਰ ਭਾਈ ਰਣਜੀਤ ਸਿੰਘ ਚੋਹਲਾ ਸਾਹਿਬ ਕਥਾਵਾਚਕ ਭਾਈ ਹਰਜੀਤ ਸਿੰਘ ਸ੍ਰੀ ਦਰਬਾਰ ਸਾਹਿਬ ਚੋਹਲਾ ਸਾਹਿਬ ਅਤੇ ਕੀਰਤਨੀ ਜੱਥਾ ਭਾਈ ਹਰਭੇਜ ਸਿੰਘ ਬਾਬਾ ਲੂਆਂ ਜੀ ਵਾਲਿਆਂ ਵੱਲੋਂ ਸੰਗਤਾਂ ਨੂੰ ਗੁਰੂ ਜਸ ਨਾਲ ਨਿਹਾਲ ਕੀਤਾ ਗਿਆ। ਇਸ ਮੌਕੇ ਗੁਰੂ ਕਾ ਲੰਗਰ ਸਾਰਾ ਦਿਨ ਅਟੁੱਟ ਵਰਤਾਇਆ ਗਿਆ ਅਤੇ ਸੇਵਾਦਾਰਾਂ ਵੱਲੋਂ ਤਿੰਨੋ ਦਿਨ-ਰਾਤ ਸੇਵਾ ਕੀਤੀ ਗਈ। ਇਸ ਮੌਕੇ ਸਰਬਜੀਤ ਸਿੰਘ ਰਾਜਾ. ਬਬਲੂ ਮਨੀਮ, ਜਜਮੀਤ ਸਿੰਘ ਸੀ ਏ., ਸਤਨਾਮ ਸਿੰਘ ਮਿਸਤਰੀ, ਨਿਸ਼ਾਨ ਸਿੰਘ, ਧਰਮਵੀਰ ਸ਼ਾਹ, ਜਗਰੂਪ ਸਿੰਘ, ਸਵਰਨ ਸਿੰਘ ਮੁਨੀਮ, ਡਾ. ਜਤਿੰਦਰ ਸਿੰਘ, ਨਿਰਮਲ ਸਿੰਘ ਫੌਜੀ ਅਤੇ ਸਮੂਹ ਸੇਵਾਦਾਰਾਂ ਵੱਲੋਂ ਸੇਵਾ ਕੀਤੀ ਗਈ।

## ਸਟਰੀਟ ਲਾਈਟ ਵਰਕਰਜ਼ ਯੂਨੀਅਨ ਵੱਲੋਂ ਭੰਡਾਰੀ ਪੁਲ 'ਤੇ ਰੋਸ ਰੈਲੀ ਭਲਕੇ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਨਗਰ ਨਿਗਮ ਸਟਰੀਟ ਲਾਈਟ ਵਰਕਰਜ਼ ਯੂਨੀਅਨ (ਸੀਟੂ) ਵੱਲੋਂ ਡੀ. ਸੀ. ਰੇਟ 'ਤੇ ਕੰਮ ਕਰਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਵਾਉਣ ਦੀ ਮੰਗ ਨੂੰ ਲੈ ਕੇ 1 ਜੁਲਾਈ ਨੂੰ ਭੰਡਾਰੀ ਪੁਲ, ਅੰਮ੍ਰਿਤਸਰ 'ਤੇ ਵਿਸ਼ਾਲ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਪ੍ਰਧਾਨ ਤਰਸੇਮ ਸਿੰਘ ਦਿਓਲ ਤੇ ਜਨਰਲ ਸਕੱਤਰ ਵਾਸੂਦੇਵ ਨੇ ਦੱਸਿਆ ਕਿ ਸਟਰੀਟ ਲਾਈਟ ਵਰਕਰ ਪਿਛਲੇ 10 ਤੋਂ 15 ਸਾਲਾਂ ਤੋਂ ਨਗਰ ਨਿਗਮ ਵਿਚ ਡੀ. ਸੀ. ਰੇਟਾਂ 'ਤੇ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਹਨ, ਪਰ ਸਮੇਂ ਦੀਆਂ ਸਰਕਾਰਾਂ ਨੇ ਉਨ੍ਹਾਂ ਨੂੰ ਰੈਗੂਲਰ ਕਰਨ ਲਈ ਕੋਈ ਠੋਸ ਯਤਨ ਨਹੀਂ ਕੀਤਾ।



ਯੂਨੀਅਨ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਸੀਵਰੇਜ ਵਿਭਾਗ ਦੇ ਵਰਕਰਾਂ ਨੂੰ ਰੈਗੂਲਰ ਕਰ ਦਿੱਤਾ ਗਿਆ ਹੈ, ਜਦਕਿ ਸਟਰੀਟ ਲਾਈਟ ਵਰਕਰਾਂ ਨਾਲ ਲਗਾਤਾਰ ਪੱਖਪਾਤ ਕੀਤਾ ਜਾ ਰਿਹਾ ਹੈ। ਇਸ ਮਸਲੇ ਦੇ ਹੱਲ ਲਈ ਵਰਕਰ ਕਈ ਵਾਰ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਨੂੰ ਮਿਲ ਚੁੱਕੇ ਹਨ, ਪਰ ਹਰ ਵਾਰ ਉਨ੍ਹਾਂ ਨੂੰ ਸਿਰਫ਼ ਖੋਖਲੇ ਭਰੋਸੇ ਹੀ ਮਿਲੇ ਹਨ। ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਇਹ ਧਰਨਾ ਨਾ ਸਿਰਫ਼ ਵਰਕਰਾਂ ਨੂੰ ਪੱਕਾ ਕਰਵਾਉਣ ਲਈ ਹੈ, ਬਲਕਿ ਸਰਕਾਰ ਵੱਲੋਂ 1 ਜੁਲਾਈ ਨੂੰ ਲਾਗੂ ਕੀਤੀ ਜਾ ਰਹੀ 'ਜੀ ਰਾਮ ਜੀ ਵਿਕਸਿਤ ਭਾਰਤ ਸਕੀਮ' ਨੂੰ ਰੱਦ ਕਰਵਾਉਣ ਲਈ ਵੀ ਦਿੱਤਾ ਜਾ ਰਿਹਾ ਹੈ।

ਯੂਨੀਅਨ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਹੱਕੀ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਤਾਂ 1 ਜੁਲਾਈ ਨੂੰ ਭੰਡਾਰੀ ਪੁਲ 'ਤੇ ਵੱਡਾ ਸਿਆਸੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਜੇ ਕੁਮਾਰ, ਤਰਸੇਮ ਟਪਿਆਲਾ, ਕਿਰਪਾ ਰਾਮ, ਜਸਪਾਲ ਸ਼ਰਮਾ, ਕੁਲਵੰਤ ਸਿੰਘ, ਮੇਜਰ ਸਿੰਘ, ਭੁਪਿੰਦਰ ਸਿੰਘ, ਸੁਰਿੰਦਰ, ਜਸਪ੍ਰੀਤ, ਵਿਨੋਦ ਤੇ ਸੁਖਦੇਵ ਸਿੰਘ ਸਮੇਤ ਵੱਡੀ ਗਿਣਤੀ ਵਿਚ ਵਰਕਰ ਹਾਜ਼ਰ ਸਨ।

## ਪ੍ਰਕਾਸ਼ ਦਿਵਸ 'ਤੇ ਸ਼ੋਭਾ ਯਾਤਰਾ ਸਜਾਈ

ਛੇਹਰਟਾ, (ਮਨੋਜ ਕੁਮਾਰ) : ਸੰਤ ਸ਼੍ਰੋਮਣੀ ਭਗਤ ਕਬੀਰ ਜੀ ਦੇ 628ਵੇਂ ਪ੍ਰਕਾਸ਼ ਦਿਵਸ ਦੇ ਸਬੰਧ ਵਿਚ ਭਗਤ ਕਬੀਰ ਮੰਦਿਰ ਕਮੇਟੀ, ਛੋਟਾ ਹਰੀਪੁਰਾ ਵੱਲੋਂ ਸ਼ੋਭਾ ਯਾਤਰਾ ਸਜਾਈ ਗਈ। ਇਸ ਸ਼ੋਭਾ ਯਾਤਰਾ ਦਾ ਸ਼੍ਰੀ ਗੁਰੂ ਨਾਭਾ ਦਾਸ ਮੰਦਿਰ ਕਮੇਟੀ ਅੰਮ੍ਰਿਤਸਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਮੰਦਿਰ ਕਮੇਟੀ ਵੱਲੋਂ ਠੰਢੇ-ਮਿੱਠੇ ਜਲ ਦੀ ਛਬੀਲ ਤੇ ਲੱਸੀ ਸ਼ੋਭਾ ਯਾਤਰਾ ਵਿਚ ਸ਼ਾਮਿਲ ਸੰਗਤ ਨੂੰ ਪਿਲਾਈ ਗਈ। ਇਸ ਮੌਕੇ ਆਮ ਆਦਮੀ ਪਾਰਟੀ ਐੱਸ. ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰਪਾਲ, ਚੇਅਰਮੈਨ ਮੰਦਿਰ ਕਮੇਟੀ ਸੁਰਿੰਦਰ ਸ਼ਹਿਰੀਆ, ਪ੍ਰਧਾਨ ਗੌਰਵ ਕਲੋਤਰਾ, ਓਮ ਪ੍ਰਕਾਸ਼, ਅਵਤਾਰ ਸਿੰਘ, ਕਿਰਨ ਕੁਮਾਰ, ਰਵੀ ਕੁਮਾਰ, ਰਜਿੰਦਰ ਕੁਮਾਰ, ਵਿਕਰਮ ਸਿੰਘ ਆਦਿ ਮੌਜੂਦ ਸਨ। ਇਸ ਮੌਕੇ ਮੰਦਿਰ ਕਮੇਟੀ ਵੱਲੋਂ ਡਾ. ਇੰਦਰਪਾਲ ਤੇ ਸੁਰਿੰਦਰ ਸ਼ਹਿਰੀਆ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

## ਏਆਈ+ ਸਮਾਰਟਫੋਨ ਵੱਲੋਂ ਨੋਵਾ-2 ਨਿਊ ਤੇ ਨੋਵਾ-2 ਪ੍ਰੋ ਦੀ ਅਗਲੀ ਵਿਕਰੀ ਦਾ ਐਲਾਨ

ਅੰਮ੍ਰਿਤਸਰ-ਏਆਈ+ ਸਮਾਰਟਫੋਨ ਨੇ ਹਾਲ ਹੀ ਵਿੱਚ ਲਾਂਚ ਕੀਤੇ ਗਏ ਨੋਵਾ-2 ਨਿਊ ਅਤੇ ਨੋਵਾ -2 ਪ੍ਰੋ ਦੀ ਅਗਲੀ ਵਿਕਰੀ ਦਾ ਐਲਾਨ ਕੀਤਾ ਹੈ।26 ਜੂਨ ਨੂੰ ਫਲਿੱਪਕਾਰਟ 'ਤੇ ਹੋਈ ਪਹਿਲੀ ਵਿਕਰੀ ਵਿੱਚ ਦੋਵੇਂ ਸਮਾਰਟਫੋਨ ਪੂਰੀ ਤਰ੍ਹਾਂ ਵਿਕ ਗਏ ਸਨ।ਇਹ ਡਿਵਾਈਸਾਂ 22 ਜੂਨ ਨੂੰ ਬ੍ਰਾਂਡ ਦੇ ਪ੍ਰਮੁੱਖ ਲਾਂਚ ਸਮਾਗਮ ਇੰਡੀਆ'ਜ਼ ਗੌਟ ਨੋਵਾ ਵਿੱਚ ਪੇਸ਼ ਕੀਤੀਆਂ ਗਈਆਂ ਸਨ, ਜਿਸ ਦੀ ਮੇਜ਼ਬਾਨੀ ਪ੍ਰਸਿੱਧ ਤਕਨੀਕੀ ਮਾਹਰ ਰਾਜੀਵ ਮਖਣੀ ਨੇ ਕੀਤੀ।ਇਸ ਸਮਾਗਮ ਵਿੱਚ ਕਾਮੇਡੀਅਨ ਅਤੇ ਯੂਟਿਊਬਰ ਸਮੈ ਰੈਣਾ ਅਤੇ ਏਆਈ+ ਸਮਾਰਟਫੋਨ ਦੇ ਮੁੱਖ ਕਾਰਜਕਾਰੀ ਅਧਿਕਾਰੀ ਮਾਧਵ ਸ਼ੇਠ ਨੇ ਭਾਗ ਲਿਆ।ਨੋਵਾ -2 ਨਿਊ ਅਤੇ ਨੋਵਾ -2 ਪ੍ਰੋ ਦੀ ਅਗਲੀ ਵਿਕਰੀ 30 ਜੂਨ ਨੂੰ ਦੁਪਹਿਰ 12 ਵਜੇ ਫਲਿੱਪਕਾਰਟ 'ਤੇ ਆਰੰਭ ਹੋਵੇਗੀ।ਪ੍ਰਤੀਕਿਰਿਆ ਬਾਰੇ ਟਿੱਪਣੀ ਕਰਦੇ ਹੋਏ ਮਾਧਵ ਸੇਠ ਮੁੱਖ ਕਾਰਜਕਾਰੀ ਅਧਿਕਾਰੀ ਏਆਈ+ ਸਮਾਰਟਫੋਨ ਅਤੇ ਸੰਸਥਾਪਕ, ਐਨਐਕਸਟੀ ਸ਼ਿਫਟ ਟੈਕਨੋਲੋਜਿਸ ਨੇ ਕਿਹਾ ਕਿ ਨੋਵਾ-2 ਨਿਊ ਅਤੇ ਨੋਵਾ-2 ਪ੍ਰੋ ਪ੍ਰਤੀ ਮਿਲੀ ਪ੍ਰਤੀਕਿਰਿਆ ਬਹੁਤ ਹੀ ਉਤਸ਼ਾਹਜਨਕ ਰਹੀ ਹੈ।ਪਹਿਲੀ ਵਿਕਰੀ ਵਿੱਚ ਦੋਵੇਂ ਡਿਵਾਈਸਾਂ ਦਾ ਵਿਕ ਜਾਣਾ ਸਾਡੇ ਇਸ ਵਿਸ਼ਵਾਸ ਨੂੰ ਦ੍ਰਿੜ ਕਰਦਾ ਹੈ ਕਿ ਖਪਤਕਾਰ ਅਜਿਹੇ ਸਮਾਰਟਫ਼ੋਨ ਦੀ ਤਲਾਸ਼ ਵਿੱਚ ਹਨ।

## ਹੈਰੋਇਨ ਦਾ ਨਸ਼ਾ ਕਰਦਾ ਨੌਜਵਾਨ ਕਾਬੂ

**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**-ਢਿੱਲਵਾਂ ਪੁਲਸ ਨੇ ਹੈਰੋਇਨ ਦਾ ਨਸ਼ਾ ਕਰਦੇ ਨੌਜਵਾਨ ਨੂੰ ਕਾਬੂ ਕੀਤਾ ਹੈ, ਥਾਣਾ ਮੁਖੀ ਹਰਜਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਦੌਰਾਨ ਗਸ਼ਤ ਵਾ ਤਲਾਸ਼ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਮੇਨ ਹਾਈਵੇ ਤੋਂ ਕੁਆਰਟਰ ਰੇਲਵੇ ਸਟੇਸ਼ਨ ਢਿੱਲਵਾਂ ਨੂੰ ਜਾ ਰਹੇ ਸੀ ਤਾਂ ਜਦੋਂ ਪੁਲਸ ਪਾਰਟੀ ਰੇਲਵੇ ਸਟੇਸ਼ਨ ਢਿੱਲਵਾਂ ਤੋਂ ਥੋੜਾ ਪਿੱਛੇ ਹੇਠਾਂ ਵੱਲ ਨੂੰ ਕੱਚੇ ਰਸਤੇ ਕੋਲ ਪੁੱਜੀ ਤਾਂ ਇਕ ਨੌਜਵਾਨ ਸਿਲਵਰ ਪੇਪਰ ਦੇ ਹੇਠਾਂ ਲਾਈਟਰ ਨਾਲ ਅੱਗ ਵਾਲ ਕੇ ਨਸ਼ਾ ਕਰ ਰਿਹਾ ਸੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਯਕਦਮ ਘਬਰਾ ਗਿਆ ਅਤੇ ਜਿਸ ਦੇ ਹੱਥ ਵਿੱਚ ਫੜਿਆ ਸਾਮਾਨ ਜ਼ਮੀਨ 'ਤੇ ਡਿਗ ਗਿਆ, ਜਿਸ ਨੂੰ ਸਬ ਇੰਸਪੈਕਟਰ ਕੁਲਦੀਪ ਸਿੰਘ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ ਤਾਂ ਨੌਜਵਾਨ ਨੇ ਆਪਣਾ ਨਾਂਅ ਹਰਪ੍ਰੀਤ ਦੱਸਿਆ। ਉਸ ਨੇ ਮੰਨਿਆ ਕਿ ਉਹ ਹੈਰੋਇਨ ਦਾ ਨਸ਼ਾ ਕਰ ਰਿਹਾ ਸੀ ਜਿਸ ਨੂੰ ਸਿਲਵਰ ਪੇਪਰ, ਪੰਨੀ ਇੱਕ ਲਾਈਟਰ, 10 ਰੁਪਏ ਦੇ ਨੋਟ ਸਮੇਤ ਗ੍ਰਿਫਤਾਰ ਕਰਕੇ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ।

## ਭਾਜਪਾ ਜ਼ਿਲ੍ਹਾ ਪ੍ਰਧਾਨ ਸੰਧੂ ਵੱਲੋਂ ਸਮੁੱਚੇ ਸਾਥੀਆਂ ਨੂੰ ਸਮਾਜ ਸੇਵੀ ਕੰਮਾਂ 'ਚ ਯੋਗਦਾਨ ਪਾਉਣ ਦੀ ਅਪੀਲ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਮਨ ਕੀ ਬਾਤ ਪ੍ਰੋਗਰਾਮ ਦੀ ਲੜੀ ਤਹਿਤ 135ਵਾਂ ਲਾਈਵ ਭਾਸ਼ਾਂ ਸਵੇਰੇ 11 ਵਜੇ ਤੋਂ 11.30 ਤੱਕ ਦਿੱਤਾ ਜਿਸ ਨੂੰ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਮੁੱਖ ਦਫਤਰ ਤਰਨਤਾਰਨ ਵਿਖੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਪ੍ਰਮੁੱਖ ਆਗੂਆਂ ਸਮੇਤ ਸੁਣਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਪ੍ਰਧਾਨ ਮੰਤਰੀ ਦੇ ਵਿਚਾਰ ਸੁਣਨ ਤੋਂ ਬਾਅਦ ਸੰਬੋਧਨ ਕਰਦਿਆਂ ਕਿਹਾ ਕਿ ਵੱਖ ਵੱਖ ਸਮਾਜਿਕ ਮੁੱਦਿਆਂ, ਨਵੇਂ ਭਾਰਤ ਦੀ ਨਿਰਮਾਣ ਯਾਤਰਾ ਅਤੇ ਨਾਗਰਿਕਾਂ ਦੇ ਯੋਗਦਾਨ ਲਈ ਭਾਰਤੀ ਜਨਤਾ ਪਾਰਟੀ ਨੇ ਬਹੁਤ ਹੀ ਸਾਰਥਿਕ ਕਦਮ ਪੁੱਟੇ ਹਨ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਨੌਜਵਾਨਾਂ ਨੂੰ ਨਵੀਨਤਾ ਵੱਲ ਪ੍ਰੇਰਿਤ ਕੀਤਾ ਹੈ ਜਿਸ ਨਾਲ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਹੋ ਰਹੀਆਂ ਸਾਕਾਰਾਤਮਕ ਪਹਿਲਕਦਮੀਆਂ ਨਾਲ ਲੋਕ ਖੁਸ਼ਹਾਲ ਅਤੇ ਨਵੀਂ ਰੋਸ਼ਨੀ ਵਾਲੀ ਜਿੰਦਗੀ ਵੱਲ ਵਧ ਰਹੇ ਹਨ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਹੁੰਦੀਆਂ ਲੋਕ ਭਲਾਈ, ਸਮਾਜ ਕਲਿਆਣ ਅਤੇ ਉਦਯੋਗ, ਵਪਾਰ ਅਤੇ ਸੁਰੱਖਿਆ ਸੰਬੰਧੀ ਜੋ ਵੀ ਦੇਸ਼ ਦੀ ਮੋਦੀ ਸਰਕਾਰ ਕਰਦੀ ਹੈ ਉਸ ਦੀ ਬਾਰੀਕੀ ਨਾਲ ਜਾਣਕਾਰੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹਰ ਮਹੀਨੇ ਲਾਈਵ ਹੋ ਕੇ ਮਨ ਕੀ ਬਾਤ ਪ੍ਰੋਗਰਾਮ ਤਹਿਤ ਪ੍ਰਦਾਨ ਕੀਤੀ ਜਾਂਦੀ ਹੈ ਜਿਸ ਨਾਲ ਦੇਸ਼ ਅਤੇ ਦੁਨੀਆ ਤੱਕ ਲੋਕਾਂ ਨੂੰ ਪਤਾ ਚੱਲਦਾ ਹੈ ਕਿ ਲੋਕਤੰਤਰ ਦੀ ਬਹਾਲੀ ਨੂੰ ਬਰਕਰਾਰ ਰੱਖਣ ਵਾਲਾ ਭਾਰਤ ਦੇਸ਼ ਅਤੇ ਦੇਸ਼ ਨਿਵਾਸੀ ਤਰੱਕੀ ਅਤੇ ਉੱਨਤੀ ਵੱਲ ਵਧ ਰਹੇ ਹਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਵੱਲੋਂ ਸਮੁੱਚੇ ਸਾਥੀਆਂ ਨੂੰ ਅਪੀਲ ਕੀਤੀ ਕਿ ਹਰ ਇਨਸਾਨ ਸਮਾਜ ਸੇਵੀ ਕੰਮਾਂ ਵਿੱਚ ਵੀ ਪਹਿਲ ਦੇ ਅਧਾਰ ਤੇ ਯੋਗਦਾਨ ਪਾਉਣਾ ਜ਼ਰੂਰੀ ਹੈ।ਇਸ ਮੌਕੇ ਜ਼ਿਲ੍ਹਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ, ਮਹਾਂ ਮੰਤਰੀ ਸੁਰਜੀਤ ਸਿੰਘ ਸਾਗਰ, ਮਹਾਂ ਮੰਤਰੀ ਸ਼ਿਵ ਕੁਮਾਰ ਸੋਨੀ, ਮੀਤ ਪ੍ਰਧਾਨ ਸਤਨਾਮ ਸਿੰਘ ਭੁੱਲਰ, ਕਿਸਾਨ ਮੋਰਚਾ ਪ੍ਰਧਾਨ ਡਾ. ਅਵਤਾਰ ਸਿੰਘ



ਵੇਈਂਪੂਈਂ, ਐੱਸਸੀ ਮੋਰਚਾ ਪ੍ਰਧਾਨ ਅਵਤਾਰ ਸਿੰਘ ਬੰਟੀ, ਯੁਵਾ ਮੋਰਚਾ ਪ੍ਰਧਾਨ ਦਿਨੇਸ਼ ਜੋਸ਼ੀ, ਓਬੀਸੀ ਮੋਰਚਾ ਪ੍ਰਧਾਨ ਨਿਸ਼ਾਨ ਸਿੰਘ, ਸਕੱਤਰ ਸਵਿੰਦਰ ਸਿੰਘ ਪੰਨੂ, ਸਰਕਲ ਪ੍ਰਧਾਨ ਤਰਨਤਾਰਨ ਸ਼ਹਿਰੀ ਰੋਹਿਤ ਸ਼ਰਮਾ, ਮੋਰਚਾ ਜਨਰਲ ਸਕੱਤਰ ਅਮਨ ਅਰੋੜਾ, ਜਸਵਿੰਦਰ ਸਿੰਘ, ਸਰਕਲ ਪ੍ਰਧਾਨ ਸੁਖਵੰਤ ਸਿੰਘ ਮੂਸੇ, ਮੰਡਲ ਪ੍ਰਧਾਨ ਕੁਲਦੀਪ ਸਿੰਘ ਮੱਲਮੋਹਰੀ, ਸਰਕਲ ਪ੍ਰਧਾਨ ਮੇਹਰ ਸਿੰਘ ਬਾਣੀਆ, ਚਰਨਜੀਤ ਸਿੰਘ ਖਾਲਸਾ, ਕੈਪਟਨ ਜਸਪਾਲ ਸਿੰਘ, ਦਲਜਿੰਦਰ ਸਿੰਘ ਖਾਲਸਾ, ਰਾਮੇਸ਼ ਕਲਸੀ, ਬਾਬਾ ਲਖਵਿੰਦਰ ਸਿੰਘ ਮੱਜੂਪੁਰ, ਪਰਮਜੀਤ ਸਿੰਘ, ਲਖਵਿੰਦਰ ਸਿੰਘ, ਸਾਬਕਾ ਸਰਪੰਚ ਸੁਖਦੇਵ ਸਿੰਘ, ਜਸਵਿੰਦਰ ਸਿੰਘ, ਅਮਨ ਸ਼ਰਮਾ, ਜੱਬਰ ਸਿੰਘ, ਕੇਵਲ ਜੋਸ਼ੀ, ਬਲਦੇਵ ਸਿੰਘ, ਹਰਜਿੰਦਰ ਸਿੰਘ ਬੁੱਘਾ, ਬਾਬਾ ਸਵਰਨ ਸਿੰਘ ਮਾਲਚੱਕ, ਪਰਮਜੀਤ ਸਿੰਘ ਤੋਂ ਇਲਾਵਾ ਹੋਰ ਵੀ ਪਾਰਟੀ ਆਗੂ ਮੌਜੂਦ ਸਨ।

## ਜ਼ਹਿਰੀਲੀ ਚੀਜ਼ ਖਾ ਕੇ ਆਤਮ ਹੱਤਿਆ, 4 ਖਿਲਾਫ ਮਾਮਲਾ ਦਰਜ

ਪਠਾਨਕੋਟ (ਦਵਿੰਦਰ ਸਿੰਘ)-ਪਠਾਨਕੋਟ ਦੇ ਮੁਹੱਲਾ ਗਾਂਧੀ ਦੇ ਇੱਕ ਨੌਜਵਾਨ ਵੱਲੋਂ ਜ਼ਹਿਰੀਲੀ ਚੀਜ਼ ਖਾ ਕੇ ਆਤਮਹੱਤਿਆ ਕਰਨ ਦੇ ਦੋਸ਼ ਵਿੱਚ ਡਿਵੀਜ਼ਨ ਨੰਬਰ ਦੋ ਦੀ ਪੁਲਸ ਵੱਲੋਂ ਚਾਰ ਲੋਕਾਂ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ।

ਇੰਦੂ ਪਤਨੀ ਰਾਜ ਕੁਮਾਰ ਵਾਸੀ ਮੁਹੱਲਾ ਗਾਂਧੀ ਪਠਾਨਕੋਟ ਵੱਲੋਂ ਪੁਲਸ ਨੂੰ ਆਪਣੇ ਬਿਆਨ ਵਿੱਚ ਦੱਸਿਆ ਗਿਆ ਕਿ ਨਿਸ਼ਾ ਪਤਨੀ ਕਾਕਾ ਰਾਮ ਵਾਸੀ ਮੁਹੱਲਾ ਗਾਂਧੀ ਪਠਾਨਕੋਟ ਵੱਲੋਂ ਉਸ ਦੇ ਪਤੀ ਰਾਜ ਕੁਮਾਰ, ਪੁੱਤਰ ਲਖਨ, ਭਤੀਜੇ ਸੁਰਿੰਦਰ ਅਤੇ ਭਤੀਜ ਨੂੰਹ ਪੂਜਾ ਦੇ ਖਿਲਾਫ ਕੇਸ ਦਰਜ ਕਰਵਾਇਆ ਹੋਇਆ ਸੀ, ਜਿਸ ਦੇ ਚਲਦੇ ਉਸ ਦਾ ਪੁੱਤਰ ਲਖਨ ਪਰੇਸ਼ਾਨ ਰਹਿੰਦਾ ਸੀ।ਉਸ ਨੇ ਦੱਸਿਆ ਕਿ ਬੀਤੇ ਦਿਨੀਂ ਉਸ ਦਾ ਪੁੱਤਰ ਘਰ ਆਇਆ ਜਿਸ ਦੀ ਹਾਲਤ ਠੀਕ ਨਹੀਂ ਸੀ।ਉਸ ਨੇ ਦੱਸਿਆ ਕਿ ਉਸਨੂੰ ਮੁਹੱਲੇ ਦੇ ਚਾਰ ਲੋਕਾਂ ਵੱਲੋਂ ਧਮਕੀਆਂ ਦਿੱਤੀਆਂ ਗਈਆਂ ਹਨ ਜਿਸ ਦੇ ਚਲਦੇ ਲਖਨ ਨੇ ਜ਼ਹਿਰੀਲੀ ਚੀਜ਼ ਖਾ ਲਈ ਸੀ ਤੇ ਉਹ ਚੱਕਰ ਖਾ ਕੇ ਡਿੱਗ ਪਿਆ, ਜਿਸ ਨੂੰ ਹਸਪਤਾਲ ਲੈ ਗਏ ਤਾਂ ਉੱਥੇ ਉਸ ਨੂੰ ਮ੍ਰਿਤਕ ਐਲਾਨ ਕੀਤਾ ਗਿਆ ਜਿਸ ਦੇ ਚਲਦੇ ਪੁਲਸ ਵੱਲੋਂ ਲਖਨ ਦੀ ਮਾਤਾ ਇੰਦੂ ਦੇ ਬਿਆਨਾਂ ਦੇ ਅਧਾਰ 'ਤੇ ਗੀਤਾ ਮਲਿਕ ਪਤਨੀ ਰਜੇਸ਼ ਕੁਮਾਰ, ਨਿਸ਼ਾ ਪੁੱਤਰੀ ਕਾਕਾ ਰਾਮ, ਐਡਵੋਕੇਟ ਜੋਤੀ ਪਾਲ ਭੀਮ ਪੁੱਤਰ ਮਹੀਪਾਲ, ਦੀਪਕ ਪੁੱਤਰ ਮਹੀਪਾਲ ਵਾਸੀ ਮੁਹੱਲਾ ਗਾਂਧੀ ਪਠਾਨਕੋਟ ਦੇ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਦੋਸ਼ੀ ਫਰਾਰ ਦੱਸੇ ਜਾ ਰਹੇ ਹਨ।

## ਸੰਤ ਕਬੀਰ ਜੀ ਦੀ ਜਨਮ ਸ਼ਤਾਬਦੀ ਮੌਕੇ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

ਧਾਰੀਵਾਲ, (ਮਨਦੀਪ ਵਿੱਕੀ)-ਸੰਤ ਕਬੀਰ ਜੀ ਦੀ ਜਨਮ ਸ਼ਤਾਬਦੀ ਦੇ ਪਾਵਨ ਮੌਕੇ ਸਤਿਗੁਰੂ ਕਬੀਰ ਮੰਦਰ ਫੱਜੂਪੁਰ ਵੱਲੋਂ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ ਜਿਸਦਾ ਸਵਾਗਤ ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਲਗਾ ਕੇ ਕੀਤਾ ਗਿਆ।ਇਸ



ਮੌਕੇ ਸਮਾਜ ਸੇਵੀਆਂ ਨੇ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਪਿਲਾ ਕੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ।ਸੰਬੋਧਨ ਕਰਦਿਆਂ ਬੁਲਾਰਿਆਂ ਨੇ ਸੰਤ ਕਬੀਰ ਜੀ ਦੀਆਂ ਸਿੱਖਿਆਵਾਂ ਤੇ ਚੱਲਣ, ਆਪਸੀ ਭਾਈਚਾਰਾ, ਪਿਆਰ, ਸਮਾਨਤਾ ਅਤੇ ਮਨੁੱਖਤਾ ਦੀ ਸੇਵਾ ਕਰਨ ਦਾ ਸੱਦਾ ਦਿੱਤਾ।ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਛਬੀਲ ਦਾ ਜਲ ਛਕਿਆ ਅਤੇ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਅਨੰਦ, ਸਕੱਤਰ ਰਮੇਸ਼ ਕੋਹਲੀ, ਐਡਵੋਕੇਟ ਲਲਿਤ ਪ੍ਰਸਾਦ, ਸਮੂਹ ਕਾਲਜ ਪ੍ਰਬੰਧਕ ਕਮੇਟੀ ਅਤੇ ਸਤਿਗੁਰੂ ਕਬੀਰ ਮੰਦਰ ਫੱਜੂਪੁਰ ਦੇ ਪ੍ਰਧਾਨ ਤਰਲੋਕ ਲਾਲ ਭਗਤ ਅਤੇ ਮੰਦਰ ਦੇ ਵੱਖ-ਵੱਖ ਅਹੁਦੇਦਾਰ ਹਾਜ਼ਰ ਸਨ।ਅੰਤ ਵਿੱਚ ਪ੍ਰਬੰਧਕਾਂ ਨੇ ਸਾਰੇ ਸਹਿਯੋਗੀਆਂ ਅਤੇ ਹਾਜ਼ਰ ਸੰਗਤ ਦਾ ਧੰਨਵਾਦ ਕੀਤਾ।

## ਧਾਰੀਵਾਲ ਭੋਜਾ ਵਿਖੇ ਬੀਬੀ ਆਸ਼ਾ ਰਾਣੀ ਦੀ ਯਾਦ 'ਚ ਸਮਾਗਮ



ਧਾਰੀਵਾਲ, (ਮਨਦੀਪ ਵਿੱਕੀ)- ਪਿੰਡ ਧਾਰੀਵਾਲ ਭੋਜਾ ਦੇ ਗੁਰਦੁਆਰਾ ਸਾਹਿਬ ਵਿਖੇ ਸਮਾਜਸੇਵੀ ਬੀਬੀ ਆਸ਼ਾ ਰਾਣੀ ਦੀ ਯਾਦ ਵਿੱਚ ਉਨ੍ਹਾਂ ਦੇ ਪਰਿਵਾਰ ਵਲੋਂ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪਾਠ ਦੇ ਭੋਗ ਉਪਰੰਤ ਰਾਗੀ ਜਥਾ ਭਾਈ ਬਲਦੇਵ ਸਿੰਘ ਸੋਢੀ ਅਤੇ ਸਾਥੀਆਂ ਨੇ ਗੁਰਬਾਣੀ ਕੀਰਤਨ ਕੀਤਾ। ਭਾਈ ਬਲਦੇਵ ਸਿੰਘ ਸੋਢੀ ਨੇ ਗੁਰਬਾਣੀ ਕਥਾ ਵਿਚਾਰਾਂ ਕਰਦਿਆਂ ਸੰਗਤਾਂ ਨੂੰ ਕਰਮਕਾਂਡਾਂ ਅਤੇ ਵਹਿਮਾ ਭਰਮਾਂ ਤੋਂ ਦੂਰ ਰਹਿ ਕੇ ਗੁਰੂਆਂ ਦੇ ਮਾਰਗ 'ਤੇ ਚੱਲ ਕੇ ਜੀਵਨ ਬਤੀਤ ਕਰਨ ਅਤੇ ਮਨੁੱਖਤਾ ਦੇ ਭਲੇ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਪਰੰਤ ਪ੍ਰਬੰਧਕਾਂ ਵਲੋਂ ਸੰਗਤ ਨੂੰ ਅਤੁੱਟ ਲੰਗਰ ਵਰਤਾਇਆ ਗਿਆ। ਸਮਾਗਮ ਵਿੱਚ ਰਾਮ ਪ੍ਰਕਾਸ਼, ਸੰਦੀਪ ਕੁਮਾਰ, ਮਨਦੀਪ ਕੁਮਾਰ, ਗਗਨਦੀਪ ਆਦਿ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਅਮਨਦੀਪ ਜੈਂਤੀਪੁਰ, ਸਾਬਕਾ ਚੇਅਰਮੈਨ ਜਸਪਾਲ ਸਿੰਘ ਤੱਤਲਾ, ਹਰਬੀਰ ਮਸਾਣੀਆਂ, ਸੁਖਚੈਨ ਕੌਰ, ਸੁੱਚਾ ਸਿੰਘ ਨੰਬਰਦਾਰ, ਮਾਸਟਰ ਸਲਵਿੰਦਰ, ਨਰਿੰਜਨ ਸਿੰਘ, ਮੁਖਤਾਰ ਗੋਪਾਲਪੁਰ, ਤਜਿੰਦਰ ਸਿੰਘ, ਸਿੰਦਾ ਮਸੀਹ, ਰਣਜੀਤ ਸਿੰਘ ਆਦਿ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਧਾਰਮਿਕ, ਸਮਾਜਸੇਵੀ ਅਤੇ ਸਿਆਸੀ ਆਗੂਆਂ ਹਾਜ਼ਰ ਸਨ।

## ਪੱਤਰਕਾਰਾਂ ਨੇ ਸੰਤ ਨਿਰੰਜਨ ਦਾਸ ਨੂੰ ਪਦਮ ਸ੍ਰੀ ਮਿਲਣ 'ਤੇ ਦਿੱਤੀ ਵਧਾਈ



**ਜਲੰਧਰ (ਰਾਜੇਸ਼ ਥਾਪਾ)**-ਡੇਰਾ ਸੱਚਖੰਡ ਬੱਲਾਂ ਦੇ ਉੱਤਰਾਧਿਕਾਰੀ ਸੰਤ ਨਿਰੰਜਨ ਦਾਸ ਨੂੰ ਪਦਮ ਸ੍ਰੀ ਪ੍ਰਾਪਤ ਕਰਨ 'ਤੇ ਵਧਾਈ ਸੰਦੇਸ਼ਾਂ ਦਾ ਸਿਲਸਿਲਾ ਜਾਰੀ ਰਿਹਾ। ਪੱਤਰਕਾਰ ਭਾਈਚਾਰੇ ਦੇ ਮੈਂਬਰ ਵੀ ਉਨ੍ਹਾਂ ਨੂੰ ਵਧਾਈ ਦੇਣ ਲਈ ਪਹੁੰਚੇ।

ਇਸ ਮੌਕੇ 'ਤੇ ਸੰਤ ਨਿਰੰਜਨ ਦਾਸ ਮਹਾਰਾਜ ਨੂੰ ਅਸ਼ੋਕ ਕੁਮਾਰ, ਗੀਤਾ ਵਰਮਾ, ਸੀ ਕੇ ਜੱਸੀ, ਰਾਜਕੁਮਾਰ ਚੱਢਾ, ਗੁਰਵੀਰ ਵਿਰਦੀ, ਅਮਰਜੀਤ ਬਿਰਦੀ ਤੇ ਹੋਰਾਂ ਨੇ ਯਾਦਗਾਰੀ ਚਿੰਨ੍ਹ ਭੇਟ ਕੀਤਾ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸੰਤ ਨਿਰੰਜਨ ਦਾਸ ਨੇ ਇਸ ਸਨਮਾਨ ਨੂੰ ਪ੍ਰਾਪਤ ਕਰਨ ਲਈ ਧੰਨਵਾਦ ਪ੍ਰਗਟ ਕਰਦੇ ਹੋਏ ਕਿਹਾ ਕਿ ਇਸ ਨੂੰ ਪ੍ਰਾਪਤ ਕਰਨ ਨਾਲ ਸਮਾਜ ਪ੍ਰਤੀ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਹੋਰ ਵਧ ਗਈਆਂ ਹਨ।ਇਹ ਧਿਆਨ ਦੇਣ ਯੋਗ ਹੈ ਕਿ ਡੇਰੇ ਨੇ ਹਮੇਸ਼ਾ ਲੋਕਾਂ ਨੂੰ ਜਾਤ-ਪਾਤ ਤੋਂ ਉੱਪਰ ਉੱਠ ਕੇ ਸਮਾਨਤਾ, ਭਾਈਚਾਰਾ ਅਤੇ ਮਨੁੱਖੀ ਭਲਾਈ ਲਈ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ ਹੈ।ਮੌਜੂਦਾ ਸੰਤ ਨਿਰੰਜਨ ਦਾਸ ਮਹਾਰਾਜ ਜੀ ਤੇ ਪਿਛਲੇ ਸੰਤਾਂ ਨੇ ਵੀ ਆਪਣੀ ਪੂਰੀ ਜ਼ਿੰਦਗੀ ਦੌਰਾਨ ਅਧਿਆਤਮਿਕ ਮਾਰਗਦਰਸ਼ਨ, ਕੁਰਬਾਨੀ, ਸਮਾਜ ਸੇਵਾ ਅਤੇ ਮਨੁੱਖਤਾ ਦੀ ਨਿਰਸਵਾਰਥ ਸੇਵਾ ਵਿੱਚ ਲੱਗੇ ਰਹੇ ਹਨ।

## ਧੰਨ ਗੁਰੂ ਨਾਨਕ ਦਰਬਾਰ ਖੁਜਾਲਾ ਵਿਖੇ ਮਨਾਇਆ ਸ਼ਹੀਦੀ ਦਿਹਾੜਾ

ਤ ਰ ਸਿੱ ਕਾ, (ਤਰਸੇਮ ਸਿੰਘ ਸਾਧਪੁਰ)-ਧੰਨ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਦੀ ਅਗਵਾਈ ਹੇਠ ਸ਼ਹੀਦਾਂ ਦੇ ਸਿਰਤਾਜ ਸ਼ਾਂਤੀ ਦੇ ਪੁੰਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਅਰਜਨ ਦੇਵ ਜੀ ਮਹਾਰਾਜ ਦਾ ਪਵਿੱਤਰ ਪਾਵਨ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਤੇ ਭਾਈ ਜਰਨੈਲ ਸਿੰਘ, ਭਾਈ ਦੀਪ ਸਿੰਘ ਦੇ ਰਾਗੀ ਜਥੇ ਨੇ ਸੰਗਤਾਂ ਨੂੰ ਕੀਰਤਨ ਸ੍ਰਵਨ ਕਰਵਾਇਆ ਗਿਆ।ਉਪਰੰਤ ਸਿੱਖ ਪੰਥ ਦੇ ਮਹਾਨ ਵਿਦਵਾਨ ਗਿਆਨੀ ਤੇਗਬੀਰ ਸਿੰਘ ਕੈਨੇਡਾ ਵਾਲਿਆਂ ਨੇ ਸੰਗਤਾਂ ਨੂੰ ਗੁਰਇਤਿਹਾਸ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਸ੍ਰੀਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਮੂਲ ਮੰਤਰ ਦੇ ਜਾਪੁ ਕਰਵਾਇਆ ਗਿਆ।ਇਸ ਮੌਕੇ ਤੇ ਸੰਤ ਬਾਬਾ ਗੁਰਦੀਪ ਸਿੰਘ ਖਜਾਲੇ ਵਾਲੇ ਕਿਹਾ ਕਿ ਸਾਨੂੰ ਨਸ਼ਿਆਂ ਨੂੰ ਛੱਡ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣਾ ਚਾਹੀਦਾ ਹੈ। ਵਾਹਿਗੁਰੂ ਜੀ ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ ਕਿ ਜਿਨ੍ਹਾਂ ਨੇ ਸਾਨੂੰ ਸੋਹਣ ਸੀਰ ਬਖਸ਼ਿਸ਼ ਕੀਤਾ ਹੈ ਅਤੇ ਪਰਮਾਤਮਾ ਨੇ ਸਾਨੂੰ ਲੰਗਰ ਪ੍ਰਸ਼ਾਦਿ, ਪੈਨਣੁ ਖਾਣੁ ਦੀਆਂ ਵਸਤੂਆਂ ਬਖਸ਼ਿਸ਼ ਕੀਤੀਆਂ ਹਨ।ਇਸ ਮੌਕੇ ਤੇ ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲੇ ਨੇ ਦੱਸਿਆ ਕਿ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਸਾਹਿਬ ਜੀ ਅਟੁੱਟ ਲੰਗਰ ਲਗਾਏ ਗਏ।ਇਸ ਮੌਕੇ ਮਾਸਟਰ ਜੱਸਾ ਸਿੰਘ ਖੁਜਾਲਾ, ਭਾਈ ਜਰਨੈਲ ਸਿੰਘ ਮਹਾਂਪੁਰਖਾ ਦੇ ਸਪੁੱਤਰ, ਭਾਈ ਦੀਪ ਸਿੰਘ ਬਾਬਾ ਜੀ ਦੇ ਗੜਵਈ, ਭਾਈ ਦਿਲਬਾਗ ਸਿੰਘ ਤਲਵੰਡੀ, ਭਾਈ ਤੇਜਿੰਦਰ ਸਿੰਘ ਮੁਕੰਦਪੁਰ, ਜਸਕਰਨ ਸਿੰਘ ਚਾਟੀਵਿੰਡ ਆਦਿ ਸੇਵਾਦਾਰ ਹਾਜ਼ਰ ਸਨ।



## ਯੂਥ ਕਾਂਗਰਸ ਐੱਸ ਸੀ ਵਿੰਗ ਦੀਆਂ ਚੋਣਾਂ 'ਚ ਨਵਤੇਜ ਸਿੰਘ ਅਮਰਕੋਟ ਜੇਤੂ ਰਹੇ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):-ਕਾਂਗਰਸ ਦੇ ਯੂਥ ਵਿੰਗ ਦੇ ਪ੍ਰਧਾਨ ਨਵਤੇਜ ਸਿੰਘ ਜੋ ਕਿ ਕਾਂਗਰਸ ਪਾਰਟੀ ਨੂੰ ਮਜਬੂਤ ਕਰਨ ਲਈ ਪਿੰਡ ਪਿੰਡ ਜਾ ਕੇ ਲੋਕਾਂ ਵਿੱਚ ਵਿਚਰ ਕੇ ਉਨਾਂ ਦੇ ਦਿਲਾਂ 'ਤੇ ਰਾਜ ਕਰਦੇ ਹੋਏ ਇਹ ਸਾਬਿਤ ਕਰ ਦਿੱਤਾ ਕਿ ਪੰਜਾਬ ਯੂਥ ਕਾਂਗਰਸ ਦੇ ਵੱਖ-ਵੱਖ ਅਹੁਦਿਆਂ ਲਈ ਆਨਲਾਈਨ ਹੋਈਆਂ ਵੋਟਾਂ ਦੇ ਬੀਤੇ ਦਿਨ ਆਏ ਨਤੀਜਿਆਂ ਵਿੱਚ ਪੰਜਾਬ ਯੂਥ ਕਾਂਗਰਸ ਦੇ ਐੱਸ ਸੀ ਵਿੰਗ ਦੇ ਅਹੁਦੇ ਤੇ ਚੋਣ ਲੜੇ ਤੇ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਅਮਰਕੋਟ ਦੇ ਨਵਤੇਜ ਸਿੰਘ ਭਾਰੀ ਲੀਡ ਨਾਲ ਜੇਤੂ ਰਹੇ। ਉਨ੍ਹਾਂ ਨੂੰ ਸਾਰਿਆਂ ਤੋਂ ਵੱਧ 2318 ਵੋਟਾਂ ਪ੍ਰਾਪਤ ਹੋਈਆਂ। ਆਏ ਇਸ ਚੋਣ ਨਤੀਜਿਆਂ ਉਪਰੰਤ ਨਵਤੇਜ



ਸਿੰਘ ਅਮਰਕੋਟ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਭ ਤੋਂ ਵੱਧ ਵੋਟਾਂ ਹਾਸਿਲ ਕਰਨ ਵਾਲਿਆਂ ਵਿੱਚ ਸਿਖਰਲੇ ਤਿੰਨ ਉਮੀਦਵਾਰਾਂ ਦੀ ਇੰਟਰਵਿਊ ਹੋਵੇਗੀ। ਉਪਰੰਤ ਰਸਮੀ ਤੌਰ ਤੇ ਪੰਜਾਬ ਯੂਥ ਕਾਂਗਰਸ ਐੱਸ ਸੀ ਵਿੰਗ ਦੀ ਅਹੁਦੇਦਾਰੀ ਐਲਾਨੀ ਜਾਵੇਗੀ ਇਸ ਮੌਕੇ ਅੰਮ੍ਰਿਤਸਰ ਦਿਹਾਤੀ ਪੰਜਾਬ ਦੇ ਸਮੂਹ ਯੂਥ ਤੇ ਵਿਸ਼ੇਸ਼ ਕਰ ਹਲਕਾ ਜੰਡਿਆਲਾ ਗੁਰੂ ਦੇ ਯੂਥ ਦਾ ਧੰਨਵਾਦ ਕਰਦਿਆਂ ਹੋਇਆ ਉਨ੍ਹਾਂ ਨੇ ਸਾਬਕਾ ਮੁੱਖ ਮੰਤਰੀ ਤੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ, ਸਾਬਕਾ ਮੈਂਬਰ ਪਾਰਲੀਮੈਂਟ ਜਸਬੀਰ ਸਿੰਘ ਡਿੰਪਾ, ਸਾਬਕਾ ਵਿਧਾਇਕ ਡਾ. ਰਾਜਕੁਮਾਰ ਵੇਰਕਾ ਅਤੇ ਸਮੁੱਚੀ ਕਾਂਗਰਸ ਪਾਰਟੀ ਦੀ ਟੀਮ ਦਾ ਤੇ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਇਹ ਵੀ ਭਰੋਸਾ ਦਵਾਇਆ ਕਿ ਉਹ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਉਮੀਦਵਾਰ ਦੇ ਹੱਕ 'ਚ ਪੰਜਾਬ ਦੇ ਯੂਥ ਨੂੰ ਭੁਗਤਾਉਣਗੇ। ਇਸ ਮੌਕੇ ਹਲਕਾ ਜੰਡਿਆਲਾ ਗੁਰੂ ਦੀਆਂ ਕਈ ਨਾਮਵਰ ਸਖਸ਼ੀਅਤਾਂ ਨੇ ਨਵਤੇਜ ਸਿੰਘ ਅਮਰਕੋਟ ਨੂੰ ਵਧਾਈਆਂ ਦਿੱਤੀਆਂ ਅਤੇ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਇਹ ਇਸ ਬੱਚੇ ਨੂੰ ਪਰਮਾਤਮਾ ਹੋਰ ਵੀ ਤਰੱਕੀਆਂ ਬਖਸ਼ੇ।

## ਆਈ ਸੀ ਆਈ ਸੀ ਆਈ ਪਰੂਡੈਂਸ਼ੀਅਲ ਲਾਈਫ ਵੱਲੋਂ ਅਲੌਕਿਕ ਵਿੱਤੀ ਨਿਵੇਸ਼ਾਂ ਲਈ 10 ਸਾਲਾ ਲਾਈਫ ਕਵਰ ਦੀ ਪੇਸ਼ਕਸ਼

ਜਲੰਧਰ : ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਆਈਸੀਆਈਸੀਆਈ ਪਰੂਆਈਪ੍ਰੋਟੈਕਟ ਸਮਾਰਟ ਪਲੱਸ ਦੇ ਅਧੀਨ 10 ਸਾਲ ਦਾ ਲਾਈਫ ਕਵਰ ਪੇਸ਼ ਲਿਖਿਆ ਹੈ।ਇਹ ਯੋਜਨਾਵਾਂ ਉਨ੍ਹਾਂ ਗਾਹਕਾਂ ਲਈ ਤਿਆਰ ਕੀਤੀਆਂ ਗਈਆਂ ਹਨ ਜਿਨ੍ਹਾਂ ਦੀਆਂ ਨਿਸ਼ਚਿਤ ਮਿਆਦ ਦੀ ਵਿੱਤੀ ਜ਼ਿੰਮੇਵਾਰੀਆਂ, ਜਿਵੇਂ ਕਿ ਹੋਮ ਲੋਨ, ਵਪਾਰ ਲੋਨ ਅਤੇ ਬੱਚਿਆਂ ਦੀ ਸਿੱਖਿਆ ਦਾ ਟੀਚਾ ਆਦਿ। ਇਸ ਉਤਪਾਦ ਦੇ ਸਮੇਂ ਵਿੱਚ ਜੀਵਨ ਬੀਮਾ ਸੁਰੱਖਿਆ ਪ੍ਰਦਾਨ ਕੀਤੀ ਜਾਂਦੀ ਹੈ। ਲਾਂਚ ਕਰਨ ਮੌਕੇ ਟਿੱਪਣੀਆਂ ਕਰਦਿਆਂ ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਕੇ ਚੀਫ ਪ੍ਰੋਡਕਟ ਅਫਸਰ ਵਿਕਾਸ ਗੁਪਤ ਨੇ ਕਿਹਾ ਕਿ ਘਰ ਖਰੀਦਣਾ, ਬੱਚਿਆਂ ਦੀ ਸਿੱਖਿਆ ਲਈ ਧਨ ਆਦਿ। ਆਈਸੀਆਈਸੀਆਈ ਪ੍ਰਆਈਪ੍ਰੋਟੈਕਟ ਸਮਾਰਟ ਪਲੱਸ ਵਿੱਚ ਮਹੱਤਵਪੂਰਨ ਸਾਲਾਂ ਦੇ ਦੌਰਾਨ ਸੁਰੱਖਿਆ ਪ੍ਰਦਾਨ ਕਰਨ ਦਾ ਟੀਚਾ ਤਿਆਰ ਕੀਤਾ ਗਿਆ ਹੈ, ਜਿਸ ਨਾਲ ਗਾਹਕ ਤੁਹਾਡੀਆਂ ਵੀ ਵਿੱਤੀ ਸਮਰੱਥਾਵਾਂ ਨੂੰ ਸੁਰੱਖਿਅਤ ਰੱਖਦੇ ਹਨ, ਤੁਹਾਡੇ ਵਿੱਤੀ ਭਵਿੱਖ ਨੂੰ ਸੁਰੱਖਿਅਤ ਕਰ ਸਕਦੇ ਹਨ।

## ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਨੇ ਲਾਇਆ ਰੋਸ ਧਰਨਾ

ਬਿਆਸ (ਪਰਮਜੀਤ ਸਿੰਘ ਰੱਖੜਾ)-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਿਜਲੀ ਬੋਰਡ ਦੇ ਦਫ਼ਤਰ ਸੀਨੀਅਰ ਕਾਰਜਕਾਰੀ ਇੰਜੀਨੀਅਰ ਰਈਆ ਮੰਡਲ ਬਿਆਸ ਦੇ ਦਫ਼ਤਰ ਦੇ ਗੇਟ ਸਾਹਮਣੇ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਓਮਰਾਜ ਸਿੰਘ ਧਰਦਿਓ ਅਤੇ ਜ਼ਿਲ੍ਹਾ ਜਨਰਲ ਸਕੱਤਰ ਜੋਗਿੰਦਰ ਸਿੰਘ ਬਦੇਸ਼ਾ ਦੀ ਅਗਵਾਈ ਵਿੱਚ ਰੋਸ ਧਰਨਾ ਲਗਾਇਆ ਗਿਆ, ਕਿਉਂਕਿ ਪੰਜਾਬ ਦੇ ਕਿਸਾਨ ਬਿਜਲੀ ਅਤੇ ਪਾਣੀ ਨਾ ਮਿਲਣ ਕਾਰਨ ਕਈ ਜ਼ਿਲ੍ਹਿਆਂ ਵਿੱਚ ਝੋਨੇ ਦੀ ਲੱਗੀ ਫਸਲ ਵਾਹੁਣ ਲਈ ਮਜਬੂਰ ਹੋ ਰਹੇ ਹਨ।



ਜੇਕਰ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਵੱਲੋਂ ਬਨਦੀ ਬਿਜਲੀ ਸਮੇਂ ਸਿਰ ਕਿਸਾਨਾਂ ਨੂੰ ਮੁਹੱਈਆ ਨਹੀਂ ਕਰਵਾਈ ਜਾਂਦੀ ਤਾਂ ਇਸ ਸੰਬੰਧੀ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਵਰਕਰ ਬਿਜਲੀ ਗਰਿੱਡਾਂ ਅਤੇ ਦਫਤਰਾਂ ਸਾਹਮਣੇ ਰੋਸ ਧਰਨੇ ਦੇਣੇ ਸ਼ੁਰੂ ਕਰਨਗੇ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਦੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਨੋਖ ਸਿੰਘ ਹਸਨਪੁਰ, ਹਰਵਿੰਦਰ ਸਿੰਘ ਬੁੱਟਰ, ਸੂਬੇਦਾਰ ਲਾਲਦੀਨ, ਸੁਖਵਿੰਦਰ ਸਿੰਘ ਚਾਹਲ ਜ਼ਿਲ੍ਹਾ ਪ੍ਰੈੱਸ ਸਕੱਤਰ, ਲੱਖਾ ਸਿੰਘ, ਹੀਰਾ ਸਿੰਘ, ਬਾਬਾ ਬਕਾਲਾ ਸਾਹਿਬ ਇਕਾਈ ਕਾਲੇਕੇ ਦੇ ਸਕੱਤਰ ਜਸਵੰਤ ਸਿੰਘ, ਮਲਕੀਤ ਸਿੰਘ, ਜਸਬੀਰ ਸਿੰਘ, ਬਲਦੇਵ ਸਿੰਘ, ਆਤਮਾ ਸਿੰਘ, ਹਿੰਮਤ ਸਿੰਘ, ਸਿਮਰਪ੍ਰੀਤ ਸਿੰਘ ਸਾਰੇ ਧਿਆਨਪੁਰ, ਸੁਖਦੇਵ ਸਿੰਘ ਕਾਲੇਕੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਮੈਂਬਰ ਹਾਜ਼ਰ ਸਨ।

## 11 ਪਿਸਤੌਲਾਂ, 10 ਕਿੱਲੋ 940 ਗ੍ਰਾਮ ਹੈਰੋਇਨ ਤੇ 1 ਕਿੱਲੋ 19 ਗ੍ਰਾਮ ਆਈਸ ਡਰੱਗ ਬਰਾਮਦ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਜ਼ਿਲ੍ਹਾ ਅੰਮ੍ਰਿਤਸਰ (ਦਿਹਾਤੀ) ਪੁਲਸ ਨੇ 10 ਮੁਲਜ਼ਮਾਂ ਕੋਲੋਂ 11 ਪਿਸਤੌਲ, 10 ਕਿਲੋਗ੍ਰਾਮ 940 ਗ੍ਰਾਮ ਹੈਰੋਇਨ, 1 ਕਿਲੋ 19 ਗ੍ਰਾਮ ਆਈਸ ਡਰੱਗ ਅਤੇ 1 ਕਰੋੜ 20 ਲੱਖ ਰੁਪਏ ਬਰਾਮਦ ਕੀਤੇ ਹਨ। ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਅੰਮ੍ਰਿਤਸਰ (ਦਿਹਾਤੀ) ਪੁਲਸ ਦੇ ਐੱਸ.ਐੱਸ.ਪੀ. ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਐੱਸ.ਪੀ. (ਪੀ.ਬੀ.ਆਈ.) ਗੁਰਜੀਤਪਾਲ ਸਿੰਘ, ਡੀ.ਐੱਸ.ਪੀ. (ਡੀ) ਗੁਰਿੰਦਰਪਾਲ ਸਿੰਘ ਨਾਗਰਾ, ਡੀ.ਐੱਸ.ਪੀ.(ਅਟਾਰੀ) ਯਾਦਵਿੰਦਰ ਸਿੰਘ, ਡੀ.ਐੱਸ.ਪੀ. ਬਾਬਾ ਬਕਾਲਾ ਸਾਹਿਬ ਸੁੱਖਪਾਲ ਸਿੰਘ, ਡੀ.ਐੱਸ.ਪੀ. ਮਜੀਠਾ ਕਮਲਮੀਤ ਸਿੰਘ, ਇੰਚਾਰਜ ਸੀ.ਆਈ.ਏ., ਐੱਸ.ਐੱਚ.ਓ. ਘਰਿੰਡਾ, ਐੱਸ.ਐੱਚ.ਓ. ਮਜੀਠਾ, ਐੱਸ.ਐੱਚ.ਓ. ਕੱਥੂ ਨੰਗਲ ਟੀਮਾਂ ਵੱਲੋਂ ਵੱਖ-ਵੱਖ ਆਪ੍ਰੇਸ਼ਨਾਂ ਵਿਚ 10 ਮੁਲਜ਼ਮਾਂ ਪਾਸੋਂ 11 ਪਿਸਤੌਲ, 10 ਕਿਲੋ 940 ਗ੍ਰਾਮ ਹੈਰੋਇਨ, 1 ਕਿਲੋ 19 ਗ੍ਰਾਮ ਆਈਸ ਡਰੱਗ, 52000 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਥਾਣਾ ਘਰਿੰਡਾ ਪੁਲਿਸ ਨੇ ਅੰਮ੍ਰਿਤਪਾਲ ਸਿੰਘ ਵਾਸੀ ਜਠੌਲ ਕਲਾਂ ਕੋਲੋਂ ਦੋ ਪਿਸਤੌਲ ਕੇ 15 ਜ਼ਿੰਦਾ ਰੌਂਦ ਸਮੇਤ 460 ਗ੍ਰਾਮ ਹੈਰੋਇਨ, ਗੁਰਸਾਹਿਬ ਸਿੰਘ ਵਾਸੀ ਧਨੋਏ ਕਲਾਂ ਅਤੇ ਸਵਿੰਦਰ ਸਿੰਘ ਉਰਫ਼ ਸ਼ਿੰਦਾ ਵਾਸੀ ਗਹਿਰੀ ਥਾਣਾ ਸਰਾਏ ਅਮਾਨਤ ਖਾਂ ਕੋਲੋਂ 5 ਪਿਸਤੌਲ, 8 ਕਿਲੋ 480 ਗ੍ਰਾਮ ਹੈਰੋਇਨ, 52000/- ਰੁਪਏ ਡਰੱਗ ਮਨੀ; ਗੁਰਕਮਲ ਸਿੰਘ ਉਰਫ਼ ਕਮਲ ਵਾਸੀ ਡੱਡੇ ਕਲਸ ਥਾਣਾ ਖਾਲੜਾ, ਗੁਰਪ੍ਰੀਤ ਸਿੰਘ ਉਰਫ਼ ਗੋਪੀ ਵਾਸੀ ਬੁਟਾਰੀ ਥਾਣਾ ਖਿਲਚੀਆਂ ਕੋਲੋਂ 1 ਕਿਲੋ, 19 ਗ੍ਰਾਮ ਆਈਸ ਡਰੱਗ ਬਰਾਮਦ ਕੀਤੀ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਥਾਣਾ ਅਜਨਾਲਾ ਪੁਲਸ ਨੇ ਸੰਨੀ ਵਾਸੀ ਲਦੇਹ ਥਾਣਾ ਰਾਜਾਸਾਂਸੀ, ਲਵਜੀਤ ਸਿੰਘ ਵਾਸੀ ਸਰਾਏ, ਗੁਰਸੇਵਕ ਸਿੰਘ ਵਾਸੀ ਫੁੱਲੇ ਚੱਕ ਤੇ ਸਵਰਰਾਜ ਸਿੰਘ ਵਾਸੀ ਤੇੜਾ ਕਲਾਂ ਥਾਣਾ ਝੰਡੇਰ ਕੋਲੋਂ 3 ਪਿਸਤੌਲ ਤੇ 14 ਜ਼ਿੰਦਾ ਰੌਂਦ ਬਰਾਮਦ ਕੀਤੇ।



ਥਾਣਾ ਕੱਥੂ ਨੰਗਲ ਪੁਲਸ ਨੇ 2 ਕਿਲੋ ਹੈਰੋਇਨ ਅਤੇ ਥਾਣਾ ਤਰਸਿੱਕਾ ਪੁਲਸ ਨੇ ਰਵਲਜੀਤ ਸਿੰਘ ਵਾਸੀ ਤਿੰਮੋਵਾਲ ਪਾਸੋਂ 1 ਪਿਸਤੌਲ .09 ਐੱਮਐੱਮ ਤੇ 3 ਜ਼ਿੰਦਾ ਰੌਂਦ ਬਰਾਮਦ ਕੀਤੇ ਗਏ। ਇਸ ਤੋਂ ਇਲਾਵਾ 3 ਕੇਸਾਂ ਵਿਚ ਨਸ਼ਾ ਸਮੱਗਲਰਾਂ/ਪੈਡਲਰਾਂ ਦੇ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈ 1 ਕਰੋੜ, 20 ਲੱਖ, 30 ਹਜ਼ਾਰ ਦੀ ਪ੍ਰੋਪਾਰਟੀ ਫਰੀਜ਼ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵੱਖ-ਵੱਖ ਥਾਣਿਆਂ ਵਿਚ ਮਾਮਲੇ ਦਰਜ ਕਰ ਲਏ ਗਏ ਹਨ।

# ਅੰਕਿਤ ਨੇ ਪੰਜਾਬ ਸਟੇਟ ਵੁਸ਼ੂ ਚੈਂਪੀਅਨਸ਼ਿਪ 'ਚ ਜਿੱਤਿਆ ਸੋਨੇ ਦਾ ਤਮਗਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਰਿੰਗ ਬੀਸਟ ਬਾਕਸਿੰਗ ਕਲੱਬ ਫਗਵਾੜਾ ਦੇ ਹੋਣਹਾਰ ਖਿਡਾਰੀ ਅੰਕਿਤ ਨੇ 23ਵੀਂ ਪੰਜਾਬ ਸਟੇਟ (ਲੜਕੇ) ਵੁਸ਼ੂ ਚੈਂਪੀਅਨਸ਼ਿਪ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਾਈਨਸ 39 ਕਿਲੋਗ੍ਰਾਮ ਸਾਂਡਾ ਵਰਗ ਵਿੱਚ ਗੋਲਡ ਮੈਡਲ ਆਪਣੇ ਨਾਂਅ ਕਰਕੇ ਕਲੱਬ, ਆਪਣੇ ਮਾਪਿਆਂ ਅਤੇ ਫਗਵਾੜਾ ਸ਼ਹਿਰ ਦਾ ਨਾਂਅ ਰੌਸ਼ਨ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਕੋਚ ਪ੍ਰਿੰਸ ਕੋਲ ਨੇ ਦੱਸਿਆ ਕਿ ਇਹ ਚੈਂਪੀਅਨਸ਼ਿਪ ਜੀਵਨ ਪੈਲੇਸ, ਟਾਂਡਾ (ਹੁਸ਼ਿਆਰਪੁਰ) ਵਿਖੇ ਕਰਵਾਈ ਗਈ। ਜਿੱਥੇ ਅੰਕਿਤ ਨੇ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਖੇਡ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਦਾ ਪ੍ਰਦਰਸ਼ਨ ਕਰਦਿਆਂ ਆਪਣੇ ਸਾਰੇ ਮੁਕਾਬਲਿਆਂ ਵਿੱਚ ਜਿੱਤ ਦਰਜ ਕੀਤੀ ਅਤੇ ਸੋਨੇ ਦੇ ਤਗਮੇ 'ਤੇ ਕਬਜ਼ਾ ਜਮਾਇਆ। ਇਸ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਉਸ ਦੀ ਚੋਣ ਨੈਸ਼ਨਲ ਵੁਸ਼ੂ ਚੈਂਪੀਅਨਸ਼ਿਪ ਲਈ ਹੋਈ ਹੈ, ਜਿੱਥੇ ਉਹ ਪੰਜਾਬ ਦੀ ਨੁਮਾਇੰਦਗੀ ਕਰੇਗਾ। ਉਹਨਾਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਪ੍ਰਾਪਤੀ ਰਿੰਗ ਬੀਸਟ ਬਾਕਸਿੰਗ ਕਲੱਬ ਅਤੇ ਸਮੁੱਚੇ ਫਗਵਾੜਾ ਲਈ ਮਾਣ ਵਾਲੀ ਗੱਲ ਹੈ। ਅੰਕਿਤ ਦੀ ਇਸ ਸ਼ਾਨਦਾਰ ਸਫਲਤਾ 'ਤੇ ਸਕੂਲ ਆਫ ਐਮੀਨੈਂਸ, ਫਗਵਾੜਾ ਦੇ ਪ੍ਰਿੰਸੀਪਲ ਰਣਜੀਤ ਗੋਗਨਾ, ਅਨੀਤਾ ਸੋਮ ਪ੍ਰਕਾਸ਼, ਗੁਰਦੀਪ ਦੀਪਾ, ਲੈਂਬਰ ਰਾਮ, ਮਨੀਸ਼ ਕੁਮਾਰ (ਗਰੀਨਲੈਂਡ), ਵਾਰੰਟ ਅਫਸਰ ਸਾਧੂ ਰਾਮ (ਭਾਰਤੀ ਹਵਾਈ ਸੈਨਾ), ਨਿਤਿਨ ਚੱਢਾ, ਯਸ਼ਵੀਰ ਕੋਕਾ, ਕੁਲਦੀਪ ਦੀਪਾ ਰਾਵਲਪਿੰਡੀ ਅਤੇ ਰਿੰਗ ਬੀਸਟ ਬਾਕਸਿੰਗ ਕਲੱਬ ਦੇ ਸਮੂਹ ਮੈਂਬਰਾਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਨੂੰ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਣ ਲਈ ਸ਼ੁਭ ਇੱਛਾਵਾਂ ਦਿੱਤੀਆਂ।



# ਰੋਟਰੀ ਕਲੱਬ ਫਗਵਾੜਾ ਜੈਮਜ਼ ਨੂੰ ਮਿਲੇ ਤਿੰਨ ਐਵਾਰਡ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਰੋਟਰੀ ਡਿਸਟ੍ਰਿਕਟ 3070 ਅਧੀਨ ਕਾਰਜਸ਼ੀਲ ਰੋਟਰੀ ਕਲੱਬ ਫਗਵਾੜਾ ਜੈਮਜ਼ ਨੇ ਸਾਲ 2025-26 ਲਈ ਲੁਧਿਆਣਾ ਵਿਖੇ ਕਰਵਾਏ ਗਏ ਹਮ ਸਟਾਰ ਐਵਾਰਡ ਸਮਾਗਮ ਦੌਰਾਨ ਸ਼ਾਨਦਾਰ ਪ੍ਰਾਪਤੀ ਦਰਜ ਕਰਦਿਆਂ ਕਲੱਬ ਲਈ ਤਿੰਨ ਵੱਕਾਰੀ ਐਵਾਰਡ ਆਪਣੇ ਨਾਂਅ ਕੀਤੇ ਹਨ। ਕਲੱਬ ਨੂੰ ਸਮਾਜ ਸੇਵਾ ਦੇ ਖੇਤਰ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਲਈ ਹਮ ਸਟਾਰ ਐਕਸੀਲੈਂਸ ਕਲੱਬ ਐਵਾਰਡ, ਐਕਸੀਲੈਂਸ ਸਰਵਿਸ ਪ੍ਰੋਜੈਕਟ, ਕਮਿਊਨਿਟੀ ਇੰਪੈਕਟ ਐਕਸੀਲੈਂਸ ਕਮਿਊਨਿਟੀ ਆਊਟਰੀਚ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਐਵਾਰਡ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਅਰੁਣਾ ਤੇ ਰੋਹਿਤ ਓਬਰਾਏ ਦੀ ਅਗਵਾਈ ਹੇਠ ਪ੍ਰਦਾਨ ਕੀਤੇ ਗਏ। ਐਵਾਰਡ ਪ੍ਰਾਪਤ ਕਰਨ ਉਪਰੰਤ ਕਲੱਬ ਦੇ ਪਾਸਟ ਪ੍ਰੈਜ਼ੀਡੈਂਟ ਰੋਟੇਰੀਅਨ ਆਈ ਪੀ ਖੁਰਾਨਾ ਨੇ ਇਸ ਉਪਲਬਧੀ ਦਾ ਸਿਹਰਾ ਕਲੱਬ ਦੇ ਪ੍ਰਧਾਨ ਸੀ ਏ ਰਾਕੇਸ਼ ਚਾਵਲਾ, ਆਈ ਪੀ ਪੀ ਰੋਟੇਰੀਅਨ ਪਵਨ ਕੁਮਾਰ ਕਾਲੜਾ, ਸੀਨੀਅਰ ਰੋਟੇਰੀਅਨਾਂ ਦੀ ਰਹਿਨੁਮਾਈ ਅਤੇ ਸਮੂਹ ਮੈਂਬਰਾਂ ਦੇ ਸਾਂਝੇ ਸਹਿਯੋਗ ਨੂੰ ਦਿੱਤਾ। ਕਲੱਬ ਦੇ ਮੌਜੂਦਾ ਪ੍ਰਧਾਨ ਸੀ ਏ ਰਾਕੇਸ਼ ਚਾਵਲਾ ਨੇ ਦੱਸਿਆ ਕਿ ਕਲੱਬ ਨੂੰ ਕੁੱਲ ਤਿੰਨ ਕਲੱਬ ਐਵਾਰਡਾਂ ਤੋਂ ਇਲਾਵਾ ਤਿੰਨ ਵਿਅਕਤੀਗਤ ਸਨਮਾਨ ਵੀ ਪ੍ਰਾਪਤ ਹੋਏ ਹਨ। ਉਨ੍ਹਾਂ ਦੱਸਿਆ ਕਿ ਆਈ ਪੀ ਪੀ ਰੋਟੇਰੀਅਨ ਪਵਨ ਕੁਮਾਰ ਕਾਲੜਾ ਨੂੰ 'ਡਿਸਟਿੰਗਵਿਸ਼ਡ ਰੋਟੇਰੀਅਨ ਆਫ਼ ਦਿ ਈਅਰ' ਅਤੇ ਪੀ ਪੀ ਰੋਟੇਰੀਅਨ ਆਈ ਪੀ ਖੁਰਾਨਾ ਨੂੰ 'ਰੋਟਰੀ ਐਕਸੀਲੈਂਸ ਐਵਾਰਡ' ਨਾਲ ਸਨਮਾਨਤ ਕੀਤਾ ਗਿਆ। ਉਨ੍ਹਾਂ ਦੋਵਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪੂਰੇ ਕਲੱਬ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਕਲੱਬ ਦੇ ਸਮੂਹ ਮੈਂਬਰਾਂ ਨੇ ਇਕ-ਦੂਜੇ ਨੂੰ ਵਧਾਈ ਦਿੰਦਿਆਂ ਸਮਾਜ ਸੇਵਾ ਦੇ ਆਪਣੇ ਸੰਕਲਪ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣ ਦਾ ਵਿਸ਼ਵਾਸ ਪ੍ਰਗਟਾਇਆ।




# ਨਾਗਰਿਕਾਂ ਦੀ ਸਹੂਲਤ ਲਈ ਸ਼ਿਕਾਇਤ ਨਿਵਾਰਣ ਸੈੱਲ ਸਥਾਪਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.)-2026 ਨੂੰ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਾਗਰਿਕਾਂ/ਵੋਟਰਾਂ ਦੀ ਸਹਾਇਤਾ ਅਤੇ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਹੈਲਪਲਾਈਨ ਨੰਬਰ 1950 ਅਤੇ ਸ਼ਿਕਾਇਤ ਨਿਵਾਰਣ ਸੈੱਲ ਸਥਾਪਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਇਸ ਉਪਰਾਲੇ ਦਾ ਉਦੇਸ਼ ਵੋਟਰਾਂ ਨੂੰ ਲੋੜੀਂਦੀ ਜਾਣਕਾਰੀ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਐੱਸ ਆਈ ਆਰ-2026 ਤਹਿਤ ਬੂਥ ਲੈਵਲ ਅਫ਼ਸਰਾਂ (ਬੀ ਐੱਲ ਓਜ਼.) ਵੱਲੋਂ ਘਰ-ਘਰ ਸਰਵੇਖਣ ਕੀਤਾ ਜਾ ਰਿਹਾ ਹੈ, ਜੋ 24 ਜੁਲਾਈ 2026 ਤੱਕ ਜਾਰੀ ਰਹੇਗਾ। ਜਿਨ੍ਹਾਂ ਵੋਟਰਾਂ ਦੇ ਗਣਨਾ ਫਾਰਮ ਪ੍ਰਾਪਤ ਹੋ ਜਾਣਗੇ, ਉਨ੍ਹਾਂ ਦੇ ਨਾਮ 3 ਅਗਸਤ 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਡ੍ਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਕੀਤੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਡ੍ਰਾਫਟ ਵੋਟਰ ਸੂਚੀ 'ਤੇ ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਦਾਇਰ ਕੀਤੇ ਜਾ ਸਕਣਗੇ, ਜਦਕਿ ਨੋਟਿਸ ਪੜਾਅ ਅਤੇ ਦਾਅਵਿਆਂ/ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਇਸ ਤੋਂ ਬਾਅਦ ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਵਾਲੀਆ ਨੇ ਦੱਸਿਆ ਕਿ ਐੱਸ ਆਈ ਆਰ ਪ੍ਰਕਿਰਿਆ ਦੌਰਾਨ ਜੇਕਰ ਕਿਸੇ ਨਾਗਰਿਕ ਨੂੰ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਦੀ ਲੋੜ ਹੋਵੇ ਤਾਂ ਉਹ ਰੋਜ਼ਾਨਾ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕਰ ਸਕਦਾ ਹੈ। ਇਸ ਤੋਂ ਇਲਾਵਾ ਜੇਕਰ ਕਿਸੇ ਨਾਗਰਿਕ ਨੂੰ ਐਸ.ਆਈ.ਆਰ ਪ੍ਰਕਿਰਿਆ ਦੌਰਾਨ ਕਿਸੇ ਤਰ੍ਹਾਂ ਦੀ ਸ਼ਿਕਾਇਤ ਹੈ ਤਾਂ ਉਹ ਜ਼ਿਲ੍ਹਾ ਪੱਧਰ 'ਤੇ ਸਥਾਪਤ ਸ਼ਿਕਾਇਤ ਨਿਵਾਰਣ ਸੈੱਲ ਦੀ ਈ-ਮੇਲ ਆਈ.ਡੀ. sircomplaintAID@gmail.com 'ਤੇ ਸ਼ਿਕਾਇਤ ਦਰਜ ਕਰਵਾ ਸਕਦਾ ਹੈ।

# ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ

**ਪੋਜੇਵਾਲ/ਬਲਾਚੌਰ (ਰਾਮ ਲਾਲ, ਜਸਵਿੰਦਰ ਬੈਂਸ)**- ਪਲਸ ਪੋਲੀਓ ਮੁਹਿੰਮ ਤਹਿਤ ਲਗਾਏ ਗਏ ਪਲਸ ਪੋਲੀਓ ਬੂਥਾਂ ਤੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਾਉਣ ਦੀ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਡਾ. ਜਤਿੰਦਰ ਸਿੰਘ ਪੀ ਐੱਚ ਸੀ ਸੜੋਆ ਨੇ ਦੱਸਿਆ ਕਿ ਪੋਲੀਓ ਤੇ ਜਿੱਤ ਨੂੰ ਬਰਕਰਾਰ ਰੱਖਣ ਲਈ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਜ਼ਰੂਰ ਪਿਲਾਉਣੀਆਂ ਚਾਹੀਦੀਆਂ ਹਨ। ਉਹਨਾਂ ਨੇ ਦੱਸਿਆ ਕਿ ਪੀ ਐਸ ਸੀ ਸੜੋਆਂ ਅਧੀਨ 69 ਬੂਥਾਂ ਤੇ ਅਤੇ ਦੋ ਟਰਾਂਜਸ ਪੁਆਇੰਟਾਂ ਤੇ 5729 ਬੱਚਿਆਂ ਨੂੰ ਪੋਲੀਓ ਬੂੰਦਾਂ ਪਲਾਈਆਂ ਜਾ ਰਹੀਆਂ ਹਨ ਜਿਸ ਵਿੱਚ 13 ਸੁਪਰਵਾਈਜ਼ਰਾਂ ਦੁਆਰਾ ਸੁਪਰਵੀਜ਼ਨ ਕੀਤੀ ਜਾ ਰਹੀ ਹੈ ਤਾਂ ਕਿ ਕੋਈ ਬੱਚਾ ਪੋਲੀਓ ਦੀ ਖੁਰਾਕ ਤੋਂ ਵਾਂਝਾ ਨਾ ਰਹੇ। ਦੂਜੇ ਅਤੇ ਤੀਸਰੇ ਦਿਨ ਰਹਿੰਦੇ ਬੱਚਿਆਂ ਨੂੰ ਘਰ-ਘਰ ਜਾ ਸਿਹਤ ਕਰਮਚਾਰੀਆਂ ਵੱਲੋਂ ਪੋਲੀਓ ਬੂੰਦਾਂ ਪਲਾਈਆਂ ਜਾਣਗੀਆਂ ਜਾ ਮੌਕੇ ਤੇ ਹੈਲਥ ਆਦਰਸ਼ ਕੁਮਾਰ, ਗੁਰਿੰਦਰ ਸਿੰਘ ਐੱਲ ਐੱਚ ਆਸ਼ਾ ਰਾਣੀ ਅਤੇ ਆਸ਼ਾ ਵਰਕਰਾਂ ਹਾਜ਼ਰ ਸਨ।



# 2662 ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ



**ਫਗਵਾੜਾ (ਡਾ. ਰਮਨ)**- ਪੋਲੀਓ ਵਰਗੀ ਗੰਭੀਰ ਬਿਮਾਰੀ ਤੋਂ ਬੱਚਿਆਂ ਨੂੰ ਸੁਰੱਖਿਅਤ ਰੱਖਣ ਲਈ ਸਿਵਲ ਸਰਜਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਸੈਕੰਡਰੀ ਅਫ਼ਸਰ ਡਾ ਸਿਮਰਦੀਪ ਕੌਰ ਦੀ ਰਹਿਨੁਮਾਈ ਅਤੇ ਪਲਸ ਪੋਲੀਓ ਨੋਡਲ ਅਫ਼ਸਰ ਡਾ. ਨਰੇਸ਼ ਕੁਮਾਰ ਦੀ ਸੁਚੱਜੀ ਅਗਵਾਈ ਹੇਠ 28 ਤੋਂ 30 ਜੂਨ ਤੱਕ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਪੂਰੀ ਤਨਦੇਹੀ ਨਾਲ ਚਲਾਈ ਜਾਵੇਗੀ। ਇਸ ਮੁਹਿੰਮ ਤਹਿਤ ਸਬ ਡਵੀਜ਼ਨ ਫਗਵਾੜਾ ਦੇ 0 ਤੋਂ 5 ਸਾਲ ਉਮਰ ਵਰਗ ਦੇ 9858 ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਦਾ ਟੀਚਾ ਨਿਰਧਾਰਿਤ ਕੀਤਾ ਗਿਆ ਹੈ. ਇਸ ਲੜੀ ਤਹਿਤ ਸ਼ਹਿਰ ਦੇ ਵੱਖ-ਵੱਖ ਖੇਤਰਾਂ 'ਚ ਪੋਲੀਓ ਬੂਥ ਲਗਾਏ ਗਏ ਜਿਸ ਦਾ ਜ਼ਿਲ੍ਹਾ ਅਪੀਡੀਮੋਲੋਜਿਸਟ ਡਾ. ਨੰਦਿਕਾ ਖੁੱਲਰ ਵੱਲੋਂ ਅਚਨਚੇਤ ਦੌਰਾ ਕਰਕੇ ਪਲਸ ਪੋਲੀਓ ਬੂਥਾਂ ਦੀ ਚੈਕਿੰਗ ਕਰ ਸੰਤੁਸ਼ਟੀ ਪ੍ਰਗਟ ਕੀਤੀ ਗਈ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲੇ ਦਿਨ ਦੀ ਪਲਸ ਪੋਲੀਓ ਰੋਕੂ ਮੁਹਿੰਮ ਦੇ ਪਹਿਲੇ ਦਿਨ 2662 ਨੰਨੇ ਮੁੰਨੇ ਬੱਚਿਆ ਨੇ ਪੋਲੀਓ ਰੋਕੂ ਬੂੰਦਾਂ ਪੀਤੀਆਂ। ਪਲਸ ਪੋਲੀਓ ਮੁਹਿੰਮ ਦੀ ਇਸ ਲੜੀ ਤਹਿਤ ਮੁੱਹਲਾ ਡਿਵੈਲਪਮੈਂਟ ਸੁਸਾਇਟੀ ਭਗਤਪੁਰਾ ਦੇ ਪ੍ਰਧਾਨ ਡਾ. ਰਮਨ ਦੀ ਯੋਗ ਅਗਵਾਈ ਹੇਠ ਨੀਲਾ ਮਾਰਕੀਟ ਭਗਤਪੁਰਾ ਵਿਖੇ ਪਲਸ ਪੋਲੀਓ ਕੈਂਪ ਲਗਾਇਆ ਗਿਆ। ਵਾਰਡ ਨੰਬਰ 42 ਦੇ ਕੌਂਸਲਰ ਜਸਦੇਵ ਸਿੰਘ ਪ੍ਰਿੰਸ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਅਤੇ ਅਪਣੀ ਨਵ ਜਨਮੀ ਬੱਚੀ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ। ਉਨ੍ਹਾਂ ਸਰਕਾਰ ਵਲੋਂ ਚਲਾਈ ਗਈ ਪਲਸ ਪੋਲੀਓ ਮੁਹਿੰਮ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਰਚਿਤ, ਇੰਦਰਪ੍ਰੀਤ ਕੌਰ, ਜੈਸਮੀਨ ਕੌਰ, ਟੀਮ ਵੱਲੋਂ 48 ਤੋਂ ਵਧੇਰੇ 0 ਤੋਂ ਲੈ ਕੇ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ।

# ਡਿਪਟੀ ਕਮਿਸ਼ਨਰ ਨੇ ਆਪਣੇ ਪੁੱਤਰ ਨੂੰ ਪੋਲੀਓ ਬੂੰਦਾਂ ਪਿਲਾ ਕੇ ਪਲਸ ਪੋਲੀਓ ਮੁਹਿੰਮ ਦੀ ਕੀਤੀ ਸ਼ੁਰੂਆਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)** ਜ਼ਿਲ੍ਹੇ ਵਿੱਚ ਐਤਵਾਰ ਨੂੰ ਤਿੰਨ ਦਿਨਾਂ ਪਲਸ ਪੋਲੀਓ ਮੁਹਿੰਮ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਢਾਈ ਮਹੀਨੇ ਦੇ ਪੁੱਤਰ ਨੂੰ ਸਿਹਤ ਵਿਭਾਗ ਦੀ ਟੀਮ ਵੱਲੋਂ ਪੋਲੀਓ ਰੋਧਕ ਬੂੰਦਾਂ ਪਿਲਾ ਕੇ ਕੀਤੀ ਗਈ। ਮਾਪਿਆਂ ਨੂੰ ਇਸ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ ਦੀ ਅਪੀਲ ਕਰਦਿਆਂ ਵਾਲੀਆ ਨੇ ਕਿਹਾ ਕਿ ਪੰਜ ਸਾਲ ਤੋਂ ਘੱਟ ਉਮਰ ਦੇ ਹਰੇਕ ਬੱਚੇ ਨੂੰ ਪੋਲੀਓ ਬੂੰਦਾਂ ਜ਼ਰੂਰ ਪਿਲਾਈਆਂ ਜਾਣ ਤਾਂ ਜੋ ਭਾਰਤ ਪੋਲੀਓ ਮੁਕਤ ਦੇਸ਼ ਬਣਿਆ ਰਹੇ। ਉਨ੍ਹਾਂ ਵਸਨੀਕਾਂ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਪੂਰਾ ਸਹਿਯੋਗ ਦੇਣ ਅਤੇ ਇਹ ਯਕੀਨੀ ਬਣਾਉਣ ਦੀ ਅਪੀਲ ਕੀਤੀ ਕਿ ਕੋਈ ਵੀ ਯੋਗ ਬੱਚਾ ਇਸ ਮੁਹਿੰਮ ਦੌਰਾਨ ਕਵਰ ਹੋਣ ਤੋਂ ਵਾਂਝਾ ਨਾ ਰਹਿ ਜਾਵੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਜ਼ਿਲ੍ਹੇ ਭਰ ਵਿੱਚ 2,203 ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ 2,107 ਹਾਊਸ ਟੂ ਹਾਊਸ ਟੀਮਾਂ, 66 ਮੋਬਾਈਲ ਟੀਮਾਂ ਅਤੇ 30 ਟਰਾਂਜ਼ਿਟ ਟੀਮਾਂ ਸ਼ਾਮਲ ਹਨ। ਇਹ ਟੀਮਾਂ ਪੰਜ ਸਾਲ ਤੋਂ ਘੱਟ ਉਮਰ ਦੇ 1,96,657 ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣਗੀਆਂ। ਉਨ੍ਹਾਂ ਕਿਹਾ ਕਿ ਇਹ ਟੀਮਾਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਦੇ ਲਗਭਗ 5,41,258 ਘਰ ਕਵਰ ਕਰਨ ਤੋਂ ਇਲਾਵਾ 715 ਉੱਚ-ਜੋਖਮ ਵਾਲੇ ਸਥਾਨਾਂ ਤੱਕ ਪਹੁੰਚ ਕਰਨਗੀਆਂ, ਜਿਨ੍ਹਾਂ ਵਿੱਚ ਝੁੱਗੀਆਂ-ਝੌਂਪੜੀਆਂ, ਇੱਟਾਂ ਦੇ ਭੱਠੇ, ਉਦਯੋਗਿਕ ਖੇਤਰ, ਅਸਥਾਈ ਬਸਤੀਆਂ ਅਤੇ ਹੋਰ ਸੰਵੇਦਨਸ਼ੀਲ ਇਲਾਕੇ ਸ਼ਾਮਲ ਹਨ। ਇਸ ਮੌਕੇ ਸਿਵਲ ਸਰਜਨ ਡਾ. ਰਾਜੇਸ਼ ਗਰਗ ਵੀ ਮੌਜੂਦ ਸਨ।



## ਵਧੀਕ ਮੁੱਖ ਚੋਣ ਅਫ਼ਸਰ ਨੇ ਐੱਸ ਆਈ ਆਰ-2026 ਦੀ ਪ੍ਰਗਤੀ ਦਾ ਲਿਆ ਜਾਇਜ਼ਾ



**ਖਰੜ (ਹਰਨਾਮ ਸਿੰਘ ਡੱਲਾ)**- ਪੰਜਾਬ ਦੀ ਮੁੱਖ ਚੋਣ ਅਫ਼ਸਰ ਸ੍ਰੀਮਤੀ ਅਨਿੰਦਿਤਾ ਮਿਤਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਦੇ ਵਧੀਕ ਮੁੱਖ ਚੋਣ ਅਫ਼ਸਰ ਅਮਨਦੀਪ ਬਾਂਸਲ ਨੇ ਸਰਕਾਰੀ ਐਲੀਮੈਂਟਰੀ ਸਕੂਲ, ਖਾਨਪੁਰ (ਖਰੜ) ਦੇ ਬੂਥ ਨੰਬਰ 195 ਤੋਂ 198 ਅਤੇ ਇਸ ਅਧੀਨ ਪੈਂਦੇ ਘਰਾਂ ਦਾ ਦੌਰਾ ਕਰਕੇ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ.-2026) ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਦੌਰੇ ਦੌਰਾਨ ਬਾਂਸਲ ਨੇ ਬੂਥ ਲੈਵਲ ਅਫ਼ਸਰਾਂ (ਬੀ ਐੱਲ ਓਜ਼) ਅਤੇ ਵੋਟਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਬੀ ਐੱਲ ਓਜ਼ ਵੱਲੋਂ ਕੀਤੇ ਜਾ ਰਹੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਰ ਯੋਗ ਵੋਟਰ ਤੱਕ ਪਹੁੰਚ ਬਣਾਉਣਾ ਅਤੇ ਉਸ ਨੂੰ ਐਨਯੂਮੇਰੇਸ਼ਨ ਪ੍ਰਕਿਰਿਆ ਵਿੱਚ ਸ਼ਾਮਲ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਦੌਰਾਨ ਬੀ ਐੱਲ ਓਜ਼ ਦਾ ਪੂਰਾ ਸਹਿਯੋਗ ਕਰਨ, ਤਾਂ ਜੋ ਕੋਈ ਵੀ ਯੋਗ ਵੋਟਰ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ।

## ਪੂੰਜੀਵਾਦੀ ਨੀਤੀਆਂ ਸਮਾਜ ਦੇ ਅਸਲ ਮੁੱਦਿਆਂ ਤੇ ਮੰਗਾਂ 'ਤੇ ਪਰਦਾ ਪਾ ਰਹੀਆਂ : ਕਰਨ ਸਿੰਘ ਰਾਣਾ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਕੇਂਦਰ ਅਤੇ ਸੂਬਾ ਸਰਕਾਰ ਕਾਰਪੋਰੇਟ ਪੂੰਜੀਵਾਦੀ ਨੀਤੀਆਂ ਲਾਗੂ ਕਰਕੇ ਮਨੁੱਖੀ ਸਮਾਜ ਦੇ ਅਸਲ ਮੁੱਦਿਆਂ ਅਤੇ ਮੰਗਾਂ ਤੇ ਪਰਦਾ ਪਾ ਰਹੀਆਂ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਇੱਥੇ ਜਥੇਬੰਦੀ ਦੇ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕੀਤਾ। ਇਹਨਾਂ ਨੀਤੀਆਂ ਸਦਕਾ ਮੁਕੇਸ਼ ਅੰਬਾਨੀ ਦੀ ਜਾਇਦਾਦ ਪਿਛਲੇ 12 ਸਾਲਾਂ ਵਿੱਚ ਇਕ ਲੱਖ 55 ਹਜਾਰ ਕਰੋੜ ਤੋਂ ਵੱਧ ਕੇ 8 ਲੱਖ ਕਰੋੜ ਹੋ ਗਈ ਹੈ। ਇਸੇ ਤਰ੍ਹਾਂ ਅਦਾਨੀ ਕਾਰਪੋਰੇਟ ਦੀ ਜਾਇਦਾਦ ਪਿਛਲੇ 12 ਸਾਲਾਂ ਵਿੱਚ 45 ਹਜਾਰ ਕਰੋੜ ਰੁਪਏ ਤੋਂ ਵੱਧ ਕੇ ਸੱਤ ਲੱਖ ਕਰੋੜ ਦੀ ਹੋ ਗਈ ਹੈ ਅਤੇ 100 ਕਰੋੜ ਭਾਰਤੀਆਂ ਦੀ ਆਮਦਨ 16 ਹਜ਼ਾਰ ਪ੍ਰਤੀ ਮਹੀਨਾ ਤੋਂ ਵੀ ਘੱਟ ਗਈ ਹੈ।ਸਾਥੀ ਰਾਣਾ ਨੇ ਕਿਹਾ ਕਿ ਕਾਰਪੋਰੇਟ ਘਰਾਣੇ ਸਾਮਰਾਜੀ ਪੂੰਜੀ ਨਾਲ ਮਿਲ ਕੇ ਇਕ ਆਗਿਆਕਾਰੀ ਗੁਲਾਮ, ਵਿਕਾਊ ਅਤੇ ਮੰਗ ਤੇ ਮਨੁੱਖ ਦੀ ਸਿਰਜਣਾ ਕਰਨ ਲਈ ਪੂਰਾ ਤਾਣ ਲਾ ਰਹੇ ਹਨ।ਇਸ ਮੌਕੇ ਕਰਨੈਲ ਸਿੰਘ ਭੱਲਾ, ਮਨੋਹਰ ਲਾਲ, ਬੀਬੀ ਸ਼ਸ਼ੀ ਰਾਣਾ, ਸਤਪਾਲ ਸਿੰਘ ਅਤੇ ਮਾਸਟਰ ਮੋਹਨ ਲਾਲ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।



## ਐੱਸ ਆਈ ਆਰ ਤਹਿਤ ਜ਼ਿਲ੍ਹੇ 'ਚ ਘਰ-ਘਰ ਸਰਵੇਖਣ ਜਾਰੀ

**ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਤਹਿਤ ਜ਼ਿਲ੍ਹੇ ਵਿੱਚ ਬੂਥ ਲੈਵਲ ਅਫ਼ਸਰਾਂ (ਬੀ ਐਲ ਓਜ਼) ਵੱਲੋਂ ਘਰ-ਘਰ ਸਰਵੇਖਣ ਕੀਤਾ ਜਾ ਰਿਹਾ ਹੈ, ਜਿਸ ਤਹਿਤ ਬੀ ਐਲ ਓਜ਼ ਵੱਲੋਂ ਵੋਟਰਾਂ ਨੂੰ ਆਪਣੇ ਵੇਰਵਿਆਂ ਦੀ ਤਸਦੀਕ ਅਤੇ ਲੋੜੀਂਦੀ ਜਾਣਕਾਰੀ ਭਰਨ ਲਈ ਗਣਨਾ (ਇਨੂਮੀਰੇਸ਼ਨ) ਫਾਰਮ ਮੁਹੱਈਆ ਕਰਵਾਏ ਜਾ ਰਹੇ ਹਨ। ਇਸੇ ਕੜੀ ਤਹਿਤ ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਸੰਬੰਧਤ ਬੀ ਐੱਲ ਓ ਵੱਲੋਂ ਇਨੂਮੀਰੇਸ਼ਨ ਫਾਰਮ ਸੌਂਪਿਆ ਗਿਆ। ਜ਼ਿਕਰਯੋਗ ਹੈ ਕਿ ਘਰ-ਘਰ ਸਰਵੇਖਣ ਦੀ ਪ੍ਰਕਿਰਿਆ 24 ਜੁਲਾਈ 2026 ਤੱਕ ਜਾਰੀ ਰਹੇਗੀ। 3 ਅਗਸਤ 2026 ਨੂੰ ਡ੍ਰਾਫ਼ਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਹੋਵੇਗੀ ਅਤੇ 3 ਅਗਸਤ 2026 ਤੋਂ 2 ਸਤੰਬਰ 2026 ਤੱਕ ਡ੍ਰਾਫਟ ਵੋਟਰ ਸੂਚੀ 'ਤੇ ਦਾਅਵੇ ਅਤੇ ਇਤਰਾਜ਼ ਦਾਇਰ ਕੀਤੇ ਜਾ ਸਕਣਗੇ। ਨੋਟਿਸ ਪੜਾਅ/ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 3 ਅਗਸਤ 2026 ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਉਪਰੰਤ 1 ਅਕਤੂਬਰ 2026 ਨੂੰ ਅੰਤਿਮ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ।



# ਸੀ ਟੀ ਗਰੁੱਪ ਵਿਖੇ 'ਹੋਸਟਲ ਨਾਈਟ ਫੇਅਰਵੈੱਲ' ਕਰਵਾਈ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵਿਖੇ ਵਿਦਿਆਰਥੀਆਂ ਲਈ ਰੰਗਾਰੰਗ ਹੋਸਟਲ ਨਾਈਟ ਫੇਅਰਵੈੱਲ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਆਪਸੀ ਇਕਤਾ, ਰਚਨਾਤਮਕਤਾ ਅਤੇ ਯਾਦਗਾਰ ਪਲਾਂ ਦੀ ਭਾਵਨਾ ਨੂੰ ਖੂਬਸੂਰਤੀ ਨਾਲ ਮਨਾਇਆ ਗਿਆ। ਸ਼ਾਮ ਦਾ ਮਾਹੌਲ ਰੰਗ-ਬਿਰੰਗੀਆਂ ਪੇਸ਼ਕਾਰੀਆਂ ਨਾਲ ਰੌਣਕਮਈ ਹੋ ਗਿਆ, ਜਿਸ ਨਾਲ ਖੁਸ਼ੀ, ਜੋਸ਼ ਅਤੇ ਭਾਵੁਕ ਲਹਿਰ ਦਿਖਾਈ ਦਿੱਤੀ।ਸੱਭਿਆਚਾਰਕ ਪ੍ਰੋਗਰਾਮ ਦੌਰਾਨ ਫੈਸ਼ਨ ਸ਼ੋਅ, ਪਰੰਪਰਾਗਤ ਭੰਗੜਾ ਤੇ ਨਾਟੀ ਨ੍ਰਿਤਯ, ਬਾਲੀਵੁੱਡ ਪ੍ਰਸਤੁਤੀਆਂ, ਸੁਰੀਲਾ ਗਾਇਨ ਅਤੇ ਦਿਲਚਸਪ ਓਪਨ ਮਾਈਕ ਸੈਸ਼ਨ ਆਦਿ ਸ਼ਾਮਲ ਰਹੇ। ਇਸ ਸਮਾਗਮ 'ਚ ਪਰਮਿੰਦਰ ਕੌਰ, ਕੋ-ਚੇਅਰਪਰਸਨ, ਹਰਪ੍ਰੀਤ ਸਿੰਘ, ਵਾਈਸ ਚੇਅਰਮੈਨ, ਐਡਵੋਕੇਟ ਮੰਜਿੰਦਰ ਕੌਰ, ਕੋ-ਵਾਈਸ ਚੇਅਰਪਰਸਨ, ਡਾ. ਜਯਾਸ਼ੀਸ਼ ਸੇਠੀ, ਡਾਇਰੈਕਟਰ ਕੈਂਪਸ, ਡਾ. ਸੰਗਰਾਮ ਸਿੰਘ, ਡਾਇਰੈਕਟਰ ਅਕਾਦਮਿਕ ਓਪਰੇਸ਼ਨਜ਼; ਡਾ. ਨਿੱਤਨ ਅਰੋੜਾ, ਡਾਇਰੈਕਟਰ ਸੀ ਸੀ ਪੀ ਸੀ ਤੇ ਡਾ. ਅਰਜਨ ਸਿੰਘ, ਡੀਨ-ਸਟੂਡੈਂਟ ਵੈਲਫੇਅਰ ਅਤੇ ਹੋਸਟਲ ਵਾਰਡਨ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਸ਼ਾਮ ਦਾ ਮੁੱਖ ਆਕਰਸ਼ਣ ਫੈਸ਼ਨ ਸ਼ੋਅ ਰਿਹਾ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਅੰਦਾਜ਼, ਆਤਮਵਿਸ਼ਵਾਸ ਅਤੇ ਵਿਅਕਤਿਤਵ ਦਾ ਬਿਹਤਰੀਨ ਪ੍ਰਦਰਸ਼ਨ ਕੀਤਾ। ਅਮਨ ਕੌਰ ਤੇ ਦਾਵਰ ਰਸ਼ੀਦ ਨੂੰ ਸਟਾਈਲ ਆਈਕਨ ਦਾ ਖਿਤਾਬ ਦਿੱਤਾ ਗਿਆ, ਜਦਕਿ ਫਾਜ਼ਿਲ ਰਮਜ਼ਾਨ ਸੋਫੀ ਨੂੰ ਸਟਾਈਲ ਕਿੰਗ ਚੁਣਿਆ ਗਿਆ। ਪਰਮੀਤ ਕੌਰ (ਬੀ ਐੱਸ ਸੀ ਐੱਫ ਡੀ, ਸੀ ਟੀ ਆਈ ਐੱਚ ਐੱਮ) ਨੂੰ ਮਿਸ ਸ਼ੋਸਟੌਪਰ ਅਤੇ ਮੁਹੰਮਦ ਅਜਮਲ ਖਾਨ ਨੂੰ ਮਿਸਟਰ ਸ਼ੋਸਟੌਪਰ ਦੇ ਖਿਤਾਬ ਨਾਲ ਸਨਮਾਨਤ ਕੀਤਾ ਗਿਆ। ਖੇਲੀਨਾ ਥੋਕਚੋਮ (ਸੀਟੀ ਆਈਐਚਐਮ ਬੀਟੀਟੀਐਮ) ਨੂੰ ਬਿਊਟੀ ਵਿਥ ਗ੍ਰੇਸ ਅਤੇ ਅਮੋਮ ਅੰਜਲੀ ਦੇਵੀ (ਸੀ ਟੀ ਆਈ ਐੱਚ ਐੱਮ) ਨੂੰ ਸਪੌਟਲਾਈਟ ਚੈਂਪੀਅਨ ਦਾ ਸਨਮਾਨ ਮਿਲਿਆ।



# ਚੈਰੀਟੇਬਲ ਲੈਬੌਰਟਰੀ ਦਾ ਉਦਘਾਟਨ

**ਮੋਹਟਿਆਣਾ (ਜਗਤਾਰ ਸਿੰਘ ਭੂੰਗਰਨੀ)**- ਲਾਈਫ ਕੇਅਰ ਫਾਊਂਡੇਸ਼ਨ, ਡੇਰਾਬੱਸੀ (ਮੋਹਾਲੀ) ਵੱਲੋਂ 212ਵਾਂ ਕੁਲੈਕਸ਼ਨ ਸੈਂਟਰ ਗੁਰੂ ਹਰਿ ਰਾਇ ਸਾਹਿਬ ਚੈਰੀਟੇਬਲ ਲੈਬੋਰੇਟਰੀ ਪਿੰਡ ਭੂੰਗਰਨੀ (ਜਿਲਾ ਹੁਸ਼ਿਆਰਪੁਰ) ਵਿਖੇ ਖੋਲਿਆ ਗਿਆ ਹੈ। ਜਿਸ ਦਾ ਉਦਘਾਟਨ ਲਾਈਫ ਕੇਅਰ ਫਾਊਂਡੇਸ਼ਨ ਦੇ ਫਾਊਂਡਰ ਸਤੀਸ਼ ਐਨ ਜੀ ਓ ਵਰਕਰ ਵੱਲੋਂ ਕੀਤਾ ਗਿਆ ।ਇਸ ਵਿੱਚ ਵਿਸ਼ੇਸ਼ ਸਹਿਯੋਗ ਅਮਰ ਕੌਰ ਚਰਨ ਕੌਰ ਵੈਲਫੇਅਰ ਸੋਸਾਇਟੀ ਭੂੰਗਰਨੀ (ਰਜਿ.) ਜਿਸ ਦੇ ਸਰਪ੍ਰਸਤ ਡਾਕਟਰ ਹਰਦੇਵ ਸਿੰਘ ਪਰਹਾਰ ,ਜਸਵਿੰਦਰ ਕੌਰ ਪਰਹਾਰ ਹਨ।ਇਸ ਦੇ ਪ੍ਰਧਾਨ ਜਸਵੀਰ ਸਿੰਘ ਮਿਨਹਾਸ, ਸੀਨੀਅਰ ਵਾਈਸ ਜਗਤਾਰ ਸਿੰਘ ਭੂੰਗਰਨੀ, ਜਨਰਲ ਸਕੱਤਰ ਪਰਮਿੰਦਰ ਸਿੰਘ ਪੋਸੀ, ਕੈਸ਼ੀਅਰ ਸੁਰਜੀਤ ਸਿੰਘ ਮਸੂਤਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 28 ਜੂਨ ਨੂੰ ਸਵੇਰੇ 7 ਵਜੇ ਤੋਂ 12 ਵਜੇ ਤੱਕ ਬਲੱਡ ਚੈੱਕਅਪ ਫ੍ਰੀ ਕੈਂਪ ਵੀ ਲਗਾਇਆ ਗਿਆ ।ਇਸ ਕੈਂਪ ਵਿੱਚ ਗੁਰਦਿਆਂ ਦੇ 5 ਟੈਸਟ, ਯੂਰਿਕ ਐਸਿਡ ਦਾ ਟੈਸਟ ਅਤੇ ਸ਼ੂਗਰ ਦੇ ਟੈਸਟ, ਬਿਲਕੁਲ ਮੁਫ਼ਤ ਕੀਤੇ ਗਏ । ਫੁੱਲ ਬਾਡੀ ਦਾ ਚੈਕਅੱਪ 600 ਰੁਪਏ ਤੋਂ ਸ਼ੁਰੂ ਹੋਵੇਗਾ ।ਇਹ ਲੈਬੋਰੇਟਰੀ ਕਲੈਕਸ਼ਨ ਸੈਂਟਰ ਰੋਜ਼ਾਨਾ ਸਵੇਰੇ 7 ਵਜੇ ਤੋਂ 12 ਵਜੇ ਤੱਕ ਖੁੱਲ੍ਹੇਗਾ ਅਤੇ ਇਸ ਦੇ ਸਾਰੇ ਟੈਸਟ ਭਾਰਤ ਸਰਕਾਰ ਦੇ ਅਦਾਰੇ ਐੱਨ ਏ ਬੀ ਐੱਲ ਤੋਂ ਮਾਨਤਾ ਪ੍ਰਾਪਤ ਲਾਈਫ ਕੇਅਰ ਫਾਊਂਡੇਸ਼ਨ, ਡੇਰਾਬੱਸੀ (ਮੋਹਾਲੀ) ਦੇ ਪ੍ਰੋਸੈਸਿੰਗ ਕੇਂਦਰ ਵਿੱਚ ਕੀਤੇ ਜਾਣਗੇਜਿਸ ਵਿੱਚ ਮਨੁੱਖਤਾ ਦੀ ਸੇਵਾ ਲਈ ਬਿਨਾਂ ਕਿਸੇ ਮੁਨਾਫੇ ਤੋਂ, ਬਜ਼ਾਰ ਨਾਲੋਂ ਤਿੰਨ ਗੁਣਾ ਘੱਟ ਰੇਟ ਤੇ, ਵਿਸ਼ਵ ਪੱਧਰ ਦੀਆਂ ਮਸ਼ੀਨਾਂ ਨਾਲ ਡਾਕਟਰਾਂ ਦੀ ਦੇਖਰੇਖ ਵਿੱਚ ਟੈਸਟ ਕੀਤੇ ਜਾਂਦੇ ਹਨ। ਇਸ ਲੈਬ ਦੀਆਂ ਰਿਪੋਰਟਾਂ ਪੀ ਜੀ ਆਈ ਚੰਡੀਗੜ੍ਹ, ਡੀ ਐੱਮ ਸੀ ਲੁਧਿਆਣਾ, ਏਮਜ਼ ਬਠਿੰਡਾ ਅਤੇ ਹਰ ਵੱਡੇ ਵੱਡੇ ਅਦਾਰਿਆਂ ਵਿੱਚ ਪ੍ਰਵਾਨ ਕੀਤੀਆਂ ਜਾਂਦੀਆਂ ਹਨ। ਇਸ ਮੌਕੇ ਉਦਘਾਟਨ ਕਰਨ ਪਹੁੰਚੇ ਲਾਈਫ ਕੇਅਰ ਫਾਊਂਡੇਸ਼ਨ ਦੇ ਸਤੀਸ਼ ਐਨ ਜੀ ਓ ਵਰਕਰ ਦੇ ਭੂੰਗਰਨੀ ਪਹੁੰਚਣ ਤੇ ਅਮਰ ਕੌਰ ਚਰਨ ਵੈਲਫੇਅਰ ਸੁਸਾਇਟੀ ਭੂੰਗਰਨੀ, ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਭੂੰਗਰਨੀ ਅਤੇ ਨਗਰ ਅਤੇ ਇਲਾਕੇ ਦੀਆਂ ਸੰਗਤਾਂ ਵਲੋ ਨਿੱਘਾ ਸਵਾਗਤ ਕੀਤਾ ਗਿਆ । ਉਪਰੰਤ ਗੁਰਦੁਆਰਾ ਸਾਹਿਬ ਵਿਖੇ ਅਰਦਾਸ ਕੀਤੀ ਗਈ ਅਤੇ ਆਏ ਮਹਿਮਾਨਾਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਿਰਪਾਓ ਦੇ ਕੇ ਸਨਮਾਨਤ ਕੀਤਾ।



## ਸਾਲਾਨਾ ਬਰਸੀ ਮੌਕੇ ਧਾਰਮਿਕ ਸਮਾਗਮ 6 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸੰਤ ਮਹਾਂਵੀਰ ਸਿੰਘ ਤਾਜੇਵਾਲ ਮੁੱਖ ਸੇਵਾਦਾਰ ਡੇਰਾ ਬੁੰਗਾ ਸਾਹਿਬ ਤਾਜੇਵਾਲ ਅਤੇ ਨਿਰਮਲ ਕੁਟੀਆ ਕਿਲਾ ਬਰੂਨ ਬਜਵਾੜਾ ਵੱਲੋਂ ਪ੍ਰਾਪਤ ਜਾਣਕਾਰੀ ਅਨੁਸਾਰ ਸੰਤ ਬਾਬਾ ਰਾਮ ਸਿੰਘ ਜੀ ਦੀ 26 ਵੀ ਬਰਸੀ 6 ਜੁਲਾਈ ਨੂੰ ਡੇਰਾ ਬੁੰਗਾ ਸਾਹਿਬ ਪਿੰਡ ਤਾਜੇਵਾਲ ਵਿਖੇ ਮਨਾਈ ਜਾ ਰਹੀ ਹੈ। ਸਮਾਗਮ ਦੇ ਸਬੰਧ ਵਿੱਚ 4 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। 6 ਜੁਲਾਈ ਨੂੰ ਪਾਠ ਦੇ ਭੋਗ ਉਪਰੰਤ ਕਥਾ ਕੀਰਤਨ ਅਤੇ ਸੰਤ ਸਮਾਗਮ ਹੋਵੇਗਾ, ਜਿਸ ਵਿੱਚ ਪਹੁੰਚ ਰਹੇ ਸੰਤ ਮਹਾਂਪੁਰਸ਼ ਸੰਗਤਾਂ ਨੂੰ ਆਪਣੇ ਧਾਰਮਿਕ ਪ੍ਰਵਚਨਾ ਰਾਹੀਂ ਸੰਤ ਬਾਬਾ ਰਾਮ ਸਿੰਘ ਦੇ ਪਰਉਪਕਾਰੀ ਕਾਰਜਾਂ ਤੋਂ ਜਾਣੂ ਕਰਵਾਉਂਦੇ ਹੋਏ ਉਸ ਸਰਬ ਸ਼ਕਤੀਮਾਨ ਪਰਮਾਤਮਾ ਦੇ ਨਾਮ ਨਾਲ ਜੋੜਨਗੇ, ਜੋ ਇਸ ਬ੍ਰਹਿਮੰਡ ਦੇ ਕਣ- ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਤਿਪਾਲਨਾ ਕਰ ਰਿਹਾ ਹੈ। ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਚਲਣਗੇ। ਸੰਤ ਬਾਬਾ ਮਹਾਂਵੀਰ ਸਿੰਘ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ। ਇਸ ਮੌਕੇ ਪਿੰਡ ਦੀ ਸਰਪੰਚ ਦਲਜੀਤ ਕੌਰ ਅਤੇ ਸੰਤ ਪਵਨ ਕੁਮਾਰ ਤਾਜੇਵਾਲ ਨੇ ਦੱਸਿਆ ਕਿ ਸੰਤ ਰਾਮ ਸਿੰਘ ਮਹਾਰਾਜ ਜੀ ਬਹੁਤ ਹੀ ਪਰਉਪਕਾਰੀ ਸੰਤ ਸਨ ਜਿਨਾਂ ਨੇ ਬੱਚਿਆਂ ਵਾਸਤੇ ਇੱਕ ਸਕੂਲ ਦੀ ਸਥਾਪਨਾ ਕੀਤੀ ਤੇ ਨਾਲ ਧਾਰਮਿਕ ਵਿਦਿਆ ਵੀ ਦਿੱਤੀ। ਉਹਨਾਂ ਨੇ ਇਲਾਕੇ ਵਿੱਚ ਅਨੇਕਾਂ ਹੀ ਪਾਠੀ ਤੇ ਕੀਰਤਨੀ ਸਿੰਘ ਤਿਆਰ ਕੀਤੇ। ਸੰਤ ਰਾਮ ਸਿੰਘ ਜੀ ਸਰਬ ਸੰਮਤੀ ਨਾਲ ਲਗਾਤਾਰ 10 ਸਾਲ ਪਿੰਡ ਦੇ ਸਰਪੰਚ ਵੀ ਰਹੇ।

## ਬੱਚਿਆਂ ਨੂੰ ਪਲਸ ਪੋਲੀਓ ਦੀਆਂ ਬੂੰਦਾਂ ਪਿਲਾਈਆਂ

**ਕਰਤਾਰਪੁਰ (ਹਰਮੇਸ਼ ਦੱਤ)**- ਸਿਵਲ ਸਰਜਨ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵਿੰਦਰ ਕੌਰ ਦੀ ਯੋਗ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ ਕਰਤਾਰਪੁਰ ਅਧੀਨ ਪਲਸ ਪੋਲਿਓ ਮੁਹਿੰਮ ਸਫ਼ਲਤਾਪੂਰਵਕ ਚਲਾਈ ਜਾ ਰਹੀ ਹੈ।ਇਸ ਮੁਹਿੰਮ ਦੇ ਨੋਡਲ ਅਫ਼ਸਰ ਡਾ. ਹਰਪ੍ਰੀਤ ਦੀ ਨਿਗਰਾਨੀ ਅਤੇ ਬਲਾਕ ਐਕਸਟੈਂਸ਼ਨ ਐਜੂਕੇਟਰ ਹਿਮਾਲਿਆ ਪ੍ਰਕਾਸ਼ ਵੱਲੋਂ ਸੁਚੱਜੇ ਪ੍ਰਬੰਧਾਂ ਨਾਲ ਸਮੂਹ ਸਿਹਤ ਟੀਮਾਂ ਵੱਲੋਂ ਘਰ-ਘਰ ਜਾ ਕੇ 0 ਤੋਂ 5 ਸਾਲ ਤੱਕ ਦੇ ਹਰ ਬੱਚੇ ਨੂੰ ਪੋਲਿਓ ਦੀਆਂ ਦੋ ਬੂੰਦਾਂ ਪਿਲਾਈਆਂ ਜਾ ਰਹੀਆਂ ਹਨ।ਮੁਹਿੰਮ ਨੂੰ ਵੱਧ ਤੋਂ ਵੱਧ ਸਫਲ ਬਣਾਉਣ ਲਈ ਬਲਾਕ ਦੇ ਹਰ ਪਿੰਡ ਵਿੱਚ ਮੁਨਾਦੀਆਂ ਕਰਵਾਈਆਂ ਗਈਆਂ ਹਨ ਅਤੇ ਲੋਕਾਂ ਨੂੰ ਪੋਲਿਓ ਬੂਥਾਂ ਅਤੇ ਘਰ-ਘਰ ਆਉਣ ਵਾਲੀਆਂ ਸਿਹਤ ਟੀਮਾਂ ਨਾਲ ਸਹਿਯੋਗ ਕਰਨ ਦੀ ਅਪੀਲ ਕੀਤੀ ਗਈ ਹੈ।



# ਬਾਬਾ ਬਿਹਾਰੀ ਦੀ ਯਾਦ ਨੂੰ ਸਮਰਪਤ ਮਹਾਨ ਕੀਰਤਨ ਸਮਾਗਮ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕੰਧਾਲਾ ਜੱਟਾਂ ਵਿੱਚ ਸਥਿਤ ਸਥਾਨ ਸੱਚਖੰਡ ਵਾਸੀ ਧੰਨ ਧੰਨ ਬਾਬਾ ਬਿਹਾਰੀ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ 39ਵਾਂ ਸਾਲਾਨਾ ਜੋੜ ਮੇਲਾ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਗਿਆ। ਬਾਬਾ ਬਿਹਾਰੀ ਪ੍ਰਬੰਧਕ ਕਮੇਟੀ ਸਮੂਹ ਨਗਰ ਨਿਵਾਸੀ ਤੇ ਐੱਨ ਆਰ ਆਈ ਸੰਗਤ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਵਿੱਚ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਕੀਰਤਨ ਦੀਵਾਨ ਸਜਾਏ ਗਏ ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀ ਜਥੇ ਬਾਬਾ ਹਰਭਜਨ ਸਿੰਘ ਸੋਤਲੇ ਵਾਲੇ ਤੇ ਢਾਡੀ ਜਥਾ ਗਿਆਨੀ ਬਲਵੀਰ ਸਿੰਘ ਪਾਰਸ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ।ਇਸ ਮੌਕੇ ਸ੍ਰੀਮਾਨ ਸੰਤ ਬਾਬਾ ਮੱਖਣ ਸਿੰਘ ਕੁੱਲੀ ਬਾਬਾ ਖੁਸ਼ ਦਿਲ ਦਰੀਆ ਵਾਲਿਆਂ ਨੇ ਸੰਗਤਾਂ ਨੂੰ ਨਾਮ ਬਾਣੀ ਨਾਲ ਜੁੜਨ ਲਈ ਪ੍ਰੇਰਿਆ ਤੇ ਕਥਾ ਵਿਚਾਰਾਂ ਨੇ ਨਿਹਾਲ ਕੀਤਾ। ਆਈਆਂ ਹੋਈਆਂ ਸੰਗਤਾਂ ਵਾਸਤੇ ਠੰਢੇ ਮਿੱਠੇ ਜਲ ਦੀ ਛਬੀਲ, ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਅਜੈਬ ਸਿੰਘ ਪ੍ਰਧਾਨ, ਜਰਨੈਲ ਸਿੰਘ ਉਪ ਪ੍ਰਧਾਨ,ਦਲਵੀਰ ਸਿੰਘ ਬਾਵਾ ਖਜਾਨਚੀ, ਜਸਵੀਰ ਸਿੰਘ, ਗੁਰਨਾਮ ਸਿੰਘ, ਬਾਬਾ ਮੱਖਣ ਸਿੰਘ ਜੀ ਦਰੀਏ ਵਾਲੇ, ਗ੍ਰੰਥੀ ਸ਼ਰਮ ਸਿੰਘ ਹੈਡ ਗ੍ਰੰਥੀ, ਅੰਮ੍ਰਿਤਪਾਲ ਸਿੰਘ ਪ੍ਰਧਾਨ ਪ੍ਰਧਾਨ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਪ੍ਰਬੰਧਕ ਕਮੇਟੀ, ਕੈਪਟਨ ਸੁਰਿੰਦਰ ਸਿੰਘ, ਮਨਜੀਤ ਸਿੰਘ, ਤਜਿੰਦਰ ਸਿੰਘ, ਗੁਰਮੇਲ ਸਿੰਘ, ਸੁਖਨਿੰਦਰ ਸਿੰਘ, ਬਲਸਾਹਿਬ ਸਿੰਘ, ਤਨਵਪ੍ਰੀਤ ਸਿੰਘ, ਮਲਕੀਤ ਸਿੰਘ, ਨਜੀਰ ਮੁਹਮਦ ਸੋਨਾ, ਕੁਲਵਿੰਦਰ ਸਿੰਘ, ਗੈਲਵੀਨ ਸਿੰਘ, ਦਿਲਰਾਜ ਸਿੰਘ, ਰਣਜੋਧ ਸਿੰਘ ਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



# ਮਾਸਟਰ ਆਤਮਾ ਸਿੰਘ ਚਿੱਟੀ ਰੇਡੀਓ ਤੇ 3 ਨੂੰ

**ਨਕੋਦਰ (ਮਨਜੀਤ ਮਾਨ)** ਸ਼੍ਰੋਮਣੀ ਬਾਲ ਸਾਹਿਤ ਲੇਖਕ ਮਾਸਟਰ ਆਤਮਾ ਸਿੰਘ ਚਿੱਟੀ ਦੀ ਰੂਬਰੂ ਪ੍ਰੋਗਰਾਮ ਵਿੱਚ ਬਤੌਰ ਬਾਲ ਸਾਹਿਤ ਲੇਖਕ ਮੁਲਾਕਾਤ ਆਕਾਸ਼ਵਾਣੀ ਜਲੰਧਰ ਤੋਂ 3 ਜੁਲਾਈ ਨੂੰ ਰਾਤ 9.30 ਵਜੇ ਪ੍ਰਸਾਰਿਤ ਕੀਤੀ ਜਾਵੇਗੀ। ਇਸ ਪ੍ਰੋਗਰਾਮ ਦੇ ਇੰਚਾਰਜ ਅਮਨ ਦੇਵ ਜੋਸ਼ੀ ਤੇ ਸਹਾਇਕ ਸਟੇਸ਼ਨ ਡਾਇਰੈਕਟਰ ਪਰਮਜੀਤ ਸਿੰਘ ਹਨ। ਆਤਮਾ ਸਿੰਘ ਚਿੱਟੀ ਨਾਲ ਸਵਾਲ ਜਵਾਬ ਦੇ ਰੂਪ ਵਿੱਚ ਮੁਲਾਕਾਤੀ ਸੁਖਵਿੰਦਰ ਸਿੰਘ ਕਲਸੀ ਹਨ। ਜ਼ਿਕਰਯੋਗ ਹੈ ਕਿ ਮਾਸਟਰ ਆਤਮਾ ਚਿੱਟੀ ਦੀਆਂ ਹੁਣ ਤੱਕ 26 ਕਿਤਾਬਾਂ ਛਪ ਚੁੱਕੀਆਂ ਹਨ ਤੇ ਮਾਸਟਰ ਆਤਮਾ ਸਿੰਘ ਚਿੱਟੀ ਸੰਨ 1974 ਤੋਂ ਜਲੰਧਰ ਰੇਡੀਓ ਤੋਂ ਬਤੌਰ ਕਵੀ ਤੇ ਵਾਰਤਾਕਾਰ ਆਪਣੀਆਂ ਪੇਸ਼ਕਾਰੀਆਂ ਕਾਰਨ ਆਕਾਸ਼ਵਾਣੀ ਜਲੰਧਰ ਦੇ ਪ੍ਰਵਾਨਿਤ ਲੇਖਕ ਹਨ। ਮਾਸਟਰ ਆਤਮਾ ਸਿੰਘ ਚਿੱਟੀ ਨੂੰ ਕਈ ਸਾਹਿਤਕ ਸੰਸਥਾਵਾਂ ਵੱਲੋਂ ਸਨਮਾਨਤ ਕੀਤਾ ਜਾ ਚੁੱਕਿਆ ਹੈ।



# ਅਮਰਨਾਥ ਯਾਤਰਾ ਦੌਰਾਨ ਲੰਗਰ 'ਚ ਪਾਇਆ ਯੋਗਦਾਨ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਬਾਬਾ ਬਰਫਾਨੀ ਲੰਗਰ ਸੇਵਾ ਸਮਿਤੀ ਮੁਕੇਰੀਆਂ ਹੁਸ਼ਿਆਰਪੁਰ ਬਰਾਂਚ ਮਾਹਿਲਪੁਰ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਅਮਰਨਾਥ ਯਾਤਰਾ ਮੌਕੇ ਲਗਾਉਣ ਵਾਲੇ ਲੰਗਰ (ਬਾਲਟਾਲ ਲੰਗਰ ਨੰਬਰ 3) ਲਈ ਰਸਦ ਸਮੱਗਰੀ ਡੇਰਾ ਬਾਪੂ ਗੰਗਾ ਦਾਸ ਮਾਹਿਲਪੁਰ ਤੋਂ ਭੇਜੀ ਗਈ।ਰਸਦ ਸਮਗਰੀ ਵਿੱਚ ਲੀ ਫੋਰਡ ਹੈਲਥ ਕੇਅਰ ਲਿਮਿਟਡ ਮਾਲਿਕ ਅਮਿਤ ਗੁਪਤਾ ਅਤੇ ਜੀਵਨ ਲਾਲ ਗੁਪਤਾ ਵਲੋਂ ਭਾਰਤੀ ਫਾਰਮਾ ਡਿਸਟਰੀਬਿਊਟਰ ਦੇ ਸੰਸਥਾਪਕ ਅਤੇ ਦੈਨਿਕ ਸਿਟਿੰਗ ਆਪਰੇਸ਼ਨ ਦੇ ਸੀਨੀਅਰ ਸਹਾਇਕ ਸੰਪਾਦਕ ਰਾਕੇਸ਼ ਭਠੇਜਾ ਰਾਹੀ ਦਸ ਪੇਟੀਆਂ ਓ ਆਰ ਐੱਸ, ਮੈਡੀਸਨ ਅਤੇ ਲੰਗਰ ਵਿੱਚ ਸੇਵਾ ਕਰਨ ਵਾਲੇ ਸ਼ਿਵ ਭਗਤਾਂ ਲਈ ਜੈਕਟਾਂ ਬਣਾ ਕੇ ਭੇਜੀਆਂ ਗਈਆਂ।

ਇਸ ਮੌਕੇ ਮਨਦੀਪ ਬੈਂਸ ਮੁੱਖ ਸੇਵਾਦਾਰ ਡੇਰਾ ਬਾਪੂ ਗੰਗਾ ਦਾਸ, ਜੋਗਿੰਦਰ ਪਾਲ ਪਿੰਕੀ, ਅਨਿਲ ਕੁਮਾਰ ਕਾਲਾ, ਵਿੱਕੀ ਅਗਨੀਹੋਤਰੀ, ਇੰਸਪੈਕਟਰ ਪਰਮਜੀਤ ਬੈਂਸ, ਅੱਛਰ ਕੁਮਾਰ ਜੋਸ਼ੀ, ਰੋਹਿਤ ਧਵਨ, ਰਾਜ ਕੁਮਾਰ, ਗਗਨਦੀਪ ਕੌਂਸਲ, ਰੋਹਿਤ ਕੁਮਾਰ ਧਵਨ, ਮੁਕੇਰੀਆਂ ਬਰਾਂਚ ਤੋਂ ਅਮਨ ਠਾਕਰ, ਚੰਡੀਗੜ੍ਹ ਤੋਂ ਸੰਤੋਸ਼ ਸ਼ਰਮਾ, ਉਮੇਸ਼ ਗੌਤਮ, ਸੁਲਤਾਨਪੁਰ ਲੋਧੀ ਬਰਾਂਚ ਤੋਂ ਵਿਨੋਦ ਕੁਮਾਰ, ਸੁਭਾਸ਼ ਗੌਤਮ, ਅਨੁਰਾਗ ਹਾਂਡਾ, ਜਤਿਨ ਤਨੇਜਾ, ਯੋਗੇਸ਼ ਬਾਲੀ, ਬਲਵੀਰ ਠਾਕਰ, ਨਰਿੰਦਰ ਆਨੰਦ, ਵਰਖਾ ਸਿੰਘ, ਰਾਜ ਕੁਮਾਰ, ਮਾਸਟਰ ਬਲਵੀਰ ਵਰਮਾ, ਬਾਬੂ ਗੁਰਚਰਨ ਦਾਸ, ਨਵਦੀਪ ਨਈਅਰ, ਸੁਰਿੰਦਰ ਸ਼ਰਮਾ, ਪੰਡਿਤ ਜਗਪਾਲ, ਜਗਦੀਪ ਚਟਕਾਰਾ, ਅਨੁਰਾਗ ਹਾਂਡਾ, ਰਵੀ ਖੜੌਦੀ, ਕਮਲਜੀਤ ਬਾਲੀ, ਗੋਪੀ ਬਸਰਾ, ਸੰਜੇ ਮਲਹੋਤਰਾ, ਸੜੋਆ ਬਰਾਂਚ ਤੋਂ ਪਵਨ ਕੁਮਾਰ, ਰਾਜ ਕੁਮਾਰ, ਜੀਵਨ, ਰੀਟਾ ਰਾਣੀ ਸਾਬਕਾ ਐੱਮ ਸੀ, ਗਗਨਦੀਪ ਕੌਰ, ਬਲਦੇਵ ਐਰੀ, ਹੁਸ਼ਿਆਰਪੁਰ ਬਰਾਂਚ ਤੋਂ ਪ੍ਰਦੀਪ, ਦਰਸ਼ਨ, ਨਰੂਲਾ ਜੀ, ਮਾਹਿਲਪੁਰ ਬ੍ਰਾਂਚ ਨਾਲ ਸੰਬੰਧਿਤ ਕੋਟ ਬ੍ਰਾਂਚ, ਗੁਰਾਇਆ ਬਰਾਂਚ, ਸੁਲਤਾਨਪੁਰ ਲੋਧੀ ਬਰਾਂਚ ਅਤੇ ਸੜੋਆਂ ਬਰਾਂਚ ਦੀਆਂ ਸਨਮਾਨਯੋਗ ਸ਼ਖਸ਼ੀਅਤਾਂ ਹਾਜ਼ਰ ਸਨ।



## ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ

**ਦਸੂਹਾ (ਕਰਨੈਲ ਮਾਂਗਟ)**- ਸਿਹਤ ਵਿਭਾਗ ਤੇ ਸਿਵਲ ਸਰਜਨ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਐਸਐਮਓ ਮੰਡ ਪੰਧੇਰ ਡਾ. ਰੋਹਿਤ ਬਰੋਟਾ ਦੀ ਅਗਵਾਈ ਹੇਠ ਆਯੁਸ਼ਮਾਨ ਅਰੋਗਿਆ ਕੇਂਦਰ ਜਲੋਟਾ ਬਲਾਕ ਦਸੂਹਾ ਵਿਖੇ ਬਲਵੀਰ ਕੌਰ ਏ ਐੱਨ ਐੱਮ ਦੀ ਹਾਜ਼ਰੀ ਵਿੱਚ ਸਟਾਫ ਵਲੋਂ 0 ਤੋਂ 5 ਸਾਲ ਦੀ ਉਮਰ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਲਬੀਰ ਕੌਰ ਏ ਐੱਨ ਐੱਮ ਨੇ ਦੱਸਿਆ ਕਿ ਜਲੋਟਾ, ਚੰਦੀਦਾਸ, ਬਲੱਗਣ ਅਤੇ ਓਡਰਾ ਪਿੰਡਾਂ ਦੇ 125 ਛੋਟੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਉਨ੍ਹਾਂ ਅੱਗੇ ਕਿਹਾ ਕਿ ਰਾਸ਼ਟਰੀ ਪਲਸ ਪੋਲੀਓ ਪ੍ਰੋਗਰਾਮ ਤਹਿਤ ਸਿਹਤ ਵਿਭਾਗ ਦੇ ਕਰਮਚਾਰੀ 30 ਜੂਨ ਨੂੰ ਘਰ-ਘਰ ਜਾ ਕੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣਗੇ। ਉਨ੍ਹਾਂ ਲੋਕਾਂ ਅਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਵਿੱਚ ਸਰਕਾਰ ਅਤੇ ਸਿਹਤ ਵਿਭਾਗ ਦਾ ਸਾਥ ਦੇਣ, ਕਿਉਂਕਿ ਇਹ ਸਹਿਯੋਗ ਨਾਲ ਹੀ ਸੰਭਵ ਹੈ। ਇਸ ਮੌਕੇ ਆਸ਼ਾ ਵਰਕਰ ਸੁਮਨ ਰਾਣੀ, ਆਸ਼ਾ ਵਰਕਰ ਰਾਜਪਾਲ ਕੌਰ, ਆਸ਼ਾ ਵਰਕਰ ਇੰਦਰਜੀਤ ਕੌਰ ਮੌਜੂਦ ਸਨ।






# ਵਿਧਾਇਕ ਵੱਲੋਂ ਪਲਸ ਪੋਲੀਓ ਮੁਹਿੰਮ ਦਾ ਉਦਘਾਟਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਲਾਕ ਹਾਰਟਾ ਬਡਲਾ ਦੇ 0-5 ਸਾਲ ਦੇ 12,241 ਬੱਚਿਆਂ ਨੂੰ ਦੋ ਬੂੰਦਾਂ ਜ਼ਿੰਦਗੀਆਂ ਦੀਆਂ ਪਿਲਾਉਣ ਦੀ ਸ਼ੁਰੂਆਤ ਵਿਧਾਇਕ ਹਲਕਾ ਚੱਬੇਵਾਲ ਡਾ.ਇਸ਼ਾਂਕ ਕੁਮਾਰ ਵਲੋਂ ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਪਿਲਾ ਕੇ ਕੀਤੀ ਗਈ।ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ.ਐਚ.ਸੀ ਹਾਰਟਾ ਬਡਲਾ ਡਾ.ਮਨਪ੍ਰੀਤ ਸਿੰਘ ਬੈਂਸ, ਬੀ ਈ ਈ ਅਮਨਦੀਪ ਸਿੰਘ, ਐੱਲ ਐੱਚ ਵੀ ਅਮਨਦੀਪ ਕੌਰ, ਏ ਐੱਨ ਐੱਮ ਸੰਦੀਪ ਕੌਰ, ਹੈਲਥ ਵਰਕਰ ਸਤਨਾਮ ਸਿੰਘ, ਗੁਲਮੇਲ ਸਿੰਘ ਤੇ ਆਸ਼ਾ ਵਰਕਰ ਸੁਰਿੰਦਰ ਕੌਰ ਤੇ ਅਵਤਾਰ ਕੌਰ ਹਾਜ਼ਰ ਰਹੇ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਡਾ.ਇਸ਼ਾਂਕ ਕੁਮਾਰ ਨੇ ਕਿਹਾ ਕਿ ਭਾਵੇਂ ਭਾਰਤ ਨੂੰ ਸਾਲਾਂ ਪਹਿਲਾਂ ਪੋਲੀਓ ਮੁਕਤ ਐਲਾਨਿਆ ਜਾ ਚੁੱਕਾ ਹੈ, ਪਰ ਗੁਆਂਢੀ ਦੇਸ਼ਾਂ ਵਿੱਚ ਸਾਹਮਣੇ ਆ ਰਹੇ ਮਾਮਲਿਆਂ ਨੂੰ ਦੇਖਦੇ ਹੋਏ ਇਹ ਸੁਰੱਖਿਆ ਚੱਕਰ ਬਣਾਈ ਰੱਖਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇੱਕ ਡਾਕਟਰ ਹੋਣ ਦੇ ਨਾਤੇ ਮੈਂ ਚੰਗੀ ਤਰ੍ਹਾਂ ਸਮਝਦਾ ਹਾਂ ਕਿ ਰੋਕਥਾਮ ਇਲਾਜ ਨਾਲੋਂ ਹਮੇਸ਼ਾ ਬਿਹਤਰ ਹੁੰਦੀ ਹੈ। ਮੁਹਿੰਮ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਡਾ.ਮਨਪ੍ਰੀਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਬਲਾਕ ਹਾਰਟਾ ਬਡਲਾ ਅੰਦਰ ਕੁੱਲ 84 ਬੂਥ ਸਥਾਪਿਤ ਕੀਤੇ ਹਨ ਅਤੇ 170 ਟੀਮਾਂ ਲਗਾਈਆਂ ਗਈਆਂ ਹਨ ਜੋ ਕਿ ਬਲਾਕ ਦੀ 1,75,501 ਅਬਾਦੀ (ਸਮੇਤ ਮਾਈਗ੍ਰੇਟਰੀ ਆਬਾਦੀ) ਦੇ 36,950 ਘਰ, 3541 ਝੁਗੀਆਂ ਅਤੇ 12 ਹਾਈ ਰਿਸਕ ਏਰੀਆ ਨੂੰ ਕਵਰ ਕਰਨਗਈਆਂ। ਇਸ ਤੋਂ ਇਲਾਵਾ ਮੁਹਿੰਮ ਨੂੰ ਸਫਲ ਬਣਾਉਣ ਲਈ 19 ਸੁਪਰਵਾਈਜ਼ਰਾਂ ਦੀ ਟੀਮ ਵੀ ਲਗਾਈ ਗਈ ਹੈ ਤਾਂ ਕਿ ਕੋਈ ਵੀ ਬੱਚਾ ਪੋਲਿਓ ਦੀ ਦਵਾਈ ਪੀਣ ਤੋਂ ਵਾਂਝਾ ਨਾ ਰਹਿ ਸਕੇ। ਉਨ੍ਹਾਂ ਦੱਸਿਆ ਕਿ ਰਾਊਂਡ ਦੇ ਪਹਿਲੇ ਦਿਨ ਬੱਚਿਆਂ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਬਲਾਕ ਦੇ ਵੱਖ-ਵੱਖ ਥਾਵਾਂ ਤੇ ਸਥਾਪਿਤ ਬੂਥਾਂ ਦੇ ਪੋਲੀਓ ਦੀਆਂ ਬੂੰਦਾਂ ਪਿਲਾਈਆ ਜਾ ਰਹੀਆ ਹਨ ਅਤੇ ਅਗਲੇ ਦੋ ਦਿਨ (29 ਅਤੇ 30 ਜੂਨ) ਨੂੰ ਘਰ-ਘਰ ਜਾ ਕੇ ਬਾਕੀ ਰਹਿ ਹਏ ਬੱਚਿਆਂ ਨੂੰ ਇਹ ਬੂੰਦਾਂ ਪਿਲਾਈਆਂ ਜਾਣਗੀਆਂ।



# ਬਾਬਾ ਮੇਹਰ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਸ਼ਹੀਦ ਬਾਬਾ ਮੇਹਰ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਬਾਬਾ ਹਰੀ ਸਿੰਘ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। 17 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਉੱਥੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ19 ਜੂਨ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਸ਼ਹੀਦ ਬਾਬਾ ਮੇਹਰ ਸਿੰਘ ਜੀ ਡਰੋਲੀ ਕਲਾਂ ਵਿਖੇ ਪਾਏ ਗਏ। ਬਾਬਾ ਅਮਰਜੀਤ ਸਿੰਘ ਦੇੜਕਾ ਵਾਲਿਆਂ ਦੇ ਜੱਥੇ ਵੱਲੋਂ ਤਿੰਨ ਦਿਨ ਕੀਰਤਨ ਕਰ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਗਿਆ ।ਇਸ ਮੌਕੇ ਜਥੇਦਾਰ ਮਨੋਹਰ ਸਿੰਘ ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਤੇ ਦਵਿੰਦਰ ਸਿੰਘ ਵੱਲੋਂ ਕੋਲਡ ਡਰਿੰਕ ਦੀ ਸੇਵਾ ਲਗਾਤਾਰ ਦੋ ਦਿਨ ਕੀਤੀ ਗਈ ਅਤੇ ਸਮਾਗਮ ਦੀ ਆਰੰਭਤਾ ਤੋਂ ਲੈ ਕੇ ਤਿੰਨ ਦਿਨ ਲਗਾਤਾਰ ਸੰਗਤਾਂ ਵੱਲੋਂ ਗੁਰੂ ਕੇ ਅਟੁੱਟ ਲੰਗਰ ਵਰਤਾਏ ਗਏ। ਇਸ ਮੌਕੇ ਕਰਮਜੀਤ ਸਿੰਘ ਮਿਨਹਾਸ ਯੂ ਐੱਸ ਏ ਨੇ ਜਿੱਥੇ ਸ਼ਹੀਦ ਬਾਬਾ ਮੇਹਰ ਸਿੰਘ ਦੀ ਸ਼ਹੀਦੀ ਤੇ ਚਾਨਣਾ ਪਾਇਆ ਉੱਥੇ ਸਮੂਹ ਪ੍ਰਬੰਧਕ ਕਮੇਟੀ ਦਾ ਵਧੀਆ ਪ੍ਰਬੰਧਾਂ ਲਈ ਧੰਨਵਾਦ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਲਵਿੰਦਰ ਸਿੰਘ ਨੋਨਾ ਲੱਧੇਵਾਲੀ, ਚਰਨਜੀਤ ਸਿੰਘ ਲੱਧੇਵਾਲੀ, ਸਿਮਰ ਸਿੰਘ ਮਦਾਰਾਂ ਵਾਲੇ, ਪਰਮਜੀਤ ਸਿੰਘ ਲੱਧੇਵਾਲੀ, ਮਨਵੀਰ ਸਿੰਘ ਲੱਧੇਵਾਲੀ ਬਿੰਦੂ, ਪਾਲਾ, ਬੌਬੀ ਡਰੋਲੀ ਕਲਾਂ, ਕਮਲ, ਪ੍ਰਭਜੀਤ ਸਿੰਘ ਮਦਾਰਾ, ਨਰਿੰਦਰ ਸਿੰਘ ਲੱਧੇਵਾਲੀ ਤੇ ਕਿਸ਼ਨ ਸਿੰਘ ਡਮੁੰਡਾ ਹਾਜ਼ਰ ਸਨ।



## ਹਜ਼ੂਰ ਸਾਹਿਬ 'ਚ ਸਰਕਾਰ ਦੀ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਬੀਬੀ ਰਣਜੀਤ ਕੌਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਮਹਾਰਾਜ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਦੇ ਸਰਪ੍ਰਸਤ ਕੁਲਵੀਰ ਸਿੰਘ ਸੋਨੂ ਰੀਹਲ ਨੇ ਦੱਸਿਆ ਕਿ ਬੀਬੀ ਰਣਜੀਤ ਕੌਰ ਚੇਅਰਪਰਸਨ ਰਾਮਗੜ੍ਹੀਆ ਕੋਆਪਰੇਟਿਵ ਬੈਂਕ ਦਿੱਲੀ ਵਿਸ਼ੇਸ਼ ਤੌਰ 'ਤੇ ਫੈਡਰੇਸ਼ਨ ਦੇ ਦਫਤਰ ਮੋਰਿੰਡਾ ਵਿਖੇ ਪਹੁੰਚੇ। ਉਹਨਾਂ ਨੇ ਦੱਸਿਆ ਕਿ ਬੀਬੀ ਰਣਜੀਤ ਕੌਰ ਨੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ ਵੇਰਕਾ ਚੌਂਕ ਤੇ ਲੱਗੇ ਬੁੱਤ ਦੀ ਸਾਂਭ ਸੰਭਾਲ ਨੂੰ ਦੇਖਦੇ ਹੋਏ ਖੁਸ਼ੀ ਇਜਹਾਰ ਕਰਦੇ ਹੋਏ ਫੈਡਰੇਸ਼ਨ ਨੂੰ ਵਧਾਈ ਦਿੱਤੀ ਅਤੇ ਫੈਡਰੇਸ਼ਨ ਦੇ ਲੋਕ ਭਲਾਈ ਹਿੱਤ ਕੀਤੇ ਜਾਂਦੇ ਕਾਰਜਾਂ ਦੇ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹੋ ਜਿਹੇ ਕੰਮ ਹਰ ਸ਼ਹਿਰ ਦੇ ਵਿੱਚ ਰਾਮਗੜ੍ਹੀਏ ਭਾਈਚਾਰੇ ਵੱਲੋਂ ਕੀਤੇ ਜਾਣੇ ਚਾਹੀਦੇ ਹਨ। ਉਹਨਾਂ ਨੇ ਆਪਣੇ ਤਜਰਬੇ ਵੀ ਫੈਡਰੇਸ਼ਨ ਦੇ ਮੈਂਬਰਾਂ ਨਾਲ ਸਾਂਝੇ ਕੀਤੇ। ਮਹਾਰਾਸ਼ਟਰ ਵਿਖੇ ਸ੍ਰੀ ਹਜ਼ੂਰ ਸਾਹਿਬ ਗੁਰਦੁਆਰੇ ਸਬੰਧੀ ਚੱਲ ਰਹੇ ਵਿਵਾਦ ਬਾਰੇ ਬੋਲਦਿਆਂ ਹੋਇਆ ਬੀਬੀ ਰਣਜੀਤ ਕੌਰ ਨੇ ਕਿਹਾ ਕਿ ਜੋ ਮਰਯਾਦਾ ਸਦੀਆਂ ਤੋਂ ਚੱਲਦੀ ਆ ਰਹੀ ਹੈ, ਉਹ ਕਾਇਮ ਰਹਿਣੀ ਚਾਹੀਦੀ ਹੈ। ਕਿਸੇ ਵੀ ਤਰ੍ਹਾਂ ਦੀ ਦਖ਼ਲਅੰਦਾਜ਼ੀ ਪੰਥ ਕਦੇ ਬਰਦਾਸ਼ਤ ਨਹੀਂ ਕਰੇਗਾ। ਫੈਡਰੇਸ਼ਨ ਦੇ ਮੈਂਬਰਾਂ ਵੱਲੋਂ ਬੀਬੀ ਰਣਜੀਤ ਕੌਰ ਨੂੰ ਸਿਰੋਪਾਓ ਤੇ ਸਵਰਨ ਸਿੰਘ ਢੰਗਰਾਲੀ ਦੇ ਲਿਖੇ ਕਿਤਾਬਚੇ ਮੋਰਿੰਡਾ ਫਤਿਹ ਦਿਵਸ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਰਾਮਗੜ੍ਹੀਆ ਫੈਡਰੇਸ਼ਨ ਪ੍ਰਧਾਨ ਬਿਕਰਮਜੀਤ ਸਿੰਘ ਸੋਹਨਪਾਲ, ਗੁਰਵਿੰਦਰ ਸਿੰਘ, ਸੁਖਦੀਪ ਸਿੰਘ ਭੰਗੂ, ਦਲਜੀਤ ਸਿੰਘ ਮੁੰਡੇ, ਜਗਜੀਤ ਸਿੰਘ ਰੀਹਲ, ਜਗਦੀਪ ਸਿੰਘ ਘਟੌੜੇ, ਤੇਜਿੰਦਰ ਸਿੰਘ ਕਲਸੀ, ਹਰਮੀਤ ਸਿੰਘ ਸੱਲ੍ਹ ਆਦਿ ਹਾਜ਼ਰ ਸਨ।

